16-SEP-PAGE-1.qxd 9/15/2023 9:19 PM Page 1

ਸ਼ਨੀਵਾਰ, 16 ਸਤੰਬਰ, 2023

31 ਭਾਦੋਂ { ਨਾਨਕਸ਼ਾਹੀ 555 / ਬਿਕਰਮੀ 2080 }

ਜਿਲਦ/VOL. : 72

ਅੰਕ/NO. : 106

# ਨਵਾਂ ਜ਼ਮਾਨਾ

DAILY NAWAN ZAMANA • SATURDAY, 16 SEPTEMBER, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਬਾਸਮਤੀ ਦੀ ਬਰਾਮਦ 'ਤੇ ਲਾਈਆਂ ਪਾਬੰਦੀਆਂ ਕੇਂਦਰ ਤੁਰੰਤ ਵਾਪਸ ਲਵੇ : ਭਗਵੰਤ ਮਾਨ

- ਕੇਂਦਰ ਦੇ ਫ਼ੈਸਲੇ ਨੂੰ ਆਪਹੁਦਰਾ, ਕਿਸਾਨ ਵਿਰੋਧੀ ਤੇ ਨਿਰਾਸ਼ ਕਰਨ ਵਾਲਾ ਕਦਮ ਦੱਸਿਆ
- ਕਿਸਾਨ ਮੇਲੇ 'ਚ ਨੌਜਵਾਨਾਂ ਦਾ ਵੱਡੀ ਗਿਣਤੀ 'ਚ ਪਹੁੰਚਣਾ ਪੰਜਾਬ ਲਈ ਸ਼ੁੱਭ ਸੰਕੇਤ



**ਲੁਧਿਆਣਾ :** ਕੇਂਦਰ ਸਰਕਾਰ ਵੱਲੋਂ ਬਾਸਮਤੀ ਦੀ ਬਰਾਮਦ ਉਤੇ ਲਾਈਆਂ ਪਾਬੰਦੀਆਂ ਨੂੰ ਪੰਜਾਬ ਅਤੇ ਕਿਸਾਨ ਵਿਰੋਧੀ ਕਦਮ ਦੱਸਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਪਾਸੋਂ ਇਸ ਆਪਹੁਦਰੇ ਫ਼ੈਸਲੇ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਹੈ। ਸ਼ੁੱਕਰਵਾਰ ਇੱਥੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਦੋ ਰੋਜ਼ਾ ਕਿਸਾਨ ਮੇਲੇ ਦੇ ਆਖਰੀ ਦਿਨ ਮੇਲੇ ਵਿੱਚ ਪਹੁੰਚੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਦੁੱਖ ਨਾਲ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਬੇਤੁੱਕਾ ਫੈਸਲਾ ਕਿਸਾਨਾਂ ਦੇ ਨਾਲ-ਨਾਲ ਵਪਾਰੀਆਂ ਨੂੰ ਆਰਥਿਕ ਤੌਰ ਉਤੇ ਵੱਡਾ ਨੁਕਸਾਨ ਪਹੁੰਚਾਏਗਾ। ਉਨ੍ਹਾਂ ਕਿਹਾ ਕਿ ਕੇਂਦਰ ਨੇ ਬਾਸਮਤੀ ਚੌਲਾਂ ਦਾ ਘੱਟੋ-ਘੱਟ ਬਰਾਮਦ ਮੁੱਲ 1200 ਡਾਲਰ ਪ੍ਰਤੀ ਟਨ ਤੈਅ ਕਰ ਦਿੱਤਾ ਹੈ, ਜਿਸ ਨਾਲ ਬਾਸਮਤੀ ਦੀਆਂ ਘਰੇਲੂ ਕੀਮਤਾਂ ਉਤੇ ਬੁਰਾ ਅਸਰ ਪਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਮਿਹਨਤਕਸ਼ ਕਿਸਾਨ ਖੇਤੀ ਲਾਗਤਾਂ ਵਧਣ ਅਤੇ ਘੱਟ ਭਾਅ ਮਿਲਣ ਕਾਰਨ ਪਹਿਲਾਂ ਹੀ ਸੰਕਟ ਵਿੱਚ ਡੁੱਬੇ ਹੋਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ 'ਚ ਬਾਸਮਤੀ ਦਾ ਸਭ ਤੋਂ ਵੱਧ ਉਤਪਾਦਨ ਪੰਜਾਬ 'ਚ ਹੁੰਦਾ ਹੈ ਅਤੇ ਕੇਂਦਰ ਸਰਕਾਰ ਦਾ ਇਹ ਫੈਸਲਾ ਸਾਡੇ ਕਿਸਾਨਾਂ ਦੇ ਹਿੱਤ ਬੁਰੀ ਤਰ੍ਹਾਂ ਪ੍ਰਭਾਵਿਤ ਕਰੇਗਾ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਫਸਲੀ ਵਿਭਿੰਨਤਾ ਤਹਿਤ ਮੂੰਗੀ, ਬਾਸਮਤੀ ਤੇ ਹੋਰ ਬਦਲਵੀਆਂ ਫਸਲਾਂ ਨੂੰ ਉਤਸ਼ਾਹਿਤ ਕਰਨ ਲਈ ਵੱਡੇ ਉਪਰਾਲੇ ਕਰ ਰਹੀ ਹੈ, ਪਰ ਦੂਜੇ ਪਾਸੇ ਕੇਂਦਰ ਦੀਆਂ ਅਜਿਹੀਆਂ ਨੀਤੀਆਂ ਨਾਲ ਸਾਡੀ ਮੁਹਿੰਮ ਨੂੰ ਧੱਕਾ ਲੱਗਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਕਦਮ ਕਿਸਾਨ ਵਿਰੋਧੀ ਤੇ ਪੰਜਾਬ ਵਿਰੋਧੀ ਹੈ, ਜਿਸ ਦੀ ਸੂਬਾ ਸਰਕਾਰ ਵੱਲੋਂ ਜ਼ੋਰਦਾਰ ਮੁਖਾਲਫਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੇਂਦਰੀ ਪਾਬੰਦੀਆਂ ਦੇ ਮੱਦੇਨਜ਼ਰ ਬਾਸਮਤੀ ਚੌਲ ਪੱਛਮੀ ਬੰਗਾਲ, ਕੇਰਲਾ ਵਰਗੇ ਸੂਬਿਆਂ ਨੂੰ ਵੇਚਣ ਉਤੇ ਵੀ

• ਬਾਕੀ ਸਫ਼ਾ 2 'ਤੇ

# ਇਧਰ-ਉਧਰ ਦੀਆਂ ਛੱਡੋ, ਮਹਿੰਗਾਈ 'ਤੇ ਆਓ

- ਖੜਗੇ ਦਾ ਮੋਦੀ ਨੂੰ ਤਿੱਖਾ ਸਵਾਲ



**ਨਵੀਂ ਦਿੱਲੀ :** ਲੋਕ ਸਭਾ ਚੋਣਾਂ ਵਿਚ ਸਨਾਤਨ ਧਰਮ ਨੂੰ ਸਭ ਤੋਂ ਵੱਡਾ ਮੁੱਦਾ ਬਣਾਉਣ 'ਤੇ ਤੁਲ ਚੁੱਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਸ਼ੁੱਕਰਵਾਰ ਘੇਰਦਿਆਂ ਸਵਾਲ ਕੀਤਾ-ਤੂ ਇਧਰ-ਉਧਰ ਕੀ ਨਾ ਬਾਤ ਕਰ, ਯੇ ਬਤਾ ਕਿ ਕਾਫ਼ਿਲਾ ਕਿਉਂ ਲੁਟਾ? ਮੋਦੀ ਜੀ, ਇਧਰ-ਉਧਰ ਦੀਆਂ ਗੱਲਾਂ ਕਰ ਕੇ ਜਨਤਾ ਦਾ ਧਿਆਨ ਮਹਿੰਗਾਈ ਦੀ ਮਹਾਂ-ਲੁੱਟ ਤੋਂ ਹਟਾਉਣਾ ਚਾਹੁੰਦੇ ਹਨ। ਮੋਦੀ ਸਰਕਾਰ ਦੀ ਮਹਾਂ-ਲੁੱਟ ਦੇ ਚਲਦਿਆਂ ਲੱਕਤੋੜ ਮਹਿੰਗਾਈ ਦਾ ਸਭ ਤੋਂ ਵੱਧ ਖਮਿਆਜ਼ਾ 20 ਫੀਸਦੀ ਸਭ ਤੋਂ ਗਰੀਬ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ। ਖਾਣ-ਪੀਣ ਦੀਆਂ ਚੀਜ਼ਾਂ ਦੇ ਭਾਅ ਅਸਮਾਨ ਛੂਹ ਰਹੇ ਹਨ ਤੇ ਦੇਸ਼ ਹੁਣ ਇਹ ਜਾਣ ਗਿਆ ਹੈ ਕਿ ਉਸ ਦੀਆਂ ਤਕਲੀਫਾਂ ਦਾ ਇੱਕੋਇੱਕ ਕਾਰਨ ਭਾਜਪਾ ਹੀ ਹੈ। ਆਉਣ ਵਾਲੀਆਂ ਚੋਣਾਂ ਵਿਚ ਲੋਕ ਭਾਜਪਾ ਨੂੰ ਸਬਕ ਸਿਖਾ ਕੇ ਇਸ ਮਹਾਂ-ਲੁੱਟ ਦਾ ਬਦਲਾ ਜ਼ਰੂਰ ਲੈਣਗੇ। ਮਹਿੰਗਾਈ ਦੇ ਮੁੱਦੇ 'ਤੇ 'ਜੁੜੇਗਾ ਭਾਰਤ, ਜਿੱਤੇਗਾ ਇੰਡੀਆ!'

ਖੜਗੇ ਨੇ ਸਰਕਾਰੀ ਅੰਕੜਿਆਂ ਦੇ ਹਵਾਲੇ ਨਾਲ ਕਿਹਾ ਕਿ ਪੇਂਡੂ ਇਲਾਕਿਆਂ ਵਿਚ ਰਹਿੰਦੇ ਸਭ ਤੋਂ ਗਰੀਬ 20 ਫੀਸਦੀ ਲੋਕਾਂ ਨੂੰ 7.2 ਫੀਸਦੀ ਨੋਟਪਸਾਰੇ ਤੇ ਸ਼ਹਿਰੀ ਇਲਾਕਿਆਂ ਵਿਚ 7.6 ਫੀਸਦੀ ਨੋਟਪਸਾਰੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ਼ਹਿਰਾਂ ਵਿਚ ਸਭ ਤੋਂ ਅਮੀਰ 20 ਫੀਸਦੀ ਲੋਕ 6.7 ਫੀਸਦੀ ਤੇ ਪਿੰਡਾਂ ਵਿਚ 6.5 ਫੀਸਦੀ ਨੋਟਪਸਾਰੇ ਦਾ ਸਾਹਮਣਾ ਕਰ ਰਹੇ ਹਨ। ਚੌਲ 9.1 ਫੀਸਦੀ, ਅਰਹਰ ਦਾਲ 37.1 ਫੀਸਦੀ, ਪਿਆਜ਼ 23.2 ਫੀਸਦੀ, ਮਸਾਲੇ 28.6 ਫੀਸਦੀ ਤੇ ਦੁੱਧ 9.4 ਫੀਸਦੀ ਮਹਿੰਗੇ ਹੋ ਚੁੱਕੇ ਹਨ। ਇਸ ਦੌਰਾਨ ਖਬਰ ਹੈ ਕਿ ਕਾਂਗਰਸ ਦੀ ਨਵੀਂ ਵਰਕਿੰਗ ਕਮੇਟੀ ਦੀ ਪਹਿਲੀ ਬੈਠਕ ਸ਼ਨੀਵਾਰ ਹੈਦਰਾਬਾਦ 'ਚ ਹੋਵੇਗੀ, ਜਿਸ ਵਿਚ ਵਿਰੋਧੀ ਗਠਜੋੜ 'ਇੰਡੀਆ' ਦੀ ਏਕਤਾ ਨੂੰ ਅੱਗੇ ਵਧਾਉਣ, ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਭਵਿੱਖ ਦੀ ਰਣਨੀਤੀ, ਆਗਾਮੀ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਅਤੇ ਹੋਰ ਕਈ ਵਿਸ਼ਿਆਂ 'ਤੇ ਚਰਚਾ ਕੀਤੀ ਜਾਵੇਗੀ। ਕਾਂਗਰਸ ਨੇ 20 ਅਗਸਤ ਨੂੰ ਆਪਣੀ ਵਰਕਿੰਗ ਕਮੇਟੀ ਦਾ ਪੁਨਰਗਠਨ ਕੀਤਾ ਸੀ, ਜਿਸ 'ਚ ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ ਦੇ ਨਾਲ ਸਾਬਕਾ ਪ੍ਰਧਾਨ ਸੋਨੀਆ ਗਾਂਧੀ, ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਅਤੇ ਰਾਹੁਲ ਗਾਂਧੀ ਸਮੇਤ ਕਈ ਸੀਨੀਅਰ ਨੇਤਾਵਾਂ ਨੂੰ ਸ਼ਾਮਲ ਕੀਤਾ ਗਿਆ ਸੀ। ਸਚਿਨ ਪਾਇਲਟ ਅਤੇ ਸ਼ਸ਼ੀ ਥਰੂਰ ਵਰਗੇ ਨੇਤਾਵਾਂ ਨੂੰ ਪਹਿਲੀ ਵਾਰ ਇਸ ਵਰਕਿੰਗ ਕਮੇਟੀ 'ਚ ਜਗ੍ਹਾ ਮਿਲੀ ਹੈ।

# ਲੁਧਿਆਣਾ ਦੀ ਸਨਅਤ ਨੂੰ ਸ਼ਿਫਟਿੰਗ ਲਈ ਤਿੰਨ ਵਰ੍ਹਿਆਂ ਦੀ ਮੁਹਲਤ

- ਉਦਯੋਗਪਤੀਆਂ ਨੂੰ ਬੇਸਮੈਂਟ ਦੀ ਖੁਦਾਈ ਕਰਨ ਦੀ ਪ੍ਰਵਾਨਗੀ 72 ਘੰਟਿਆਂ 'ਚ ਮਿਲੇਗੀ

**ਲੁਧਿਆਣਾ :** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਉਦਯੋਗਿਕ ਗਤੀਵਿਧੀਆਂ ਨੂੰ ਹੋਰ ਉਤਸ਼ਾਹਤ ਕਰਨ ਲਈ ਆਉਂਦੇ ਦਿਨਾਂ ਵਿੱਚ ਉਦਯੋਗਿਕ ਫੋਕਲ ਪੁਆਇੰਟਾਂ ਅਤੇ ਸਨਅਤੀ ਜ਼ੋਨਾਂ ਦੀ ਕਾਇਆ-ਕਲਪ ਕਰਨ ਦਾ ਐਲਾਨ ਕੀਤਾ ਹੈ। ਸ਼ੁੱਕਰਵਾਰ ਇੱਥੇ 'ਸਰਕਾਰ-ਸਨਅਤਕਾਰ ਮਿਲਣੀ' ਵਿੱਚ ਇਕੱਤਰ ਹੋਏ ਸਨਅਤਕਾਰਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਫੋਕਲ ਪੁਆਇੰਟਾਂ ਅਤੇ ਸਨਅਤੀ ਜ਼ੋਨਾਂ ਦੀ ਹਾਲਤ ਬਹੁਤ ਮਾੜੀ ਹੈ, ਜਿਸ ਨਾਲ ਉਦਯੋਗ ਦੇ ਵਿਕਾਸ ਵਿੱਚ ਰੁਕਾਵਟ ਪੈਦਾ ਹੋ ਰਹੀ ਹੈ। ਉਨ੍ਹਾ ਕਿਹਾ ਕਿ ਆਉਂਦੇ ਦਿਨਾਂ ਵਿੱਚ ਇਨ੍ਹਾਂ ਫੋਕਲ ਪੁਆਇੰਟਾਂ ਅਤੇ ਸਨਅਤੀ ਜ਼ੋਨਾਂ ਦੇ ਵਿਆਪਕ ਵਿਕਾਸ ਨਾਲ ਇਹ ਸਮੱਸਿਆ ਛੇਤੀ ਹੀ ਦੂਰ ਹੋ ਜਾਵੇਗੀ। ਮਾਨ ਨੇ ਕਿਹਾ ਕਿ ਇਸ ਨੇਕ ਕਾਰਜ ਲਈ ਵਿਸਥਾਰਤ ਰੂਪ-ਰੇਖਾ ਤਿਆਰ ਕੀਤੀ ਗਈ ਹੈ, ਤਾਂ ਕਿ ਉਦਯੋਗਪਤੀਆਂ ਨੂੰ ਸਹੂਲਤ ਦੇਣ ਦੇ ਨਾਲ-ਨਾਲ ਫੋਕਲ ਪੁਆਇੰਟਾਂ ਦਾ ਮੁਹਾਂਦਰਾ ਬਦਲਿਆ ਜਾ ਸਕੇ। ਮੁੱਖ ਮੰਤਰੀ ਨੇ ਲੇਬਰ ਕਾਲੋਨੀਆਂ ਵਿੱਚ ਰਹਿ ਰਹੇ ਲੋਕਾਂ ਨੂੰ ਬਿਜਲੀ ਮੀਟਰ ਅਤੇ ਹੋਰ ਬੁਨਿਆਦੀ ਸਹੂਲਤਾਂ ਦੇਣ ਦਾ ਐਲਾਨ ਕੀਤਾ। ਉਨ੍ਹਾ ਕਿਹਾ ਕਿ ਇਨ੍ਹਾਂ ਕਾਲੋਨੀਆਂ ਵਿੱਚ ਕਿਰਤੀ ਵਰਗ ਅਤੇ ਹੋਰ ਲੋਕ ਰਹਿੰਦੇ ਹਨ, ਜਿਨ੍ਹਾਂ ਨੂੰ ਇਹ ਮੀਟਰ ਅਤੇ ਹੋਰ ਸਹੂਲਤਾਂ ਦਿੱਤੀਆਂ ਜਾਣਗੀਆਂ, ਤਾਂ ਕਿ ਉਹ ਆਪਣਾ ਜੀਵਨ ਆਰਾਮਦਾਇਕ ਢੰਗ ਨਾਲ ਬਤੀਤ ਕਰ ਸਕਣ।

ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਕਿਸੇ ਵੀ ਸਨਅਤਕਾਰ ਨੇ ਬੇਸਮੈਂਟ ਲਈ ਖੁਦਾਈ ਕਰਨੀ ਹੈ ਤਾਂ ਉਸ ਲਈ ਇਨਵੈਸਟ ਪੰਜਾਬ ਦੇ ਪੋਰਟਲ ਉਤੇ ਅਪਲਾਈ ਕਰਨਾ ਹੋਵੇਗਾ। ਇਸ ਖੁਦਾਈ ਲਈ 72 ਘੰਟਿਆਂ ਵਿੱਚ ਪ੍ਰਵਾਨਗੀ ਦਿੱਤੀ ਜਾਵੇਗੀ ਅਤੇ ਜੇਕਰ ਇਸ ਸਮੇਂ ਵਿੱਚ ਪ੍ਰਵਾਨਗੀ ਨਹੀਂ ਮਿਲਦੀ ਤਾਂ ਇਸ ਨੂੰ ਪ੍ਰਵਾਨ ਹੀ ਸਮਝਿਆ ਜਾਵੇਗਾ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਰਿਹਾਇਸ਼ੀ ਇਲਾਕਿਆਂ ਤੋਂ ਸ਼ਿਫਟ ਹੋਣ ਲਈ ਲੁਧਿਆਣਾ ਦੀ ਸਨਅਤ ਨੂੰ ਤਿੰਨ ਵਰ੍ਹਿਆਂ ਦੀ ਮੋਹਲਤ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਆਉਂਦੇ ਸਮੇਂ ਵਿੱਚ ਅਜਿਹੇ ਇਲਾਕਿਆਂ ਦੀ ਸਥਿਤੀ ਬਾਰੇ ਫੈਸਲਾ ਲੈਣ ਲਈ ਕਮੇਟੀ ਦਾ ਗਠਨ ਕਰੇਗੀ।

ਉਹਨਾ ਕਿਹਾ ਕਿ ਸੂਬਾ ਸਰਕਾਰ ਵੱਲੋਂ ਉਦਯੋਗਪਤੀਆਂ ਦੇ ਸਲਾਹ-ਮਸ਼ਵਰੇ ਨਾਲ ਸੂਬੇ ਵਿੱਚ ਨਵੀਂ ਉਦਯੋਗਿਕ ਨੀਤੀ ਲਾਗੂ ਕੀਤੀ ਗਈ ਹੈ। ਮਾਨ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇਹ ਮਿਲਣੀਆਂ ਜਾਰੀ ਰਹਿਣਗੀਆਂ। ਉਹਨਾ ਕਿਹਾ ਕਿ ਲੁਧਿਆਣਾ ਤੋਂ ਹਿੰਡਨ ਲਈ ਉਡਾਨਾਂ ਪਹਿਲਾਂ ਹੀ ਸ਼ੁਰੂ ਕੀਤੀਆਂ ਜਾ ਚੁੱਕੀਆਂ ਹਨ ਅਤੇ ਹੁਣ ਸ਼ਹਿਰ ਨੂੰ ਦਿੱਲੀ ਨਾਲ ਜੋੜਨ ਲਈ ਯਤਨ ਕੀਤੇ ਜਾਣਗੇ। ਫਿਲਹਾਲ ਦਿੱਲੀ ਲਈ ਨਵੀਂਆਂ ਉਡਾਨਾਂ ਦੀ

• ਬਾਕੀ ਸਫ਼ਾ 2 'ਤੇ

## ਮਾਨ ਸਰਕਾਰ ਨੇ ਸੂਬੇ ਤੋਂ ਉਦਯੋਗ ਦੇ ਹਿਜਰਤ ਕਰਨ ਦੇ ਰੁਝਾਨ ਨੂੰ ਪੁੱਠਾ ਮੋੜ ਦਿੱਤਾ : ਕੇਜਰੀਵਾਲ

**ਲੁਧਿਆਣਾ :** ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰੰਤਰ ਯਤਨਾਂ ਸਦਕਾ ਹੁਣ ਪੰਜਾਬ 'ਚੋਂ ਦੂਜੇ ਸੂਬਿਆਂ 'ਚ ਇੰਡਸਟਰੀ ਦੇ ਹਿਜਰਤ ਕਰਨ ਦੇ ਰੁਝਾਨ ਨੇ ਪੁੱਠਾ ਮੋੜ ਲੈਣਾ ਸ਼ੁਰੂ ਕਰ ਦਿੱਤਾ ਹੈ ਅਤੇ ਉਦਯੋਗਿਕ ਯੂਨਿਟ ਸੂਬੇ ਵਿੱਚ ਸ਼ਿਫਟ ਹੋਣ ਲੱਗੇ ਹਨ। ਇੱਥੇ 'ਸਰਕਾਰ-ਸਨਅਤਕਾਰ ਮਿਲਣੀ' ਵਿਖੇ ਸਨਅਤਕਾਰਾਂ ਨੂੰ ਸੰਬੋਧਨ ਕਰਦਿਆਂ ਦਿੱਲੀ ਦੇ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਕੁਝ ਮਹੀਨਿਆਂ ਦੌਰਾਨ 450 ਉਦਯੋਗ ਦੂਜੇ ਸੂਬਿਆਂ ਤੋਂ ਪੰਜਾਬ 'ਚ ਸ਼ਿਫਟ ਹੋ ਚੁੱਕੇ ਹਨ। ਉਨ੍ਹਾ ਕਿਹਾ ਕਿ ਇਸ ਤੋਂ ਪਹਿਲਾਂ ਉਦਯੋਗ ਦਾ ਦੂਜੇ ਸੂਬਿਆਂ 'ਚ ਹਿਜਰਤ ਕਰ ਜਾਣ ਦਾ ਰੁਝਾਨ ਸੀ। ਦਿੱਲੀ ਦੇ ਮੁੱਖ ਮੰਤਰੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਨੂੰ ਸੱਤਾ 'ਚ ਆਉਣ 'ਤੇ ਉਦਯੋਗਿਕ ਖੇਤਰ 'ਚ ਅਜਿਹਾ ਮਾਹੌਲ ਮਿਲਿਆ ਸੀ, ਜਿੱਥੇ ਉਦਯੋਗ ਦੂਜੇ ਸੂਬਿਆਂ 'ਚ ਸ਼ਿਫਟ ਹੋ ਰਿਹਾ ਹੈ। ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਹਕੂਮਤ ਦੌਰਾਨ ਉਦਯੋਗਪਤੀ ਫਿਰੌਤੀ ਮੰਗਣ ਦੇ ਸਿਸਟਮ ਤੋਂ ਬੁਰੀ ਤਰ੍ਹਾਂ ਅੱਕ ਚੁੱਕੇ ਸਨ। ਕੇਜਰੀਵਾਲ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਅਮਨ-ਕਾਨੂੰਨ ਦੀ ਬਿਹਤਰ ਵਿਵਸਥਾ ਦੇਣ ਦੇ ਨਾਲ-ਨਾਲ ਸੁਖਾਵਾਂ ਮਾਹੌਲ ਦੇ ਕੇ ਸਨਅਤਕਾਰਾਂ ਦਾ ਭਰੋਸਾ ਬਹਾਲ ਕੀਤਾ ਹੈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾ ਪ੍ਰਕਾਸ਼ ਪੁਰਬ ਅੱਜ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਪੁਰਬ ਸ਼ਨੀਵਾਰ ਨੂੰ ਸ੍ਰੀ ਹਰਿਮੰਦਰ ਸਾਹਿਬ 'ਚ ਮਨਾਇਆ ਜਾ ਰਿਹਾ ਹੈ। ਇਸ ਦਿਨ ਲਗਭਗ ਡੇਢ ਲੱਖ ਤੋਂ ਵੱਧ ਸ਼ਰਧਾਲੂਆਂ ਦੇ ਦਰਬਾਰ ਸਾਹਿਬ 'ਚ ਪਹੁੰਚਣ ਦੀ ਸੰਭਾਵਨਾ ਪ੍ਰਗਟ ਕੀਤੀ ਗਈ ਹੈ। ਇਸ ਮੌਕੇ ਸ੍ਰੀ ਹਰਿਮੰਦਰ ਸਾਹਿਬ ਨੂੰ ਸੁੰਦਰ ਫੁੱਲਾਂ ਨਾਲ ਸਜਾਇਆ ਗਿਆ ਹੈ। ਹਰਿਮੰਦਰ ਸਾਹਿਬ ਨੂੰ ਸਜਾਉਣ ਲਈ ਵਿਦੇਸ਼ਾਂ ਤੋਂ ਫੁੱਲ ਲਿਆਂਦੇ ਗਏ ਹਨ। ਇਹ ਫੁੱਲ ਥਾਈਲੈਂਡ, ਮਲੇਸ਼ੀਆ, ਸਿੰਗਾਪੁਰ ਅਤੇ ਆਸਟ੍ਰੇਲੀਆ ਤੋਂ ਇੰਪੋਰਟ ਕੀਤੇ ਗਏ ਹਨ, ਜਿਨ੍ਹਾਂ ਨਾਲ ਸ੍ਰੀ ਹਰਿਮੰਦਰ ਸਾਹਿਬ ਨੂੰ ਸਜਾਉਣ ਲਈ 180 ਕਾਰੀਗਰ ਦਿਨ-ਰਾਤ ਸਜਾਵਟ 'ਚ ਲੱਗੇ ਹਨ। ਸਜਾਵਟ ਲਈ 100 ਕੁਇੰਟਲ ਤੋਂ ਵੱਧ ਫੁੱਲਾਂ ਦਾ ਇਸਤੇਮਾਲ ਕੀਤਾ ਜਾ ਰਿਹਾ ਹੈ। ਸ੍ਰੀ ਦਰਬਾਰ ਸਾਹਿਬ ਦੇ ਨਾਲ-ਨਾਲ ਸ੍ਰੀ ਗੁਰੂ ਰਾਮਦਾਸ ਦੇ ਨਾਂਅ ਨਾਲ ਬਣਾਏ ਗਏ ਅੰਮ੍ਰਿਤਸਰ ਏਅਰਪੋਰਟ ਨੂੰ ਵੀ ਫੁੱਲਾਂ ਨਾਲ ਸਜਾਇਆ ਗਿਆ ਹੈ।

## ਅੰਮ੍ਰਿਤਸਰ 'ਚ ਅੱਜ ਛੁੱਟੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ 16 ਸਤੰਬਰ (ਸ਼ਨੀਵਾਰ) ਨੂੰ ਅੰਮ੍ਰਿਤਸਰ ਦੇ ਸਰਕਾਰੀ ਦਫ਼ਤਰ, ਸਰਕਾਰੀ ਸਿੱਖਿਆ ਸੰਸਥਾਵਾਂ 'ਚ ਸਰਕਾਰੀ ਛੁੱਟੀ ਕੀਤੀ ਗਈ ਹੈ। ਇਹ ਆਦੇਸ਼ ਪੰਜਾਬ ਦੇ ਚੀਫ਼ ਸੈਕਟਰੀ ਅਨੁਰਾਗ ਵਰਮਾ ਨੇ ਜਾਰੀ ਕੀਤੇ ਹਨ।

## ਗ੍ਰਿਫਤਾਰੀ 'ਤੇ ਰੋਕ ਵਧਾਈ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਮਨੀਪੁਰ 'ਚ ਐਡੀਟਰਜ਼ ਗਿਲਡ ਆਫ ਇੰਡੀਆ ਦੇ ਚਾਰ ਮੈਂਬਰਾਂ ਖਿਲਾਫ ਦਰਜ ਐੱਫ ਆਈ ਆਰ ਤਹਿਤ ਉਨ੍ਹਾਂ ਦੀ ਗ੍ਰਿਫਤਾਰੀ 'ਤੇ ਰੋਕ ਸ਼ੁੱਕਰਵਾਰ ਦੋ ਹਫਤੇ ਹੋਰ ਵਧਾ ਦਿੱਤੀ।

## ਕਾਂਗਰਸੀ ਵਿਧਾਇਕ ਗ੍ਰਿਫਤਾਰ

**ਗੁਰੂਗ੍ਰਾਮ :** ਕਾਂਗਰਸੀ ਵਿਧਾਇਕ ਮਾਮਨ ਖਾਨ ਨੂੰ 31 ਜੁਲਾਈ ਨੂੰ ਨੂਹ ਹਿੰਸਾ ਮਾਮਲੇ 'ਚ ਗ੍ਰਿਫਤਾਰ ਕਰ ਲਿਆ ਗਿਆ ਹੈ। ਇਸ ਦੌਰਾਨ ਪ੍ਰਸ਼ਾਸਨ ਨੇ ਦੋ ਦਿਨ ਲਈ ਇਲਾਕੇ 'ਚ ਮੋਬਾਇਲ ਇੰਟਰਨੈੱਟ ਤੇ ਐੱਸ ਐੱਮ ਐੱਸ ਸੇਵਾਵਾਂ ਠੱਪ ਕਰ ਕੇ ਦਫਾ 144 ਲਗਾ ਦਿੱਤੀ ਹੈ। ਫਿਰੋਜ਼ਪੁਰ ਝਿਰਕਾ ਤੋਂ ਵਿਧਾਇਕ ਖਾਨ ਫਿਰਕੂ ਝੜਪਾਂ ਤੋਂ ਬਾਅਦ ਦਰਜ ਐੱਫ ਆਈ ਆਰ 'ਚ ਮੁਲਜ਼ਮ ਸੀ। ਉਸ ਨੂੰ ਵੀਰਵਾਰ ਦੇਰ ਰਾਤ ਗ੍ਰਿਫਤਾਰ ਕੀਤਾ ਗਿਆ।

## ਸੰਦੀਪ ਦੀ ਪੇਸ਼ਗੀ ਜ਼ਮਾਨਤ

**ਚੰਡੀਗੜ੍ਹ :** ਸਥਾਨਕ ਅਦਾਲਤ ਨੇ ਹਰਿਆਣਾ ਦੇ ਪ੍ਰਿੰਟਿੰਗ ਅਤੇ ਸਟੇਸ਼ਨਰੀ ਮੰਤਰੀ ਸੰਦੀਪ ਸਿੰਘ ਨੂੰ ਮਹਿਲਾ ਜੂਨੀਅਰ ਕੋਚ ਦੀ ਸ਼ਿਕਾਇਤ 'ਤੇ ਪਿਛਲੇ ਸਾਲ ਦਰਜ ਕੀਤੇ ਕਥਿਤ ਛੇੜਛਾੜ ਦੇ ਮਾਮਲੇ ਵਿਚ ਸ਼ੁੱਕਰਵਾਰ ਅਗਾਊਂ ਜ਼ਮਾਨਤ ਦੇ ਦਿੱਤੀ। ਪੁਲਸ ਨੇ 31 ਦਸੰਬਰ 2022 ਨੂੰ ਧਾਰਾ 354, 354 ਏ, 354 ਬੀ, 342 ਅਤੇ 506 ਤਹਿਤ ਕੇਸ ਦਰਜ ਕੀਤਾ ਸੀ।

## ਲਿਫਟ ਡਿੱਗਣ ਨਾਲ 4 ਮਜ਼ਦੂਰਾਂ ਦੀ ਮੌਤ

**ਨਵੀਂ ਦਿੱਲੀ :** ਗ੍ਰੇਟਰ ਨੋਇਡਾ ਵੈੱਸਟ ਦੇ ਅਮਰਪਾਲੀ ਡਰੀਮ ਵੈਲੀ ਪ੍ਰੋਜੈਕਟ 'ਚ ਨਿਰਮਾਣ ਅਧੀਨ ਸਾਇਟ 'ਤੇ ਸ਼ੁੱਕਰਵਾਰ ਸਵੇਰੇ ਇੱਕ ਲਿਫਟ ਡਿੱਗਣ ਕਾਰਨ ਹਾਦਸਾ ਹੋ ਗਿਆ। ਇਸ 'ਚ ਚਾਰ ਮਜ਼ਦੂਰਾਂ ਦੀ ਮੌਤ ਹੋ ਗਈ, ਜਦਕਿ ਪੰਜ ਜ਼ਖ਼ਮੀ ਹਨ। ਜ਼ਖ਼ਮੀਆਂ ਦੀ ਹਾਲਤ ਨਾਜ਼ੁਕ ਹੈ ਅਤੇ ਉਨ੍ਹਾਂ ਨੂੰ ਜ਼ਿਲ੍ਹਾ ਹਸਪਤਾਲ ਦੇ ਆਈ ਸੀ ਯੂ 'ਚ ਭਰਤੀ ਕਰਵਾਇਆ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਸਰਵਿਸ ਲਿਫਟ ਦੇ ਕੰਟਰੋਲ ਤੋਂ ਬਾਹਰ ਹੋ ਗਈ, ਜਿਸ ਨਾਲ ਲਿਫਟ ਦੇ ਅੰਦਰ ਮੌਜੂਦ ਚਾਰ ਮਜ਼ਦੂਰਾਂ ਦੀ ਮੌਤ ਹੋ ਗਈ। ਘਟਨਾ ਦੀ ਜਾਣਕਾਰੀ ਮਿਲਦੇ ਹੀ ਮੌਕੇ 'ਤੇ ਪਹੁੰਚੀ ਪੁਲਸ ਨੇ ਲਾਸ਼ਾਂ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤੀਆਂ ਤੇ ਹਾਦਸੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਬੇਖ਼ਬਰ



**ਚੰਡੀਗੜ੍ਹ :** ਬੁੱਧਵਾਰ ਜੰਮੂ-ਕਸ਼ਮੀਰ ਦੇ ਅਨੰਤਨਾਗ ਦੇ ਗਰੋਲ ਜੰਗਲਾਂ ਵਿਚ ਦਹਿਸ਼ਤਗਰਦਾਂ ਖਿਲਾਫ ਲੜਾਈ ਦੌਰਾਨ ਸ਼ਹੀਦ ਹੋਏ ਕਰਨਲ ਮਨਪ੍ਰੀਤ ਸਿੰਘ ਦਾ ਸ਼ੁੱਕਰਵਾਰ ਮੁਹਾਲੀ ਜ਼ਿਲ੍ਹੇ 'ਚ ਜੱਦੀ ਪਿੰਡ ਭੜੌਂਜੀਆਂ 'ਚ ਫੌਜੀ ਸਨਮਾਨਾਂ ਨਾਲ ਅੰਤਮ ਸੰਸਕਾਰ ਕੀਤਾ ਗਿਆ। 7 ਸਾਲਾ ਬੇਟੇ ਕਬੀਰ ਨੇ ਉਨ੍ਹਾ ਦੀ ਮ੍ਰਿਤਕ ਦੇਹ ਨੂੰ ਅਗਨੀ ਦਿਖਾਈ ਤੇ ਕਿਹਾ—ਪਾਪਾ ਜੈ ਹਿੰਦ। ਕਰਨਲ ਮਨਪ੍ਰੀਤ ਬੇਟੇ ਤੋਂ ਇਲਾਵਾ ਪਿੱਛੇ ਮਾਂ ਮਨਜੀਤ ਕੌਰ, ਪਤਨੀ ਜਗਮੀਤ ਕੌਰ ਤੇ ਢਾਈ ਸਾਲਾਂ ਦੀ ਧੀ ਛੱਡ ਗਏ ਹਨ। ਕਬੀਰ ਸ਼ਾਇਦ ਪੂਰੀ ਤਰ੍ਹਾਂ ਸਮਝ ਨਹੀਂ ਸਕਿਆ ਕਿ ਉਸ ਦੇ ਪਿਤਾ ਸ਼ਹੀਦ ਹੋ ਗਏ ਹਨ, ਇਸੇ ਕਰਕੇ ਪਿਤਾ ਦੀ ਮ੍ਰਿਤਕ ਦੇਹ ਨੂੰ ਲੈ ਕੇ ਆਏ ਜਵਾਨਾਂ ਨਾਲ ਖੇਡਣ ਲੱਗਾ।

# ਸਟਾਲਿਨ ਨੇ ਔਰਤਾਂ ਲਈ ਸ਼ੁਰੂ ਕੀਤੀ 1000 ਰੁਪਏ ਦੀ ਪ੍ਰਤੀ ਮਹੀਨਾ ਆਰਥਕ ਸਹਾਇਤਾ ਯੋਜਨਾ



**ਕਾਂਚੀਪੁਰਮ :** ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਨੇ ਦ੍ਰਾਵਿੜ ਨੇਤਾ ਸੀ ਐਨ ਅੰਨਾਦੁਰਾਈ ਦੀ ਜੈਅੰਤੀ 'ਤੇ ਸ਼ੁੱਕਰਵਾਰ ਦ੍ਰਾਵਿੜ ਮੁਨੇਤਰ ਕੜਗਮ ਸਰਕਾਰ ਦੀਆਂ ਮਹਿਲਾਵਾਂ ਲਈ ਇੱਕ ਹਜ਼ਾਰ ਰੁਪਏ ਦੀ ਆਰਥਕ ਸਹਾਇਤਾ ਯੋਜਨਾ ਸ਼ੁਰੂ ਕੀਤੀ। ਸਟਾਲਿਨ ਨੇ ਯੋਜਨਾ ਦੀ ਸ਼ੁਰੂਆਤ ਕਰਦੇ ਹੋਏ ਕਈ ਲਾਭਪਾਤਰੀਆਂ ਨੂੰ ਬੈਂਕ ਦੇ ਡੈਬਿਟ ਕਾਰਡ ਦਿੱਤੇ। ਉਥੇ ਹੀ ਸੂਬਾ ਸਰਕਾਰ ਦੇ ਮੰਤਰੀਆਂ ਨੇ ਆਪਣੇ-ਆਪਣੇ ਜ਼ਿਲ੍ਹਿਆਂ 'ਚ ਇਸ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਸਟਾਲਿਨ ਨੇ ਕਿਹਾ ਕਿ ਇਹ ਮਾਣ ਦੀ ਗੱਲ ਹੈ ਕਿ ਇਸ ਯੋਜਨਾ ਦੀ ਸ਼ੁਰੂਆਤ ਅੰਨਾ ਦੀ ਜੈਅੰਤੀ ਅਤੇ ਕਰੁਣਾਨਿਧੀ ਦੀ ਜਨਮ ਸ਼ਤਾਬਦੀ ਦੌਰਾਨ ਹੋਈ। ਬੁਨਿਆਦੀ ਇਨਕਮ ਵਾਲੀ ਇਸ ਯੋਜਨਾ ਦਾ ਨਾਂਅ ਮਰਹੂਮ ਮੁੱਖ ਮੰਤਰੀ ਐੱਮ ਕਰੁਣਾਨਿਧੀ ਦੇ ਨਾਂਅ 'ਤੇ ਰੱਖਿਆ ਗਿਆ ਹੈ ਅਤੇ ਸੂਬਾ ਸਰਕਾਰ ਨੇ ਇਸ ਸਹਾਇਤਾ ਯੋਜਨਾ ਨੂੰ ਮਹਿਲਾਵਾਂ ਨੂੰ 'ਅਧਿਕਾਰ' ਕਰਾਰ ਦਿੱਤਾ। ਸੂਬਾ ਸਰਕਾਰ ਨੇ ਇਸ ਯੋਜਨਾ ਲਈ 1.06 ਕਰੋੜ ਮਹਿਲਾਵਾਂ ਦੀ ਪਛਾਣ ਕੀਤੀ ਅਤੇ ਇੱਕ ਹਜ਼ਾਰ ਰੁਪਏ ਦੀ ਆਰਥਕ ਸਹਾਇਤਾ ਦਾ ਭੁਗਤਾਨ ਲਾਭਪਾਤਰੀਆਂ ਨੂੰ ਸਿੱਧਾ ਟਰਾਂਸਫਰ ਕੀਤਾ ਗਿਆ। ਅਧਿਕਾਰਤ ਤੌਰ 'ਤੇ ਇਸ ਯੋਜਨਾ ਦਾ ਨਾਂਅ 'ਕਲੈਗਨਾਰ ਮਗਲਿਰ ਉਰੀਮਾਈ ਥਿੱਤਮ' ਹੈ, ਜਿਸ ਦਾ ਮਤਲਬ ਕਲੈਗਨਾਰ ਮਹਿਲਾਵਾਂ ਦਾ ਅਧਿਕਾਰ ਯੋਜਨਾ। ਕਰੁਣਾਨਿਧੀ ਨੂੰ ਕਲੈਗਨਾਰ ਦੇ ਨਾਂਅ ਨਾਲ ਵੀ ਜਾਣਿਆ ਜਾਂਦਾ ਸੀ, ਜਿਸ ਦਾ ਅਰਥ ਹੁੰਦਾ ਹੈ ਪ੍ਰਸਿੱਧ ਕਲਾਕਾਰ। ਸੂਬਾ ਸਰਕਾਰ ਨੇ ਕੁਝ ਮਹੀਨੇ ਪਹਿਲਾਂ ਇਸ ਯੋਜਨਾ ਦਾ ਐਲਾਨ ਕੀਤਾ ਸੀ ਅਤੇ ਕਿਹਾ ਸੀ ਕਿ 15 ਸਤੰਬਰ ਨੂੰ ਇਹ ਯੋਜਨਾ ਸ਼ੁਰੂ ਕੀਤੀ ਜਾਵੇਗੀ।

## ਤਿਉਹਾਰੀ ਸੀਜ਼ਨ ਆਨਲਾਈਨ ਵਾਲਿਆਂ ਦਾ

**ਨਵੀਂ ਦਿੱਲੀ :** ਦੇਸ਼ 'ਚ ਆਉਣ ਵਾਲੇ ਤਿਉਹਾਰੀ ਸੀਜ਼ਨ ਦੌਰਾਨ ਆਨਲਾਈਨ ਵਿਕਰੀ ਸਾਲਾਨਾ ਅਧਾਰ 'ਤੇ 18-20 ਫੀਸਦੀ ਵਧਣ ਅਤੇ 90,000 ਕਰੋੜ ਰੁਪਏ ਤੱਕ ਪਹੁੰਚਣ ਦੀ ਉਮੀਦ ਹੈ। ਮਾਰਕੀਟ ਰਿਸਰਚ ਕੰਪਨੀ ਰੈੱਡਸੀਅਰ ਸਟ੍ਰੈਟਜੀ ਕੰਸਲਟੈਂਟਸ ਦੇ ਅਨੁਸਾਰ ਸਾਡਾ ਅੰਦਾਜ਼ਾ ਹੈ ਕਿ 2023 ਦੇ ਤਿਉਹਾਰੀ ਮਹੀਨੇ 'ਚ ਆਨਲਾਈਨ ਕਾਰੋਬਾਰ ਕਰੀਬ 90,000 ਕਰੋੜ ਰੁਪਏ ਦਾ ਹੋਵੇਗਾ, ਜੋ ਕਿ ਪਿਛਲੇ ਸਾਲ ਨਾਲੋਂ 18-20 ਪ੍ਰਤੀਸ਼ਤ ਵੱਧ ਹੈ।

ਇਸ ਤਿਉਹਾਰੀ ਮਹੀਨੇ ਦੌਰਾਨ 14 ਕਰੋੜ ਆਨਲਾਈਨ ਖਰੀਦਦਾਰਾਂ ਵੱਲੋਂ ਘੱਟੋ-ਘੱਟ ਇੱਕ ਆਨਲਾਈਨ ਖਰੀਦਦਾਰੀ ਕਰਨ ਦੀ ਉਮੀਦ ਹੈ।

## ਅਮਰੀਕੀ ਆਟੋ ਇੰਡਸਟਰੀ 'ਚ ਹੜਤਾਲ

**ਮਿਸ਼ੀਗਨ :** ਯੂਨਾਈਟਿਡ ਆਟੋ ਵਰਕਰਜ਼ (ਯੂ ਏ ਡਬਲਿਊ) ਯੂਨੀਅਨ ਦੇ ਮੈਂਬਰਾਂ ਨੇ ਮਿਸ਼ੀਗਨ 'ਚ ਫੋਰਡ ਪਲਾਂਟ 'ਚ ਇਕੱਠੇ ਹੋ ਕੇ ਇਤਿਹਾਸਕ ਹੜਤਾਲ ਸ਼ੁਰੂ ਕੀਤੀ। ਡੈਟਰੋਇਟ ਥ੍ਰੀ ਵਾਹਨ ਨਿਰਮਾਤਾਵਾਂ ਜਨਰਲ ਮੋਟਰਜ਼ ਅਤੇ ਸਟੈਲੈਂਟਿਸ ਵਰਕਰਾਂ ਦੀ ਪਹਿਲੀ ਵਾਰ ਇੱਕੋ ਸਮੇਂ ਹੜਤਾਲ ਸ਼ੁਰੂ ਹੋਈ। ਯੂਨੀਅਨ ਅਤੇ ਕੰਪਨੀਆਂ ਦੇ ਉਜਰਤਾਂ ਦੇ ਨਵੇਂ ਇਕਰਾਰਨਾਮੇ 'ਤੇ ਸਹਿਮਤ ਹੋਣ 'ਚ ਅਸਫਲ ਹੋਣ ਕਾਰਨ ਇਹ ਹੜਤਾਲ ਸ਼ੁਰੂ ਹੋਈ ਹੈ।

## ਬੀਮੇ ਦੀ ਰਕਮ ਲਈ ਤਿੰਨ ਭਰਾਵਾਂ 'ਚ ਲੜਾਈ, ਇੱਕ ਦੀ ਮੌਤ

**ਉਨਾਓ :** ਯੂ ਪੀ ਦੇ ਉਨਾਓ ਜ਼ਿਲ੍ਹੇ ਦੇ ਪੂਰਵਾ ਕੋਤਵਾਲੀ ਇਲਾਕੇ 'ਚ ਬੀਮੇ ਦੀ ਰਕਮ ਦੀ ਵੰਡ ਨੂੰ ਲੈ ਕੇ ਵੀਰਵਾਰ ਰਾਤ ਨੂੰ ਤਿੰਨ ਭਰਾਵਾਂ 'ਚ ਹੋਏ ਝਗੜੇ 'ਚ ਇੱਕ ਦੀ ਮੌਤ ਹੋ ਗਈ। ਪੂਰਵਾ ਕਸਬੇ ਦੇ ਮੁਹੱਲਾ ਪੱਛਮੀ ਟੋਲਾ ਦੇ ਰਹਿਣ ਵਾਲੇ ਰਜਨੂੰ ਦੀ ਪਤਨੀ ਰਾਮਰਾਣੀ ਦੀ ਕਰੀਬ 9 ਮਹੀਨੇ ਪਹਿਲਾਂ ਸੜਕ ਹਾਦਸੇ 'ਚ ਮੌਤ ਹੋ ਗਈ ਸੀ। ਰਾਮਰਾਣੀ ਦੀ ਮੌਤ ਤੋਂ ਬਾਅਦ ਕੁਝ ਦਿਨ ਪਹਿਲਾਂ ਹੀ ਉਸ ਦੇ ਵੱਡੇ ਪੁੱਤਰ ਰਾਜਬਹਾਦੁਰ ਦੇ ਖਾਤੇ 'ਚ ਕਰੀਬ ਦੋ ਲੱਖ ਰੁਪਏ ਦੁਰਘਟਨਾ ਬੀਮੇ ਦੀ ਰਕਮ ਜਮ੍ਹਾਂ ਹੋਈ ਸੀ। ਉਦੋਂ ਤੋਂ ਹੀ ਦੋਵੇਂ ਛੋਟੇ ਭਰਾ ਆਪਣੇ ਵੱਡੇ ਭਰਾ 'ਤੇ ਬੀਮੇ ਦੀ ਰਕਮ ਵੰਡਣ ਲਈ ਦਬਾਅ ਪਾ ਰਹੇ ਸਨ। ਵੀਰਵਾਰ ਰਾਤ ਨੂੰ ਤਿੰਨਾਂ ਭਰਾਵਾਂ ਵਿਚਾਲੇ ਝਗੜਾ ਹੋ ਗਿਆ। ਇਸ ਦੌਰਾਨ ਸਾਰਿਆਂ ਨੇ ਇੱਕ-ਦੂਜੇ 'ਤੇ ਲਾਠੀਆਂ ਨਾਲ ਹਮਲਾ ਕਰ ਦਿੱਤਾ। ਛੋਟਾ ਭਰਾ ਰਾਮ ਆਸਰੇ (45) ਮਾਰਿਆ ਗਿਆ।

# ਜੋ ਸਮਾਜ ਲਈ ਕੁਝ ਕਰਦੇ, ਬੁੱਤ ਉਨ੍ਹਾਂ ਦੇ ਲਗਦੇ : ਕੁਲਵੰਤ ਸਿੰਘ, ਦਲਬੀਰ ਯੂ ਕੇ

- 'ਨਵਾਂ ਜ਼ਮਾਨਾ' ਨੂੰ 5100 ਰੁਪਏ ਸਹਾਇਤਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਪ੍ਰਸਿੱਧ ਸਮਾਜ ਸੇਵੀ ਕਾਮਰੇਡ ਹਰਪਾਲ ਸਿੰਘ ਘੱਗਾ ਵੱਲੋਂ ਚਲਾਏ ਗਏ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਟਰੱਸਟ ਦੇ ਲੰਮਾ ਸਮਾਂ ਪ੍ਰਧਾਨ ਰਹੇ ਸਵਰਗੀ ਸਤਪਾਲ ਸਿੰਗਲਾ ਦੀ ਪਹਿਲੀ ਬਰਸੀ ਮੌਕੇ ਸਕੂਲ ਵਿੱਚ ਉਹਨਾ ਦਾ ਬੁੱਤ ਸਥਾਪਤ ਕੀਤਾ ਗਿਆ। ਬੁੱਤ ਤੋਂ ਪਰਦਾ ਹਟਾਉਣ ਦੀ ਰਸਮ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਨਿਭਾਈ। ਇਸ ਮੌਕੇ ਲੋਕ ਸਭਾ ਹਲਕਾ ਪਟਿਆਲਾ ਦੇ ਸੀਨੀਅਰ ਆਪ ਆਗੂ ਦਲਬੀਰ ਸਿੰਘ ਯੂ ਕੇ ਨੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ। ਇਸ ਦੌਰਾਨ ਸਕੂਲ ਮੈਨੇਜਮੈਂਟ ਟਰੱਸਟ ਵੱਲੋਂ ਲਗਾਏ ਗਏ ਅੱਖਾਂ

• ਬਾਕੀ ਸਫ਼ਾ 2 'ਤੇ

# ਰਾਜਸਥਾਨ 'ਚ 6700 ਪੈਟਰੋਲ ਪੰਪ ਬੰਦ



**ਜੈਪੁਰ :** ਰਾਜਸਥਾਨ 'ਚ ਸ਼ੁੱਕਰਵਾਰ ਤੋਂ ਪੈਟਰੋਲ ਪੰਪ ਸੰਚਾਲਕਾਂ ਦੀ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਹੋ ਗਈ ਹੈ। ਸੰਚਾਲਕਾਂ ਨੇ ਸੂਬੇ ਦੇ ਕਰੀਬ 6700 ਪੈਟਰੋਲ ਪੰਪ ਬੰਦ ਕਰ ਦਿੱਤੇ ਹਨ। ਇਸ ਨਾਲ ਹਰ ਜ਼ਿਲ੍ਹੇ 'ਚ ਪੈਟਰੋਲ ਦੀ ਕਿੱਲਤ ਹੋ ਗਈ ਹੈ। ਰਾਜਸਥਾਨ ਪੈਟਰੋਲੀਅਮ ਡੀਲਰਜ਼ ਐਸੋਸੀਏਸ਼ਨ ਨੇ ਵੈਟ ਘੱਟ ਕਰਨ ਦੀ ਮੰਗ ਨੂੰ ਲੈ ਕੇ ਇਸ ਹੜਤਾਲ ਦਾ ਸੱਦਾ ਦਿੱਤਾ ਸੀ, ਜਿਸ ਦੇ ਸਮਰਥਨ 'ਚ ਸਾਰੇ ਪੰਪ ਸੰਚਾਲਕ ਆ ਗਏ। ਇਸ ਤੋਂ ਪਹਿਲਾਂ ਰਾਜਸਥਾਨ ਪੈਟਰੋਲੀਅਮ ਐਸੋਸੀਏਸ਼ਨ ਨੇ ਸੂਬੇ 'ਚ ਦੋ ਦਿਨ ਸੰਕੇਤਕ ਹੜਤਾਲ ਕੀਤੀ ਸੀ। ਇਸ ਦੌਰਾਨ ਪੈਟਰੋਲ, ਡੀਜ਼ਲ 'ਤੇ ਵੈਟ ਘਟਾਉਣ ਸਮੇਤ ਹੋਰ ਮੰਗਾਂ ਨੂੰ ਲੈ ਕੇ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਪੰਪ ਬੰਦ ਰੱਖੇ ਗਏ ਸਨ, ਪਰ ਗਹਿਲੋਤ ਸਰਕਾਰ ਨੇ ਪੰਪ ਸੰਚਾਲਕਾਂ ਦੀ ਇਸ ਹੜਤਾਲ 'ਤੇ ਗੌਰ ਨਹੀਂ ਕੀਤਾ। ਇਸ ਨੂੰ ਲੈ

• ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਮੁੱਦਾ ਲੋਕਾਂ ਲਈ ਹੁੰਦਾ ਕੋਈ ਬੜਾ ਵੱਡਾ,
ਮੁੱਦਾ ਲੀਡਰਾਂ ਲਈ ਹੁੰਦਾ ਈ ਹੋਰ ਬੇਲੀ।
ਬੇਰੁਜ਼ਗਾਰੀ ਨਹੀਂ ਕਦੀ ਕੁਝ ਘੱਟ ਹੁੰਦੀ,
ਪਾਇਆ ਜਾਂਦਾ ਰੁਜ਼ਗਾਰ ਦਾ ਸ਼ੋਰ ਬੇਲੀ।
ਅਮਨ-ਕਾਨੂੰਨ ਨਾ ਕਾਬੂ ਦੇ ਵਿੱਚ ਆਵੇ,
ਕੱਸਦੀ ਕੋਈ ਸਰਕਾਰ ਨਹੀਂ ਡੋਰ ਬੇਲੀ।
ਜਿਹੜਾ ਦਾਅਵਾ ਤਰੱਕੀ ਦਾ ਨਿੱਤ ਸੁਣਦਾ,
ਸੁਣ-ਸੁਣ ਉਹਨੂੰ ਵੀ ਹੋਈਦਾ ਬੋਰ ਬੇਲੀ।
ਓਹਲੇ ਅੱਖਾਂ ਤੋਂ ਕਰਨ ਲਈ ਅਸਲ ਮੁੱਦਾ,
ਮੁੱਦਾ ਧਰਮ ਦਾ ਬਣ ਗਿਆ ਅਹਿਮ ਬੇਲੀ।
ਲੀਡਰ ਵੋਟਾਂ ਲਈ ਚਾੜ੍ਹਨਗੇ ਚੰਦ ਕਿਹੜਾ,
ਸੋਚਦੇ ਲੋਕੀਂ ਤਾਂ ਜਾਣ ਫਿਰ ਸਹਿਮ ਬੇਲੀ।

-ਤੀਸ ਮਾਰ ਖਾਂ

# ਗਦਰੀ ਬਾਬਿਆਂ ਤੇ ਭਗਤ, ਸਰਾਭਿਆਂ ਦੀ ਸੋਚ ਦਾ ਭਾਰਤ ਬਣਾਇਆ ਜਾਵੇ : ਮਾੜੀਮੇਘਾ, ਵਲਟੋਹਾ



**ਤਰਨ ਤਾਰਨ :** ਸਾਥੀ ਅਰਜਨ ਸਿੰਘ ਗੜਗੱਜ ਭਵਨ ਬਾਠ ਰੋਡ ਤਰਨ ਤਾਰਨ ਵਿਖੇ ਸਰਬ ਭਾਰਤ ਨੌਜਵਾਨ ਸਭਾ ਤੇ ਏ ਆਈ ਐੱਸ ਐੱਫ ਦਾ ਜ਼ਿਲ੍ਹਾ ਪੱਧਰ ਦਾ ਟ੍ਰੇਨਿੰਗ ਕੈਂਪ ਲੱਗਾ। ਕੈਂਪ ਵਿੱਚ ਆਪਣੇ ਵਿਚਾਰ ਰੱਖਦਿਆਂ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਤੇ ਏ ਆਈ ਐੱਸ ਐੱਫ ਦੇ ਸੂਬਾਈ ਸਾਬਕਾ ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਕੋਈ ਵੀ ਲਹਿਰ ਜੁਆਨੀ ਤੋਂ ਬਗੈਰ ਆਪਣਾ ਮਕਸਦ ਪੂਰਾ ਨਹੀਂ ਕਰ ਸਕਦੀ। ਜੇ ਹਿੰਦੁਸਤਾਨ ਨੇ ਅੰਗਰੇਜ਼ਾਂ ਤੋਂ ਆਜ਼ਾਦੀ ਪ੍ਰਾਪਤ ਕੀਤੀ ਹੈ ਤਾਂ ਇਹ ਗਦਰੀ ਬਾਬਿਆਂ ਤੇ ਭਗਤ, ਸਰਾਭਿਆਂ ਦੀ ਦੇਣ ਹੈ। ਗਦਰੀ ਚੜ੍ਹਦੀ ਜਵਾਨੀ ਵਿੱਚ ਹਿੰਦੁਸਤਾਨ ਨੂੰ ਅੰਗਰੇਜ਼ਾਂ ਤੋਂ ਮੁਕਤ ਕਰਾਉਣ ਲਈ ਵਿਦੇਸ਼ਾਂ ਵਿੱਚੋਂ ਆਏ ਸਨ। ਇਹ ਨਹੀਂ ਕਿ ਉਨ੍ਹਾਂ ਕੋਲ ਵਿਦੇਸ਼ਾਂ ਵਿੱਚ ਕੰਮ ਨਹੀਂ ਸਨ। ਬਾਬਾ ਜਵਾਲਾ ਸਿੰਘ ਠੱਠੀਆਂ ਨੂੰ ਤਾਂ ਵਿਦੇਸ਼ੀ ਲੋਕ 'ਆਲੂਆਂ ਦਾ ਬਾਦਸ਼ਾਹ' ਕਰਕੇ ਜਾਣਦੇ ਸਨ। ਹੋਰ ਵੀ ਅਨੇਕਾਂ ਗਦਰੀ ਸਨ, ਜਿਨ੍ਹਾਂ ਦੀਆਂ ਵਿਦੇਸ਼ਾਂ ਵਿੱਚ ਬਹੁਤ ਜਾਇਦਾਦਾਂ ਸਨ। ਗਦਰੀਆਂ ਕੋਲ ਵਿਦੇਸ਼ਾਂ ਵਿੱਚ ਇਕੱਲੀਆਂ ਜਾਇਦਾਦਾਂ ਹੀ ਨਹੀਂ ਸਨ, ਕਈ ਗਦਰੀਆਂ ਨੇ ਉਥੋਂ ਦੀਆਂ ਮੂਲ ਨਿਵਾਸੀ ਔਰਤਾਂ ਨਾਲ ਵਿਆਹ ਕਰਵਾਏ ਹੋਏ ਸਨ। ਉਨ੍ਹਾਂ ਦੇ ਬੱਚੇ ਵੀ ਸਨ। ਹਿੰਦੁਸਤਾਨ ਨੂੰ ਆਜ਼ਾਦ ਕਰਾਉਣ ਲਈ ਆਉਣ ਲੱਗਿਆਂ ਉਨ੍ਹਾਂ ਆਪਣੇ ਪਰਵਾਰਾਂ ਦੀ ਪ੍ਰਵਾਹ ਨਹੀਂ ਕੀਤੀ। ਪਰਵਾਰ ਛੱਡ ਕੇ ਆ ਗਏ। ਗੱਲ ਕੀ ਗਦਰੀਆਂ ਨੇ ਸਭ ਕੁਝ ਦੇਸ਼ ਦੀ ਆਜ਼ਾਦੀ ਲਈ ਨਿਸ਼ਾਵਰ ਕਰ ਦਿੱਤਾ। ਗਦਰੀਆਂ ਦੇ ਵਿਦੇਸ਼ਾਂ ਰਹਿੰਦੇ ਪਰਵਾਰਾਂ ਦੀ ਕੋਈ ਉੱਘ-ਸੁਘ ਹੀ ਨਹੀਂ ਕਿ ਉਹ ਕਿਥੇ ਹਨ, ਜਿਉਂਦੇ ਹਨ ਕਿ ਨਹੀਂ। ਗਦਰੀਆਂ ਦੇ ਬੱਚੇ ਤੇ ਜ਼ਰੂਰ ਜਿਉਂਦੇ ਹੋਣਗੇ। ਗਦਰੀਆਂ ਦੀ ਕੁਰਬਾਨੀ ਸਦਕਾ ਦੇਸ਼ ਤਾਂ ਆਜ਼ਾਦ ਹੋ ਗਿਆ, ਪਰ ਸਾਡੀਆਂ ਸਰਕਾਰਾਂ ਨੇ ਕਦੀ ਇਹ ਸੋਚਿਆ ਹੀ ਨਹੀਂ ਕਿ ਗਦਰੀਆਂ ਦੇ ਪਰਵਾਰਾਂ ਦੀ ਭਾਲ ਕੀਤੀ ਜਾਵੇ।

ਆਗੂਆਂ ਕਿਹਾ ਕਿ ਗਦਰ ਪਾਰਟੀ ਇਕੱਲਾ ਦੇਸ਼ ਆਜ਼ਾਦ ਕਰਵਾਉਣ ਤੱਕ ਸੀਮਤ ਨਹੀਂ ਸੀ, ਉਹ ਤਾਂ ਹਿੰਦੁਸਤਾਨ ਵਿੱਚ ਬਰਾਬਰਤਾ ਵਾਲਾ ਤੇ ਧਰਮ ਨਿਰਪੱਖ ਰਾਜ ਦੇ

• ਬਾਕੀ ਸਫ਼ਾ 2 'ਤੇ

## ਦੁੱਧ ਦੇ ਬਕਾਏ ਨੂੰ ਲੈ ਕੇ ਖ਼ੂਨੀ ਜੰਗ 'ਚ ਤਿੰਨ ਦੀ ਮੌਤ

**ਪਟਨਾ :** ਬਿਹਾਰ ਦੇ ਪਟਨਾ ਜ਼ਿਲ੍ਹੇ 'ਚ ਦੁੱਧ ਦੇ 400 ਰੁਪਏ ਬਕਾਏ ਨੂੰ ਲੈ ਕੇ ਪੈਦਾ ਹੋਏ ਵਿਵਾਦ 'ਚ ਤਿੰਨ ਲੋਕਾਂ ਦੀ ਹੱਤਿਆ ਕਰ ਦਿੱਤੀ ਗਈ। ਮਾਮਲਾ ਫਤੂਹਾ ਥਾਣੇ ਅੰਦਰ ਆਉਂਦੇ ਸੂਗਾਪੁਰ ਇਲਾਕੇ ਦਾ ਹੈ। ਮਰਨ ਵਾਲਿਆਂ ਦੀ ਪਛਾਣ ਪ੍ਰਦੀਪ ਕੁਮਾਰ, ਸੈਲੇਸ਼ ਕੁਮਾਰ ਅਤੇ ਜੈ ਸਿੰਘ ਦੇ ਰੂਪ 'ਚ ਹੋਈ ਹੈ। ਉਥੇ ਹੀ 22 ਸਾਲ ਦਾ ਇੱਕ ਨੌਜਵਾਨ ਮਿੰਟੂ ਕੁਮਾਰ ਗੋਲੀਬਾਰੀ 'ਚ ਜ਼ਖ਼ਮੀ ਹੈ। ਇਸ ਘਟਨਾ ਬਾਰੇ ਪਟਨਾ ਦੇ ਐੱਸ ਐੱਸ ਪੀ ਰਾਜੀਵ ਮਿਸ਼ਰਾ ਨੇ ਦੱਸਿਆ ਕਿ ਦੁੱਧ ਦੇ ਬਕਾਇਆ ਰੁਪਏ ਨੂੰ ਲੈ ਕੇ ਦੋ ਪੱਖਾਂ 'ਚ ਵਿਵਾਦ ਚੱਲ ਰਿਹਾ ਸੀ। ਇੱਕ ਪੱਖ ਦੇ ਲੋਕ ਰੁਪਏ ਮੰਗਣ ਲਈ ਗਏ ਸਨ। ਇਸੇ ਦੌਰਾਨ ਦੋਵਾਂ ਵਿਚਾਲੇ ਤੂੰ-ਤੂੰ, ਮੈਂ-ਮੈਂ ਹੋ ਗਈ। ਫਿਰ ਗੋਲੀਆਂ ਚੱਲਣ ਲੱਗੀਆਂ, ਜਿਸ 'ਚ ਚਾਰ ਲੋਕ ਜ਼ਖ਼ਮੀ ਹੋ ਗਏ। ਗੋਲੀਆਂ ਦੋਵਾਂ ਪਾਸਿਓਂ ਚੱਲੀਆਂ। ਤਿੰਨ ਲੋਕਾਂ ਦੀ ਹੱਤਿਆ ਦੀ ਖ਼ਬਰ ਮਿਲਦੇ ਹੀ ਮੌਕੇ 'ਤੇ ਕਈ ਥਾਣਿਆਂ ਦੀ ਪੁਲਸ ਪਹੁੰਚ ਗਈ। ਫਤੂਹਾ ਦੇ ਡੀ ਐੱਸ ਪੀ ਨੇ ਕਿਹਾ ਕਿ ਘਟਨਾ ਦੀ ਕਈ ਪਹਿਲੂਆਂ ਤੋਂ ਪੁਲਸ ਛਾਣਬੀਣ ਕਰ ਰਹੀ ਹੈ। ਜ਼ਮੀਨ ਵਿਵਾਦ ਦਾ ਮਾਮਲਾ ਵੀ ਸਾਹਮਣੇ ਆ ਰਿਹਾ ਹੈ। ਹਾਲਾਂਕਿ ਪਿੰਡ ਵਾਸੀਆਂ ਨੇ ਘਟਨਾ ਦਾ ਕਾਰਨ ਦੁੱਧ ਦੇ ਬਕਾਏ ਪੈਸੇ ਨੂੰ ਲੈ ਕੇ ਚੱਲ ਰਿਹਾ ਵਿਵਾਦ ਦੱਸਿਆ ਹੈ।

CMYK

16-SEP-PAGE-1.qxd 9/15/2023 9:20 PM Page 2



## ਸਿਹਤ ਵਿਭਾਗ ਵੱਲੋਂ ਆਦਰਸ਼ ਸਕੂਲ 'ਚ ਸੈਮੀਨਾਰ



**ਮਾਨਸਾ (ਆਤਮਾ ਸਿੰਘ ਪਮਾਰ)**-ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵੱਲੋਂ ਆਦਰਸ਼ ਸੈਕੰਡਰੀ ਸਕੂਲ ਭੁਪਾਲ ਵਿਖੇ ਵਾਤਾਵਰਣ ਨੂੰ ਪ੍ਰਦੂਸ਼ਣ ਰਹਿਤ ਤੇ ਮਾਨਵਤਾ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਇੱਕ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਸੈਂਕੜੇ ਸਕੂਲੀ ਬੱਚਿਆਂ ਨੇ ਸ਼ਮੂਲੀਅਤ ਕੀਤੀ। ਇਹ ਸੈਮੀਨਾਰ ਸਿਵਲ ਸਰਜਨ ਡਾ. ਅਸ਼ਵਨੀ ਕੁਮਾਰ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਸੈਮੀਨਾਰ 'ਚ ਜ਼ਿਲ੍ਹਾ ਐਪੀਡੀਮਾਲੋਜਿਸਟ ਸੰਤੋਸ਼ ਭਾਰਤੀ, ਡਿਪਟੀ ਮਾਸ ਮੀਡੀਆ ਅਫਸਰ ਕ੍ਰਿਸ਼ਨ ਚੰਦ ਨੇ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਵਾਤਾਵਰਣ ਮਨੁੱਖੀ ਦਖਲ ਅੰਦਾਜ਼ੀ ਕਰਕੇ ਲਗਾਤਾਰ ਪਲੀਤ ਹੋ ਰਿਹਾ ਹੈ, ਜਿਸ ਨੂੰ ਬਚਾਉਣ ਲਈ ਅਹਿਮ ਉਪਰਾਲਿਆਂ ਦੀ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਸਾਨੂੰ ਆਪਣਾ ਆਲਾ-ਦੁਆਲਾ ਸਾਫ਼ ਰੱਖਣਾ ਚਾਹੀਦਾ ਹੈ ਤਾਂ ਜੋ ਸਾਨੂੰ ਡੇਂਗੂ ਤੇ ਮਲੇਰੀਏ ਵਰਗੀਆਂ ਭਿਆਨਕ ਬਿਮਾਰੀਆਂ ਨਾ ਲੱਗ ਸਕਣ। ਐੱਸ. ਆਈ. ਰਾਮ ਕੁਮਾਰ, ਐੱਸ.ਆਈ. ਸੰਜੀਵ ਕੁਮਾਰ ਨੇ ਕਿਹਾ ਕਿ ਸਾਨੂੰ ਆਪਣੀ ਸਿਹਤ ਪ੍ਰਤੀ ਕਦੇ ਵੀ ਲਾਪ੍ਰਵਾਹੀ ਨਹੀਂ ਵਰਤਣੀ ਚਾਹੀਦੀ, ਬਲਕਿ ਸਾਨੂੰ ਸੰਤੁਲਿਤ ਭੋਜਨ ਖਾਣਾ ਚਾਹੀਦਾ ਹੈ। ਸਕੂਲ ਮੈਨੇਜਿੰਗ ਡਾਇਰੈਕਟਰ ਕਰਮ ਸਿੰਘ ਚੌਹਾਨ, ਸਕੂਲ ਮੁਖੀ ਅਮਨਦੀਪ ਸਿੰਘ ਚਹਿਲ ਤੇ ਅਧਿਆਪਕ ਆਗੂ ਮੱਖਣ ਸਿੰਘ ਬੀਰ ਨੇ ਕਿਹਾ ਕਿ ਜੇਕਰ ਅੱਜ ਅਸੀਂ ਵਾਤਾਵਰਣ ਨੂੰ ਬਚਾਉਣ ਲਈ ਹੋਰ ਗੰਭੀਰਤਾ ਨਾ ਦਿਖਾਈ ਤਾਂ ਇਸ ਦੇ ਹੋਰ ਵੀ ਭਿਆਨਕ ਨਤੀਜੇ ਸਾਹਮਣੇ ਆਉਣਗੇ।

## ਭਾਜਪਾ ਮੰਡਲ-2 ਵੱਲੋਂ 'ਮੇਰੀ ਮਿੱਟੀ ਮੇਰਾ ਦੇਸ਼' ਅਭਿਆਨ ਅਧੀਨ ਸਮਾਗਮ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਭਾਜਪਾ ਮੰਡਲ-2 ਵੱਲੋਂ ਪ੍ਰਧਾਨ ਹਰੀਸ਼ ਵਾਟਸ ਦੀ ਅਗਵਾਈ 'ਚ ਮੌੜ ਰੋਡ ਵਿਖੇ 'ਮੇਰੀ ਮਿੱਟੀ ਮੇਰਾ ਦੇਸ਼' ਅਭਿਆਨ ਅਧੀਨ ਸਮਾਗਮ ਕੀਤਾ ਗਿਆ। ਇਸ ਦੌਰਾਨ ਵਾਈਸ ਪ੍ਰਧਾਨ ਅਖਿਲ ਭਾਰਤੀ ਦੇ ਗ੍ਰਹਿ ਤੋਂ ਵੀਰਵਾਰ ਨੂੰ ਅਭਿਆਨ ਦੀ ਸ਼ੁਰੂਆਤ ਸ਼ੁਰੂ ਕੀਤੀ ਗਈ, ਜਿਸ ਮਗਰੋਂ ਮੌੜ ਰੋਡ 'ਤੇ ਘਰ-ਘਰ ਜਾ ਕੇ ਭਾਜਪਾ ਆਗੂਆਂ ਨੇ ਲੋਕਾਂ ਨੂੰ ਇਸ ਅਭਿਆਨ ਪ੍ਰਤੀ ਜਾਗਰੂਕ ਕੀਤਾ। ਪ੍ਰਧਾਨ ਹਰੀਸ਼ ਵਾਟਸ ਨੇ ਕਿਹਾ ਕਿ ਲੋਕਾਂ ਵੱਲੋਂ ਇਸ ਅਭਿਆਨ ਨੂੰ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਇਸ ਮੌਕੇ ਮਨੀਸ਼ ਧਮੀਜਾ, ਸ਼ਿਵਨੰਦਨ ਬਿੱਲੂ ਕਟਾਰੀਆ, ਰਜਿੰਦਰ ਭੁਜੀਆ ਵਾਲੇ, ਸੋਮਨਾਥ, ਜਨਰਲ ਸਕੱਤਰ ਆਸ਼ੂਤੋਸ਼, ਨੀਟਾ ਤੰਵਰ, ਸੁਨੀਤਾ ਰਾਣੀ, ਵੀਨਾ ਰਾਣੀ, ਲਲਿਤ ਭੂਸ਼ਣ ਜੱਗਾ, ਵਿਜੇ ਕੁਮਾਰ ਗਿਆਨੀ, ਹੀਰਾ ਲਾਲ, ਕਿਸਾਨ ਮੋਰਚਾ ਦੇ ਪ੍ਰਧਾਨ ਸ਼ਮਿੰਦਰ ਸਿੰਘ, ਧਰਮਪਾਲ ਚੁਰਾਹਿਆ ਸਮੇਤ ਵੱਡੀ ਗਿਣਤੀ 'ਚ ਭਾਜਪਾ ਵਰਕਰ ਮੌਜੂਦ ਸਨ।

## ਮਾਲਵਾ ਕਾਲਜ 'ਚ ਹਿੰਦੀ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**- ਮਾਲਵਾ ਕਾਲਜ ਬੌਂਦਲੀ-ਸਮਰਾਲਾ ਵਿਖੇ ਡਾ. ਕੁਲਵਿੰਦਰ ਕੌਰ ਮੁਖੀ ਹਿੰਦੀ ਵਿਭਾਗ ਦੀ ਅਗਵਾਈ ਹੇਠ ਹਿੰਦੀ ਦਿਵਸ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਕਵਿਤਾਵਾਂ ਪੜ੍ਹੀਆਂ ਤੇ ਸਲੋਗਨ ਲਿਖਣ ਵਿੱਚ ਹਿੱਸਾ ਲਿਆ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਹਰਿੰਦਰ ਕੌਰ ਨੇ ਹਿੰਦੀ ਭਾਸ਼ਾ ਦੀ ਮਹੱਤਤਾ 'ਤੇ ਚਾਨਣਾ ਪਾਇਆ ਤੇ ਹਿੰਦੀ ਦੇ ਸਾਰੇ ਵਿਦਿਆਰਥੀਆਂ ਨੂੰ ਹਿੰਦੀ ਦਿਵਸ ਦੀ ਵਧਾਈ ਦਿੱਤੀ। ਇਸ ਮੌਕੇ ਡਾ. ਹਰਿੰਦਰਜੀਤ ਸਿੰਘ ਕਲੇਰ, ਪ੍ਰੋ. ਜਗਦੀਪ ਸਿੰਘ, ਪ੍ਰੋ. ਭੁਪਿੰਦਰ ਕੌਰ, ਪ੍ਰੋ. ਪਵਨਦੀਪ ਕੌਰ ਨੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਨਸ਼ਿਆਂ ਸੰਬੰਧੀ ਆਈ ਟੀ ਆਈ ਸਰਾਏਨਾਗਾ 'ਚ ਸੈਮੀਨਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)** ਸਰਕਾਰੀ ਆਈ ਟੀ ਆਈ ਸਰਾਏਨਾਗਾ ਵਿਖੇ ਪ੍ਰਿੰਸੀਪਲ ਸ. ਰਜਿੰਦਰ ਸਿੰਘ ਜੋਸਨ ਦੇ ਦਿਸ਼ਾ ਨਿਰਦੇਸ਼ ਅਨੁਸਾਰ ਨਸ਼ਿਆਂ ਦੀ ਰੋਕਥਾਮ ਸਬੰਧੀ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਐੱਸ ਐੱਚ ਓ ਬਰੀਵਾਲਾ ਸ੍ਰ. ਗੁਰਦੀਪ ਸਿੰਘ ਨੇ ਸਿਖਿਆਰਥੀਆਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਦੱਸਿਆ। ਇਸ ਮੌਕੇ ਬੱਡੀ ਗਰੁੱਪ ਦੇ ਇੰਚਾਰਜ ਸ੍ਰੀ ਜਗਜੀਤ ਸਿੰਘ ਨੇ ਸਿਖਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਰਣਦੀਪ ਸਿੰਘ ਪਲੇਸਮੈਂਟ ਅਫਸਰ, ਭੁਪਿੰਦਰ ਸਿੰਘ, ਬਲਰਾਜ ਸਿੰਘ, ਸ਼ਮਿੰਦਰ ਸਿੰਘ, ਸੁਖਪਾਲ ਸਿੰਘ, ਬਲਜੀਤ ਸਿੰਘ, ਸੰਦੀਪ ਸਿੰਘ, ਸ਼ਾਮ ਲਾਲ, ਜਸਵਿੰਦਰ ਸਿੰਘ, ਗੁਰਜੰਟ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਆਈ ਟੀ ਆਈ ਦੇ ਬੱਚਿਆਂ ਵੱਲੋਂ ਹਿੱਸਾ ਲਿਆ ਗਿਆ।

## ਸਵਾਮੀ ਵਿਰਜਾਨੰਦ ਦੀ ਬਰਸੀ 'ਤੇ ਸਮਾਗਮ



**ਮਲੋਟ (ਗੁਰਮੀਤ ਸਿੰਘ ਮੱਕੜ)**- ਡੀ.ਏ.ਵੀ ਪਬਲਿਕ ਸਕੂਲ ਵਿਚ ਹਿੰਦੀ ਦਿਵਸ ਤੇ ਗੁਰੂ ਵਿਰਜਾਨੰਦ ਬਰਸੀ ਸਮਾਗਮ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵਲੋਂ ਗੁਰੂ ਵਿਰਜਾਨੰਦ ਜੀ ਦੇ ਜੀਵਨ ਨਾਲ ਸੰਬੰਧਤ ਕਈ ਕਵਿਤਾਵਾਂ ਤੇ ਭਜਨ ਪੇਸ਼ ਕੀਤੇ ਗਏ। ਵਿਦਿਆਰਥੀਆਂ ਵੱਲੋਂ ਗੁਰੂ ਵਿਰਜਾਨੰਦ ਜੀ ਦੇ ਜੀਵਨ ਨਾਲ ਸਬੰਧਤ ਪ੍ਰੇਰਨਾਦਾਇਕ ਕਹਾਣੀਆਂ ਸੁਣਾ ਕੇ ਸਾਰਿਆਂ ਨੂੰ ਉਨ੍ਹਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਨੇ ਆਪਣੇ ਸੰਦੇਸ਼ ਵਿਚ ਕਿਹਾ ਕਿ ਹਿੰਦੀ ਭਾਸ਼ਾ ਭਾਵਨਾਵਾਂ ਦੇ ਪ੍ਰਗਟਾਵੇ ਦਾ ਸਭ ਤੋਂ ਵਧੀਆ ਸਾਧਨ ਹੈ। ਅਸੀਂ ਹਿੰਦੀ ਭਾਸ਼ਾ ਤੋਂ ਬਿਨ੍ਹਾਂ ਭਾਰਤ ਦੀ ਕਲਪਨਾ ਵੀ ਨਹੀਂ ਕਰ ਸਕਦੇ। ਹਿੰਦੀ ਭਾਸ਼ਾ ਵਿਚ ਸਾਦਗੀ, ਮਿਠਾਸ ਅਤੇ ਸਰਲਤਾ ਦਾ ਸੰਗਮ ਹੈ। ਉਨ੍ਹਾਂ ਕਿਹਾ ਕਿ ਹਿੰਦੀ ਨੂੰ ਬਹੁਤ ਸਾਰੇ ਕਵੀਆਂ ਦੁਆਰਾ ਰੱਬ ਦੀ ਪਿਆਰੀ ਭਾਸ਼ਾ ਬਣਾਇਆ ਗਿਆ ਹੈ। ਦੁਨੀਆ ਦੇ ਕਿਸੇ ਵੀ ਦੇਸ਼ ਵਿਚ ਚਲੇ ਜਾਓ ਤਾਂ ਉਥੇ ਹਿੰਦੀ ਬੋਲਣ ਵਾਲਿਆਂ ਦੀ ਗਿਣਤੀ ਵੱਧ ਮਿਲਦੀ ਹੈ, ਇਸ ਲਈ ਅਸੀਂ ਕਹਿ ਸਕਦੇ ਹਾਂ ਕਿ ਹਿੰਦੀ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਜੁੜਨ ਦਾ ਜ਼ਰੀਆ ਵੀ ਹੈ। ਇਸ ਮੌਕੇ ਹਿੰਦੀ ਵਿਭਾਗ ਦੇ ਮੁਖੀ ਰਾਮ ਚੰਦਰ ਸ਼ਾਸਤਰੀ ਤੋਂ ਇਲਾਵਾ ਅਭਿਮਨਿਊ ਕੁਮਾਰ, ਪੂਨਮ, ਮੰਜੂ, ਸ਼ਮਾ ਸ਼ਰਮਾ ਆਦਿ ਅਧਿਆਪਕਾਂ ਦਾ ਵਿਸ਼ੇਸ਼ ਸਹਿਯੋਗ ਰਿਹਾ।

## ਬਲੌਜ਼ਮਜ ਕਾਨਵੈਂਟ ਸਕੂਲ 'ਚ ਹਿੰਦੀ ਦਿਵਸ ਮਨਾਇਆ



**ਜਗਰਾਉਂ (ਅਮਿਤ ਖੰਨਾ)**-ਬਲੌਜ਼ਮਜ ਕਾਨਵੈਂਟ ਸਕੂਲ ਵਿਖੇ ਹਿੰਦੀ ਦਿਵਸ ਦੀ ਮਹੱਤਤਾ ਨੂੰ ਵਿਦਿਆਰਥੀਆਂ ਨਾਲ ਸਾਂਝਾ ਕੀਤਾ ਗਿਆ। 14 ਸਤੰਬਰ 1949 ਦੇ ਦਿਨ ਨੂੰ ਇਸ ਭਾਸ਼ਾ ਨੂੰ ਸੰਵਿਧਾਨ ਵਿੱਚ ਮਹੱਤਤਾ ਦਿੱਤੀ ਗਈ। ਉਸੇ ਦਿਨ ਤੋਂ ਇਸ ਨੂੰ ਹਿੰਦੀ ਦਿਵਸ ਵਜੋਂ ਮਨਾਇਆ ਲੱਗਾ। ਇਸ ਦੀ ਸ਼ੁਰੂਆਤ ਸਾਡੇ ਪਹਿਲੇ ਪ੍ਰਧਾਨ ਮੰਤਰੀ ਪੰਡਤ ਜਵਾਹਰ ਲਾਲ ਨਹਿਰੂ ਜੀ ਨੇ ਕੀਤੀ, ਜੋ ਹਿੰਦੀ ਦੇ ਮਹਾਨ ਕਵੀ ਰਜਿੰਦਰ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਸੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ਼ ਨੇ ਇਸ ਦਿਨ ਦੀ ਸਾਰਿਆਂ ਨੂੰ ਵਧਾਈ ਦਿੱਤੀ। ਇਸ ਦੇ ਨਾਲ ਹੀ ਹਿੰਦੀ ਵਿਭਾਗ ਦੇ ਮੁਖੀ ਮਿਸਿਜ਼ਅਨੂ ਗਰਗ ਨੇ ਵਿਦਿਆਰਥੀਆਂ ਨੂੰ ਇਸ ਦਿਨ ਦਾ ਮਹੱਤਵ ਦੱਸਿਆ, ਜੋ ਸ਼ਲਾਘਾਯੋਗ ਸੀ। ਡਾ. ਨਾਜ਼ ਨੇ ਕਿਹਾ ਕਿ ਭਾਸ਼ਾਵਾਂ ਸਾਡੇ ਜੀਵਨ ਦਾ ਆਧਾਰ ਹੁੰਦੀਆਂ ਹਨ। ਇਸ ਕਰਕੇ ਇਨ੍ਹਾਂ ਦਿਨਾਂ ਨੂੰ ਵਿਦਿਆਰਥੀਆਂ ਨਾਲ ਸਾਂਝਾ ਕਰਨਾ ਸਾਡਾ ਫ਼ਰਜ਼ ਹੈ ਤਾਂ ਜੁ ਵਿਦਿਆਰਥੀ ਆਉਣ ਵਾਲੇ ਦਿਨਾਂ ਵਿੱਚ ਇਹ ਦਿਹਾੜੇ ਯਾਦ ਰੱਖਣ। ਇਸ ਮੌਕੇ ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ ਤੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਹਿੰਦੀ ਦਿਵਸ ਦੀ ਪੂਰੇ ਸਮਾਜ ਨੂੰ ਵਧਾਈ ਦਿੱਤੀ।

## ਮਰਹੂਮ ਮੁਲਾਜ਼ਮ ਗੁਰਜੰਟ ਸਿੰਘ ਦੇ ਪਰਵਾਰਕ ਮੈਂਬਰਾਂ ਨੂੰ ਦਸ ਲੱਖ ਦਾ ਚੈੱਕ ਭੇਟ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਫ਼ਰੀਦ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ (ਡਾ) ਰਾਜੀਵ ਸੂਦ ਦੇ ਉਪਰਾਲੇ ਦੁਆਰਾ ਬੀਤੇ ਸਮੇਂ ਬਾਬਾ ਫ਼ਰੀਦ ਯੂਨੀਵਰਸਿਟੀ ਦੇ ਮਰਹੂਮ ਮੁਲਾਜ਼ਮ ਗੁਰਜੰਟ ਸਿੰਘ (ਪੀ.ਏ ਯੂਨੀਵਰਸਿਟੀ ਵਾਈਸ ਚਾਂਸਲਰ) ਕੁਝ ਸਮਾਂ ਪਹਿਲਾਂ ਸਦੀਵੀ ਵਿਛੋੜੇ ਦੇ ਗਏ ਸਨ। ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਦਸ ਲੱਖ ਰੁਪਏ ਦਾ ਚੈੱਕ ਭੇਟ ਕੀਤਾ। ਇਸ ਮੌਕੇ ਵਾਈਸ ਚਾਂਸਲਰ ਪ੍ਰੋ. ਡਾ: ਰਾਜੀਵ ਸੂਦ ਨੇ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਕੰਮ ਕਰਦੇ ਅਧਿਕਾਰੀਆਂ ਤੇ ਕ੍ਰਮਚਾਰੀਆਂ ਦਾ ਐਲ.ਆਈ.ਸੀ ਤੋਂ ਬੀਮਾ ਕਰਾਇਆ ਜਾਂਦਾ ਹੈ, ਹਰ ਮੁਲਾਜ਼ਮ ਤੋਂ ਇਸ ਦਾ ਸਾਲਾਨਾ ਪ੍ਰੀਮੀਅਮ ਦੀ ਕਟੌਤੀ ਕੀਤੀ ਜਾਂਦੀ ਹੈ ਤੇ ਜੇਕਰ ਕਿਸੇ ਕ੍ਰਮਚਾਰੀ ਦੀ ਮੌਤ ਹੋ ਜਾਂਦੀ ਹੈ ਤਾਂ ਮ੍ਰਿਤਕ ਕ੍ਰਮਚਾਰੀ ਦੇ ਪਰਵਾਰ ਨੂੰ ਕਲੇਮ ਦੀ ਅਦਾਇਗੀ ਕੀਤੀ ਜਾਂਦੀ ਹੈ। ਇਸ ਲਈ ਵਾਈਸ ਚਾਂਸਲਰ ਦੁਆਰਾ ਮਰਹੂਮ ਗੁਰਜੰਟ ਸਿੰਘ ਦੀ ਪਤਨੀ ਤੇ ਉਨ੍ਹਾਂ ਦੇ ਬੇਟੇ ਨੂੰ 10 ਲੱਖ ਰੁਪਏ ਦੇ ਕੇ ਵਿਸ਼ਵਾਸ ਦਿਵਾਇਆ ਕਿ ਯੂਨੀਵਰਸਿਟੀ ਵੱਲੋਂ ਉਨ੍ਹਾਂ ਦੇ ਰਹਿੰਦੇ ਲਾਭ ਵੀ ਜਲਦੀ ਹੀ ਦਿੱਤੇ ਜਾਣਗੇ। ਇਸ ਮੌਕੇ ਐੱਲ.ਆਈ.ਸੀ. ਦੇ ਅਧਿਕਾਰੀ ਸ਼੍ਰੀ ਰਾਜੇਸ਼ ਕੁਮਾਰ ਰਨਦੇਵ, ਬ੍ਰਾਂਚ ਮੈਨੇਜਰ ਤੇ ਮੈਡਮ ਤ੍ਰਿਪਤ ਕੌਰ ਵੀ ਹਾਜ਼ਰ ਸਨ।

# ਨਹਿਰੀ ਪਾਣੀ ਦੀ ਮੰਗ ਨੂੰ ਲੈ ਕੇ 20 ਤੋਂ ਮੁੱਖ ਮੰਤਰੀ ਦਫਤਰ ਅੱਗੇ ਲੱਗੇਗਾ ਪੱਕਾ ਮੋਰਚਾ



**ਧੂਰੀ (ਸੁਖਦੇਵ ਧੂਰੀ)**-ਹਲਕਾ ਧੂਰੀ, ਮਾਲੇਰਕੋਟਲਾ, ਅਮਰਗੜ੍ਹ ਤੇ ਮਹਿਲ ਕਲਾਂ ਦੇ ਕਰੀਬ 70 ਪਿੰਡਾਂ ਨੂੰ ਨਹਿਰੀ ਪਾਣੀ ਦੇਣ ਸਮੇਤ ਸੰਗਰੂਰ ਜ਼ਿਲ੍ਹੇ ਨਾਲ ਸਬੰਧਤ ਨਹਿਰੀ ਪਾਣੀ ਦੀਆਂ ਮੰਗਾਂ ਨੂੰ ਲੈ ਕੇ 20 ਸਤੰਬਰ 2023 ਤੋਂ ਮੁੱਖ ਮੰਤਰੀ ਦੇ ਧੂਰੀ ਦਫਤਰ ਅੱਗੇ ਪੱਕਾ ਮੋਰਚਾ ਸ਼ੁਰੂ ਕਰਨ ਦਾ ਐਲਾਨ 'ਨਹਿਰੀ ਪਾਣੀ ਪ੍ਰਾਪਤੀ ਸੰਘਰਸ਼ ਕਮੇਟੀ' ਦੇ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਨੇ ਕੀਤਾ। ਪ੍ਰੈੱਸ ਕਲੱਬ ਧੂਰੀ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿਸ਼ੇਸ਼ ਤੌਰ 'ਤੇ ਨਹਿਰੀ ਪਾਣੀ ਪ੍ਰਾਪਤੀ ਸੰਘਰਸ਼ ਕਮੇਟੀ ਦੀ ਹਮਾਇਤ ਲਈ ਪਹੁੰਚੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਰਜਿੰਦਰ ਸਿੰਘ ਦੀਪ ਸਿੰਘ ਵਾਲਾ ਨੇ ਦੱਸਿਆ ਕਿ ਇੱਕ ਪਾਸੇ ਤਾਂ ਮਾਨ ਸਰਕਾਰ ਟੇਲਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੇ ਦਾਅਵੇ ਕਰ ਰਹੀ ਹੈ, ਪਰ ਦੂਸਰੇ ਪਾਸੇ ਖੁਦ ਮੁੱਖ ਮੰਤਰੀ ਦੇ ਵਿਧਾਨ ਸਭਾ ਹਲਕਾ ਧੂਰੀ ਤੇ ਲੋਕ ਸਭਾ ਹਲਕਾ ਸੰਗਰੂਰ ਦੇ ਕਰੀਬ 70 ਪਿੰਡ ਨਹਿਰੀ ਪਾਣੀ ਤੋਂ ਵਾਂਝੇ ਹਨ ਅਤੇ ਮੁੱਖ ਮੰਤਰੀ ਸਾਹਿਬ ਨੇ ਇਨ੍ਹਾਂ ਪਿੰਡਾਂ ਨੂੰ ਹੁਣ ਤੱਕ ਨਹਿਰੀ ਪਾਣੀ ਦੇਣ ਦਾ ਕੋਈ ਉਪਰਾਲਾ ਨਹੀਂ ਕੀਤਾ ਹਾਲਾਂਕਿ ਇਸ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਇਸੇ ਸੰਗਰੂਰ ਲੋਕ ਸਭਾ ਸੀਟ ਤੋਂ 2 ਵਾਰ ਐਮ ਪੀ ਵੀ ਰਹਿ ਚੁੱਕੇ ਹਨ। ਹੁਣ ਭਗਵੰਤ ਮਾਨ ਦੇ ਪੰਜਾਬ ਦਾ ਮੁੱਖ ਮੰਤਰੀ ਬਣਨ ਤੋਂ ਬਾਅਦ ਪਿਛਲੇ 13 ਮਹੀਨਿਆਂ ਤੋਂ ਇਨ੍ਹਾਂ ਪਿੰਡਾਂ ਦੇ ਲੋਕ ਨਹਿਰੀ ਪਾਣੀ ਦੀ ਮੰਗ ਕਰ ਰਹੇ ਹਨ, ਪਰ ਮੁੱਖ ਮੰਤਰੀ ਨੇ ਇੱਕ ਮੀਟਿੰਗ ਕਰਨੀ ਵੀ ਮੁਨਾਸਿਬ ਨਹੀਂ ਸਮਝੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੂੰ ਰਾਇਪੇਰੀਅਨ ਸਿਧਾਂਤ ਅਨੁਸਾਰ ਪੰਜਾਬ ਦੇ ਦਰਿਆਈ ਪਾਣੀ ਪੰਜਾਬ ਨੂੰ ਪਹਿਲ ਦੇ ਆਧਾਰ 'ਤੇ ਦੇ ਕੇ ਹਰੇਕ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਦਾ ਜਲਦੀ ਪ੍ਰਬੰਧ ਕਰਨਾ ਚਾਹੀਦਾ ਹੈ। ਨਹਿਰੀ ਪਾਣੀ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਸੁਖਵਿੰਦਰ ਸਿੰਘ ਚੂੰਘਾਂ, ਸਕੱਤਰ ਪਰਮੇਲ ਸਿੰਘ ਹਥਨ, ਬੀਕੇਯੂ ਉਗਰਾਹਾਂ ਦੇ ਆਗੂ ਹਰਜੀਤ ਸਿੰਘ ਬਦੇਸ਼ਾ, ਬੀਕੇਯੂ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਘਨੌਰ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ, ਕੇਕੇਯੂ ਜ਼ਿਲ੍ਹਾ ਮੀਤ ਪ੍ਰਧਾਨ ਮੇਹਰ ਸਿੰਘ ਈਸਾਪੁਰ, ਕੇਕੇਯੂ ਮਾਲੇਰਕੋਟਲਾ ਦੇ ਜ਼ਿਲ੍ਹਾ ਆਗੂ ਚਮਕੌਰ ਸਿੰਘ ਹਥਨ, ਅਮਰੀਕ ਸਿੰਘ ਘਨੌਰ ਕਲਾਂ, ਬੀਕੇਯੂ ਕਾਦੀਆਂ ਦੇ ਆਗੂ ਗੁਰਮੁੱਖ ਸਿੰਘ ਮੁਬਾਰਕਪੁਰ ਨੇ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਚਿੰਤਾ ਪ੍ਰਗਟ ਕੀਤੀ ਕਿ ਪੰਜਾਬ ਦੀ ਧਰਤੀ ਹੇਠਲਾ 86% ਪਾਣੀ ਹੁਣ ਤੱਕ ਅਸੀਂ ਖਤਮ ਕਰ ਚੁੱਕੇ ਹਾਂ, ਆਉਣ ਵਾਲੇ ਕੁਝ ਸਾਲਾਂ ਵਿੱਚ ਹੀ ਪੰਜਾਬ ਇੱਕ ਜ਼ਹਿਰੀਲਾ ਰੇਗਿਸਤਾਨ ਬਣਨ ਜਾ ਰਿਹਾ ਹੈ। ਇਸ ਲਈ ਪੰਜਾਬ ਨੂੰ ਬਚਾਉਣ ਲਈ ਹਰੇਕ ਖੇਤ ਤੱਕ ਨਹਿਰੀ ਪਾਣੀ ਪਹੁੰਚਣਾ ਬਹੁਤ ਜ਼ਰੂਰੀ ਹੈ। ਪੰਜਾਬ ਸਰਕਾਰ ਤੋਂ ਮੰਗਾਂ ਸੰਬੰਧੀ ਲਗਭਗ 100 ਪਿੰਡਾਂ ਵਿੱਚ ਨਹਿਰੀ ਪਾਣੀ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਲਾਮਬੰਦੀ ਕੀਤੀ ਗਈ ਹੈ, ਵੱਡੇ ਪੱਧਰ 'ਤੇ ਲੋਕ ਟਰਾਲੀਆਂ ਤਿਆਰ ਕਰਨ ਵਿੱਚ ਲੱਗੇ ਹੋਏ ਹਨ ਤੇ ਪੂਰੇ ਉਤਸ਼ਾਹ ਨਾਲ 20 ਸਤੰਬਰ ਤੋਂ ਸ਼ੁਰੂ ਹੋਣ ਵਾਲੇ ਮੋਰਚੇ ਵਿੱਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਨਗੇ। ਇਸ ਮੌਕੇ ਹਰਦਮ ਸਿੰਘ ਰਾਜੋਮਾਜਰਾ, ਜਗਤਾਰ ਸਿੰਘ ਘਨੌਰ ਖੁਰਦ ਵੀ ਪ੍ਰੈੱਸ ਕਾਨਫਰੰਸ 'ਚ ਸ਼ਾਮਲ ਹੋਏ।

## ਲੇਖਕ ਮੰਚ ਦੀ ਮੀਟਿੰਗ ਵਿੱਛੜੇ ਸਾਥੀ ਮਾ. ਤਰਲੋਚਨ ਸਿੰਘ ਨੂੰ ਸਮਰਪਤ



**ਸਮਰਾਲਾ (ਸੁਰਜੀਤ ਸਿੰਘ)**-ਪਿਛਲੇ ਦਿਨੀਂ ਲੇਖਕ ਮੰਚ ਸਮਰਾਲਾ ਦੀ ਮਹੀਨਾਵਾਰ ਇਕੱਤਰਤਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਮਰਾਲਾ (ਲੜਕੇ) ਵਿਖੇ ਮੰਚ ਦੇ ਪ੍ਰਧਾਨ ਕਹਾਣੀਕਾਰ ਦਲਜੀਤ ਸ਼ਾਹੀ ਦੀ ਪ੍ਰਧਾਨਗੀ ਹੇਠ ਹੋਈ। ਇਹ ਇਕੱਤਰਤਾ ਪ੍ਰਸਿੱਧ ਨਾਟਕਕਾਰ, ਗੀਤਕਾਰ, ਫਿਲਮੀ ਲੇਖਕ ਮਾ. ਤਰਲੋਚਨ ਸਿੰਘ ਸਮਰਾਲਾ ਨੂੰ ਸਮਰਪਤ ਕੀਤੀ ਗਈ। ਮੀਟਿੰਗ ਵਿੱਚ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਾਹਿਤਕਾਰਾਂ ਕਵੀ ਸ਼ਿਵ ਨਾਥ, ਤਰਲੋਚਨ ਸਿੰਘ, ਦੇਸ ਰਾਜ ਕਾਲੀ, ਸ਼ਾਇਰ ਹਰਜਿੰਦਰ ਬੱਲ, ਹਿੰਦੀ ਦੇ ਪ੍ਰਸਿੱਧ ਲੇਖਕ ਰਮੇਸ਼ ਕੁੰਤਲ ਮੇਘ, ਸੁਬੇਗ ਸੱਧਰ, ਜਗਜੀਤ ਕੋਮਲ ਤੇ ਦਵਿੰਦਰਪਾਲ ਸ਼ਰਮਾ ਲਈ ਦੋ ਮਿੰਟ ਦਾ ਮੋਨ ਰੱਖਿਆ ਗਿਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਮਾਸਟਰ ਤਰਲੋਚਨ ਸਿੰਘ ਸਮਰਾਲਾ ਬਾਰੇ ਅਗਲੇ ਦਿਨਾਂ ਵਿੱਚ ਸੈਮੀਨਾਰ ਕੀਤਾ ਜਾਵੇ, ਜਿਸ 'ਚ ਮਾਸਟਰ ਦੇ ਨਾਟਕਾਂ ਬਾਰੇ ਗੱਲ ਕੀਤੀ ਜਾਵੇ ਤੇ ਅਕਤੂਬਰ/ਨਵੰਬਰ ਵਿੱਚ ਵੱਡਾ ਸਮਾਗਮ ਕਰਕੇ ਨਾਟਕ ਕਰਵਾਏ ਜਾਣ, ਜਿਸ ਲਈ ਕੈਨੇਡਾ ਵਾਸੀ ਨਾਟਕਕਾਰ ਰਣਬੀਰ ਰਾਣਾ ਨਾਲ ਸੰਪਰਕ ਕੀਤਾ ਜਾਵੇਗਾ। ਇਸ ਦੀ ਜ਼ਿੰਮੇਵਾਰੀ ਮੰਚ ਦੇ ਪ੍ਰਧਾਨ ਕਹਾਣੀਕਾਰ ਦਲਜੀਤ ਸ਼ਾਹੀ ਨੂੰ ਸੌਂਪੀ ਗਈ।

ਹਾਜ਼ਰ ਸਾਹਿਤਕਾਰਾਂ ਨੇ ਰਚਨਾਵਾਂ ਪੜ੍ਹੀਆਂ ਜਿਨ੍ਹਾਂ 'ਤੇ ਉਸਾਰੂ ਬਹਿਸ ਕਰਨ ਵਾਲਿਆਂ ਵਿੱਚ ਮੰਚ ਦੇ ਸਰਪ੍ਰਸਤ ਡਾ. ਪਰਮਿੰਦਰ ਸਿੰਘ ਬੈਨੀਪਾਲ, ਗੁਰਭਗਤ ਸਿੰਘ, ਕਮਲਜੀਤ ਨੀਲੋਂ, ਅਵਤਾਰ ਸਿੰਘ ਉਟਾਲ, ਰਾਜਪਾਲ ਦਿੱਗਪਾਲ, ਲਖਬੀਰ ਸਿੰਘ ਬਲਾਲਾ, ਡਾ. ਹਰਜਿੰਦਰਪਾਲ ਸਿੰਘ, ਰੁਪਿੰਦਰਪਾਲ ਗਿੱਲ, ਕੇਵਲ ਕੁੱਲੇਵਾਲੀਆ, ਅਮਨਦੀਪ ਸਿੰਘ, ਨਾਇਬ ਸਿੰਘ ਟਿਵਾਣਾ ਆਦਿ ਹਾਜ਼ਰ ਹੋਏ। ਮੀਟਿੰਗ ਦੀ ਕਾਰਵਾਈ ਦਲਜੀਤ ਸ਼ਾਹੀ ਨੇ ਚਲਾਈ।

## ਸਟੱਡੀ ਸਰਕਲ ਨੇ ਨੈਤਿਕ ਇਮਤਿਹਾਨ ਦਾ ਨਤੀਜਾ ਐਲਾਨਿਆ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਫ਼ਰੀਦਕੋਟ-ਸ਼੍ਰੀ ਮੁਕਤਸਰ ਸਾਹਿਬ-ਬਠਿੰਡਾ ਜ਼ੋਨ ਵੱਲੋਂ ਕਰਵਾਏ ਗਏ ਨੈਤਿਕ ਸਿੱਖਿਆ ਇਮਤਿਹਾਨ ਦਾ ਨਤੀਜਾ ਐਲਾਨਿਆ ਗਿਆ। ਕੋਆਰਡੀਨੇਟਰ ਕੁਲਦੀਪ ਸਿੰਘ ਨੇ ਦੱਸਿਆ ਕਿ ਬਾਬਾ ਫ਼ਰੀਦ ਵਿੱਦਿਅਕ ਤੇ ਧਾਰਮਿਕ ਸੰਸਥਾਵਾਂ ਦੇ ਮੁੱਖ ਸੇਵਾਦਾਰ ਇੰਦਰਜੀਤ ਸਿੰਘ ਸੇਖੋਂ ਤੇ ਡਾ. ਇੰਦਰਮੋਹਨ ਸਿੰਘ ਵੱਲੋਂ ਇਸ ਵਾਰ ਦਾ ਨੈਤਿਕ ਸਿੱਖਿਆ ਇਮਤਿਹਾਨ ਦਾ ਨਤੀਜਾ ਐਲਾਨਿਆ ਗਿਆ। ਉਨ੍ਹਾਂ ਕਿਹਾ ਕਿ ਇਹ ਇਮਤਿਹਾਨ 19 ਅਗਸਤ ਨੂੰ ਕਰਵਾਇਆ ਗਿਆ ਸੀ, ਜਿਸ ਵਿੱਚ ਨਰਸਰੀ ਤੋਂ ਬਾਰਵੀਂ ਜਮਾਤ ਦੇ ਲਗਭਗ 50 ਸਕੂਲਾਂ ਦੇ 4700 ਵਿਦਿਆਰਥੀਆਂ ਵੱਲੋਂ ਭਾਗ ਲਿਆ ਗਿਆ। ਇਸ ਇਮਤਿਹਾਨ ਦੇ ਕੋਆਰਡੀਨੇਟਰ ਹਰਭਜਨ ਸਿੰਘ ਰੋੜੀਕਪੂਰਾ ਨੇ ਦੱਸਿਆ ਫ਼ਰੀਦਕੋਟ ਖੇਤਰ ਦੇ ਦੂਜਾ ਦਰਜਾ ਛੇਵੀਂ ਤੋਂ ਅੱਠਵੀਂ ਜਮਾਤ 'ਚੋਂ ਪਹਿਲਾ ਸਥਾਨ ਸੁਖਰਾਜ ਸਿੰਘ ਬਾਬਾ ਫ਼ਰੀਦ ਪਬਲਿਕ ਸਕੂਲ ਫ਼ਰੀਦਕੋਟ, ਦੂਜਾ ਸਥਾਨ ਹਿੰਮਤਪਾਲ ਸਿੰਘ ਸ਼ਹੀਦ ਗੰਜ ਪਬਲਿਕ ਸਕੂਲ ਮੁੱਦਕੀ, ਤੀਜਾ ਸਥਾਨਕ ਹਰਮਨਦੀਪ ਕੌਰ ਬਾਬਾ ਫ਼ਰੀਦ ਪਬਲਿਕ ਸਕੂਲ ਫ਼ਰੀਦਕੋਟ। ਤੀਜਾ ਦਰਜਾ ਨੌਵੀਂ ਤੋਂ ਬਾਰਵੀਂ ਜਮਾਤ 'ਚ ਪਹਿਲਾ ਸਥਾਨ ਰੂਪਵੀਤ ਕੌਰ ਬਾਬਾ ਫ਼ਰੀਦ ਪਬਲਿਕ ਸਕੂਲ ਫ਼ਰੀਦਕੋਟ, ਦੂਜਾ ਸਥਾਨ ਮਨਮੋਹਿਤ ਸਿੰਘ ਦਸਮੇਸ਼ ਪਬਲਿਕ ਸਕੂਲ ਫ਼ਰੀਦਕੋਟ ਤੇ ਤੀਜਾ ਸਥਾਨ ਮਨਵੀਰ ਕੌਰ ਬਾਬਾ ਫ਼ਰੀਦ ਪਬਲਿਕ ਸਕੂਲ ਫ਼ਰੀਦਕੋਟ ਨੇ ਹਾਸਲ ਕੀਤਾ। ਇਸ ਤੋਂ ਇਲਾਵਾ 62 ਵਿਦਿਆਰਥੀਆਂ ਨੇ ਮੈਰਿਟ ਵਿੱਚ ਤੇ 11 ਵਿਦਿਆਰਥੀਆਂ ਨੇ ਵਿਸ਼ੇਸ਼ ਸਥਾਨ ਹਾਸਲ ਕੀਤੇ। ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਸ ਸਮਾਗਮ ਦੌਰਾਨ ਨਕਦ ਇਨਾਮ ਤੇ ਸਨਮਾਨ ਚਿੰਨ੍ਹਾਂ ਨਾਲ ਸਨਮਾਨਤ ਕੀਤਾ ਜਾਵੇਗਾ। ਇਸ ਪ੍ਰੀਖਿਆ ਲਈ ਹਰਦੀਪ ਸਿੰਘ, ਅਰਮਾਨਦੀਪ ਸਿੰਘ, ਜਗਦੀਪ ਸਿੰਘ ਮਿਸ਼ਰੀਵਾਲਾ, ਜਸਵਿੰਦਰ ਸਿੰਘ, ਰੁਪਿੰਦਰ ਸਿੰਘ ਕੋੜੀਕਪੂਰਾ, ਸਰਬਨ ਸਿੰਘ ਮਚਾਕੀ ਮੱਲ ਸਿੰਘ, ਭੈਣ ਪਵਨਦੀਪ ਕੌਰ, ਰਣਜੀਤ ਕੌਰ ਤੋਂ ਇਲਾਵਾ ਸਟੱਡੀ ਸਰਕਲ ਦੇ ਸਮੂਹ ਮੈਂਬਰਾਂ ਵੱਲੋਂ ਸਹਿਯੋਗ ਦਿੱਤਾ ਗਿਆ। ਖੇਤਰ ਦੇ ਮੁੱਖ ਸੇਵਾਦਾਰ ਬੀਰ ਸਿੰਘ ਵੱਲੋਂ ਪ੍ਰੀਖਿਆ 'ਚ ਸਹਿਯੋਗ ਕਰਨ ਵਾਲਿਆਂ ਤੇ ਸਕੂਲ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਗਿਆ।

## ਡੀ ਵਾਈ ਐੱਫ ਆਈ ਵੱਲੋਂ ਮੰਗਾਂ ਸੰਬੰਧੀ ਪ੍ਰਧਾਨ ਮੰਤਰੀ ਦੇ ਨਾਂਅ ਦਿੱਤਾ ਪੱਤਰ

### ਨੌਜਵਾਨਾਂ ਨੂੰ ਨਸ਼ਿਆਂ ਤੇ ਹੋਰ ਮੁੱਦਿਆਂ 'ਤੇ ਜਥੇਬੰਦ ਕਰਨ ਲਈ ਵਿਸ਼ੇਸ਼ ਮੁਹਿੰਮ ਵਿੱਢਾਂਗੇ : ਵਿਰਕ



**ਬੁਢਲਾਡਾ (ਅਸ਼ੋਕ ਲਾਕੜਾ)**

ਇੱਥੇ ਜਨਵਾਦੀ ਨੌਜਵਾਨ ਸਭਾ (ਡੀ ਵਾਈ ਐੱਫ ਆਈ) ਦੇ ਦੇਸ਼ ਵਿਆਪੀ ਸੱਦੇ 'ਤੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਅੰਮ੍ਰਿਤਪਾਲ ਸਿੰਘ ਵਿਰਕ ਤੇ ਜ਼ਿਲ੍ਹਾ ਵਿੱਤ ਸਕੱਤਰ ਬਿੰਦਰ ਸਿੰਘ ਅਹਿਮਦਪੁਰ ਦੀ ਅਗਵਾਈ ਵਿੱਚ ਐੱਸ.ਡੀ.ਐੱਮ. ਬੁਢਲਾਡਾ ਦੇ ਦਫਤਰ ਵਿਖੇ ਦੇਸ਼ ਦੇ ਪ੍ਰਧਾਨ ਮੰਤਰੀ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ। ਨੌਜਵਾਨ ਆਗੂਆਂ ਨੇ ਮੰਗ ਕੀਤੀ ਕਿ ਸਭ ਲਈ ਵਿੱਦਿਆ ਤੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ ਅਤੇ ਰੁਜ਼ਗਾਰ ਦੇ ਅਧਿਕਾਰ ਨੂੰ ਸੰਵਿਧਾਨ ਦੇ ਮੌਲਿਕ ਅਧਿਕਾਰਾਂ ਵਿੱਚ ਸ਼ਾਮਲ ਕੀਤਾ ਜਾਵੇ। ਇਸ ਮੌਕੇ ਡੀ ਵਾਈ ਐੱਫ ਆਈ ਦੇ ਸਾਬਕਾ ਸੂਬਾ ਜਨਰਲ ਸਕੱਤਰ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਨੇ ਕਿਹਾ ਕਿ ਮੋਦੀ ਸਰਕਾਰ ਨੇ ਦੇਸ਼ ਦੀ ਸੱਤਾ ਸੰਭਾਲਣ ਤੋਂ ਪਹਿਲਾਂ ਹਰ ਸਾਲ ਦੇਸ਼ ਦੇ ਦੋ ਕਰੋੜ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦਾ ਵਾਅਦਾ ਕੀਤਾ ਸੀ, ਪਰ ਇਸ ਦੇ ਉਲਟ ਨੋਟਬੰਦੀ ਤੇ ਕੋਰੋਨਾ ਮਹਾਂਮਾਰੀ ਦੀ ਆੜ ਵਿੱਚ ਲੱਖਾਂ ਲੋਕਾਂ ਨੂੰ ਨੌਕਰੀ ਤੋਂ ਕੱਢ ਦਿੱਤਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਮੋਦੀ ਦੇ ਰਾਜਭਾਗ ਵਿੱਚ ਦੇਸ਼ ਵਿੱਚ ਭ੍ਰਿਸ਼ਟਾਚਾਰ, ਮਹਿੰਗਾਈ, ਬੇਰੁਜ਼ਗਾਰੀ, ਭੁੱਖਮਰੀ ਆਦਿ 'ਚ ਬੇਸ਼ੁਮਾਰ ਵਾਧਾ ਹੋਇਆ ਹੈ। ਐਡਵੋਕੇਟ ਦਲਿਓ ਨੇ ਕਿਹਾ ਕਿ ਅੱਜ ਦੇਸ਼ ਏਕਤਾ, ਅਖੰਡਤਾ ਤੇ ਆਜ਼ਾਦੀ ਨੂੰ ਬਚਾਉਣ ਲਈ ਨੌਜਵਾਨਾਂ ਨੂੰ ਅੱਗੇ ਆਉਣਾ ਹੋਵੇਗਾ। ਇਸ ਮੌਕੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਵਿਰਕ ਨੇ ਕਿਹਾ ਕਿ ਜਨਵਾਦੀ ਨੌਜਵਾਨ ਸਭਾ ਵੱਲੋਂ ਜ਼ਿਲ੍ਹੇ ਦੇ ਪਿੰਡਾਂ ਵਿੱਚ ਨੌਜਵਾਨਾਂ ਨੂੰ ਜਥੇਬੰਦ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ ਤੇ ਨਸ਼ਿਆਂ ਵਿਰੁੱਧ ਲੜਾਈ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਨੌਜਵਾਨ ਆਗੂਆਂ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਭੇਜੇ ਮੰਗ ਪੱਤਰ 'ਚ ਮੰਗ ਕੀਤੀ ਕਿ ਵਿੱਦਿਆ ਦਾ ਵਪਾਰੀਕਰਨ ਤੇ ਨਿੱਜੀਕਰਨ ਬੰਦ ਕੀਤਾ ਜਾਵੇ, ਕੇਂਦਰ ਸਰਕਾਰ ਦੇ ਵਿਭਾਗਾਂ ਦੀਆਂ ਖਾਲੀ ਅਸਾਮੀਆਂ ਫੌਰੀ ਭਰੀਆਂ ਜਾਣ, ਸਾਰੇ ਵਿਭਾਗਾਂ 'ਚ ਆਊਟ ਸੋਰਸਿੰਗ ਤੇ ਠੇਕੇਦਾਰੀ ਸਿਸਟਮ ਬੰਦ ਕੀਤਾ ਜਾਵੇ ਅਤੇ ਲੋੜੀਂਦੇ ਕਾਮਿਆਂ ਦੀ ਪੱਕੀ ਭਰਤੀ ਸ਼ੁਰੂ ਕੀਤੀ ਜਾਵੇ, ਭਾਰਤੀ ਫੌਜ 'ਚ ਕੱਚੀ ਭਰਤੀ ਲਈ ਅਗਨੀਪੱਥ ਸਕੀਮ ਰੱਦ ਕੀਤੀ ਜਾਵੇ ਤੇ ਪਹਿਲਾਂ ਵਾਂਗ ਪੱਕੀ ਭਰਤੀ ਚਾਲੂ ਕੀਤੀ ਜਾਵੇ, ਮਨਰੇਗਾ ਤਹਿਤ ਸਾਰਾ ਸਾਲ ਕੰਮ ਦਿੱਤਾ ਜਾਵੇ ਤੇ ਪਰਿਵਾਰ ਦੇ ਸਾਰੇ ਬਾਲਗ ਮੈਂਬਰਾਂ ਨੂੰ 600 ਰੁਪਏ ਪ੍ਰਤੀ ਦਿਨ ਦਿਹਾੜੀ ਦਿੱਤੀ ਜਾਵੇ। ਇਸ ਮੌਕੇ ਆਕਾਸ ਗਰਗ, ਅੰਮ੍ਰਿਤਪਾਲ ਸਿੰਘ ਚਹਿਲ, ਰਣਜੀਤ ਸਿੰਘ ਡੋਡ ਆਦਿ ਨੌਜਵਾਨ ਆਗੂ ਮੌਜੂਦ ਸਨ।

## ...ਸ.ਫ਼ਾ 1 ਦੇ ਬਾਕੀ

### ਬਾਸਮਤੀ ਦੀ ਬਰਾਮਦ 'ਤੇ ...

ਗੌਰ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਕਿੰਨੀ ਦੁੱਖ ਦੀ ਗੱਲ ਹੈ ਕਿ ਦੇਸ਼ ਦੇ ਅੰਨ ਭੰਡਾਰ ਨੱਕੋ-ਨੱਕ ਭਰਨ ਵਾਲੇ ਪੰਜਾਬ ਦੇ ਕਿਸਾਨਾਂ ਉਤੇ ਪਾਬੰਦੀਆਂ ਥੋਪੀਆਂ ਜਾ ਰਹੀਆਂ ਹਨ, ਜਿਸ ਨੂੰ ਕਿਸੇ ਵੀ ਕੀਮਤ ਉਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।"

ਕੇਂਦਰ ਸਰਕਾਰ ਦੇ ਇਕ ਹੋਰ ਪੰਜਾਬ ਵਿਰੋਧੀ ਫੈਸਲੇ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਸੂਬੇ ਦਾ ਦਿਹਾਤੀ ਵਿਕਾਸ ਫੰਡ ਦਾ 3622 ਕਰੋੜ ਰੁਪਏ ਦਾ ਫੰਡ ਰੋਕਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀਆਂ ਪਿਛਲੀਆਂ ਸਰਕਾਰਾਂ ਨੇ ਇਸ ਫੰਡ ਦੀ ਦੁਰਵਰਤੋਂ ਕੀਤੀ ਸੀ ਜਿਸ ਦਾ ਖਮਿਆਜ਼ਾ ਹੁਣ ਪੇਂਡੂ ਖੇਤਰ ਦੇ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਆਰ.ਡੀ.ਐੱਫ. ਦਾ ਇਹ ਫੰਡ ਜਾਰੀ ਕਰ ਦਿੰਦਾ ਹੈ ਤਾਂ ਸੂਬੇ ਦੇ ਪੇਂਡੂ ਖੇਤਰ ਦੀਆਂ 67000 ਕਿਲੋਮੀਟਰ ਲਿੰਕ ਸੜਕਾਂ ਅਤੇ ਹੋਰ ਬੁਨਿਆਦੀ ਢਾਂਚੇ ਦੀ ਕਾਇਆ-ਕਲਪ ਕਰ ਦਿੱਤੀ ਜਾਵੇਗੀ। ਝੋਨੇ ਦੀ ਪਰਾਲੀ ਸਾੜਨ ਦੀ ਸਮੱਸਿਆ ਬਾਰੇ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਸੁਝਾਅ ਦਿੱਤਾ ਸੀ ਕਿ ਕਿਸਾਨਾਂ ਨੂੰ ਪਰਾਲੀ ਦੇ ਨਿਪਟਾਰੇ ਲਈ 2500 ਰੁਪਏ ਪ੍ਰਤੀ ਏਕੜ ਦੀ ਆਰਥਿਕ ਸਹਾਇਤਾ ਦਿੱਤੀ ਜਾਵੇ, ਜਿਸ ਵਿੱਚ 1500 ਰੁਪਏ ਕੇਂਦਰ ਅਤੇ 1000 ਰੁਪਏ ਸੂਬਾ ਸਰਕਾਰ ਅਦਾ ਕਰੇਗੀ, ਪਰ ਕੇਂਦਰ ਸਰਕਾਰ ਨੇ ਇਸ ਸੁਝਾਅ ਨਾਲ ਸਹਿਮਤੀ ਪ੍ਰਗਟਾਉਣ ਦੀ ਬਜਾਏ ਇਸ ਨੂੰ ਰੱਦ ਕਰ ਦਿੱਤਾ। ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਉਤੇ ਚਿੰਤਾ ਜ਼ਾਹਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਟੇਲਾਂ ਉਤੇ ਨਹਿਰੀ ਪਾਣੀ ਪਹੁੰਚਾਉਣ ਲਈ ਖਾਲਿਆਂ, ਕੱਸੀਆਂ ਨੂੰ ਮੁੜ ਸੁਰਜੀਤ ਕਰਨ ਲਈ ਵਿਆਪਕ ਪੱਧਰ ਉਤੇ ਮੁਹਿੰਮ ਵਿੱਢੀ ਹੋਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜ਼ਮੀਨਦੋਜ਼ ਪਾਈਪਾਂ ਪਾਉਣ ਦੇ ਪ੍ਰਾਜੈਕਟ ਨੂੰ ਤੇਜ਼ੀ ਨਾਲ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਹਿਲੀ ਵਾਰ ਹੋਇਆ ਕਿ ਇਸ ਵਾਰ ਫਾਜ਼ਿਲਕਾ, ਮਾਨਸਾ ਇਲਾਕੇ ਵਿੱਚ ਟੇਲਾਂ ਉਤੇ ਨਹਿਰੀ ਪਾਣੀ ਪਹੁੰਚਾਇਆ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਸਮੇਂ ਖੇਤੀ ਸਿੰਚਾਈ ਲਈ 33 ਤੋਂ 34 ਫੀਸਦੀ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਅਗਲੇ ਸਾਲ ਤੱਕ 70 ਫੀਸਦੀ ਦਾ ਟੀਚਾ ਮਿੱਥਿਆ ਗਿਆ ਹੈ ਤਾਂ ਕਿ ਧਰਤੀ ਹੇਠਲਾ ਪਾਣੀ ਬਚਾ ਕੇ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਸੁਰੱਖਿਅਤ ਬਣਾ ਸਕੀਏ। ਕਿਸਾਨ ਮੇਲੇ 'ਚ ਨੌਜਵਾਨਾਂ ਦੀ ਵੱਡੀ ਗਿਣਤੀ 'ਚ ਆਮਦ 'ਤੇ ਤਸੱਲੀ ਜ਼ਾਹਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਲਈ ਇਹ ਸ਼ੁਭ ਸੰਕੇਤ ਹੈ ਕਿ ਨੌਜਵਾਨ ਹੁਣ ਖੇਤੀ ਲਈ ਨਵੇਂ ਢੰਗ-ਤਰੀਕੇ ਅਪਣਾਉਣ ਵਿੱਚ ਰੁਚੀ ਦਿਖਾਉਣ ਲੱਗੇ ਹਨ। ਉਨ੍ਹਾਂ ਦੱਸਿਆ ਕਿ ਕਿਸਾਨ ਮੇਲੇ ਦੇ ਪਹਿਲੇ ਦਿਨ 1.09 ਲੱਖ ਕਿਸਾਨਾਂ ਨੇ ਸ਼ਮੂਲੀਅਤ ਕੀਤੀ, ਜੋ ਆਪਣੇ ਆਪ ਵਿੱਚ ਰਿਕਾਰਡ ਹੈ। ਉਨ੍ਹਾ ਕਿਹਾ ਕਿ ਹੁਣ ਰਵਾਇਤੀ ਖੇਤੀ ਦੀ ਬਜਾਏ ਵਿਗਿਆਨਕ ਢੰਗ ਨਾਲ ਖੇਤੀ ਕਰਨ ਦਾ ਯੁੱਗ ਆ ਚੁੱਕਾ ਹੈ ਜਿਸ ਕਰਕੇ ਨੌਜਵਾਨ ਕਿਸਾਨਾਂ ਨੂੰ ਆਧੁਨਿਕ ਖੇਤੀ ਵੱਲ ਮੁੜਨਾ ਚਾਹੀਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਖੇਤੀ ਵਿੱਚ ਮਿਹਨਤ ਕਰਨ ਦੇ ਨਾਲ-ਨਾਲ ਤਕਨੀਕ ਵੀ ਬਹੁਤ ਮਹੱਤਵ ਰੱਖਦੀ ਹੈ ਤਾਂ ਕਿ ਫਸਲਾਂ ਦਾ ਚੰਗਾ ਝਾੜ ਲਿਆ ਜਾ ਸਕੇ।

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨੂੰ ਕਿਸਾਨਾਂ ਲਈ ਚਾਨਣ-ਮੁਨਾਰਾ ਦੱਸਦਿਆਂ ਮਾਨ ਨੇ ਕਿਹਾ ਕਿ ਖੇਤੀ ਖੇਤਰ ਵਿੱਚ ਇਸ ਯੂਨੀਵਰਸਿਟੀ ਨੇ ਕਿਸਾਨਾਂ ਨੂੰ ਹਮੇਸ਼ਾ ਹੀ ਉਸਾਰੂ ਸੇਧ ਦਿੱਤੀ ਹੈ ਜਿਸ ਕਰਕੇ ਪੰਜਾਬ ਨੇ ਅਨਾਜ ਉਤਪਾਦਨ ਵਿੱਚ ਦੇਸ਼ ਵਿੱਚੋਂ ਮੋਹਰੀ ਸਥਾਨ ਹਾਸਲ ਕੀਤਾ ਹੈ। ਉਨ੍ਹਾ ਕਿਹਾ ਕਿ ਇਸ ਯੂਨੀਵਰਸਿਟੀ ਨੇ ਹੀ ਦੇਸ਼ ਵਿੱਚ ਹਰੀ ਕ੍ਰਾਂਤੀ ਦਾ ਯੁੱਗ ਲਿਆਂਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀਆਂ ਨੂੰ ਖੇਤੀ ਅਤੇ ਸਹਾਇਕ ਧੰਦਿਆਂ ਵਿੱਚ ਇਸ ਯੂਨੀਵਰਸਿਟੀ ਦੇ ਲਾਮਿਸਾਲ ਯੋਗਦਾਨ 'ਤੇ ਬਹੁਤ ਮਾਣ ਹੈ। ਇਸ ਮੌਕੇ ਮੁੱਖ ਮੰਤਰੀ ਨੇ ਖੇਤੀ ਖੇਤਰ ਵਿੱਚ ਨਵੇਂ ਉੱਦਮਾਂ ਨਾਲ ਵਿਲੱਖਣ ਪ੍ਰਾਪਤੀਆਂ ਕਰਨ ਲਈ ਅਗਾਂਹਵਧੂ ਕਿਸਾਨਾਂ ਨੂੰ ਵੀ ਸਨਮਾਨਿਤ ਕੀਤਾ।

### ਲੁਧਿਆਣਾ ਦੀ ਸਨਅਤ...

ਇਜਾਜ਼ਤ ਨਹੀਂ ਦਿੱਤੀ ਜਾ ਰਹੀ, ਪਰ ਫਿਰ ਵੀ ਸੂਬਾ ਸਰਕਾਰ ਇਸ ਮੁੱਦੇ ਨੂੰ ਕੇਂਦਰ ਸਰਕਾਰ ਕੋਲ ਉਠਾਏਗੀ। ਉਦਯੋਗਾਂ ਨੂੰ ਸਹੂਲਤ ਪ੍ਰਦਾਨ ਕਰਨ ਲਈ ਇਸ ਨੇਕ ਕਾਰਜ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਉਦਯੋਗਿਕ ਖੇਤਰ ਵਿੱਚ ਸੂਬੇ ਦਾ ਸਥਾਨਕ ਪੱਧਰ 'ਤੇ ਕਿਸੇ ਹੋਰ ਸੂਬੇ ਨਾਲ ਕੋਈ ਮੁਕਾਬਲਾ ਨਹੀਂ। ਸੂਬੇ ਦਾ ਉਦੇਸ਼ ਹੁਣ ਚੀਨ ਨਾਲ ਮੁਕਾਬਲਾ ਕਰਕੇ ਉਸ ਨੂੰ ਉਦਯੋਗਿਕ ਖੇਤਰ 'ਚ ਪਛਾੜਨਾ ਹੈ। ਇਹ ਪ੍ਰਗਤੀਸ਼ੀਲ ਅਤੇ ਮਿਹਨਤੀ ਉਦਯੋਗਪਤੀਆਂ ਦੇ ਸਹਿਯੋਗ ਨਾਲ ਹੀ ਸੰਭਵ ਹੋ ਸਕੇਗਾ।

### ਗਦਰੀ ਬਾਬਿਆਂ ਤੇ ਭਗਤ...

ਵਿਚਾਰ ਲੈ ਕੇ ਆਏ ਤੇ ਇਨ੍ਹਾਂ ਵਿਚਾਰਾਂ ਦੀ ਪੂਰਤੀ ਲਈ ਕੁਰਬਾਨੀ ਦੇ ਦਿੱਤੀ। ਬਰਾਬਰਤਾ ਦਾ ਭਾਵ ਹਰ ਇੱਕ ਮਨੁੱਖ ਖੁਸ਼ਹਾਲ ਹੋਵੇ। ਖੁਸ਼ਹਾਲ ਤਾਂ ਹੀ ਹੋ ਸਕਦਾ ਹੈ, ਜੇ ਉਨ੍ਹਾਂ ਨੂੰ ਰੁਜ਼ਗਾਰ ਮਿਲੇਗਾ ਤਾਂ। ਇਸ ਲਈ ਗਦਰੀ ਬਾਬਿਆਂ ਦੇ ਸੁਪਨਿਆਂ ਦਾ ਜੇ ਸਮਾਜ ਉਸਰਿਆ ਹੁੰਦਾ ਤਾਂ ਹਰੇਕ ਵਿਅਕਤੀ ਨੂੰ ਰੁਜ਼ਗਾਰ ਮਿਲਿਆ ਹੋਣਾ ਸੀ। ਇਸ ਲਈ ਅੱਜ ਦੀ ਜਵਾਨੀ ਨੂੰ ਵਿਦੇਸ਼ਾਂ ਵੱਲ ਦੌੜਨ ਦੀ ਥਾਂ ਆਪਣਾ ਦੇਸ਼ ਗਦਰੀ ਦੇਸ਼ ਭਗਤਾਂ ਤੇ ਭਗਤ ਸਿੰਘ ਦੇ ਵਿਚਾਰਾਂ ਦਾ ਬਣਾਉਣਾ ਚਾਹੀਦਾ ਹੈ, ਤਾਂ ਹੀ ਸਾਡਾ ਭਵਿੱਖ ਖੁਸ਼ਹਾਲ ਹੋਵੇਗਾ। ਗਦਰੀਆਂ ਨੂੰ ਬਾਬਿਆਂ ਦਾ ਖਿਤਾਬ ਲੋਕਾਂ ਨੇ ਇਸ ਕਰਕੇ ਦਿੱਤਾ ਸੀ ਕਿ ਉਹ ਸੁੱਘੜ-ਸਿਆਣੇ ਸਨ, ਬਜ਼ੁਰਗ ਨਹੀਂ ਸਨ। ਏ ਆਈ ਐੱਸ ਐੱਫ ਦੇ ਕੌਮੀ ਕੌਂਸਲ ਮੈਂਬਰ ਲਵਪ੍ਰੀਤ ਸਿੰਘ ਮਾੜੀਮੇਘਾ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ 28 ਸਤੰਬਰ ਨੂੰ ਭਗਤ ਸਿੰਘ ਦਾ ਜਨਮ ਦਿਹਾੜਾ ਦੇਸ਼ ਭਗਤ ਯਾਦਗਾਰ ਕੰਪਲੈਕਸ ਜਲੰਧਰ ਵਿੱਚ ਮਨਾਇਆ ਜਾ ਰਿਹਾ ਹੈ, ਜਿਸ ਪ੍ਰੋਗਰਾਮ ਦਾ ਮੁੱਖ ਸਲੋਗਨ ਹੈ ਕਿ ਹਰੇਕ ਵਿਅਕਤੀ ਨੂੰ ਰੁਜ਼ਗਾਰ ਦੇਣ ਲਈ 'ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ' ਪਾਰਲੀਮੈਂਟ ਵਿੱਚ ਪਾਸ ਕੀਤਾ ਜਾਵੇ। ਨਰੇਗਾ ਕੰਮ ਸਾਰਾ ਸਾਲ ਦਿੱਤਾ ਜਾਵੇ ਤੇ ਕੰਮ ਦਿਹਾੜੀ ਘੱਟੋ-ਘੱਟ 700 ਰੁਪਏ ਹੋਵੇ। ਕੈਂਪ ਵਿੱਚ ਫੈਸਲਾ ਹੋਇਆ ਕਿ ਜਲੰਧਰ ਵਿਖੇ ਹੁੰਮ-ਹੁਮਾ ਕੇ ਜਾਇਆ ਜਾਵੇਗਾ। ਟ੍ਰੇਨਿੰਗ ਕੈਂਪ ਨੂੰ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਸੋਹਲ, ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਵਿਸ਼ਾਲ ਵਲਟੋਹਾ, ਹਰਬਿੰਦਰ ਸਿੰਘ ਕਸੇਲ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਭੁਪਿੰਦਰ ਲਮੋਚੜ, ਗੁਰਦਿਆਲ ਸਿੰਘ ਖਡੂਰ ਸਾਹਿਬ, ਗੁਰਬਿੰਦਰ ਸਿੰਘ ਸੋਹਲ, ਚਰਨ ਸਿੰਘ ਤਰਨ ਤਾਰਨ ਤੇ ਜਸਬੀਰ ਸਿੰਘ ਜਿਊਣਕੇ ਨੇ ਵੀ ਸੰਬੋਧਨ ਕੀਤਾ।

### ਰਾਜਸਥਾਨ 'ਚ...

ਕੇ ਸੰਚਾਲਕਾਂ ਨੇ ਕਿਹਾ ਕਿ ਸਰਕਾਰ ਸਾਡੀਆਂ ਮੰਗਾਂ ਨਹੀਂ ਮੰਨ ਰਹੀ। ਇਸ ਲਈ ਅਸੀਂ ਮਜਬੂਰੀ 'ਚ ਅਣਮਿੱਥੇ ਸਮੇਂ ਲਈ ਹੜਤਾਲ ਦਾ ਕਦਮ ਚੁੱਕਿਆ ਹੈ। ਪੈਟਰੋਲ ਪੰਪ ਡੀਲਰ ਐਸੋਸੀਏਸ਼ਨ ਦੇ ਪ੍ਰਧਾਨ ਰਜਿੰਦਰ ਸਿੰਘ ਨੇ ਦੱਸਿਆ ਕਿ ਰਾਜਸਥਾਨ ਸਰਕਾਰ ਵੱਲੋਂ ਪੈਟਰੋਲ ਅਤੇ ਡੀਜ਼ਲ 'ਤੇ ਵੱਧ ਵੈਟ ਲਾਇਆ ਗਿਆ ਹੈ। ਇਸ ਨਾਲ ਪੰਜਾਬ, ਹਰਿਆਣਾ, ਦਿੱਲੀ ਅਤੇ ਹੋਰ ਸੂਬਿਆਂ ਦੇ ਮੁਕਾਬਲੇ ਰਾਜਸਥਾਨ 'ਤੇ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵੱਧ ਹਨ। ਗੁਆਂਢੀ ਸੂਬਿਆਂ ਦੀ ਤੁਲਨਾ 'ਚ ਰਾਜਸਥਾਨ 'ਚ ਪੈਟਰੋਲ ਕਰੀਬ 12 ਅਤੇ ਡੀਜ਼ਲ 7 ਰੁਪਏ ਮਹਿੰਗਾ ਹੈ। ਇਸ ਨਾਲ ਜਨਤਾ ਅਤੇ ਪੰਪ ਸੰਚਾਲਕਾਂ ਨੂੰ ਵੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਕੋਰੋਨਾ ਕਾਲ 'ਚ ਜੋ ਵੈਟ ਵਧਾਇਆ ਸੀ, ਉਸ ਨੂੰ ਘੱਟ ਕਰਨ ਦੀ ਜ਼ਰੂਰਤ ਹੈ।

### ਜੋ ਸਮਾਜ ਲਈ...

ਅਤੇ ਖੂਨ ਦਾਨ ਕੈਂਪ ਦਾ ਮੁਆਇਨਾ ਕੀਤਾ। ਲਾਇਨਜ਼ ਕਲੱਬ ਪਾਤੜਾਂ ਦੇ ਸਹਿਯੋਗ ਨਾਲ ਲਗਾਏ ਗਏ ਕੈਂਪ ਦੌਰਾਨ ਅੱਖਾਂ ਦੇ 263 ਮਰੀਜ਼ਾਂ ਦਾ ਚੈੱਕਅੱਪ ਅੱਖਾਂ ਦੇ ਮਾਹਰ ਡਾਕਟਰ ਹਿਮਾਂਸ਼ੂ ਗਰਗ ਨੇ ਕਰਕੇ ਮੁਫਤ ਦਵਾਈਆਂ ਦੇਣ ਦੇ ਨਾਲ-ਨਾਲ ਲੋੜਵੰਦਾਂ ਦੀਆਂ ਅੱਖਾਂ ਵਿੱਚ ਲੈਨਜ਼ ਪਾਉਣ ਲਈ ਚੋਣ ਕੀਤੀ ਗਈ। ਲਾਈਫ ਲਾਈਨ ਬਲੱਡ ਬੈਂਕ ਪਟਿਆਲਾ ਡਾਕਟਰ ਸਾਗਰ ਦੀ ਅਗਵਾਈ ਵਿੱਚ ਪੁੱਜੀ ਟੀਮ ਨੇ ਖੂਨਦਾਨੀਆਂ ਵੱਲੋਂ ਦਾਨ ਕੀਤਾ ਗਿਆ 54 ਯੂਨਿਟ ਖੂਨ ਇਕੱਤਰ ਕੀਤਾ। ਬੁੱਤ ਤੋਂ ਪਰਦਾ ਹਟਾਉਣ ਉਪਰੰਤ ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਆਪਣੀ ਜ਼ਿੰਦਗੀ ਵਿੱਚ ਲੋਕਾਂ ਲਈ ਕੁਝ ਕਰਨ ਵਾਲੇ ਲੋਕ ਸਦਾ ਜਿਊਂਦੇ ਰਹਿੰਦੇ ਹਨ। ਅਜਿਹੇ ਲੋਕਾਂ ਨੂੰ ਮਰਨ ਉਪਰੰਤ ਮਿਲਣ ਵਾਲਾ ਸਤਿਕਾਰ ਹੋਰਨਾਂ ਨੂੰ ਸਮਾਜ ਲਈ ਚੰਗਾ ਕਰਨ ਦੀ ਪ੍ਰੇਰਨਾ ਦਿੰਦਾ ਹੈ। ਸਵਰਗੀ ਸਤਪਾਲ ਸਿੰਗਲਾ ਦਾ ਪਰਵਾਰ ਸਮਾਜ ਸੇਵਾ ਨਾਲ ਜੁੜਿਆ ਹੋਇਆ ਹੈ। ਉਨ੍ਹਾ ਕਿਹਾ ਕਿ ਆਪਣੇ ਲਈ ਤਾਂ ਹਰ ਕੋਈ ਕਰਦਾ ਹੈ, ਪਰ ਹਮੇਸ਼ਾ ਬੁੱਤ ਉਹਨਾਂ ਲੋਕਾਂ ਦੇ ਹੀ ਲੱਗਦੇ ਹਨ, ਜਿਹੜੇ ਸਮਾਜ ਲਈ ਕੁਝ ਕਰਦੇ ਹਨ। ਸਕੂਲ ਪ੍ਰਿੰਸੀਪਲ ਗੁਰਨਾਮ ਸਿੰਘ ਜੱਜ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ, ਜਦਕਿ ਟਰੱਸਟ ਦੇ ਪ੍ਰਧਾਨ ਮੋਹਨ ਸਿੰਘ ਸਿੱਧੂ ਵੱਲੋਂ ਵਿੱਦਿਆ ਤੇ ਸਮਾਜ ਸੇਵਾ ਦੇ ਖੇਤਰ ਵਿੱਚ ਪਾਏ ਜਾ ਰਹੇ ਯੋਗਦਾਨ ਸੰਬੰਧੀ ਜਾਣਕਾਰੀ ਦਿੱਤੀ ਗਈ। ਸਮਾਗਮ ਵਿੱਚ ਨਗਰ ਕੌਂਸਲ ਪਾਤੜਾਂ ਦੇ ਸਾਬਕਾ ਪ੍ਰਧਾਨ ਪ੍ਰੇਮ ਚੰਦ ਗੁਪਤਾ, ਸ਼ਿਵ ਮੋਟਰਜ਼ ਦੇ ਐੱਮ ਡੀ ਕੀਮਤ ਸਿੰਗਲਾ, ਨਗਰ ਕੌਂਸਲ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਸੋਨੀ ਜਲੂਰ, ਸਿੰਗਲਾ ਸਟੀਲਜ਼ ਇੰਡਸਟਰੀ ਦੇ ਨਰੇਸ਼ ਕੁਮਾਰ ਰਿੰਕੂ ਸਿੰਗਲਾ, ਜਸਵਿੰਦਰ ਡਿੰਪਲ, ਕੇਵਲ ਕ੍ਰਿਸ਼ਨ ਗੋਇਲ, ਕੁਲਵੰਤ ਸਿੰਘ ਮੌਲਵੀਵਾਲਾ, ਆਪ ਆਗੂ ਕੁਲਦੀਪ ਸਿੰਘ ਥਿੰਦ, ਮਦਨ ਲਾਲ ਗੋਇਲ, ਅੰਮ੍ਰਿਤ ਪਾਲ ਸਿੰਘ ਕਾਲੇਕਾ, ਬਲਜਿੰਦਰ ਸਿੰਘ ਸੋਨੀ ਠੇਕੇਦਾਰ, ਈਸ਼ਵਰ ਰਾਣਾ, ਰੇਸ਼ਮ ਸਿੰਘ, ਭੁਪਿੰਦਰਜੀਤ ਸਿੰਘ ਮੌਲਵੀਵਾਲਾ, ਗੁਰਸੇਵਕ ਸਿੰਘ ਨੰਬਰਦਾਰ, ਸਾਬਕਾ ਸਰਪੰਚ ਹਰਚਰਨ ਸਿੰਘ, ਬਲਰਾਮ ਸਿੰਘ ਧੌਂਸਾ, ਮੱਖਣ ਸਿੰਘ ਅਤੇ ਪਿਆਰਾ ਸਿੰਘ ਆਦਿ ਹਾਜ਼ਰ ਸਨ।

## ਗੁਰੂ ਨਾਨਕ ਕਾਲਜ ਵਿਖੇ ਦੋ ਰੋਜ਼ਾ ਇਨਡਕਸ਼ਨ ਪ੍ਰੋਗਰਾਮ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਨਵੇਂ ਵਿੱਦਿਅਕ ਵਰ੍ਹੇ 2023-24 ਦੌਰਾਨ ਸੰਸਥਾ ਵਿੱਚ ਦਾਖਲ ਹੋਏ ਵਿਦਿਆਰਥੀਆਂ ਨੂੰ ਮੱਦੇਨਜ਼ਰ ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਵਿਖੇ ਦੋ ਰੋਜ਼ਾ ਦੀਕਸ਼ਾਰੰਭ ਵਿਦਿਆਰਥੀ ਇੰਨਡਕਸ਼ਨ ਪ੍ਰੋਗਰਾਮ ਕੀਤਾ ਗਿਆ। ਕਾਲਜ ਦੇ ਅਕਾਦਮਿਕ ਇੰਚਾਰਜ ਡਾ. ਨੀਨਾ ਮਹਿਤਾ ਨੇ ਜਾਣਕਾਰੀ ਦਿੱਤੀ ਕਿ ਇਸ ਪ੍ਰੋਗਰਾਮ ਦਾ ਮੁੱਖ ਮੰਤਵ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੀਆਂ ਅਕਾਦਮਿਕ ਤੇ ਸਹਿ-ਵਿੱਦਿਅਕ ਗਤੀਵਿਧੀਆਂ ਤੋਂ ਜਾਣੂ ਕਰਵਾਉਣਾ ਹੁੰਦਾ ਹੈ। ਪ੍ਰੋਗਰਾਮ ਦੀ ਸ਼ੁਰੂਆਤ ਇੱਕ ਸ਼ਬਦ ਰਾਹੀਂ ਕੀਤੀ ਗਈ। ਇਹ ਸ਼ਬਦ ਮੈਡਮ ਹਰਜੀਤ ਕੌਰ ਤੇ ਵਿਦਿਆਰਥੀਆਂ ਵੱਲੋਂ ਗਾਇਨ ਕੀਤਾ ਗਿਆ। ਉਪਰੰਤ ਡਾ. ਸਵੇਤਾ ਡਾਰਗਨ ਵੱਲੋਂ ਕਾਲਜ ਦੇ ਇਤਿਹਾਸ ਤੋਂ ਲੈ ਕੇ ਵਰਤਮਾਨ ਤੱਕ ਦੇ ਸਫਰ ਨੂੰ ਵੀਡੀਓ ਰਾਹੀਂ ਰੂਬਰੂ ਕਰਵਾਇਆ ਗਿਆ। ਕਾਲਜ 'ਚ ਚੱਲ ਰਹੇ ਅੰਡਰ ਗ੍ਰੈਜੂਏਟ, ਪੋਸਟ ਗ੍ਰੈਜੂਏਟ ਤੇ ਬੀ. ਵਾਕ ਦੇ ਕੋਰਸਾਂ ਸਬੰਧੀ ਵਿਸਥਾਰ 'ਚ ਜਾਣਕਾਰੀ ਡਾ. ਰਮਿੰਦਰ ਕੌਰ ਵੱਲੋਂ ਦਿੱਤੀ ਗਈ। ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਐੱਨ.ਸੀ.ਸੀ., ਐੱਨ. ਐੱਸ.ਐੱਸ. ਯੂਨਿਟ ਬਾਰੇ ਮੈਡਮ ਕਮਲਜੀਤ ਕੌਰ ਤੇ ਡਾ. ਮਨਦੀਪ ਕੌਰ ਨੇ ਦੱਸਿਆ। ਕਾਲਜ ਦੀਆਂ ਸੱਭਿਆਚਾਰਕ ਗਤੀਵਿਧੀਆਂ ਬਾਰੇ ਡੀਨ ਕਲਚਰ ਡਾ. ਮਨਦੀਪ ਕੌਰ ਵੱਲੋਂ ਅਤੇ ਗੁਰਮਤਿ ਤੇ ਧਾਰਮਿਕ ਗਤੀਵਿਧੀਆਂ ਸਬੰਧੀ ਜਾਣਕਾਰੀ ਡਾ. ਸੁਖਵਿੰਦਰ ਸਿੰਘ ਵੱਲੋਂ ਦਿੱਤੀ ਗਈ।

ਇਸ ਮੌਕੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਸਟੇਜ ਸੰਚਾਲਨ ਦੀ ਭੂਮਿਕਾ ਡਾ. ਸੰਦੀਪ ਕੌਰ ਬਰਾੜ ਤੇ ਡਾ. ਨਵਪ੍ਰੀਤ ਕੌਰ ਵੱਲੋਂ ਬਾਖੂਬੀ ਨਿਭਾਈ ਗਈ। ਇਸ ਪ੍ਰੋਗਰਾਮ ਦੇ ਦੂਸਰੇ ਦਿਨ ਪ੍ਰੋਫੈਸ਼ਨਲ ਕੋਰਸਾਂ ਸਬੰਧੀ ਵਿਸਥਾਰ 'ਚ ਜਾਣਕਾਰੀ ਦਿੱਤੀ ਗਈ। ਕਾਲਜ ਪ੍ਰਿੰਸੀਪਲ ਡਾ. ਤੇਜਿੰਦਰ ਕੌਰ ਧਾਲੀਵਾਲ ਨੇ ਸੰਬੋਧਨ ਕਰਦਿਆਂ ਨਵੇਂ ਆਏ ਵਿਦਿਆਰਥੀਆਂ ਨੂੰ ਜੀ ਆਇਆਂ ਆਖਿਆ ਤੇ ਆਉਣ ਵਾਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਵੀ ਭੇਟ ਕੀਤੀਆਂ।

## ਬਾਬਾ ਮੋਨੀ ਜੀ ਕਾਲਜ ਦਾ ਐੱਮ ਐੱਸ ਸੀ ਦਾ ਨਤੀਜਾ ਸ਼ਾਨਦਾਰ ਰਿਹਾ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੰਜਾਬੀ ਯੂਨੀਵਰਸਟੀ ਪਟਿਆਲਾ ਵੱਲੋਂ ਐਲਾਨੇ ਗਏ ਐੱਮ. ਐੱਸ. ਸੀ. (ਆਈ. ਟੀ.) ਭਾਗ-2 (ਸਮੈਸਟਰ-3) ਦੇ ਨਤੀਜੇ ਵਿੱਚੋਂ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ (ਬਠਿੰਡਾ) ਦਾ ਨਤੀਜਾ ਸ਼ਾਨਦਾਰ ਰਿਹਾ।

ਕਾਲਜ 'ਚੋਂ ਦੀਪਿਕਾ ਪੁੱਤਰੀ ਰਾਜੇਸ਼ ਗੋਇਲ 'ਰਾਮਪੁਰਾ ਫੂਲ' ਨੇ ਪਹਿਲਾ, ਸੁਖਪ੍ਰੀਤ ਕੌਰ ਪੁੱਤਰੀ ਅੰਗਰੇਜ਼ ਸਿੰਘ 'ਮਹਿਰਾਜ' ਨੇ ਦੂਜਾ ਤੇ ਸੰਦੀਪ ਕੌਰ ਪੁੱਤਰੀ ਮਲਕੀਤ ਸਿੰਘ 'ਮਹਿਰਾਜ' ਤੇ ਮਨਪ੍ਰੀਤ ਕੌਰ ਪੁੱਤਰੀ ਸੁਖਚੈਨ ਸਿੰਘ 'ਮਹਿਰਾਜ' ਨੇ ਬਰਾਬਰ-ਬਰਾਬਰ ਅੰਕਾਂ ਨਾਲ ਤੀਜਾ ਸਥਾਨ ਹਾਸਲ ਕਰਕੇ ਕਾਲਜ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਬਾਕੀ ਸਾਰੀਆਂ ਵਿਦਿਆਰਥਣਾਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ ਤੇ ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਕਾਲਜ ਦੇ ਪ੍ਰੋ. ਅਮਨਿੰਦਰ ਕੌਰ ਤੇ ਪ੍ਰੋ. ਦਿਨੇਸ਼ ਕੁਮਾਰ ਨੇ ਵਧਾਈ ਦਿੰਦਿਆਂ ਵਿਦਿਆਰਥਣਾਂ ਨੂੰ ਹੋਰ ਵਧੇਰੇ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਟਾਫ਼ ਮੈਂਬਰਜ਼ ਪ੍ਰੋ. ਗੁਰਪ੍ਰੀਤ ਰਾਮ, ਪ੍ਰੋ. ਰੁਪਿੰਦਰ ਸਿੰਘ, ਪ੍ਰੋ. ਸੁਖਦੀਪ ਕੌਰ (ਪੰਜਾਬੀ), ਪ੍ਰੋ. ਵਰਦੀਪ ਕੌਰ, ਪ੍ਰੋ. ਸੁਖਦੀਪ ਕੌਰ, ਪ੍ਰੋ. ਰਮਨਦੀਪ ਕੌਰ, ਪ੍ਰੋ. ਸ਼ੈਫੀ ਗੋਇਲ, ਪ੍ਰੋ. ਵਰਿੰਦਰ ਸਿੰਘ, ਪ੍ਰੋ. ਮੋਨਿਕਾ ਗਰਗ, ਪ੍ਰੋ. ਦਲਜੀਤ ਕੌਰ, ਪ੍ਰੋ. ਗੀਤਿਕਾ ਤੇ ਪ੍ਰੋ. ਰੁਚਿਕਾ ਸ਼ਾਮਲ ਸਨ।

## ਭੁਮੱਦੀ 'ਚ ਗੁਰਮਤਿ ਸਮਾਗਮ ਅੱਜ ਤੋਂ

**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਕਾਂਸੀ ਪੜ੍ਹੇ ਰੱਬੀ ਰੰਗ ਦੀ ਮਸਤੀ ਨਾਲ ਸਰਸਾਰ ਫਕੀਰ ਬਾਬਾ ਦੇਵਰਾਜ ਜੀ ਦੀ ਬਰਸੀ ਨੂੰ ਸਮਰਪਤ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਨਾਨਕਸਰ ਸਾਹਿਬ ਪਿੰਡ ਭੁਮੱਦੀ ਵਿਖੇ ਸਮੂਹ ਨਗਰ ਨਿਵਾਸੀ ਤੇ ਸੇਵਾਦਾਰ ਪ੍ਰਬੰਧਕ ਕਮੇਟੀ ਗੁਰਦੁਆਰਾ ਸ੍ਰੀ ਨਾਨਕਸਰ ਸਾਹਿਬ ਵੱਲੋਂ ਕਰਵਾਇਆ ਜਾ ਰਿਹਾ ਹੈ। 16 ਸਤੰਬਰ ਸ਼ਾਮ 8.30 ਤੋਂ 1030 ਵਜੇ ਤੱਕ ਸੰਸਾਰ ਪ੍ਰਸਿੱਧ ਇੰਟਰਨੈਸ਼ਨਲ ਗੋਲਡ ਮੈਡਲਿਸਟ ਢਾਡੀ ਜਥਾ ਬੀਬੀ ਜਸਵੀਰ ਕੌਰ ਜਸ ਸੁਲਤਾਨਪੁਰ ਲੋਧੀ ਵਾਲੇ ਸੰਗਤਾਂ ਨੂੰ ਗੁਰ ਇਤਿਹਾਸ ਤੇ ਸਿੱਖ ਇਤਿਹਾਸ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ, 17 ਸਤੰਬਰ ਨੂੰ ਸਵੇਰੇ ਅੰਮ੍ਰਿਤ ਵੇਲੇ ਸਵੇਰੇ 4 ਵਜੇ ਤੋਂ ਸਵੇਰੇ 6 ਵਜੇ ਤੱਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਇਲਾਹੀ ਬਾਣੀ ਦੇ ਭੋਗ ਪਾਏ ਜਾਣਗੇ। ਉਪਰੰਤ ਸ੍ਰੀ ਆਸਾ ਦੀ ਵਾਰ ਦਾ ਕੀਰਤਨ ਹੋਵੇਗਾ, ਉਪਰੰਤ ਚਾਹ ਦਾ ਲੰਗਰ ਅਤੁੱਟ ਵਰਤੇਗਾ।

## ਖੇਡਾਂ ਵਤਨ ਪੰਜਾਬ ਦੀਆਂ 'ਚ ਬੀ ਬੀ ਐੱਸ ਬੀ ਕਾਨਵੈਂਟ ਸਕੂਲ ਦੀ ਝੰਡੀ



**ਜਗਰਾਉਂ (ਅਮਿਤ ਖੰਨਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ, ਜੋ ਕਿ ਸਿੱਖਿਆ ਦੇ ਖੇਤਰ ਵਿੱਚ ਇੱਕ ਮੋਹਰੀ ਸੰਸਥਾ ਬਣ ਚੁੱਕੀ ਹੈ ਅਤੇ ਸਕੂਲ ਕੈਂਪਸ ਵਿਖੇ ਵੱਖ-ਵੱਖ ਤਰ੍ਹਾਂ ਦੀਆਂ ਧਾਰਮਿਕ ਤੇ ਸਮਾਜਿਕ ਗਤੀਵਿਧੀਆਂ ਕਰਵਾਉਂਦੀ ਰਹਿੰਦੀ ਹੈ ਦੇ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਦੇ ਵਿਦਿਆਰਥੀਆਂ ਨੇ ਹੁੰਮ-ਹੁਮਾ ਕੇ ਹਿੱਸਾ ਲਿਆ ਤੇ ਸਫਲਤਾ ਦਾ ਰਾਸਤਾ ਚੁੰਮਿਆ। ਇਨ੍ਹਾਂ ਖੇਡਾਂ ਵਿੱਚ ਵੱਖ ਵੱਖ ਉਮਰ ਵਰਗ ਦੇ ਬੱਚਿਆਂ ਨੇ ਹਿੱਸਾ ਲਿਆ ਤੇ ਪੁਜ਼ੀਸ਼ਨਾਂ ਹਾਸਲ ਕੀਤੀ, ਆਂਜਿਸ ਵਿੱਚ ਅੰਡਰ-14 ਲੜਕੀਆਂ ਨੇ ਖੋ-ਖੋ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਤੇ ਅੰਡਰ-21 ਲੜਕੀਆਂ ਨੇ ਖੋ ਖੋ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ, ਇਸੇ ਤਰ੍ਹਾਂ ਐਥਲੈਟਿਕ ਵਿੱਚ ਅੰਡਰ-17 ਸ਼ਾਟਪੁੱਟ ਵਿੱਚ ਜਸਦੀਪ ਸਿੰਘ ਨੇ ਪਹਿਲਾ, ਅੰਡਰ-21 'ਚ ਪ੍ਰਦੀਪ ਸਿੰਘ ਨੇ ਪਹਿਲਾ ਤੇ ਅਰਪਨਜੋਤ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਅੰਡਰ-21 ਵਿੱਚ 100 ਮੀ. ਰੇਸ ਵਿੱਚ ਸਚਿਨ ਕੁਮਾਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਹੋਣਹਾਰ ਵਿਦਿਆਰਥੀਆਂ ਤੇ ਡੀ.ਪੀ.ਈ. ਸਾਹਿਬਾਨ ਨੂੰ ਸਕੂਲ ਪਹੁੰਚਣ 'ਤੇ ਸਕੂਲ ਦੀ ਪ੍ਰਬੰਧਕੀ ਕਮੇਟੀ ਤੇ ਪ੍ਰਿੰਸੀਪਲ ਮੈਡਮ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਮੋਨਾ ਠਾਕੁਰ ਨੇ ਕਿਹਾ ਕਿ ਖੇਡਾਂ ਖੇਡਣ ਨਾਲ ਹੀ ਸਾਡਾ ਸਰਵਪੱਖੀ ਵਿਕਾਸ ਹੁੰਦਾ ਹੈ ਤੇ ਅਸੀਂ ਜੀਵਨ ਵਿੱਚ ਉੱਚੇ ਮੁਕਾਮ 'ਤੇ ਪਹੁੰਚ ਸਕਦੇ ਹਾਂ। ਇਸ ਮੌਕੇ ਸਕੂਲ ਮੈਨੇਜਮੈਂਟ ਮੈਂਬਰ ਚੇਅਰਮੈਨ ਸਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀ ਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ ਤੇ ਜਨਰਲ ਸੈਕਰੇਟਰੀ ਅੰਜੂ ਬਾਲਾ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

16-Sep-PAGE- 3 qxd.qxd 9/15/2023 9:30 PM Page 1



# ਮੋਦੀ ਸਰਕਾਰ ਵੱਲੋਂ ਖੇਡਾਂ ਦਾ ਭਗਵਾਂਕਰਨ ਕਰਨਾ ਖਿਡਾਰੀਆਂ ਤੇ ਦੇਸ਼ ਦਾ ਘੋਰ ਅਪਮਾਨ : ਤਰਕਸ਼ੀਲ ਸੁਸਾਇਟੀ




**ਅੰਮ੍ਰਿਤਸਰ-(ਜਸਬੀਰ ਸਿੰਘ ਪੱਟੀ)**-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਭਾਰਤੀ ਫੁੱਟਬਾਲ ਦੀ ਕੌਮੀ ਟੀਮ ਦੇ ਵਿਦੇਸ਼ੀ ਕੋਚ ਵਲੋਂ ਭਾਰਤੀ ਫੁੱਟਬਾਲ ਫੈਡਰੇਸ਼ਨ ਦੇ ਸਕੱਤਰ ਦੇ ਕਹਿਣ 'ਤੇ ਪਿਛਲੇ ਸਾਲ ਏਸ਼ੀਆ ਫੁੱਟਬਾਲ ਕੱਪ ਦੇ ਪ੍ਰੀ ਕੁਆਲੀਫਾਈ ਮੈਚਾਂ ਲਈ ਕੌਮੀ ਟੀਮ ਦੀ ਚੋਣ ਕਰਨ ਮੌਕੇ ਦਿੱਲੀ ਦੇ ਇਕ ਜੋਤਸ਼ੀ ਦੀਆਂ ਸੇਵਾਵਾਂ ਲੈਣ ਅਤੇ ਇਸ ਦੇ ਬਦਲੇ ਉਸ ਨੂੰ 15 ਲੱਖ ਰੁਪਏ ਦਾ ਭੁਗਤਾਨ ਕਰਨ ਦੀ ਲੋਕ ਵਿਰੋਧੀ ਅਤੇ ਗੈਰ-ਵਿਗਿਆਨਕ ਕਾਰਵਾਈ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਕੇਂਦਰ ਸਰਕਾਰ ਤੋਂ ਇਸ ਸਮੁੱਚੇ ਘਟਨਾਕ੍ਰਮ ਦੀ ਨਿਆਇਕ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ ਅਤੇ ਇਸ ਸਚਾਈ ਨੂੰ ਮੀਡੀਏ ਰਾਹੀਂ ਜੱਗ ਜ਼ਾਹਰ ਕਰਨ ਵਾਲੇ ਭਾਰਤੀ ਫੁੱਟਬਾਲ ਕੋਚ ਇਗੋਰ ਸਟੀਮਕ ਨੂੰ ਭੇਜਿਆ ਕਾਰਨ ਦੱਸੋ ਨੋਟਿਸ ਰੱਦ ਕਰਨ ਦੀ ਵੀ ਮੰਗ ਕੀਤੀ ਹੈ। ਤਰਕਸ਼ੀਲ ਸੁਸਾਇਟੀ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਬਲਬੀਰ ਲੌਂਗੋਵਾਲ, ਹੇਮ ਰਾਜ ਸਟੈਨੋ, ਰਾਜਪਾਲ ਸਿੰਘ, ਰਾਮ ਸਵਰਨ ਲੱਖੇਵਾਲੀ ਅਤੇ ਸੁਮੀਤ ਸਿੰਘ ਨੇ ਦੱਸਿਆ ਕਿ ਅੰਗਰੇਜ਼ੀ ਦੀ ਇਕ ਪ੍ਰਮੁੱਖ ਅਖਬਾਰ ਇੰਡੀਅਨ ਐਕਸਪ੍ਰੈਸ ਨੂੰ ਇੰਟਰਵਿਊ ਦਿੰਦਿਆਂ ਭਾਰਤੀ ਫੁੱਟਬਾਲ ਟੀਮ ਦੇ ਵਿਦੇਸ਼ੀ ਕੋਚ ਇਗੋਰ ਸਟੀਮਕ ਨੇ ਇਹ ਦਾਅਵਾ ਕੀਤਾ ਹੈ ਕਿ ਆਲ ਇੰਡੀਆ ਫੁੱਟਬਾਲ ਫੈਡਰੇਸ਼ਨ ਦੇ ਤਤਕਾਲੀ ਸਕੱਤਰ ਜਨਰਲ ਕੁਸ਼ਲ ਦਾਸ ਨੇ ਹੀ ਉਸ ਨੂੰ ਦਿੱਲੀ ਦੇ ਜੋਤਸ਼ੀ ਭੂਪੇਸ਼ ਸ਼ਰਮਾ ਦੀਆਂ ਸੇਵਾਵਾਂ ਲੈਣ ਲਈ ਮਜਬੂਰ ਕੀਤਾ ਸੀ ਜਿਸ ਕਰਕੇ ਮਈ 2022 ਵਿਚ ਭਾਰਤੀ ਫੁੱਟਬਾਲ ਟੀਮ ਵਲੋਂ ਖੇਡੇ ਗਏ ਹਰ ਮੈਚ ਤੋਂ ਪਹਿਲਾਂ ਜੋਤਸ਼ੀ ਭੂਪੇਸ਼ ਸਰਮਾ ਨੂੰ ਸਾਰੇ 11 ਖਿਡਾਰੀਆਂ ਦਾ ਬਿਊਰਾ ਦਿੱਤਾ ਗਿਆ ਜਿਸ ਵਲੋਂ ਕੱਲੇ ਕੱਲੇ ਖਿਡਾਰੀ ਦੇ ਟੇਵਿਆਂ ਅਨੁਸਾਰ ਤੀਰ ਤੁੱਕੇ ਵਾਂਗ ਭਵਿੱਖਬਾਣੀ ਕਰਕੇ ਭਾਰਤੀ ਕੌਮੀ ਟੀਮ ਦੀ ਚੋਣ ਕਰਨ ਦੀ ਸਲਾਹ ਦਿੱਤੀ ਗਈ ਅਤੇ ਇਸ ਬਦਲੇ ਉਸ ਨੂੰ 15 ਲੱਖ ਰੁਪਏ ਦਾ ਭੁਗਤਾਨ ਵੀ ਕੀਤਾ ਗਿਆ। ਤਰਕਸ਼ੀਲ ਆਗੂਆਂ ਨੇ ਮੋਦੀ ਸਰਕਾਰ ਵਲੋਂ ਹਰ ਖੇਤਰ ਵਿਚ ਲਾਗੂ ਕੀਤੇ ਜਾ ਰਹੇ ਫਿਰਕੂ ਹਿੰਦੂਤਵੀ ਏਜੰਡੇ ਦਾ ਵਿਰੋਧ ਕਰਦਿਆਂ ਦੋਸ਼ ਲਾਇਆ ਕਿ ਖੇਡਾਂ ਵਿਚ ਖਿਡਾਰੀਆਂ ਦੀ ਸਖਤ ਮਿਹਨਤ, ਬਿਹਤਰ ਖੇਡ ਸਹੂਲਤਾਂ, ਸਟੈਮਨਾ, ਖੇਡ ਭਾਵਨਾ ਅਤੇ ਵਧੀਆ ਪ੍ਰਦਰਸ਼ਨ ਦੇ ਸਿਰ 'ਤੇ ਹੀ ਸਫਲਤਾ ਹਾਸਲ ਕੀਤੀ ਜਾ ਸਕਦੀ ਹੈ ਪਰ ਮੋਦੀ ਸਰਕਾਰ ਵਲੋਂ ਖਿਡਾਰੀਆਂ ਨੂੰ ਆਧੁਨਿਕ ਸਹੂਲਤਾਂ ਦੇਣ ਦੀ ਬਜਾਏ ਉਨ੍ਹਾਂ ਦੀ ਸਮਰੱਥਾ ਨੂੰ ਰੱਦ ਕਰਕੇ ਗੈਰ ਵਿਗਿਆਨਕ ਜੋਤਿਸ਼, ਰਾਸ਼ੀ ਫਲ ਤੇ ਜੰਤਰ ਮੰਤਰ ਦੇ ਤੀਰ ਤੁੱਕਿਆਂ ਰਾਹੀਂ ਨਾ ਸਿਰਫ ਖਿਡਾਰੀਆਂ, ਕੋਚਾਂ ਅਤੇ ਦੇਸ਼ ਦਾ ਅਪਮਾਨ ਕੀਤਾ ਗਿਆ ਹੈ ਬਲਕਿ ਸਿੱਖਿਆ, ਸਿਹਤ, ਖੇਡ, ਕਲਾ ਅਤੇ ਇਨ੍ਹਾਂ ਨਾਲ ਸੰਬੰਧਤ ਸੰਸਥਾਵਾਂ ਦਾ ਭਗਵਾਂਕਰਨ ਅਤੇ ਵਪਾਰੀਕਰਨ ਕਰਕੇ ਦੇਸ਼ ਵਿਚ ਫਿਰਕੂਵਾਦ ਅਤੇ ਅੰਧ ਵਿਸ਼ਵਾਸ ਫੈਲਾਉਣ ਦੇ ਇਲਾਵਾ ਸਾਮਰਾਜ ਪੱਖੀ ਨੀਤੀਆਂ ਹੇਠ ਆਮ ਲੋਕਾਂ ਨੂੰ ਸ਼ਰੇਆਮ ਲੁੱਟਿਆ ਵੀ ਜਾ ਰਿਹਾ ਹੈ।

# ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਪ੍ਰਦਰਸ਼ਨੀ ਅੱਜ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਹਾੜ੍ਹੀ ਦੀਆਂ ਫਸਲਾਂ ਦੀ ਤਕਨੀਕੀ ਜਾਣਕਾਰੀ ਦੇਣ ਲਈ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਪ੍ਰਦਰਸ਼ਨੀ 16 ਸਤੰਬਰ ਨੂੰ ਆਰ.. ਕੇ. ਰਿਜ਼ੋਰਟ, ਨੇੜੇ ਡੀਸੀ ਕੰਪਲੈਕਸ, ਤਰਨ ਤਾਰਨ ਵਿਖੇ ਲਗਾਇਆ ਜਾ ਰਿਹਾ ਹੈ ਜਿਸ ਦਾ ਉਦਘਾਟਨ ਡਿਪਟੀ ਕਮਿਸ਼ਨਰ, ਤਰਨ ਤਾਰਨ ਸੰਦੀਪ ਕੁਮਾਰ ਕਰਨਗੇ। ਕੈਂਪ ਦੀ ਪ੍ਰਧਾਨਗੀ ਡਾਇਰੈਕਟਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਜਸਵੰਤ ਸਿੰਘ ਕਰਨਗੇ। ਕੈਂਪ ਦੇ ਮੁੱਖ ਮਹਿਮਾਨ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਹੋਣਗੇ। ਖੇਤੀਬਾੜੀ ਅਫਸਰ ਡਾ. ਭੁਪਿੰਦਰ ਸਿੰਘ ਨੇ ਦੱਸਿਆ ਕਿ ਮੁੱਖ ਖੇਤੀਬਾੜੀ ਅਫਸਰ, ਤਰਨ ਤਾਰਨ ਡਾ. ਹਰਪਾਲ ਸਿੰਘ ਪੰਨੂੰ ਅਤੇ ਜ਼ਿਲ੍ਹਾ ਸਿਖਲਾਈ ਅਫਸਰ ਡਾ. ਕੁਲਦੀਪ ਸਿੰਘ ਮੱਤੇਵਾਲ ਦੀ ਅਗਵਾਈ ਹੇਠ ਲਗਾਏ ਜਾ ਰਹੇ ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਦੇ ਖੇਤੀ ਮਾਹਰ ਅਤੇ ਅਧਿਕਾਰੀ ਕਿਸਾਨ ਪੱਖੀ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦੇਣਗੇ। ਇਸ ਮੌਕੇ ਵੱਖ -ਵੱਖ ਵਿਭਾਗਾਂ ਅਤੇ ਸਵੈ ਸਹਾਇਤਾ ਗਰੁੱਪਾਂ ਵੱਲੋਂ ਪ੍ਰਦਰਸ਼ਨੀਆਂ ਤੇ ਸਟਾਲ ਲਗਾਏ ਜਾਣਗੇ।

ਜਾਣਕਾਰੀ ਦਿੰਦਿਆਂ ਪ੍ਰਚਾਰ ਅਧਿਕਾਰਤ ਖੇਤੀਬਾੜੀ ਅਫਸਰ, ਪੱਟੀ ਡਾ. ਭੁਪਿੰਦਰ ਸਿੰਘ, ਡਾ. ਮਲਵਿੰਦਰ ਸਿੰਘ ਖੇਤੀਬਾੜੀ ਅਫਸਰ ਨੌਸ਼ਹਿਰਾ ਪੰਨੂੰਆਂ ਅਤੇ ਡਾ. ਸੰਦੀਪ ਸਿੰਘ ਏਡੀਓ ਨੇ ਸਮੂਹ ਕਿਸਾਨਾਂ ਨੂੰ ਇਸ ਕੈਂਪ 'ਚ ਸ਼ਾਮਲ ਹੋਣ ਲਈ ਸੱਦਾ ਦਿੱਤਾ।

# ਔਰਤਾਂ ਦੇ ਸ਼ਸ਼ਕਤੀਕਰਨ ਸਬੰਧੀ ਪਾਰਲੀਮੈਂਟ ਕਮੇਟੀ ਵੱਲੋਂ ਮਾਨਾਂਵਾਲਾ ਵਿਖੇ ਸਕੂਲ 'ਚ ਦੌਰਾ



**ਅੰਮ੍ਰਿਤਸਰ—(ਸੁਖਤਿੰਦਰ ਸਿੰਘ ਰਾਜੂ)**—ਪੰਜਾਬ 'ਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਅਤੇ ਆਸ਼ਾ ਵਰਕਰਾਂ ਦੇ ਕੰਮਕਾਜ ਦੀ ਸਥਿਤੀ ਅਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਜਾਣਨ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਨਾਂਵਾਲਾ ਵਿਖੇ ਔਰਤਾਂ ਦੇ ਸ਼ਸ਼ਕਤੀਕਰਨ ਸਬੰਧੀ ਪਾਰਲੀਮੈਂਟ ਕਮੇਟੀ ਦੀ ਚੇਅਰਪਰਸਨ ਹੀਨਾ ਵਿਜੈ ਕੁਮਾਰ ਗੈਵਿਟ ਦੀ ਪ੍ਰਧਾਨਗੀ ਹੇਠ ਕਮੇਟੀ ਵਿੱਚ ਸ਼ਾਮਲ ਸੰਸਦ ਮੈਂਬਰਾਂ ਅਤੇ ਮੁੱਖ ਸਕੱਤਰ ਪੰਜਾਬ ਸਰਕਾਰ ਇਸਤਰੀ ਤੇ ਬਾਲ ਵਿਕਾਸ ਵਿਭਾਗ ਰਾਜੀ ਪੀ. ਸ਼੍ਰੀਵਾਸ਼ਤਵਾ ਸਣੇ ਸਬੰਧਤ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਇਸਤਰੀ ਤੇ ਬਾਲ ਵਿਕਾਸ ਮੰਤਰਾਲਾ ਭਾਰਤ ਸਰਕਾਰ, ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੇਂਡੂ ਵਿਕਾਸ ਵਿਭਾਗ ਪੰਜਾਬ, ਪੰਜਾਬ ਨੈਸ਼ਨਲ ਬੈਂਕ, ਪੰਜਾਬ ਐਂਡ ਸਿੰਧ ਬੈਂਕ ਅਤੇ ਹੋਰ ਬੈਂਕਾਂ ਦੇ ਅਧਿਕਾਰੀਆਂ ਨਾਲ ਭਾਰਤ ਵਿੱਚ ਮਹਿਲਾਵਾਂ ਦੀ ਸਥਿਤੀ ਅਤੇ ਉਨਾਂ ਦੀ ਸ਼ਸ਼ਕਤੀਕਰਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੈਲਫ ਹੈਲਪ ਗਰੁੱਪਾਂ ਵਲੋਂ ਆਪਣੇ ਉਤਪਾਦਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਸੰਸਦ ਮੈਂਬਰ ਜਸਬੀਰ ਸਿੰਘ ਗਿੱਲ ਨੇ ਸੈਲਫ ਹੈਲਪ ਗਰੁੱਪਾਂ ਵਲੋਂ ਤਿਆਰ ਕੀਤੇ ਸਾਮਾਨ ਆਨਲਾਈਨ ਸਾਈਟਾਂ ਜਿਵੇਂ ਕਿ ਐਮਾਜ਼ਾਨ ਅਤੇ ਫਲਿਪਕਾਰਟ 'ਤੇ ਵੇਚਣ ਲਈ ਸੁਝਾਅ ਦਿੱਤੇ। ਪਾਰਲੀਮੈਂਟ ਕਮੇਟੀ ਨੇ ਬੈਂਕ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਕਿਹਾ ਕਿ ਹੈਲਫ ਹੈਲਪ ਗਰੁੱਪਾਂ ਵਿਕਸਿਤ ਕਰਨ ਅਤੇ ਇਨਾਂ ਨੂੰ ਆ ਰਹੀਆਂ ਮੁਸ਼ਕਿਲਾਂ ਨੂੰ ਦੂਰ ਕੀਤਾ ਜਾਵੇ। ਪਾਰਲੀਮੈਂਟ ਕਮੇਟੀ ਵਲੋਂ ਸਕੂਲੀ ਬੱਚਿਆਂ ਨਾਲ ਵੀ ਗੱਲਬਾਤ ਕੀਤੀ ਗਈ ਅਤੇ ਖੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਸਰਕਾਰ ਵਲੋਂ ਚੰਗੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਮੌਕੇ ਰਾਜੀ ਪੀ. ਸ਼੍ਰੀਵਾਸ਼ਤਵਾ ਨੇ ਸਮੂਹ ਕਮੇਟੀ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਭਾਰਤ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਪੰਜਾਬ ਵਿੱਚ ਵੱਖ-ਵੱਖ ਵਿਭਾਗਾਂ ਦੇ ਨਾਲ ਜ਼ਮੀਨੀ ਤੌਰ ਤੇ ਆਮ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਉਣ ਦੀ ਆਸ ਪ੍ਰਗਟ ਕੀਤੀ।

ਇਸ ਮੌਕੇ ਡਿਪਟੀ ਡਾਇਰੈਕਟਰ ਰੁਪਿੰਦਰ ਕੌਰ, ਡੀਪੀਓ ਮਨਜਿੰਦਰ ਸਿੰਘ, ਡੀਪੀਓ ਕੁਲਦੀਪ ਕੌਰ, ਸੁਪਰਡੈਂਟ ਬਲਰਾਜ ਕੌਰ, ਸੀਡੀਪੀਓ ਮੀਨਾ ਕੁਮਾਰੀ, ਸੀਡੀਪੀਓ ਮੀਨਾ ਦੇਵੀ, ਸੀਡੀਪੀਓ ਜਸਪ੍ਰੀਤ ਸਿੰਘ, ਸੀਡੀਪੀਓ ਗਗਨਦੀਪ ਸਿੰਘ, ਸੁਪਰਵਾਈਜ਼ਰ ਸੁਰਿੰਦਰ ਕੌਰ, ਸ਼ਰਨਜੀਤ ਕੌਰ, ਰਾਜਵਿੰਦਰ ਕੌਰ ਆਦਿ ਹਾਜ਼ਰ ਸਨ।

# ਭਾਈ ਪਲਵਿੰਦਰ ਸਿੰਘ 'ਅਜ਼ੀਜ਼' ਦਾ ਵਿਸ਼ੇਸ਼ ਸਨਮਾਨ



ਪੱਟੀ, (**ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ**)-ਸ਼ਹੀਦ ਭਾਈ ਤਾਰੂ ਸਿੰਘ ਜੀ ਗੁਰਮਤਿ ਪ੍ਰਚਾਰ ਸੁਸਾਇਟੀ, ਦਸਤੂਰ-ਇ-ਦਸਤਾਰ ਲਹਿਰ ਪੱਟੀ ਦੇ ਸਲਾਹਕਾਰ ਭਾਈ ਪਲਵਿੰਦਰ ਸਿੰਘ 'ਅਜ਼ੀਜ਼' ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੱਦੇ ਤੇ ਸਿੱਖ ਗੁਰਦੁਆਰਾ ਆਫ ਲਾਸ ਏਂਜਲਸ ਕੈਲੀਫੋਰਨੀਆ ਅਮਰੀਕਾ ਦੀ ਧਰਤੀ ਤੇ ਸਿੱਖੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਰਵਾਨਾ ਹੋ ਗਏ। ਉਨ੍ਹਾਂ ਦੇ ਰਵਾਨਾ ਹੋਣ ਤੋਂ ਪਹਿਲਾਂ ਸੁਸਾਇਟੀ ਦੇ ਸਕੱਤਰ ਭਾਈ ਸੁਖਪਾਲ ਸਿੰਘ ਠੱਟਾ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਵੱਲੋਂ ਉਨ੍ਹਾਂ ਦੇ ਗ੍ਰਹਿ ਬਾਹਮਣੀਵਾਲਾ ਵਿਖੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਭਾਈ ਹਰਚਰਨ ਸਿੰਘ ਉਬੋਕੇ, ਪ੍ਰੋ. ਸੁਖਪਾਲ ਸਿੰਘ ਠੱਟਾ, ਪ੍ਰੋ. ਗੁਰਸੇਵਕ ਸਿੰਘ ਬੋਪਾਰਾਏ, ਭਾਈ ਮਨਦੀਪ ਸਿੰਘ ਘੋਲੀਆਂ ਕਲਾ ਦਸਤਾਰ ਕੋਚ ਵੀਰ ਹਰਪ੍ਰੀਤ ਸਿੰਘ, ਸੰਦੀਪ ਸਿੰਘ ਧਾਰੀਵਾਲ, ਗੁਰਜੰਟ ਸਿੰਘ ਭਿੱਖੀਵਿੰਡ, ਹੀਰਾ ਸਿੰਘ ਸੋਹਲ ਅਤੇ ਭਾਈ ਨਿਰਮਲ ਸਿੰਘ ਸੁਰਸਿੰਘ, ਤਰਸੇਮ ਸਿੰਘ ਬਾਹਮਣੀਵਾਲਾ, ਅਕਾਸ਼ਦੀਪ ਸਿੰਘ ਪੱਟੀ, ਵਾਰਿਸਦੀਪ ਸਿੰਘ ਪੱਟੀ ਅਤੇ ਪਰਿਵਾਰ ਦੇ ਸਮੂਹ ਮੈਂਬਰ ਹਾਜ਼ਰ ਸਨ।

# ਜ਼ਿਲ੍ਹਾ ਪੱਧਰੀ ਖੇਡਾਂ 'ਚ ਮੱਲਾਂ ਮਾਰੀਆਂ

**ਕਾਦੀਆਂ, (ਯਾਦਵਿੰਦਰ ਸਿੰਘ ਮਲਹੋਤਰਾ)**-ਪੰਜਾਬ ਖੇਡ ਵਿਭਾਗ ਦੀਆਂ 74ਵੀਂ ਜ਼ਿਲ੍ਹਾ ਪੱਧਰੀ ਖੇਡਾਂ ਪੰਜਾਬ ਖੇਡ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸ਼ੁਰੂ ਹੋਈਆਂ। ਖੇਡਾਂ ਦਾ ਉਦਘਾਟਨ ਐੱਸਐੱਸਐੱਮ ਕਾਲਜ ਦੀਨਾਨਗਰ ਦੇ ਪ੍ਰਿੰ. ਡਾ. ਆਰ. ਕੇ. ਤੁਲੀ ਵੱਲੋਂ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਹੈੱਡਮਾਸਟਰ ਵਿਜੇ ਕੁਮਾਰ ਕਮ ਬੀਐਨਓ ਕਾਦੀਆਂ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਸਰਕਾਰੀ ਹਾਈ ਸਕੂਲ ਬਸਰਾਏ ਦੇ ਅੱਠਵੀਂ ਕਲਾਸ ਦੇ ਵਿਦਿਆਰਥੀ ਵਿਸ਼ਾਲ ਨੇ ਕੁਸ਼ਤੀ ਮੁਕਾਬਲੇ ਵਿਚ ਪਹਿਲਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਸਕੂਲ ਵੱਲੋਂ ਭੇਜੀਆਂ ਗਈਆਂ ਟੀਮਾਂ ਵਿੱਚ-14 ਵਾਰਸ ਮੱਟੂ ਨੇ ਲੰਬੀ ਛਾਲ ਵਿਚ ਪਹਿਲੀ ਪੁਜ਼ੀਸ਼ਨ ਅਤੇ 600 ਮੀਟਰ ਦੌੜ ਵਿੱਚ ਤੀਸਰੀ ਪੁਜ਼ੀਸ਼ਨ ਹਾਸਲ ਕੀਤੀ। ਇਸੇ ਤਰ੍ਹਾਂ ਅੰਡਰ -17 ਵਿੱਚ ਨਵਜੋਤ ਕੌਰ ਨੇ 400 ਅਤੇ 800 ਮੀਟਰ ਰੇਸ ਵਿਚ ਦੂਸਰੀ ਪੁਜ਼ੀਸ਼ਨ ਹਾਸਲ ਕੀਤੀ। -17 ਜਸ਼ਨਦੀਪ ਕੌਰ ਨੇ ਲੰਬੀ ਛਾਲ ਵਿੱਚ ਦੂਸਰੀ ਪੁਜ਼ੀਸ਼ਨ ਹਾਸਲ ਕੀਤੀ। ਇਸੇ ਤਰ੍ਹਾਂ ਰੱਸਾਕਸੀ ਵਿਚ ਜਿਥੇ -17 ਕੁੜੀਆਂ ਨੇ ਪਹਿਲੀ ਪੁਜ਼ੀਸ਼ਨ ਹਾਸਲ ਕੀਤੀ। ਉਥੇ ਹੀ-14 ਲੜਕਿਆਂ ਨੇ ਦੂਸਰੀ ਪੁਜ਼ੀਸ਼ਨ ਹਾਸਲ ਕਰਕੇ ਆਪਣੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।



# ਦੁਕਾਨਦਾਰਾਂ ਚੋਰ ਨੂੰ ਕਾਬੂ ਕਰਕੇ ਪੁਲਸ ਹਵਾਲੇ ਕੀਤਾ

**ਕਲਾਨੌਰ (ਮਨਦੀਪ ਕੁਮਾਰ)**-ਕਲਾਨੌਰ ਕਸਬੇ ਦੇ ਟੀ- ਪੁਆਇੰਟ ਨੇੜਿਓਂ ਦੁਕਾਨਦਾਰਾਂ ਵੱਲੋਂ ਚੋਰ ਨੂੰ ਮੌਕੇ 'ਤੇ ਕਾਬੂ ਕਰਕੇ ਪੁਲਸ ਹਵਾਲੇ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਮੌਕੇ 'ਤੇ ਇਕੱਠੀ ਕੀਤੀ ਜਾਣਕਾਰੀ ਅਨੁਸਾਰ ਕਾਹਲੋਂ ਸਪੇਅਰ ਪਾਰਟਸ ਦੇ ਮਾਲਕ ਨਿਰਮਲ ਸਿੰਘ ਕਾਹਲੋਂ ਨੇ ਦੱਸਿਆ ਕਿ ਮੈਂ ਆਪਣੀ ਦੁਕਾਨ ਤੋਂ ਦੋ ਮਿੰਟ ਵਾਸਤੇ ਸਾਹਮਣੇ ਕੋਈ ਕੰਮ ਗਿਆ ਸੀ ਤਾਂ ਮੈਨੂੰ ਮੇਰੇ ਹੋਰ ਦੁਕਾਨਦਾਰਾਂ ਸਾਥੀਆਂ ਨੇ ਦੱਸਿਆ ਕਿ ਤੁਹਾਡੀ ਦੁਕਾਨ ਦੇ ਅੰਦਰ ਇੱਕ ਬੰਦਾ ਵੜਿਆ ਹੈ ਅਤੇ ਉਸ ਨੇ ਕਿਸੇ ਕੱਪੜੇ ਵਿੱਚ ਲਪੇਟ ਕੇ ਕੁਛ ਸਾਮਾਨ ਚੋਰੀ ਕੀਤਾ ਹੈ। ਜਦੋਂ ਅਸੀਂ ਥੋੜੀ ਦੂਰ ਭੱਜ ਕੇ ਉਸਦਾ ਪਿੱਛਾ ਕਰ ਕੇ ਉਸ ਨੂੰ ਮੌਕੇ ਤੇ ਕਾਬੂ ਕਰ ਲਿਆ ਜਿਸ ਨੇ ਗੱਡੀਆਂ 'ਚ ਪਾਉਣ ਵਾਲੇ ਇੰਜਨ ਆਇਲ ਦੀ ਵੱਡੀ ਕੈਨੀ ਚੋਰੀ ਕੀਤੀ ਸੀ। ਦੁਕਾਨਦਾਰ ਨਿਰਮਲ ਸਿੰਘ ਕਾਹਲੋਂ ਨੇ ਕਿਹਾ ਕਿ ਪਿਛਲੇ ਐਤਵਾਰ ਵੀ ਮੇਰੀ ਦੁਕਾਨ ਦੇ ਗੱਲੇ ਵਿੱਚੋਂ ਕਰੀਬ 2500 ਰੁਪਏ ਚੋਰੀ ਹੋ ਗਏ ਸਨ ਕਾਬੂ ਕਰਨ ਤੋਂ ਬਾਅਦ ਦੁਕਾਨਦਾਰਾਂ ਨੇ ਚੋਰ ਤੇ ਆਪਣੇ ਹੱਥ ਵੀ ਥੋੜੇ ਹੌਲੇ ਕੀਤੇ। ਇੰਨੇ ਵਿੱਚ ਨੇੜਿਓਂ ਲੰਘ ਰਹੇ ਡੀਐੱਸਪੀ ਕਲਾਨੌਰ ਗੁਰਿੰਦਰ ਸਿੰਘ ਵੀ ਮੌਕੇ 'ਤੇ ਪਹੁੰਚ ਗਏ ਅਤੇ ਉਨ੍ਹਾਂ ਨੇ ਪੁਲਸ ਥਾਣਾ ਕਲਾਨੌਰ ਫੋਨ ਕੀਤਾ। ਇਸ ਤੋਂ ਬਾਅਦ ਥਾਣੇ ਤੋਂ ਮੁਲਾਜ਼ਮ ਆ ਕੇ ਚੋਰ ਨੂੰ ਆਪਣੇ ਨਾਲ ਲੈ ਗਏ। ਦੇਖੋ ਅੱਗੇ ਪੁਲਸ ਕੀ ਕਾਰਵਾਈ ਕਰਦੀ ਹੈ।

# ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਪੁਲਸ ਨੂੰ ਦਿੱਤੇ ਬਿਆਨਾਂ ਵਿਚ ਰੋਹਿਤ ਮਹਾਜਨ ਪੁੱਤਰ ਰਮੇਸ਼ ਚੰਦਰ ਮਹਾਜਨ ਵਾਸੀ ਗਲੀ ਬਾਣੀਆਂ ਦੀਨਾਨਗਰ ਨੇ ਦੱਸਿਆ ਕਿ ਮੇਰੀ ਪਤਨੀ ਅਲਪਨਾ ਮਹਾਜਨ ਨੇ ਸ਼੍ਰੀ ਰਾਧੇ ਕ੍ਰਿਸ਼ਨਾ ਇੰਟਰਪ੍ਰਾਈਜ਼ ਦੇ ਨਾਮ ਹੇਠ ਰੈਡੀਮੇਡ ਕੱਪੜਿਆਂ ਦਾ ਸਿਲਾਈ ਸੈਂਟਰ ਨੇੜੇ ਧਅੜ ਸਕੂਲ ਦੀਨਾਨਗਰ, ਖੋਲ੍ਹਿਆ ਹੋਇਆ ਸੀ ਤੇ ਇਸ ਸੈਂਟਰ ਵਿੱਚ 32 ਸਿਲਾਈ ਮਸ਼ੀਨਾ ਲੱਗੀਆਂ ਹੋਈਆਂ ਸਨ। ਹੁਣ ਕ੍ਰੀਬ ਡੇਢ ਮਹੀਨੇ ਤੋਂ ਸੀਜ਼ਨ ਦੀ ਬਦਲੀ ਹੋਣ ਕਰਕੇ ਉਕਤ ਸਿਲਾਈ ਸੈਂਟਰ ਬੰਦ ਸੀ। ਮੈਂ ਪਰਿਵਾਰ ਸਮੇਤ ਅਮ੍ਰਿਤਸਰ ਆਪਣੀ ਰਿਸ਼ਤੇਦਾਰੀ ਵਿੱਚ ਗਿਆ ਸੀ ਕਿ 08.09.23 ਨੂੰ ਅਮ੍ਰਿਤਸਰ ਤੋਂ ਵਾਪਿਸ ਆ ਕੇ ਜਦ ਮੈਂ ਆਪਣੇ ਸੈਂਟਰ ਵੱਲ ਫੇਰਾ ਮਾਰਨ ਗਿਆ ਤਾਂ ਵੇਖਿਆ ਕਿ ਸੈਂਟਰ ਦੇ ਮੇਨ ਗੇਟ ਨੂੰ ਤਾਲਾ ਲੱਗਾ ਹੋਇਆ ਸੀ ਅਤੇ ਲੋਹੇ ਦੇ ਦਰਵਾਜ਼ੇ ਦਾ ਤਾਲਾ ਟੁੱਟਾ ਹੋਇਆ ਸੀ ਅਤੇ ਸੈਂਟਰ ਦੇ ਬੇਸਮੈਂਟ ਵਿੱਚ ਲੱਗੀਆਂ ਹੋਈਆਂ ਸਿਲਾਈ ਮਸ਼ੀਨਾਂ ਜਿਨ੍ਹਾਂ ਵਿਚੋਂ 11 ਮਸ਼ੀਨਾਂ ਸਟੈਂਡ ਸਮੇਤ ਅਤੇ 13 ਮਸ਼ੀਨਾਂ ਲੱਕੜ ਦੇ ਸਟੈਂਡ ਛੱਡ ਕੇ ਇਸ ਤੋਂ ਇਲਾਵਾ ਕੁਝ ਸਿਲਾਈ ਕੀਤੀਆਂ ਕਮੀਜ਼ਾਂ, ਪੈਂਟਾਂ, ਪਜਾਮੇ, ਕੁਝ ਖੁੱਲਾ ਕੱਪੜਾ ਅਤੇ ਸੈਂਟਰ ਵਿੱਚ ਲੱਗੇ ਕੈਮਰੇ ਸਮੇਤ ਕੋਈ ਨਾਮਲੂਮ ਵਿਅਕਤੀ ਚੋਰੀ ਕਰਕੇ ਲੈ ਗਏ ਹਨ। ਪੁਲਸ ਨੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ 457, 380 ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਗਈ ਹੈ।

# ਪ੍ਰੈੱਸ ਕਲੱਬ ਦੀ ਚੋਣ ਕਰਾਉਣ ਲਈ 18 ਨੂੰ ਪੱਤਰਕਾਰਾਂ ਦਾ ਵਫਦ ਡੀ ਸੀ ਨੂੰ ਮਿਲੇਗਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਵੱਖ ਵੱਖ ਪੱਤਰਕਾਰ ਜਥੇਬੰਦੀਆਂ ਦੀ ਅੰਮ੍ਰਿਤਸਰ ਪ੍ਰੈਸ ਕਲੱਬ ਦੀ ਚੋਣ ਨੂੰ ਲੈ ਕੇ ਇੱਕ ਇਕੱਤਰਤਾ ਹੋਈ ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਪੱਤਰਕਾਰਾਂ ਦਾ ਇੱਕ ਵਫਦ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ 18 ਸਤੰਬਰ ਨੂੰ ਮਿਲ ਕੇ ਇੱਕ ਮੰਗ ਪੱਤਰ ਦੇ ਕੇ ਕਲੱਬ ਦੀ ਚੋਣ ਇੱਕ ਹਫਤੇ ਵਿੱਚ ਕਰਾਉਣ ਦੀ ਮੰਗ ਕਰੇਗਾ। ਅਜਿਹਾ ਨਾ ਕਰਨ ਦੀ ਸੂਰਤ 'ਚ 25 ਸਤੰਬਰ ਨੂੰ ਪੱਤਰਕਾਰ ਮੂੰਹ 'ਤੇ ਕਾਲੀਆਂ ਪੱਟੀਆਂ ਬੰਨ੍ਹ ਕੇ ਰੋਸ ਮੁਜ਼ਾਹਰਾ ਕਰਨਗੇ। ਇਸੇ ਤਰ੍ਹਾਂ ਜ਼ਿਲ੍ਹੇ ਦੇ ਪੁਲਸ ਕਮਿਸ਼ਨਰ ਨੂੰ ਵੀ ਇੱਕ ਪੱਤਰ ਦੇ ਕੇ ਮੰਗ ਕੀਤੀ ਜਾਵੇਗੀ ਕਿ ਕਲੱਬ ਵਿੱਚ ਵੜੇ ਘੁਸਪੈਠੀਆਂ ਨੂੰ ਬਾਹਰ ਕੱਢਿਆ ਜਾਵੇ। ਦੇਸ਼ ਪ੍ਰਦੇਸ਼ ਨਿਊਜ਼ ਦੇ ਸਟਾਫ ਰਿਪੋਰਟਰ ਜਤਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਕੁਝ ਚੋਣਵੇਂ ਪੱਤਰਕਾਰਾਂ ਦੀ ਮੀਟਿੰਗ 'ਚ ਜਸਬੀਰ ਸਿੰਘ ਪੱਟੀ, ਅੰਮ੍ਰਿਤਪਾਲ ਸਿੰਘ, ਚਰਨਜੀਤ ਸਿੰਘ, ਬਜ਼ੁਰਗ ਪੱਤਰਕਾਰ ਜੋਗਿੰਦਰਪਾਲ ਸਿੰਘ ਕੁੰਦਰਾ, ਹਰਦੇਵ ਸਿੰਘ ਪ੍ਰਿੰਸ, ਗੁਰਜਿੰਦਰ ਸਿੰਘ ਮਾਹਲ, ਮਲਕੀਅਤ ਸਿੰਘ, ਕੁਲਬੀਰ ਸਿੰਘ, ਕਿਸ਼ਨ ਸਿੰਘ ਦੁਸਾਂਝ, ਹਰਪਾਲ ਸਿੰਘ ਭੰਗੂ, ਹਰਜਿੰਦਰ ਸਿੰਘ ਕਾਕਾ, ਸਿਮਰਨ ਰਾਜਪੂਤ ਤੇ ਅਮਿਤ ਪਿੰਟੂ ਨੇ ਭਾਗ ਲਿਆ। ਮੀਟਿੰਗ ਵਿੱਚ ਪਹਿਲਾਂ ਬੀਤੇ ਦਿਨੀਂ ਪੱਤਰਕਾਰ ਦਲਬੀਰ ਸਿੰਘ ਦੇ ਜਵਾਨ ਬੇਟੇ ਹਰਪ੍ਰੀਤ ਸਿੰਘ ਦੀ ਇੱਕ ਦੁਰਘਟਨਾ ਵਿੱਚ ਹੋਈ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਤੇ ਪੀੜਤ ਪਰਵਾਰ ਨਾਲ ਹਮਦਰਦੀ ਕੀਤੀ ਗਈ। ਇਹ ਵੀ ਮੰਗ ਕੀਤੀ ਕਿ ਦੁਰਘਟਨਾ ਨੂੰ ਅੰਜਾਮ ਦੇਣ ਵਾਲੇ ਡਰਾਈਵਰ ਦੇ ਖਿਲਾਫ ਤੁਰੰਤ ਕਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ। ਇਸੇ ਤਰ੍ਹਾਂ ਮੀਟਿੰਗ 'ਚ ਕੁਝ ਘੁਸਪੈਠੀਆਂ ਵੱਲੋਂ ਪ੍ਰੈਸ ਕਲੱਬ 'ਤੇ ਕਬਜ਼ਾ ਕਰਨ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ 18 ਸਤੰਬਰ ਵਾਲੇ ਦਿਨ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ ਇੱਕ ਮੰਗ ਪੱਤਰ ਦਿੱਤਾ ਜਾਵੇਗਾ ਕਿ ਪ੍ਰੈਸ ਕਲੱਬ ਦੀ ਚੋਣ ਕਰਵਾਈ ਜਾਵੇ ਤਾਂ ਕਿ ਕਲੱਬ ਨੂੰ ਪਾਰਦਰਸ਼ੀ ਢੰਗ ਨਾਲ ਚਲਾਇਆ ਜਾ ਸਕੇ। ਪੱਤਰਕਾਰਾਂ ਨੇ ਇਹ ਵੀ ਫੈਸਲਾ ਲਿਆ ਕਿ ਪ੍ਰੈਸ ਕਲੱਬ ਨੂੰ ਅਜ਼ਾਦ ਕਰਾਉਣ ਲਈ ਜੇਕਰ ਪੰਜਾਬ ਐਂਡ ਹਾਈਕੋਰਟ ਵਿੱਚ ਜਾਣਾ ਪਿਆ ਤਾਂ ਕਿਸੇ ਪ੍ਰਕਾਰ ਦੀ ਢਿੱਲ ਨਹੀਂ ਵਰਤੀ ਜਾਵੇਗੀ ਤੇ ਘੁਸਪੈਠੀਆਂ ਖਿਲਾਫ ਪੁਲਸ ਕਾਰਵਾਈ ਵੀ ਕਰਵਾਈ ਜਾਵੇਗੀ। ਹਾਈਕੋਰਟ ਦੀ ਕਾਰਵਾਈ ਕਰਨ ਦੀ ਪ੍ਰੀਕਿਰਿਆ ਸ਼ੁਰੂ ਕਰਨ ਲਈ ਹਰਪਾਲ ਸਿੰਘ ਭੰਗੂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ ।

# ਚੰਡੋਕ ਬਰਾਦਰੀ ਦਾ ਇਤਿਹਾਸਕ ਸਾਲਾਨਾ ਮੇਲਾ ਸੰਪੰਨ



**ਅੰਮ੍ਰਿਤਸਰ (ਅਰੋੜਾ)**: ਭਾਰਤ ਦੇਸ਼ ਦੇ ਅਲੱਗ ਅਲੱਗ ਰਾਜਾਂ ਵਿੱਚ ਰਹਿਣ ਵਾਲੇ ਚੰਡੋਕ ਬਰਾਦਰੀ ਦਾ ਸਲਾਨਾ ਇਤਿਹਾਸਕ ਮੇਲਾ ਮੰਦਿਰ ਬਾਬਾ ਬੁੱਧੂ ਸ਼ਾਹ ਜੀ ਪਿੰਡ ਨੇਸ਼ਠਾ ਤਹਿਸੀਲ ਅਟਾਰੀ ਵਿੱਚ ਬੜੀ ਸ਼ਰਧਾ ਅਤੇ ਧੂਮਧਾਮ ਦੇ ਨਾਲ ਚੰਡੋਕ ਬਿਰਾਦਰੀ ਦੇ ਪ੍ਰਵਕਤਾ ਸਮਾਜ ਸੇਵਕ ਲਲਿਤ ਮੋਹਨ ਚੰਡੋਕ ਦੀ ਦੇਖ-ਰੇਖ ਵਿੱਚ ਸੰਪੰਨ ਹੋਇਆ। ਸਭ ਤੋਂ ਪਹਿਲਾਂ ਸਵੇਰੇ ਹਵਨ ਯੱਗ ਦਾ ਆਯੋਜਨ ਅਤੇ ਉਸ ਤੋਂ ਬਾਅਦ ਸੰਕੀਰਤਨ ਬੜੀ ਵਿਧੀ ਵਿਧਾਨ ਦੇ ਨਾਲ ਕਰਵਾਇਆ ਗਿਆ। ਭਾਰੀ ਸੰਖਿਆ ਵਿੱਚ ਦੂਰ ਦੁਰੇਡੇ ਤੋਂ ਆਏ ਬੁੱਧੀਜੀਵੀ ਸਾਧੂ ਸੰਤ ਸਮਾਜ ਦੇ ਮੈਂਬਰਾਂ ਨੇ ਹਵਨ ਯੱਗ ਵਿੱਚ ਆਹੂਤੀ ਦਿੱਤੀ ਅਤੇ ਸੰਕੀਰਤਨ ਦਾ ਆਨੰਦ ਮਾਣਿਆ। ਸਮਾਗਮ ਵਿੱਚ ਕਮਲ ਚੰਡੋਕ ਮੁੰਬਈ ਵਾਲੇ, ਸੰਦੀਪ ਚੰਡੋਕ ਨੋਇਡਾ ਵਾਲੇ ਨੇ ਖਾਸ ਰੂਪ ਵਿੱਚ ਸਮਾਗਮ ਵਿੱਚ ਭਾਗ ਲਿਆ। ਚੰਡੋਕ ਬਰਾਦਰੀ ਦੇ ਵੱਲੋਂ ਵਿਸ਼ਾਲ ਭੰਡਾਰੇ ਦਾ ਆਯੋਜਨ ਵੀ ਕੀਤਾ ਗਿਆ। ਇਸ ਮੌਕੇ ਮਿੱਠੂ ਮਦਾਨ, ਚਮਨ ਲਾਲ ਚੰਡੋਕ, ਸੁਲਕਸ਼ਨ ਚੰਡੋਕ, ਅਜੇ ਚੰਡੋਕ, ਭੂਸ਼ਨ ਚੰਡੋਕ, ਓਮ ਪ੍ਰਕਾਸ਼ ਲਾਟੀ ਸ਼ਾਹ, ਸੁਰਿੰਦਰ ਉਬਰਾਏ, ਅਨੂਪ ਕਪੂਰ, ਲਾਲੀ ਟਾਬੀਆ ਸਹਿਤ ਖੇਤਰ ਦੇ ਕਈ ਪਤਵੰਤੇ ਮੌਜੂਦ ਸਨ ਜਿਨ੍ਹਾਂ ਨੂੰ ਚੰਡੋਕ ਬਰਾਦਰੀ ਦੇ ਵੱਲੋਂ ਸਰੋਪੇ ਦੇ ਕੇ ਸਨਮਾਨਤ ਵੀ ਕੀਤਾ ਗਿਆ।

# ਆਰਐੱਮਪੀਆਈ ਦੀ ਤਹਿਸੀਲ ਕਮੇਟੀ ਤਰਨਤਾਰਨ ਦੀ ਜਨਰਲ ਬਾਡੀ ਵੱਲੋਂ ਮੀਟਿੰਗ ਆਯੋਜਿਤ





ਤਰਨ ਤਾਰਨ (**ਪ੍ਰਿਤਪਾਲ ਸਿੰਘ**)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੀ ਤਹਿਸੀਲ ਕਮੇਟੀ ਤਰਨ ਤਾਰਨ ਦੀ ਜਨਰਲ ਬਾਡੀ ਮੀਟਿੰਗ ਦਿਲਬਾਗ ਸਿੰਘ ਪੱਖੋਕੇ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਉਚੇਚੇ ਤੌਰ 'ਤੇ ਸ਼ਾਮਲ ਹੋਏ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਅਤੇ ਟੀ ਐਸ ਯੂ ਦੇ ਸਾਬਕਾ ਸੂਬਾਈ ਸਕੱਤਰ ਜਗਤਾਰ ਸਿੰਘ ਉੱਪਲ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੀ ਰਾਜਸੱਤਾ 'ਤੇ ਬਿਰਾਜਮਾਨ ਕਾਰਪੋਰੇਟ ਪੱਖੀ ਫਿਰਕੂ ਫਾਸ਼ੀਵਾਦੀ ਮੋਦੀ ਸਰਕਾਰ ਦੇਸ਼ ਦੇ ਜਮਹੂਰੀ ਅਤੇ ਧਰਮ ਨਿਰਪੱਖ ਢਾਂਚੇ ਨੂੰ ਤਬਾਹ ਕਰ ਰਹੀ ਹੈ। ਦੇਸ਼ ਦੇ ਘੱਟ ਗਿਣਤੀ ਲੋਕਾਂ 'ਚ ਸਹਿਮ ਦਾ ਮਾਹੌਲ ਪੈਦਾ ਹੋ ਰਿਹਾ ਹੈ। ਸੰਵਿਧਾਨਕ ਸੰਸਥਾਵਾਂ ਆਪਣੀ ਭਰੋਸੇਯੋਗਤਾ ਗਵਾ ਰਹੀਆਂ ਹਨ। ਲੋਕਾਂ ਦੇ ਬੋਲਣ ਅਤੇ ਰਾਜ ਕਰਦੀ ਧਿਰ ਦੀ ਨੁਕਤਾਚੀਨੀ ਕਰਨ ਦੇ ਜਮਹੂਰੀ ਅਧਿਕਾਰਾਂ ਨੂੰ ਖੋਹਿਆ ਜਾ ਰਿਹਾ ਹੈ। ਦੇਸ਼ ਦੇ ਜਨਤਕ ਖੇਤਰ ਦੇ ਅਦਾਰੇ ਅਤੇ ਕੁਦਰਤੀ ਸਰੋਤ ਅਡਾਨੀ ਅੰਬਾਨੀ ਵਰਗੇ ਕਾਰਪੋਰੇਟ ਘਰਾਣਿਆਂ ਹਵਾਲੇ ਕੀਤੇ ਜਾ ਰਹੇ ਹਨ। ਪੰਜਾਬੀਆਂ ਅਤੇ ਖਾਸ ਕਰਕੇ ਸਿੱਖ ਭਾਈਚਾਰੇ ਨੂੰ ਸਾਰੇ ਦੇਸ਼ ਵਿੱਚ ਬਦਨਾਮ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲਾ ਅਤੇ ਬਲਦੇਵ ਸਿੰਘ ਪੰਡੋਰੀ ਨੇ ਕੇਂਦਰ ਅਤੇ ਪੰਜਾਬ ਸਰਕਾਰ ਤੋਂ ਮੰਗ ਕਰਦਿਆ ਕਿਹਾ ਕਿ ਕਿਸਾਨਾਂ ਦੀਆਂ ਖਰਾਬ ਹੋਈਆਂ ਫਸਲਾਂ ਲਈ ਤੁਰੰਤ ਮੁਆਵਜ਼ਾ ਦੇਣ ਅਤੇ ਬੇਦੋਸ਼ੇ ਅਤੇ ਸ਼ੱਕ ਅਧਾਰ 'ਤੇ ਫੜੇ ਲੋਕਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਰਾਜਧਾਨੀ ਪੰਜਾਬ ਦੇ ਹਵਾਲੇ ਕੀਤੀ ਜਾਵੇ, ਮਰ ਰਹੀ ਜਵਾਨੀ ਨੂੰ ਬਚਾਉਣ ਲਈ ਨਸ਼ਿਆਂ 'ਤੇ ਸਖਤ ਪਾਬੰਦੀ ਲਾਈ ਜਾਵੇ ਅਤੇ ਨਸ਼ੇ ਦੇ ਵਪਾਰੀਆਂ ਨੂੰ ਸਖਤ ਸਜ਼ਾਵਾਂ ਦਿੱਤੀਆਂ ਜਾਣ। ਇਸ ਮੌਕੇ ਕੁਲਦੀਪ ਸਿੰਘ, ਹਰਦੀਪ ਸਿੰਘ ਉਸਮਾ, ਅਸ਼ਵਨੀ ਕੁਮਾਰ, ਸਤਨਾਮ ਸਿੰਘ, ਨਿਰਮਲ ਸਿੰਘ ਤਰਨ ਤਾਰਨ, ਗੁਰਪ੍ਰੀਤ ਸਿੰਘ, ਪਿੰਕੂ ਨੌਰੰਗਾਬਾਦ, ਹਰਚਰਨ ਸਿੰਘ, ਕੁਲਵਿੰਦਰ ਸਿੰਘ ਪੰਡੋਰੀ, ਗੁਰਪ੍ਰਤਾਪ ਸਿੰਘ ਬਾਠ, ਸਰਵਨ ਸਿੰਘ ਦੇਉ, ਬੁੱਧ ਸਿੰਘ, ਗੁਰਭੇਜ ਸਿੰਘ ਪੱਖੋਕੇ,ਬਲਵਿੰਦਰ ਸਿੰਘ, ਦਿਲਬਾਗ ਸਿੰਘ ਬਾਗੜੀਆ, ਪਰਮਜੀਤ ਸਿੰਘ ਗੰਡੀਵਿੰਡ ਆਦਿ ਆਗੂ ਹਾਜ਼ਰ ਸਨ।

# ਪੰਜਾਬੀ ਵਿਦਿਆਰਥੀਆਂ ਦੀ ਵਿਦੇਸ਼ਾਂ ਵੱਲ ਹਿਜਰਤ ਘਾਤਕ ਸਿੱਧ ਹੋਵੇਗੀ: ਬਾਬਾ ਬਲਬੀਰ ਸਿੰਘ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਵੱਲੋਂ ਜਾਰੀ ਇੱਕ ਲਿਖਤੀ ਬਿਆਨ ਵਿੱਚ ਕਿਹਾ ਕਿ ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਪੰਜਾਬ ਵਿਚੋਂ ਵਿਦਿਆਰਥੀਆਂ ਦਾ ਵੱਡੀ ਪੱਧਰ 'ਤੇ ਪਰਵਾਸ ਕਰ ਜਾਣ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇੰਨੀ ਵੱਡੀ ਗਿਣਤੀ ਵਿੱਚ ਛੋਟੀ ਉਮਰੇ ਵਿਦਿਆਰਥੀਆਂ ਦਾ ਵਿਦੇਸ਼ ਜਾਣਾ ਬੱਚਿਆਂ ਵਾਸਤੇ ਮੁਸ਼ਕਲਾਂ ਪੈਦਾ ਕਰਦਾ ਹੈ ਅਤੇ ਮਾਪਿਆਂ ਵਾਸਤੇ ਵੀ ਕਾਫ਼ੀ ਮਹਿੰਗਾ ਸੌਦਾ ਹੈ। ਕਈ ਵਾਰ ਇਹ ਮਾਪਿਆਂ ਦੀ ਸਾਰੀ ਉਮਰ ਦੀ ਕਮਾਈ ਅਤੇ ਜਾਇਦਾਦ ਨੂੰ ਵੀ ਖਾ ਜਾਣ ਦਾ ਸਬਬ ਬਣ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਸੂਬੇ ਅੰਦਰ ਰੁਜ਼ਗਾਰ ਦੀ ਬੇਭੋਰਸਗੀ ਦਾ ਵਰਤਾਰਾ ਪੈਦਾ ਹੋ ਰਿਹਾ ਹੈ ਜਿਸ ਕਾਰਨ ਪ੍ਰਵਾਸ ਵੱਡੀ ਪੱਧਰ 'ਤੇ ਹੋ ਰਿਹਾ ਹੈ।

ਸੂਬੇ ਵਿਚੋਂ 10 ਹਜ਼ਾਰ ਤੋਂ 15 ਹਜ਼ਾਰ ਕਰੋੜ ਦਾ ਸਰਮਾਇਆ ਵਿਦੇਸ਼ ਗਿਆ ਜੋ ਲਗਾਤਾਰ ਜਾਰੀ ਹੈ। ਇਸ ਨਾਲ ਪੰਜਾਬ ਵਿੱਚ ਆਰਥਕ ਅਤੇ ਸਮਾਜਕ ਵਿਕਾਸ ਨੂੰ ਖੋਰਾ ਲੱਗਣਾ ਲਾਜ਼ਮੀ ਹੈ। ਉਨ੍ਹਾਂ ਮੌਜੂਦਾ ਸਰਕਾਰ ਨੂੰ ਚੇਤਾਵਨੀ ਦੇਂਦਿਆਂ ਕਿਹਾ ਕਿ ਪੰਜਾਬ ਬਿਰਧ ਘਰ ਬਣਦਾ ਜਾ ਰਿਹਾ ਹੈ। ਇਸ ਵਰਤਾਰੇ ਨੂੰ ਸਮਝਣ ਦੀ ਜ਼ਰੂਰਤ ਹੈ। ਇਸ ਵਾਸਤੇ ਪੰਜਾਬ ਸਰਕਾਰ ਨੀਤੀਗਤ ਫ਼ੈਸਲੇ ਰਾਹੀਂ ਏਥੇ ਹੀ ਰੁਜ਼ਗਾਰ ਦੇ ਸਰੋਤ ਪੈਦਾ ਕਰੇ ਅਤੇ ਸਵੈ-ਭਰੋਸਗੀ ਵਾਲਾ ਵਾਤਾਵਰਨ ਸਿਰਜਿਆ ਜਾਵੇ।

# ਖੇਡਾਂ 'ਚ ਸਰਕਾਰੀ ਪ੍ਰਾਇਮਰੀ ਸਕੂਲ ਮਦਾਰਪੁਰ ਦਾ ਨਾਂਅ ਚਮਕਾਉਣ ਵਾਲੇ ਵਿਦਿਆਰਥੀ ਸਨਮਾਨਤ



**ਪਠਾਨਕੋਟ, (ਦਵਿੰਦਰ ਸਿੰਘ)**-ਸਰਕਾਰੀ ਪ੍ਰਾਇਮਰੀ ਸਕੂਲ ਮਦਾਰਪੁਰ ਵਿਖੇ ਸੈਂਟਰ ਪੱਧਰੀ ਖੇਡਾਂ ਵਿੱਚ ਸਕੂਲ ਦਾ ਨਾਂਅ ਚਮਕਾਉਣ ਵਾਲੇ ਵਿਦਿਆਰਥੀਆਂ ਨੂੰ ਐਸਐਮਸੀ ਕਮੇਟੀ ਅਤੇ ਸਕੂਲ ਸਟਾਫ ਵੱਲੋਂ ਸਕੂਲ ਮੁਖੀ ਬਲਕਾਰ ਅੱਤਰੀ ਅਤੇ ਚੇਅਰਮੈਨ ਪੂਜਾ ਦੇਵੀ ਦੀ ਅਗਵਾਈ ਹੇਠ ਇੱਕ ਸਾਦਾ ਸਮਾਰੋਹ ਦਾ ਆਯੋਜਨ ਕਰ ਸਨਮਾਨ ਚਿੰਨ੍ਹ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਮਾਸਟਰ ਰਾਜੇਸ਼ ਕੁਮਾਰ ਵਲੋਂ ਆਏ ਹੋਏ ਮਹਿਮਾਨਾਂ ਅਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ। ਮਾਸਟਰ ਰਾਜੇਸ਼ ਕੁਮਾਰ ਨੇ ਦੱਸਿਆ ਕਿ ਪੰਜਵੀਂ ਜਮਾਤ ਦੇ ਅਬਦੁਲ ਨੇ ਗੋਲਾ ਸੁੱਟਣ 'ਚ ਸੈਂਟਰ ਵਿੱਚੋਂ ਪਹਿਲਾ, ਲੰਬੀ ਛਾਲ 'ਚ ਪਹਿਲਾ, ਕੁਸ਼ਤੀ ਵਿੱਚ ਪਹਿਲਾ, 400 ਮੀਟਰ ਦੌੜ ਵਿੱਚ ਦੂਜਾ, 200 ਮੀਟਰ ਦੌੜ 'ਚ ਦੂਜਾ ਸਥਾਨ ਹਾਸਲ ਕਰਨ ਦੇ ਨਾਲ ਨਾਲ ਖੋ-ਖੋ, ਕਬੱਡੀ ਅਤੇ ਰੱਸਾਕਸ਼ੀ ਟੀਮ ਵਿੱਚ ਜਗ੍ਹਾ ਬਣਾਈ ਹੈ, ਇਸੇ ਤਰ੍ਹਾਂ ਪੰਜਵੀਂ ਜਮਾਤ ਦੀ ਖੁਸ਼ੀ ਨੇ ਕੁੜੀਆਂ ਦੀ 200 ਮੀਟਰ ਦੌੜ ਵਿੱਚ ਪਹਿਲਾ, ਲੰਬੀ ਛਾਲ ਵਿੱਚ ਪਹਿਲਾ, 400 ਮੀਟਰ ਦੌੜ ਵਿੱਚ ਦੂਜਾ ਅਤੇ ਗੋਲਾ ਸੁੱਟਣ ਵਿੱਚ ਦੂਜਾ ਸਥਾਨ ਪ੍ਰਾਪਤ ਕਰਨ ਦੇ ਨਾਲ ਨਾਲ ਸੈਂਟਰ ਪੱਧਰੀ ਖੋ-ਖੋ ਟੀਮ ਵਿੱਚ ਜਗ੍ਹਾ ਬਣਾਈ ਹੈ। ਪੰਜਵੀਂ ਜਮਾਤ ਦੀ ਮੀਰਾ ਨੇ 100 ਮੀਟਰ ਦੌੜ ਵਿੱਚ ਪਹਿਲਾ ਸਥਾਨ ਹਾਸਲ ਕਰਨ ਦੇ ਨਾਲ ਨਾਲ ਖੋ-ਖੋ ਅਤੇ ਰੱਸਾਕਸ਼ੀ ਟੀਮ ਵਿੱਚ ਜਗ੍ਹਾ ਬਣਾਈ ਹੈ, ਪੰਜਵੀਂ ਜਮਾਤ ਦੀ ਲੀਜ਼ਾ ਨੇ ਕੱਬਡੀ ਅਤੇ ਰੱਸਾਕਸ਼ੀ ਟੀਮ ਵਿੱਚ ਜਗ੍ਹਾ ਬਣਾਈ ਹੈ, ਜਦਕਿ ਪੰਜਵੀਂ ਜਮਾਤ ਦੇ ਹਨੀ ਨੇ ਖੋ-ਖੋ ਟੀਮ ਵਿੱਚ ਜਗ੍ਹਾ ਬਣਾ ਕੇ ਸਕੂਲ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਵਿਦਿਆਰਥੀਆਂ ਨੂੰ ਐਸਐਮਸੀ ਕਮੇਟੀ ਅਤੇ ਸਕੂਲ ਸਟਾਫ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਰਜਨੀ ਦੇਵੀ, ਵੀਰ ਸਿੰਘ, ਮਾਨਸੀ, ਹਰਸਾ, ਦਿਵਿਆਂਸ਼ੂ, ਸਤੀਸ਼ ਕੁਮਾਰ, ਕਮਲੇਸ਼ ਦੇਵੀ, ਹੇਮਾ, ਪਰਮਜੀਤ, ਰਿੰਪੀ, ਹੇਮਾ, ਜੀਵਨ ਜੋਤੀ ਆਦਿ ਹਾਜ਼ਰ ਸਨ।

# ਸਿੱਖਿਆ ਕ੍ਰਾਂਤੀ ਰੈਲੀ ਲਈ ਪਿੰਡ ਥੇਹ ਗੁਲਾਮ ਨਬੀ ਤੋਂ ਵੱਡਾ ਕਾਫਲਾ ਰਵਾਨਾ



**ਨੌਸ਼ਹਿਰਾ ਮੱਝਾ ਸਿੰਘ (ਸਤਨਾਮ ਸਿੰਘ ਕਿਰਤੀ**- ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪੰਜਾਬ ਸਿੱਖਿਆ ਕ੍ਰਾਂਤੀ ਰੈਲੀ ਵਿੱਚ ਹਿੱਸਾ ਲੈਣ ਲਈ ਪਾਰਟੀ ਹੁਕਮਾਂ ਤਹਿਤ ਪਿੰਡ ਥੇਹ ਗੁਲਾਮ ਨਬੀ ਤੋਂ ਇਕ ਵੱਡਾ ਜਥਾ ਪਹੁੰਚਿਆ।

ਪਿੰਡ ਥੇ ਗੁਲਾਮ ਨਬੀ ਤੋਂ ਆਪ ਦੇ ਸੀਨੀਅਰ ਆਗੂ ਹੈਪੀ ਮਸੀਹ ਮੋਮਨ ਅਤੇ ਅਜੈ ਮਸੀਹ ਜੈਕਸ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸਿੱਖਿਆ ਕ੍ਰਾਂਤੀ ਵੱਲ ਇੱਕ ਹੋਰ ਇਤਿਹਾਸਕ ਕਦਮ ਚੁੱਕਿਆ ਗਿਆ ਹੈ, ਜੋ ਸਿੱਖਿਆ ਖੇਤਰ ਵਿੱਚ ਨਵਾਂ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਵਿਧਾਇਕ ਬਟਾਲਾ ਅਮਨਸ਼ੇਰ ਸਿੰਘ (ਸ਼ੈਰੀ ਕਲਸੀ) ਦੇ ਦਿਸ਼ਾ ਨਿਰਦੇਸ਼ਾਂ ਹੇਠ ਸ੍ਰੀ ਅੰਮ੍ਰਿਤਸਰ ਵਿਖੇ ਹੋਈ ਸਿੱਖਿਆ ਕ੍ਰਾਂਤੀ ਰੈਲੀ ਵਿੱਚ ਵਿਧਾਨ ਸਭਾ ਹਲਕਾ ਬਟਾਲਾ ਤੋਂ 40 ਬੱਸਾਂ ਅਤੇ 150 ਕਾਰਾਂ ਦਾ ਕਾਫਲਾ ਗਿਆ ਸੀ ਅਤੇ ਸਾਰੇ ਸਾਥੀਆਂ ਨੇ ਆਪਣੇ ਮਹਿਬੂਬ ਨੇਤਾਵਾਂ ਦੇ ਪੰਜਾਬ ਦੀ ਤਰੱਕੀ ਤੇ ਖੁਸ਼ਹਾਲੀ ਲਈ ਵਿਚਾਰ ਸੁਣੇ। ਪੰਜਾਬ ਦੇ ਪਹਿਲੇ ਸਕੂਲ ਆਫ ਐਮੀਨੈਂਸ ਦਾ ਉਦਘਾਟਨ ਆਮ ਆਦਮੀ ਪਾਰਟੀ ਦੇ ਕਨਵੀਨਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ ਨੰਬਰਦਾਰ, ਸੁਨੀਤਾ ਮਹਿਲਾ ਵਰਗ, ਗੁਰਪ੍ਰੀਤ ਸਿੰਘ ਧਾਰੀਵਾਲ ਆਦਿ ਹਾਜ਼ਰ ਸਨ।

# ਸ਼ੀਤਲਾ ਮਾਤਾ ਮੰਦਰ ਕਮੇਟੀ ਵੱਲੋਂ ਸਾਲਾਨਾ ਜਾਗਰਣ ਤੇ ਭੰਡਾਰਾ ਅੱਜ ਤੇ ਭਲਕੇ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਥਾਨਕ ਕਸਬੇ ਦੀ ਦਾਣਾ ਮੰਡੀ ਸਥਿਤ ਪੁਰਾਤਨ ਸ਼ੀਤਲਾ ਮਾਤਾ ਮੰਦਰ ਵਿਖੇ ਵੈਸਨੋ ਭਜਨ ਮੰਡਲੀ ਸ਼ੀਤਲਾ ਵੈੱਲਫੇਅਰ ਲੋਕ ਹਿੱਤ ਸੁਸਾਇਟੀ ਰਜਿ; ਡੇਰਾ ਬਾਬਾ ਨਾਨਕ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾ ਇਸ ਵਾਰ ਵੀ 52ਵਾਂ ਸਾਲਾਨਾ ਜਾਗਰਣ ਤੇ ਭੰਡਾਰਾ 17 ਸਤੰਬਰ ਨੂੰ ਬੜੀ ਸ਼ਰਧਾ ਨਾਲ ਕਰਵਾਇਆ ਜਾਵੇਗਾ। ਇਸ ਮੌਕੇ ਸ਼ੀਤਲਾ ਮਾਤਾ ਮੰਦਰ ਦੇ ਮੁੱਖ ਪੁਜਾਰੀ ਪੰਡਿਤ ਬਹੁਵਨ ਸ਼ਾਸਤਰੀ ਨੇ ਦੱਸਿਆ ਕਿ 16 ਸਤੰਬਰ ਨੂੰ ਸੀਤਲਾ ਮਾਤਾ ਮੰਦਰ ਵਿਖੇ ਸ੍ਰੀ ਰਮਾਇਣ ਜੀ ਦੇ ਪਾਠ ਆਰੰਭ ਕਰਵਾਏ ਜਾਣਗੇ। 17 ਸਤੰਬਰ ਦਿਨ ਐਤਵਾਰ ਨੂੰ ਦੁਪਿਹਰ 12 ਵਜੇ ਸ੍ਰੀ ਰਮਾਇਣ ਜੀ ਦੇ ਪਾਠ ਦੇ ਭੋਗ ਪੈਣ ਉਪਰੰਤ ਮੰਦਰ ਦੀ ਮਹਿਲਾ ਕੀਰਤਨ ਮੰਡਲੀ ਵਲੋਂ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ । ਇਸ ਮੌਕੇ ਸੰਗਤਾਂ ਲਈ ਲੰਗਰ ਭੰਡਾਰਾ ਅਤੁੱਟ ਵਰਤਾਇਆ ਜਾਵੇਗਾ । ਮੰਦਰ ਵਿਖੇ ਰਾਤ ਨੂੰ 9 ਵਜੇ ਜਾਗਰਣ ਆਰੰਭ ਕੀਤਾ ਜਾਵੇਗਾ, ਜਿਸ 'ਚ ਸੂਫੀ ਕਲਾਕਾਰ ਪ੍ਰੋਫੈਸਰ ਅਲਮਸਤ ਸੋਨੂੰ ਐਂਡ ਪਾਰਟੀ ਦੀਨਾਨਗਰ ਵਾਲੇ ਅਤੇ ਵਾਇਸ ਆਫ ਪੰਜਾਬ ਗਾਇਕ ਅਰੁਣ ਕੁਮਾਰ ਮਹਾਮਾਈ ਦੀਆਂ ਭੇਟਾਂ ਗਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਉਨ੍ਹਾਂ ਕਿਹਾ ਕਿ ਜਾਗਰਣ ਤੇ ਭੰਡਾਰੇ ਦਾ ਸਿੱਧਾ ਪ੍ਰਸਾਰਨ ਪੰਜਾਬ ਮੋਗਾ ਲਾਇਵ 'ਤੇ ਦਿਖਾਇਆ ਜਾਵੇਗਾ।

# ਸਿਵਲ ਸਰਜਨ ਵੱਲੋਂ ਸੀ ਐਚ ਸੀ ਸਰਹਾਲੀ ਦੀ ਅਚਨਚੇਤ ਚੈਕਿੰਗ



**ਚੋਹਲਾ ਸਾਹਿਬ (ਰਮਨ ਚੱਡਾ,ਹਰਪ੍ਰੀਤ ਸਿੰਘ)**-ਕਮਿਊਨਿਟੀ ਹੈੱਲਥ ਸੈਂਟਰ ਸਰਹਾਲੀ ਕਲਾਂ ਦੀ ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਵੱਲੋਂ ਅਚਨਚੇਤ ਚੈਕਿੰਗ ਕੀਤੀ ਗਈ। ਸਿਵਲ ਸਰਜਨ ਤਰਨ ਤਾਰਨ ਡਾਕਟਰ ਗੁਰਪ੍ਰੀਤ ਸਿੰਘ ਰਾਏ ਵੱਲੋਂ ਸਭ ਤੋਂ ਪਹਿਲਾਂ ਦਫਤਰ ਵਿਖੇ ਪਹੁੰਚੇ ਸਮੂਹ ਸਟਾਫ ਦੀ ਹਾਜ਼ਰੀ ਚੈਕਿੰਗ ਕੀਤੀ ਤੇ ਸਮੂਹ ਸਟਾਫ ਸਮੇਂ ਸਿਰ ਆਪਣੀ ਡਿਊਟੀ 'ਤੇ ਹਾਜ਼ਰ ਪਾਇਆ ਗਿਆ। ਇਸ ਤੋਂ ਬਾਅਦ ਡਾ. ਗੁਰਪ੍ਰੀਤ ਸਿੰਘ ਰਾਏ ਵੱਲੋਂ ਸਮੂਹ ਸਟਾਫ ਨੂੰ ਸਖਤ ਹਦਾਇਤ ਕੀਤੀ ਗਈ ਕਿ ਉਹ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਸਕੀਮਾਂ ਦਾ ਲਾਭ ਲਾਭਪਾਤਰੀ ਨੂੰ ਸਮੇਂ ਸਿਰ ਪਹੁੰਚਾਉਣ। ਇਸ ਸਮੇਂ ਡਾ. ਰਾਏ ਨੇ ਦੱਸਿਆ ਕਿ ਡਾ. ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐਚ ਸੀ ਸਰਹਾਲੀ ਬਹੁਤ ਵਧੀਆ ਸੇਵਾਵਾਂ ਨਿਭਾ ਰਹੇ ਹਨ ਅਤੇ ਸਮੂਹ ਸਟਾਫ ਵੱਲੋਂ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾਈ ਜਾ ਰਹੀ ਹੈ। ਇਸ ਸਮੇ ਸਿਵਲ ਸਰਜਨ ਡਾਕਟਰ ਰਾਏ ਵੱਲੋਂ ਐਮਰਜੈਂਸੀ ਸੇਵਾਵਾਂ ਦੀ ਵੀ ਚੈਕਿੰਗ ਕੀਤੀ ਅਤੇ ਹਾਜ਼ਰ ਸਟਾਫ ਨੂੰ ਹਦਾਇਤ ਕੀਤੀ ਕਿ ਉਹ ਮਰੀਜ਼ਾਂ ਦਾ ਬਾਖੂਬੀ ਧਿਆਨ ਰੱਖਦੇ ਹੋਏ ਉਨ੍ਹਾਂ ਦਾ ਵਧੀਆ ਢੰਗ ਨਾਲ ਇਲਾਜ ਕਰਨ।

ਇਸ ਸਮੇਂ ਡਾ. ਜਗਜੀਤ ਸਿੰਘ, ਹਰਦੀਪ ਸਿੰਘ ਸੰਧੂ ਬੀਈਈ, ਪ੍ਰਧਾਨ ਅਵਤਾਰ ਸਿੰਘ, ਹਰਦੀਪ ਸਿੰਘ ਸੰਧੂ ਬੀ ਈ ਈ, ਹੈਲਥ ਇੰਸਪੈਕਟਰ ਬਿਹਾਰੀ ਲਾਲ, ਜਸਕੀਰਤ ਸਿੰਘ ਫਾਰਮੇਸੀ ਅਫਸਰ, ਰੇਡੀਓਗ੍ਰਾਫਰ ਗੁਰਭੇਜ ਸਿੰਘ, ਐੱਲਐੱਚਵੀ ਸਵਿੰਦਰ ਕੌਰ, ਐੱਲਐੱਚਵੀ ਸੁਰਿੰਦਰ ਕੌਰ, ਏਐੱਨਐੱਮ ਜਸਪ੍ਰੀਤ ਕੌਰ, ਡਰਾਈਵਰ ਬਲਵਿੰਦਰ ਸਿੰਘ ਲੱਡੂ, ਤੇਜਿੰਦਰ ਸਿੰਘ ਵਾਰਡ ਅਟੈਂਡਡ ਆਦਿ ਹਾਜ਼ਰ ਸਨ।

# ਪਿੰਡ ਨਵਾਂ ਨੌਸ਼ਹਿਰਾ ਦੀ ਗਰਾਮ ਪੰਚਾਇਤ ਨੇ ਖਿਡਾਰੀਆਂ ਨੂੰ ਕਿੱਟਾਂ ਵੰਡੀਆਂ



**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ ਬਲਾਕ ਅੰਦਰ ਪੈਂਦੇ ਪਿੰਡ ਨਵਾਂ ਨੌਸ਼ਹਿਰਾ ਦੀ ਗਰਾਮ ਪੰਚਾਇਤ ਦੀ ਸਰਪੰਚ ਕਮਲੇਸ਼ ਕੁਮਾਰੀ ਨੇ ਆਪਣੇ ਮੈਂਬਰ ਸਾਥੀਆਂ ਸਮੇਤ ਖਿਡਾਰੀਆਂ ਨੂੰ ਵਾਲੀਬਾਲ ਕਿੱਟਾਂ ਵੰਡੀਆਂ। ਸਰਪੰਚ ਕਮਲੇਸ਼ ਕੁਮਾਰੀ ਅਤੇ ਉਸ ਦੇ ਪਤੀ ਪ੍ਰੇਮ ਲਾਲ ਨੇ ਖਿਡਾਰੀਆਂ ਨੂੰ ਕਿਹਾ ਕਿ ਉਹ ਪੜਾਈ ਦੇ ਨਾਲ ਨਾਲ ਖੇਡਾਂ ਨੂੰ ਤਵੱਜੋਂ ਦੇਣ ਤਾਂ ਜੋ ਨਸ਼ਿਆਂ ਤੋਂ ਦੂਰ ਰਹਿ ਕੇ ਨਿਰੋਏ ਸਮਾਜ ਦੀ ਸਿਰਜਣਾ ਹੋ ਸਕੇ। ਉਨ੍ਹਾਂ ਨੇ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵਲੋਂ ਵਿੱਢੀ ਗਈ ਮੁਹਿਮ ਤਹਿਤ ਪਿੰਡਾਂ ਅੰਦਰ ਨਸ਼ਾ ਛੁਡਾਊ ਕੈਂਪ ਥਾਣਾ ਮੁਖੀ ਪੁਰਾਣਾ ਸ਼ਾਲਾ ਹਰਮਿੰਦਰ ਸਿੰਘ ਦੀ ਅਗਵਾਈ ਹੇਠ ਲਗਾਏ ਜਾ ਰਹੇ ਹਨ। ਨੌਜਵਾਨਾਂ ਨੇ ਗਰਾਮ ਪੰਚਾਇਤ ਨੂੰ ਭਰੋਸਾ ਦਿਵਾਇਆ ਕਿ ਖੇਡਾਂ ਦੇ ਨਾਲ ਨਾਲ ਪੜਾਈ ਅਪਨਾਉਣ ਵਿਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਇਸ ਮੌਕੇ ਉਨ੍ਹਾਂ ਨਾਲ ਪਿੰਡ ਦੇ ਮੈਂਬਰ ਤੇ ਮੋਹਤਵਾਰ ਵਿਅਕਤੀ ਹਾਜ਼ਰ ਸਨ।

# 'ਕਾਰਪੋਰੇਟ ਭਜਾਓ, ਮੋਦੀ ਹਰਾਓ' ਏਜੰਡੇ ਤਹਿਤ ਬਟਾਲਾ 'ਚ ਕਾਨਫਰੰਸ ਅੱਜ




**ਬਟਾਲਾ (ਤਰਲੋਕ ਬੱਗਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਸੂਬਾਈ ਆਗੂ ਕਾਮਰੇਡ ਸ਼ਮਸ਼ੇਰ ਸਿੰਘ ਨਵਾਂ ਪਿੰਡ ਅਤੇ ਤਹਿਸੀਲ ਕਮੇਟੀ ਮੈਂਬਰ ਕਾਮਰੇਡ ਜਗੀਰ ਸਿੰਘ ਕਿਲਾ ਲਾਲ ਸਿੰਘ ਨੇ ਸਾਂਝੇ ਪੈਸ ਬਿਆਨ ਵਿੱਚ ਦੱਸਿਆ ਕਿ ਮੋਦੀ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਵਿਰੁੱਧ ਲਾਮਬੰਦੀ ਕਰਕੇ ਕੇਂਦਰ ਦੀ ਲੋਕ ਵਿਰੋਧੀ ਸਰਕਾਰ ਨੂੰ ਗੱਦੀਓਂ ਲਾਹੁਣ ਲਈ ਪਾਰਟੀ ਵਲੋਂ ਲੋਕ ਪੱਖੀ ਰਾਜਸੀ ਬਦਲ ਉਸਾਰਨ ਲਈ ਕਾਰਪੋਰੇਟ ਭਜਾਓ, ਮੋਦੀ ਹਰਾਓ ਏਜੰਡੇ ਤਹਿਤ ਸੂਬੇ ਭਰ ਵਿੱਚ ਰਾਜਨੀਤਕ ਕਾਨਫਰੰਸਾਂ ਕੀਤੀਆਂ ਜਾ ਰਹੀਆਂ ਹਨ ਅਤੇ ਇਸੇ ਫੈਸਲੇ ਨੂੰ ਲਾਗੂ ਕਰਦੇ ਹੋਏ ਆਰ ਐਮ ਪੀ ਆਈ ਤਹਿਸੀਲ ਕਮੇਟੀ ਬਟਾਲਾ ਵਲੋਂ 16 ਸਤੰਬਰ ਨੂੰ ਰਾਇਲ ਰਿਜ਼ੋਰਟ ਕਿਲਾ ਲਾਲ ਸਿੰਘ 'ਚ ਰਾਜਨੀਤਕ ਕਾਨਫਰੰਸ ਕੀਤੀ ਜਾ ਰਹੀ ਹੈ ਜਿਸ ਨੂੰ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਪਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਘਬੀਰ ਸਿੰਘ ਪਕੀਵਾਂ ਅਤੇ ਹੋਰ ਜ਼ਿਲ੍ਹਾ ਆਗੂ ਸੰਬੋਧਨ ਕਰਨਗੇ। ਕਾਮਰੇਡ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਨਵਉਦਾਰਵਾਦੀ ਨੀਤੀਆਂ ਕਾਰਨ ਦੇਸ਼ ਅੰਦਰ ਮਹਿੰਗਾਈ, ਬੇਰੁਜ਼ਗਾਰੀ, ਕੰਗਾਲੀ, ਭ੍ਰਿਸ਼ਟਾਚਾਰ 'ਚ ਵਾਧਾ ਹੋਇਆ ਹੈ ਅਤੇ ਘੱਟ ਗਿਣਤੀਆਂ ਵਿਸ਼ੇਸ਼ ਕਰਕੇ ਮੁਸਲਮਾਨਾਂ ਤੇ ਈਸਾਈਆਂ 'ਤੇ ਲਗਾਤਾਰ ਹਮਲੇ ਕੀਤੇ ਜਾ ਰਹੇ ਹਨ। ਦੇਸ਼ ਦੇ ਧਰਮ ਨਿਰਪੱਖ ਤਾਣੇ-ਬਾਣੇ ਨੂੰ ਤੋੜਨ ਲਈ ਸੰਵਿਧਾਨ 'ਤੇ ਹਮਲੇ ਕੀਤੇ ਜਾ ਰਹੇ ਹਨ ਅਤੇ ਪੰਜਾਬ ਨਾਲ ਲਗਾਤਾਰ ਧੱਕੇ ਕੀਤੇ ਜਾ ਰਹੇ ਹਨ। ਚੰਡੀਗੜ੍ਹ ਪੰਜਾਬ ਨੂੰ ਨਾ ਦੇਣਾ, ਦਰਿਆਈ ਪਾਣੀਆਂ ਦਾ ਮਸਲਾ ਨਾ ਹੱਲ ਕਰਨਾ, ਪੰਜਾਬੀ ਬੋਲਦੇ ਇਲਾਕੇ ਪੰਜਾਬ 'ਚ ਸ਼ਾਮਲ ਨਾ ਕਰਨਾ ਸੂਬੇ ਦੇ ਲੋਕਾਂ ਨਾਲ ਧੱਕਾ ਹੈ ਪਰ ਭਗਵੰਤ ਮਾਨ ਸਰਕਾਰ ਪੰਜਾਬ ਦੇ ਹਿਤਾਂ ਦੀ ਰਾਖੀ ਕਰਨ ਲਈ ਸੰਜੀਦਾ ਨਹੀਂ।

ਇਨ੍ਹਾਂ ਸਾਰੇ ਮੁੱਦਿਆਂ ਨੂੰ ਲੈ ਕੇ ਕੀਤੀ ਜਾ ਰਹੀ ਰਾਜਨੀਤਕ ਕਾਨਫਰੰਸ ਦੀ ਤਿਆਰੀ ਮੁਕੰਮਲ ਹੋ ਚੁੱਕੀ ਹੈ, ਜਿਸ ਵਿੱਚ ਵੱਡੀ ਕਿਰਤੀ ਲੋਕ ਸ਼ਾਮਲ ਹੋਣਗੇ।

# ਜੇ ਆਰ ਐੱਸ ਡੀਏਵੀ ਪਬਲਿਕ ਸਕੂਲ 'ਚ ਹਿੰਦੀ ਦਿਵਸ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਭਾਸ਼ਾ ਦਾ ਸਾਡੀ ਜ਼ਿੰਦਗੀ 'ਚ ਬਹੁਤ ਮਹੱਤਵ ਹੈ। ਇਹ ਇੱਕ ਅਜਿਹਾ ਸੰਚਾਰ ਦਾ ਸਾਧਨ ਹੈ,ਜਿਸ ਰਾਹੀਂ ਮਨੁੱਖ ਆਪਣੇ ਮਨ ਦੀ ਗੱਲ ਅਸਾਨੀ ਨਾਲ ਸਮਝਾ ਸਕਦਾ ਹੈ। ਰਾਸਟਰੀ ਭਾਸ਼ਾ ਸਾਰੇ ਰਾਸ਼ਟਰ ਨੂੰ ਇੱਕ ਲੜੀ ਵਿੱਚ ਪ੍ਰੋਣ ਦਾ ਕੰਮ ਕਰਦੀ ਹੈ। ਪਦਮ ਸ੍ਰੀ ਐਵਾਰਡ ਨਾਲ ਨਿਵਾਜੇ ਆਰਿਆ ਰਤਨ ਡਾਕਟਰ ਪੂਨਮ ਸੂਰੀ ਪ੍ਰਧਾਨ ਡੀ ਏ ਵੀ ਕਾਲਜ ਪ੍ਰਬੰਧਕ ਕਮੇਟੀ, ਆਰਿਆ ਪ੍ਰਦੇਸ਼ਕ ਪ੍ਰਤੀਨਿਧੀ ਸਭਾ ਨਵੀਂ ਦਿੱਲੀ ਅਤੇ ਆਰਿਆ ਪ੍ਰਦੇਸ਼ਕ ਉਪ-ਸਭਾ ਪੰਜਾਬ ਦੇ ਪ੍ਰਧਾਨ ਡਾਕਟਰ ਜੇ ਪੀ ਸੂਰ ਦੇ ਦਿਸ਼ਾ ਨਿਰਦੇਸ਼ਨ, ਚੇਅਰਮੈਨ ਮਹੇਸ਼ ਚੋਪੜਾ, ਪੰਜਾਬ ਜ਼ੋਨ- ਏ ਦੇ ਖੇਤਰੀ ਅਧਿਕਾਰੀ ਡਾਕਟਰ ਨੀਲਮ ਕਾਮਰਾ, ਸਕੂਲ ਮੈਨੇਜਰ ਨੀਰਾ ਸ਼ਰਮਾ ਅਤੇ ਜੇ ਆਰ ਐਸ ਡੀ ਏ ਵੀ ਪਬਲਿਕ ਸਕੂਲ ਝਬਾਲ ਦੇ ਪ੍ਰਿੰਸੀਪਲ ਅਸ਼ਵਨੀ ਕੁਮਾਰ ਦੀ ਯੋਗ ਅਗਵਾਈ 'ਚ 14 ਸਤੰਬਰ ਦਿਨ ਨੂੰ ਜੇ ਆਰਐੱਸ ਡੀਏਵੀ ਪਬਲਿਕ ਸਕੂਲ ਝਬਾਲ ਵਿਖੇ ਹਿੰਦੀ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਹਿੰਦੀ ਅਧਿਆਪਕਾ ਰੰਜੂ ਸਚਦੇਵਾ ਦੀ ਯੋਗ ਅਗਵਾਈ 'ਚ ਬੱਚਿਆਂ ਨੇ ਗੀਤ, ਸਲੋਗਨ, ਭਜਨ ਤੇ ਡਾਂਸ ਪ੍ਰਸਤੁਤ ਕੀਤੇ। ਸਕੂਲ ਅਧਿਆਪਕਾਵਾਂ ਸੋਨੀਆ ਸ਼ਰਮਾ, ਮਨਪ੍ਰੀਤ ਕੌਰ, ਪੂਜਾ ਭਗਤ ਤੇ ਨੈਨਾ ਸ਼ਰਮਾ ਨੇ ਸੰਗੀਤ ਅਧਿਆਪਕਾ ਕੁਮਾਰੀ ਤਪੱਸਿਆ ਦੀ ਯੋਗ ਅਗਵਾਈ ਵਿੱਚ ਕਬੀਰ ਜੀ ਤੇ ਰਹੀਮ ਜੀ ਦੇ ਦੋਹੇ ਗਾਏ, ਜਿਸ ਵਿੱਚ ਉਨ੍ਹਾਂ ਦਾ ਤਬਲੇ 'ਤੇ ਸਾਥ ਸੱਤਵੀਂ ਜਮਾਤ ਦੇ ਵਿਦਿਆਰਥੀ ਅਨਮੋਲ ਸਿੰਘ ਨੇ ਦਿੱਤਾ। ਇਸ ਮੌਕੇ ਸਕੂਲ ਪ੍ਰਿੰ.ਅਸ਼ਵਨੀ ਨੇ ਬੱਚਿਆਂ ਨੂੰ ਹਿੰਦੀ ਦਿਵਸ ਦੀ ਵਧਾਈ ਦਿੱਤੀ।

ੴ ਵਾਹਿਗੁਰੂ ਜੀ ਕੀ ਫ਼ਤਹ॥

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ

ਪਹਿਲਾ ਪ੍ਰਕਾਸ਼ ਗੁਰਪੁਰਬ

ਭਾਦੋਂ ਸੁਦੀ ੧ ਮੁਤਾਬਿਕ ੩੧ ਭਾਦੋਂ, ਸੰਮਤ ਨਾਨਕਸ਼ਾਹੀ ੫੫੫ (16 ਸਤੰਬਰ, 2023)

ਇਸ ਪਾਵਨ ਦਿਹਾੜੇ ਦੀਆਂ ਦੇਸ਼ ਵਿਦੇਸ਼ ਦੀ ਸੰਗਤ ਨੂੰ

ਹਾਰਦਿਕ ਵਧਾਈਆਂ

ਅੱਜ ਦੇ ਦਿਨ ਭਾਦੋਂ ਸੁਦੀ ੧, ਸੰਮਤ ੧੬੬੧ (ਸੰਨ 1604) ਨੂੰ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਕੀਤਾ ਸੀ। ਇਹ ਦਿਹਾੜਾ ਸੰਗਤਾਂ ਵੱਲੋਂ ਹਰ ਸਾਲ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ 'ਤੇ ਸਮੂਹ ਸੰਗਤ ਨੂੰ ਅਪੀਲ ਹੈ ਕਿ ਆਓ, ਗੁਰਬਾਣੀ ਦੀਆਂ ਮੁੱਲਵਾਨ ਸਿੱਖਿਆਵਾਂ ਨੂੰ ਆਪਣੇ ਹਿਰਦੇ ਵਿਚ ਵਸਾਈਏ ਅਤੇ ਗੁਰਮਤਿ ਆਸ਼ੇ ਅਨੁਸਾਰ ਜੀਵਨ ਸੇਧਾਂ ਨਿਰਧਾਰਤ ਕਰੀਏ।

-ਗੁਰੂ ਪੰਥ ਦਾ ਦਾਸ-

ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ

ਜਾਰੀ ਕਰਤਾ: ਮੈਨੇਜਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

16-Sep-PAGE-4.qxd 9/15/2023 9:27 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 16 ਸਤੰਬਰ 2023

# ਪਰਨਾਲਾ ਉੱਥੇ ਦਾ ਉੱਥੇ

*ਜੀ-20 ਸਿਖਰ ਸੰਮੇਲਨ ਦੇ ਐਲਾਨਨਾਮੇ ਵਿੱਚ ਦਰਜ ਸੰਕਲਪਾਂ ਦੀ ਗੱਲ ਕਰੀਏ ਤਾਂ ਇਸ 'ਤੇ ਇਹ ਕਹਾਵਤ ਪੂਰੀ ਢੁੱਕਦੀ ਹੈ ਕਿ ਪੰਚਾਂ ਦਾ ਕਿਹਾ ਸਿਰ ਮੱਥੇ, ਪਰਨਾਲਾ ਉੱਥੇ ਦਾ ਉੱਥੇ। ਵਾਤਾਵਰਨ ਸੁਰੱਖਿਆ ਬਾਰੇ ਇਸ ਦਾ ਹਾਲ ਇਹ ਹੈ ਕਿ ਇਸ ਦੇ ਹਰ ਸਿਖ਼ਰ ਸੰਮੇਲਨ ਤੋਂ ਬਾਅਦ ਹਾਲਾਤ ਬਦ ਤੋਂ ਬਦਤਰ ਹੁੰਦੇ ਜਾ ਰਹੇ ਹਨ। ਇਸ ਵਾਰ ਦੀ ਗਰਮੀ ਦੀ ਰੁੱਤ ਨੇ ਤਪਸ਼ ਦੇ ਪਿਛਲੇ ਸਾਰੇ ਰਿਕਾਰਡ ਤੋੜ ਦਿੱਤੇ ਸਨ।*

*ਭਾਰਤ, ਜਿਹੜਾ ਜੀ-20 ਸਿਖਰ ਸੰਮੇਲਨ ਦਾ ਮੇਜ਼ਬਾਨ ਸੀ, ਦੇ ਸੱਤਾਧਾਰੀਆਂ ਦੀ ਰਾਜਨੀਤੀ ਦਾ ਮੁੱਖ ਏਜੰਡਾ ਫਿਰਕੂ ਕਤਾਰਬੰਦੀ ਤੇ ਨਫ਼ਰਤ ਫੈਲਾ ਕੇ ਸਮਾਜ ਨੂੰ ਤੋੜਨਾ ਰਿਹਾ ਹੈ। ਸਾਰੇ ਜਨ ਪ੍ਰਚਾਰ ਸਾਧਨਾਂ 'ਤੇ ਕਬਜ਼ਾ ਕਰਕੇ ਇਸ ਨੇ ਪ੍ਰਗਟਾਵੇ ਦੀ ਅਜ਼ਾਦੀ ਨੂੰ ਪੂਰੀ ਤਰ੍ਹਾਂ ਨਕੇਲ ਪਾਈ ਹੋਈ ਹੈ। ਇਸ ਦੇ ਉਲਟ ਸਿਖਰ ਸੰਮੇਲਨ ਵਿੱਚ ਢੋਲ-ਢਮੱਕੇ ਨਾਲ ਧਾਰਮਕ ਸਦਭਾਵਨਾ ਤੇ ਪ੍ਰਗਟਾਵੇ ਦੀ ਅਜ਼ਾਦੀ ਦੇ ਹੱਕ ਵਿੱਚ ਆਪਣੀ ਪ੍ਰਤੀਬੱਧਤਾ ਪ੍ਰਗਟ ਕੀਤੀ ਗਈ ਹੈ।*

*ਐਲਾਨਨਾਮੇ ਵਿੱਚ ਲਿਖਿਆ ਗਿਆ ਹੈ, "ਅਸੀਂ ਸੰਯੁਕਤ ਰਾਸ਼ਟਰ ਦੇ ਮਤੇ, ਵਿਸ਼ੇਸ਼ ਰੂਪ ਵਿੱਚ ਧਾਰਮਿਕ ਤੇ ਸੱਭਿਆਚਾਰਕ ਵਖਰੇਵਿਆਂ, ਸੰਵਾਦ ਤੇ ਸਹਿਣਸ਼ੀਲਤਾ ਪ੍ਰਤੀ ਸਨਮਾਨ ਨੂੰ ਵਧਾਉਣ ਦੀ ਆਪਣੀ ਪ੍ਰਤੀਬੱਧਤਾ ਨੂੰ ਦੁਹਰਾਉਂਦੇ ਹਾਂ। ਅਸੀਂ ਇਸ ਗੱਲ ਉੱਤੇ ਜ਼ੋਰ ਦਿੰਦੇ ਹਾਂ ਕਿ ਧਰਮ ਜਾਂ ਆਸਥਾ ਦੀ ਅਜ਼ਾਦੀ, ਵਿਚਾਰ ਜਾਂ ਪ੍ਰਗਟਾਵੇ ਦੀ ਅਜ਼ਾਦੀ, ਸ਼ਾਂਤੀਪੂਰਨ ਇਕੱਠ ਦਾ ਅਧਿਕਾਰ ਤੇ ਮੇਲ-ਮਿਲਾਪ ਦੀ ਅਜ਼ਾਦੀ ਦਾ ਅਧਿਕਾਰ ਇੱਕ-ਦੂਜੇ ਦੇ ਪੂਰਕ ਤੇ ਆਪਸੀ ਤੌਰ 'ਤੇ ਮਜ਼ਬੂਤ ਹਨ। ਅਸੀਂ ਉਸ ਭੂਮਿਕਾ ਉੱਤੇ ਜ਼ੋਰ ਦਿੰਦੇ ਹਾਂ, ਜਿਹੜੀ ਆਸਥਾ ਜਾਂ ਧਰਮ ਦੇ ਅਧਾਰ 'ਤੇ ਭੇਦਭਾਵ ਵਿਰੁੱਧ ਨਿਭਾਈ ਜਾ ਸਕਦੀ ਹੈ।"*

*ਸਚਾਈ ਇਹ ਹੈ ਕਿ ਜਦੋਂ ਇਹ ਪ੍ਰਵਚਨ ਲਿਖੇ ਜਾ ਰਹੇ ਸਨ ਤਾਂ ਸੁਰੱਖਿਆ ਏਜੰਸੀ ਆਈ ਐੱਨ ਏ ਦੀਆਂ ਟੀਮਾਂ ਉੱਤਰ ਪ੍ਰਦੇਸ਼ ਦੇ ਬਨਾਰਸ ਸਮੇਤ ਦੂਜੇ ਸ਼ਹਿਰਾਂ ਵਿੱਚ ਭਗਤ ਸਿੰਘ ਸਟੂਡੈਂਟਸ ਮੋਰਚਾ ਦੇ ਅਹੁਦੇਦਾਰਾਂ ਦੇ ਦਫ਼ਤਰ ਤੇ ਘਰਾਂ ਉੱਤੇ ਛਾਪੇ ਮਾਰ ਰਹੀਆਂ ਸਨ। ਉਨ੍ਹਾਂ ਦਾ ਕਸੂਰ ਇਹ ਸੀ ਕਿ ਉਹ ਗਰੀਬਾਂ ਦੇ ਮਸਲਿਆਂ ਨੂੰ ਅਵਾਜ਼ ਦੇਣ ਦਾ ਗੁਨਾਹ ਕਰ ਰਹੇ ਸਨ।*

*ਸ਼ਾਇਦ ਕਿਸੇ ਨੂੰ ਇਹ ਸੱਚ ਲੱਗੇ, ਪਰ ਹਕੀਕਤ ਹੈ ਕਿ ਸੰਮੇਲਨ ਮੌਕੇ ਇੱਕ ਪੈਂਫਲਟ 'ਭਾਰਤ ਲੋਕਤੰਤਰ ਦੀ ਮਾਂ' ਵੰਡਿਆ ਗਿਆ ਸੀ। ਇਸ ਪੈਂਫਲਟ ਵਿੱਚ ਅਕਬਰ ਦੀਆਂ ਤਾਰੀਫ਼ਾਂ ਦੇ ਪੁਲ ਬੰਨ੍ਹੇ ਗਏ ਸਨ। "ਚੰਗੇ ਪ੍ਰਸ਼ਾਸਨ ਲਈ ਧਰਮ ਦਾ ਖਿਆਲ ਕੀਤੇ ਬਿਨਾਂ ਸਭ ਦੀ ਭਲਾਈ ਲਈ ਕੰਮ ਕਰਨਾ ਚਾਹੀਦਾ ਹੈ। ਤੀਸਰੇ ਮੁਗਲ ਸ਼ਾਸਕ ਦਾ ਅਜਿਹਾ ਲੋਕਤੰਤਰ ਸੀ। ਉਸ ਨੇ ਇੱਕ ਅਜਿਹਾ ਪੂਜਾ ਘਰ ਬਣਾਇਆ, ਜਿਸ ਵਿੱਚ ਵੱਖ-ਵੱਖ ਧਰਮਾਂ ਦੇ ਲੋਕ ਬੈਠ ਕੇ ਪੂਜਾ ਕਰਦੇ ਸਨ।" ਮੋਦੀ ਹੈ ਤਾਂ ਸਭ ਮੁਮਕਿਨ ਹੈ। ਹਾਲੇ ਇੱਕ ਮਹੀਨੇ ਤੋਂ ਵੀ ਘੱਟ ਸਮੇਂ ਵਿੱਚ 15 ਅਗਸਤ ਨੂੰ ਲਾਲ ਕਿਲ੍ਹੇ ਤੋਂ ਬੋਲਦਿਆਂ ਮੋਦੀ ਨੇ 1000 ਸਾਲਾਂ ਦੀ ਗੁਲਾਮੀ ਦੇ ਦੌਰ ਦੀ ਗੱਲ ਕਰਕੇ ਮੁਗਲ ਸ਼ਾਸਕਾਂ ਨੂੰ ਕਟਹਿਰੇ ਵਿੱਚ ਖੜ੍ਹਾ ਕੀਤਾ ਸੀ। ਜੀ-20 ਵਿੱਚ ਮੋਦੀ ਨੇ ਉਸੇ ਦੌਰ ਦੇ ਇੱਕ ਸ਼ਾਸਕ ਅਕਬਰ ਨੂੰ ਆਪਣੇ ਆਦਰਸ਼ ਦੇ ਤੌਰ 'ਤੇ ਪੇਸ਼ ਕਰ ਦਿੱਤਾ ਸੀ।*

*ਸੰਮੇਲਨ ਦੇ ਐਲਾਨਨਾਮੇ ਵਿੱਚ ਦਰਜ ਗੱਲਾਂ ਤੋਂ ਤਾਂ ਏਦਾਂ ਲਗਦਾ ਹੈ ਕਿ ਇਸ ਨੇ 'ਨਫ਼ਰਤ ਦੇ ਬਜ਼ਾਰ ਵਿੱਚ ਮੁਹੱਬਤ ਦੀ ਦੁਕਾਨ ਖੋਲ੍ਹਣ' ਦੀ ਤਾਈਦ ਕਰ ਦਿੱਤੀ ਹੈ। ਹਕੀਕਤ ਇਹ ਹੈ ਕਿ ਮੋਦੀ ਤੇ ਆਰ ਐੱਸ ਐੱਸ ਦੀ ਤਾਂ ਸਾਰੀ ਰਾਜਨੀਤੀ ਹੀ ਲਵ ਜੇਹਾਦ, ਅਬਾਦੀ ਜੇਹਾਦ ਤੇ ਵੋਟ ਜੇਹਾਦ ਦੇ ਨਾਅਰਿਆਂ ਹੇਠ ਮੁਸਲਮਾਨ ਵਿਰੋਧੀ ਰਹੀ ਹੈ। ਪ੍ਰਗਟਾਵੇ ਦੀ ਅਜ਼ਾਦੀ ਪ੍ਰਤੀ ਤਾਂ ਮੋਦੀ ਨੂੰ ਏਨੀ ਨਫ਼ਰਤ ਹੈ ਕਿ ਉਹ ਕਿਸੇ ਪੱਤਰਕਾਰ ਦੇ ਮੱਥੇ ਵੀ ਲੱਗ ਕੇ ਰਾਜ਼ੀ ਨਹੀਂ।*

*ਅਸਲ ਵਿੱਚ ਨਵੀਂ ਦਿੱਲੀ ਸਿਖ਼ਰ ਸੰਮੇਲਨ ਕੁਝ ਅਮੀਰ ਦੇਸ਼ਾਂ ਦੀ ਇੱਕ ਕਲੱਬ ਤੋਂ ਵੱਧ ਕੁਝ ਨਹੀਂ ਹੈ, ਜਿਸ ਵਿੱਚ ਗੱਲਾਂ ਵਧੀਆ ਕੀਤੀਆਂ ਜਾਂਦੀਆਂ ਹਨ, ਪਰ ਅਮਲ ਉਲਟ ਕੀਤਾ ਜਾਂਦਾ ਹੈ।*

# ਪੰਜਾਬ ਖੇਤ ਮਜ਼ਦੂਰ ਸਭਾ ਦਾ ਸ਼ਾਨਾਮੱਤਾ ਇਤਿਹਾਸ

ਪਿਰਥੀਪਾਲ ਸਿੰਘ ਮਾੜੀਮੇਘਾ
ਜਨਰਲ ਸਕੱਤਰ, ਦੇਸ਼ ਭਗਤ ਯਾਦਗਾਰ ਕਮੇਟੀ,ਜਲੰਧਰ

ਖੇਤ ਮਜ਼ਦੂਰ ਸਭਾ ਦੇ ਛੇਵਾਂ ਸਮਾਗਮ, ਜੋ 20-21 ਤੇ 22 ਨਵੰਬਰ 1959 ਨੂੰ ਅੰਬਾਲਾ ਜ਼ਿਲ੍ਹੇ ਵਿੱਚ ਖਰੜ ਨੇੜੇ ਪਿੰਡ ਖਾਨਪੁਰ ਵਿਖੇ ਹੋਇਆ। ਉਸ ਵਿੱਚ ਬੜੀਆਂ ਮਹੱਤਵਪੂਰਨ ਮੰਗਾਂ ਉਠਾਈਆਂ ਗਈਆਂ, ਜਿਵੇਂ, ਰੁਜਗਾਰ ਦੇ ਵਸੀਲਿਆਂ ਵਿੱਚ ਵਾਧਾ ਕਰਨ ਲਈ ਭਾਰੀ ਪੈਮਾਨੇ 'ਤੇ ਪੇਂਡੂ ਵਿਕਾਸ ਕੰਮ ਜਾਰੀ ਕੀਤੇ ਜਾਣ, ਜਿਵੇਂ ਕਿ ਹੜ੍ਹਾਂ ਤੇ ਸੇਮ ਦੀ ਰੋਕਥਾਮ ਲਈ ਮਾਸਟਰ ਪਲਾਨ ਤਿਆਰ ਕਰਨਾ ਤੇ ਉਸ 'ਤੇ ਅਮਲ ਕਰਨਾ, ਬੰਜਰ ਤੇ ਕੱਲਰੀ ਜ਼ਮੀਨਾਂ ਨੂੰ ਵਾਹੀ ਯੋਗ ਬਣਾਉਣਾ, ਸ਼ਿਵਾਲਿਕ ਦੀਆਂ ਪਹਾੜੀਆਂ ਦੇ ਨਾਲ ਨਾਲ ਸਿੰਚਾਈ ਡੈਮਾਂ ਦੀ ਉਸਾਰੀ, ਸੜਕਾਂ ਤੇ ਪੁਲਾਂ ਦੀ ਉਸਾਰੀ ਕਰਨਾ।

ਜਿਉਂ-ਜਿਉਂ ਖੇਤ ਮਜ਼ਦੂਰ ਸਭਾ ਦੇ ਸੰਘਰਸ਼ ਦੀ ਮਜ਼ਬੂਤੀ ਹੁੰਦੀ ਗਈ ਤਾਂ ਜਗੀਰਦਾਰ ਵੀ ਤਰਾਉਣ ਲੱਗ ਪਏ, ਕਿਉਂਕਿ ਖੇਤ ਮਜ਼ਦੂਰਾਂ ਦੀ ਅਸਲ ਲੜਾਈ ਜਗੀਰਦਾਰਾਂ ਖਿਲਾਫ ਸੀ ਕਿ ਜਗੀਰਦਾਰੀ ਖਤਮ ਕਰਕੇ ਵਾਹੀਵਾਨਾਂ ਨੂੰ ਜ਼ਮੀਨ ਦਾ ਮਾਲਕ ਬਣਾਇਆ ਜਾਵੇ। ਖੇਤ ਮਜ਼ਦੂਰ ਸਭਾ ਤਕੜੀ ਵੀ ਇਸੇ ਕਰਕੇ ਹੁੰਦੀ ਜਾ ਰਹੀ ਸੀ, ਕਿਉਂਕਿ ਜ਼ਿਆਦਾਤਰ ਖੇਤ ਮਜ਼ਦੂਰ ਹੀ ਵਾਹੀ ਕਰਦੇ ਸਨ। ਇੰਨਾਂ ਦਾ ਸਮੂਹਿਕ ਨਾਮ ਮੁਜਾਰੇ ਸੀ। ਇਨ੍ਹਾਂ ਮੁਜ਼ਾਰਿਆਂ ਨੇ ਜਗੀਰਦਾਰੀ ਵਿਰੁੱਧ ਹੰਨੇ-ਬੰਨੇ ਦੀ ਲੜਾਈ ਸ਼ੁਰੂ ਕਰ ਦਿੱਤੀ। ਫਿਰੋਜ਼ਪੁਰ ਦਾ ਇੱਕ ਜਗੀਰਦਾਰ ਤੈਸ਼ ਵਿੱਚ ਆਇਆ ਤੇ ਉਸ ਨੇ ਤਹਿਸੀਲ ਜ਼ੀਰਾ ਦੇ ਪਿੰਡ ਮਰਖਾਲੀ ਵਿੱਚ ਕੰਮ ਕਰ ਰਹੇ ਇੱਕ ਮੁਜ਼ਾਰਾ ਟੱਬਰ 'ਤੇ ਗੋਲੀਆਂ ਚਲਾ ਦਿੱਤੀਆਂ ਤੇ ਇੱਕ ਖੇਤ ਮਜ਼ਦੂਰ ਕਾਰਕੁਨ ਦੀ ਪਤਨੀ ਬੀਬੀ ਰਾਜ ਕੌਰ ਸ਼ਹੀਦ ਹੋ ਗਈ। ਇਸ ਗੋਲੀਬਾਰੀ ਵਿੱਚ ਬੀਬੀ ਦੇ ਘਰ ਵਾਲਾ ਭਾਗ ਸਿੰਘ ਵੀ ਸਖਤ ਜ਼ਖ਼ਮੀ ਹੋ ਗਿਆ।

**ਖੇਤ ਮਜ਼ਦੂਰ ਸਭਾ ਦੋਫਾੜ**-6 ਨਵੰਬਰ 1962 ਵਿੱਚ ਚੀਨ ਨੇ ਹਿੰਦੁਸਤਾਨ 'ਤੇ ਹਮਲਾ ਕਰ ਦਿੱਤਾ। ਹਮਲਾ ਉਦੋਂ ਕੀਤਾ, ਜਦੋਂ ਹਿੰਦ-ਪਾਕਿ ਦੀ ਜੰਗ ਬੰਦ ਹੋਣ ਵਾਲੀ ਸੀ। ਖੇਤ ਮਜ਼ਦੂਰ ਸਭਾ ਦੇ ਇੱਕ ਵੱਡੇ ਹਿੱਸੇ ਨੇ ਚੀਨ ਦੇ ਹਮਲੇ ਦੀ ਹਮਾਇਤ ਕੀਤੀ। ਇਸ ਦੇ ਇਵਜ਼ ਵਿੱਚ ਪੰਜਾਬ ਸਰਕਾਰ ਨੇ ਸੀ ਪੀ ਆਈ ਨਾਲ ਸਬੰਧਤ ਕਿਸਾਨਾਂ ਤੇ ਖੇਤ ਮਜ਼ਦੂਰਾਂ ਤੇ ਟਰੇਡ ਯੂਨੀਅਨ ਕਾਮਿਆਂ ਦੇ ਕਈ ਆਗੂਆਂ ਤੇ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰ ਲਿਆ, ਜਿਨ੍ਹਾਂ ਵਿੱਚ ਖੇਤ ਮਜ਼ਦੂਰ ਸਭਾ ਦੇ ਪ੍ਰਧਾਨ, ਸਕੱਤਰ ਤੋਂ ਇਲਾਵਾ ਮਾਸਟਰ ਹਰੀ ਸਿੰਘ ਧੂਤ ਵੀ ਸਨ। ਇਸ ਪ੍ਰਸਥਿਤੀ ਵਿੱਚ ਖੇਤ ਮਜ਼ਦੂਰ ਸਭਾ ਦਾ ਕੰਮ ਚਲਾਉਣ ਲਈ 23 ਮਈ 1965 ਨੂੰ ਲੁਧਿਆਣਾ ਵਿਖੇ ਵਰਕਿੰਗ ਕਮੇਟੀ ਦੀ ਮੀਟਿੰਗ ਸੱਦੀ ਗਈ, ਜਿਸ ਵਿੱਚ 25 ਮੈਂਬਰਾਂ 'ਚੋਂ 13 ਹਾਜ਼ਰ ਹੋਏ। ਕੁਝ ਜੇਲ੍ਹ ਵਿੱਚ ਸਨ ਤੇ ਬਾਕੀਆਂ ਨੇ ਬਾਈਕਾਟ ਕਰ ਦਿੱਤਾ। ਮੀਟਿੰਗ ਨੇ ਕਾਮਰੇਡ ਭਾਨ ਸਿੰਘ ਭੌਰਾ ਐੱਮ ਐੱਲ ਏ ਨੂੰ ਆਰਜ਼ੀ ਪ੍ਰਧਾਨ ਤੇ ਕਾਮਰੇਡ ਰੁਲਦੂ ਖਾਨ ਨੂੰ ਆਰਜ਼ੀ ਜਨਰਲ ਸਕੱਤਰ ਚੁਣ ਲਿਆ। ਜਿਨ੍ਹਾਂ ਮੀਟਿੰਗ ਦਾ ਬਾਈਕਾਟ ਕੀਤਾ ਸੀ, ਉਨ੍ਹਾਂ ਵੱਖ ਹੋ ਕੇ ਦਿਹਾਤੀ ਮਜ਼ਦੂਰ ਸਭਾ ਬਣਾ ਲਈ।

ਜਥੇਬੰਦੀ ਨੇ 11 ਵੇਂ ਸਮਾਗਮ ਵਿੱਚ ਖੁਸ਼ੀ ਦਾ ਇਜ਼ਹਾਰ ਕੀਤਾ ਕਿ ਪਹਿਲੀ ਵਾਰ ਪੰਜਾਬ ਵਿੱਚ 1967 ਦੀਆਂ ਚੋਣਾਂ ਜਿੱਤਣ ਤੋਂ ਬਾਅਦ ਕਮਿਊਨਿਸਟਾਂ ਦੀ ਸਾਂਝੀ ਸਰਕਾਰ ਬਣੀ ਹੈ। ਦੋਹਾਂ ਕਮਿਊਨਿਸਟ ਪਾਰਟੀਆਂ ਦੇ ਸਮਰਥਨ ਨਾਲ ਅਕਾਲੀ ਦਲ ਦੀ ਸਰਕਾਰ ਬਣੀ ਸੀ ਇਸ ਸਰਕਾਰ ਵਿੱਚ ਸੀ ਪੀ ਆਈ ਦੇ ਸਿਰਮੌਰ ਆਗੂ ਕਾਮਰੇਡ ਸੱਤਪਾਲ ਡਾਂਗ ਕੈਬਨਿਟ ਮੰਤਰੀ ਸਨ। ਇਨ੍ਹਾ ਹੀ ਪੰਜਾਬ ਵਿੱਚ ਫਸਲਾਂ ਦੀ ਸਰਕਾਰੀ ਖਰੀਦ ਸ਼ੁਰੂ ਕਰਕੇ ਕਿਸਾਨਾਂ ਨੂੰ ਵਿਉਪਾਰੀਆਂ ਦੀ ਲੁੱਟ ਤੋਂ ਬਚਾਇਆ ਸੀ। ਇਸ ਸਰਕਾਰ ਨੇ ਹੇਠ ਲਿਖੇ ਮਹੱਤਵਪੂਰਨ ਫੈਸਲੇ ਲਏ :

* ਜਬਰੀ ਮਿਹਨਤ ਦਾ ਕਾਨੂੰਨ ਰੱਦ ਕਰ ਦਿੱਤਾ ਗਿਆ, ਕਿਉਂਕਿ ਪਹਿਲਾਂ ਸਰਕਾਰ ਤੇ ਜਗੀਰਦਾਰ ਕਿਰਤੀ ਤੋਂ ਜਬਰਨ ਕੰਮ ਲੈਂਦੇ ਸਨ।

ਖੁਸ਼ ਹੈਸੀਅਤ ਟੈਕਸ ਸੰਬੰਧੀ ਕਾਨੂੰਨ ਵੀ ਮੂਲੋਂ ਹੀ ਰੱਦ ਕਰ ਦਿੱਤਾ ਗਿਆ।

* ਅਨੁਸੂਚਿਤ ਜਾਤੀਆਂ ਦੇ ਅਬਾਦਕਾਰ, ਜਿਹੜੇ ਹਾੜੀ 1965 ਤੋਂ ਨਿਕਾਸੀ ਜ਼ਮੀਨ 'ਤੇ ਕਾਬਜ਼ ਸਨ, ਉਨ੍ਹਾਂ ਨੂੰ 10 ਏਕੜ ਤੱਕ ਆਪਣੇ ਕਬਜ਼ੇ ਵਾਲੀ ਜ਼ਮੀਨ ਖਰੀਦਣ ਦਾ ਅਧਿਕਾਰ ਦੇ ਦਿੱਤਾ ਗਿਆ। ਜ਼ਮੀਨ ਦੀ ਕੀਮਤ ਪ੍ਰਤੀ ਏਕੜ 450 ਰੁਪਏ ਰੱਖੀ ਗਈ। ਸਰਕਾਰ ਨੇ ਇਹ ਵੀ ਫੈਸਲਾ ਲਿਆ ਕਿ ਬਾਕੀ ਸਾਰੀ ਨਿਕਾਸੀ ਜ਼ਮੀਨ ਅਨੁਸੂਚਿਤ ਜਾਤੀਆਂ ਦੇ ਹਲਵਾਹਕਾਂ ਵਿੱਚ ਲਾਟਰੀ ਰਾਹੀਂ ਵੰਡੀ ਜਾਏਗੀ।

* ਚੌਕੀਦਾਰ ਦੀ ਤਨਖਾਹ 20 ਰੁਪਏ ਤੋਂ ਵਧਾ ਕੇ 40 ਰੁਪਏ ਪ੍ਰਤੀ ਮਹੀਨਾ ਕਰ ਦਿੱਤੀ ਗਈ।

* ਪੰਜ ਏਕੜ ਤੱਕ ਦੇ ਕਿਸਾਨਾਂ ਦਾ ਮਾਲੀਆ ਮੁਆਫ ਕਰ ਦਿੱਤਾ ਗਿਆ।

ਖੇਤ ਮਜ਼ਦੂਰ ਜ਼ਮੀਨ ਪ੍ਰਾਪਤੀ ਜਾਂ ਰੁਜ਼ਗਾਰ ਦੇ ਹੱਕ ਲੈਣ ਲਈ ਮਰਨ ਮਿਟਣ ਵਾਲਾ ਸੰਘਰਸ਼ ਕਿਉਂ ਕਰ ਰਹੇ ਸਨ, ਇਸ ਦੀ ਤਸਵੀਰ ਲੁਧਿਆਣਾ ਖੇਤੀਬਾੜੀ ਯੂਨੀਵਰਸਿਟੀ ਨੇ ਸਾਹਮਣੇ ਲਿਆਂਦੀ। ਇਸ ਯੂਨੀਵਰਸਿਟੀ ਨੇ 1970-71 ਵਿੱਚ ਪੰਜਾਬ ਦੀ ਹਰੇਕ ਤਹਿਸੀਲ ਦੇ ਪਿੰਡਾਂ ਵਿੱਚੋਂ ਖੇਤ ਮਜ਼ਦੂਰਾਂ ਦੀ ਹਾਲਤ ਬਾਰੇ ਸਿਰਵੇਖਣ ਕਰਵਾਇਆ। ਇਸ ਸਰਵੇਖਣ ਦਾ ਸਿੱਟਾ ਇਹ ਸੀ ਕਿ 'ਖੇਤ ਮਜ਼ਦੂਰਾਂ ਨੂੰ ਸਾਲ ਵਿੱਚ 210 ਦਿਨ ਕੰਮ ਮਿਲਦਾ ਹੈ ਤੇ 28 ਦਿਨ ਫੁੱਟਕਲ ਕੰਮ ਕਰਦੇ ਹਨ ਅਤੇ 117 ਦਿਨ ਬਿਲਕੁਲ ਵਿਹਲੇ (ਬੇਰੁਜ਼ਗਾਰ) ਰਹਿੰਦੇ ਹਨ।'

ਜਥੇਬੰਦੀ ਦਾ 16 ਵਾਂ ਸਾਲਾਨਾ ਸਮਾਗਮ 21-22 ਤੇ 23 ਮਾਰਚ 1975 ਨੂੰ ਮਾਨਸਾ ਵਿਖੇ ਹੋਇਆ। ਇਸ ਸਮਾਗਮ ਵਿੱਚ ਜਥੇਬੰਦੀ ਦੇ ਆਗੂ ਏਨੇ ਜ਼ਿਆਦਾ ਗਿਆਨਵਾਨ ਭਾਵ ਇੰਨਕਲਾਬੀ ਹੋ ਗਏ ਸਨ ਕਿ ਅਗਲੇ ਸੰਘਰਸ਼ ਵਾਸਤੇ ਇਨ੍ਹਾਂ ਨੇ ਮੰਗ ਰੱਖੀ ਕਿ ਕੰਮ ਦਿਹਾੜੀ ਸਮਾਂ 8 ਘੰਟੇ ਤੋਂ ਵੱਧ ਹੋਣ ਦੀ ਸੂਰਤ ਵਿੱਚ ਉਪਰਲੇ ਸਮੇਂ ਦੀ ਉਜਰਤ ਦੁੱਗਣੀ ਦਿੱਤੀ ਜਾਵੇ। ਇਸ ਦੀ ਪ੍ਰਾਪਤੀ ਲਈ (ਤਰਨ ਤਾਰਨ) ਦੇ ਪਿੰਡ ਨਾਗੋਕੇ ਵਿਖੇ 13 ਦਿਨ ਹੜਤਾਲ ਹੋਈ। ਪਿੰਡ ਮੋਹਨਪੁਰਾ ਵਿੱਚ 24 ਦਿਨ, ਬਿਹਾਰੀਪੁਰ ਵਿੱਚ 20 ਦਿਨ ਅਤੇ ਕੁਝ ਦਿਨਾਂ ਲਈ ਕੈਰੋਂ ਨੰਗਲ, ਸੁਧਾਰ, ਭਿੰਡਰ ਤੇ ਖੋਜਕੀਪੁਰ ਵਿੱਚ ਵੀ ਹੜਤਾਲ ਹੋਈ। ਇਹ ਹੜਤਾਲ ਇਕੱਲੀ ਦਿਹਾੜੀ ਦੇ ਵਾਧੇ ਲਈ ਹੀ ਨਹੀਂ ਸੀ, ਝੋਨੇ ਦੀ ਲਵਾਈ ਵਿੱਚ ਵੀ 3 ਤੋਂ 5 ਰੁਪਏ ਵਾਧਾ ਲਿਆ। ਇਥੋਂ ਤੱਕ ਅੰਮ੍ਰਿਤਸਰ ਸ਼ਹਿਰ ਦੇ ਆਲੇ-ਦੁਆਲੇ ਝੋਨੇ ਦੀ ਲਵਾਈ 50 ਤੋਂ 60 ਰੁਪਏ ਏਕੜ ਤੱਕ ਪਹੁੰਚ ਗਈ। ਇਹ ਸਭ ਹੋਇਆ ਸੰਘਰਸ ਕਰਕੇ ਹੀ।

ਖੇਤ ਮਜ਼ਦੂਰਾਂ ਦੀ ਵਧ ਰਹੀ ਤਾਕਤ ਜਗੀਰਦਾਰਾਂ ਕੋਲੋਂ ਸਹਾਰੀ ਨਾ ਗਈ ਤੇ ਉਹ ਅੱਗਬਬੂਲਾ ਹੋ ਗਏ। ਅੰਮ੍ਰਿਤਸਰ ਦੇ ਪਿੰਡ ਬਾਠ ਵਿਖੇ 1974 ਵਿੱਚ ਗੁੰਡਿਆਂ ਨੂੰ ਨਾਲ ਲੈ ਕੇ ਹਰੀਜਨਾਂ ਦੀ ਬਸਤੀ 'ਤੇ ਹਮਲਾ ਕਰ ਦਿੱਤਾ। ਜਗੀਰਦਾਰਾਂ ਨੇ ਸਥਾਨਕ ਖੇਤ ਮਜ਼ਦੂਰਾਂ ਦਾ ਆਗੂ ਤੇ ਸੁਤੰਤਰਤਾ ਸੰਗਰਾਮੀ ਚੰਨਣ ਸਿੰਘ ਤੇ ਹੋਰ ਤਿੰਨ ਖੇਤ ਮਜ਼ਦੂਰਾਂ ਨੂੰ ਕਤਲ ਕਰ ਦਿੱਤਾ। ਇਸੇ ਤਰ੍ਹਾਂ ਗੋਇੰਦਵਾਲ ਸਾਹਿਬ ਵਿਖੇ ਜਗੀਰਦਾਰਾਂ ਦੇ ਗੁੰਡਿਆਂ ਨੇ ਖੇਤ ਮਜ਼ਦੂਰ ਕਾਰਕੁਨ ਪਿਆਰਾ ਸਿੰਘ ਨੂੰ ਕਤਲ ਕਰ ਦਿੱਤਾ, ਪਰ ਕਿਸੇ ਦੋਸ਼ੀ ਨੂੰ ਗ੍ਰਿਫਤਾਰ ਨਾ ਕੀਤਾ। ਹੁਸ਼ਿਆਰਪੁਰ ਜ਼ਿਲ੍ਹੇ ਦੇ ਮਹਿੰਦਰ ਪਾਲ ਸਿੰਘ ਨੇ ਇੱਕ ਜਗੀਰਦਾਰ ਤੋਂ ਜ਼ਮੀਨ ਛੁਡਵਾਈ ਤੇ ਉਸ ਨੂੰ ਘੇਰ ਕੇ ਕਤਲ ਕਰ ਦਿੱਤਾ ਗਿਆ। ਇੱਕ ਖੇਤ ਮਜ਼ਦੂਰ ਤਰਨ ਤਾਰਨ ਇਲਾਕੇ ਦਾ ਰੂੜ ਸਿੰਘ ਬੜਾ ਲੜਾਕੂ ਸੀ, ਉਸ ਨੂੰ ਤਰਨ ਤਾਰਨ ਪੁਲਸ ਸਟੇਸ਼ਨ ਵਿੱਚ ਪੁਲੀਸ ਨੇ ਕੁੱਟ ਕੁੱਟ ਕੇ ਖਤਮ ਕਰ ਦਿੱਤਾ। ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਹਰਖੋਵਾਲ ਵਿਖੇ ਜਗੀਰਦਾਰ ਗੁੰਡਿਆਂ ਨੇ ਹਰੀਜਨ ਔਰਤ ਬੀਬੀ ਪ੍ਰੀਤਮ ਕੌਰ ਦਾ ਕਤਲ ਕਰ ਦਿੱਤਾ। ਪਟਿਆਲਾ ਦੇ ਥਾਣਾ ਬਨੂੜ ਦੇ ਪਿੰਡ ਧਰਮਗੜ੍ਹ ਵਿੱਚ ਕੁਝ ਗੁੰਡਿਆਂ ਨੇ ਇੱਕ ਹਰੀਜਨ ਔਰਤ ਦੀ ਪੱਤ ਲੁੱਟੀ ਤੇ ਫਿਰ ਕਤਲ ਕਰ ਦਿੱਤਾ । ਜਲੰਧਰ ਜ਼ਿਲ੍ਹੇ ਦੇ ਪਿੰਡ ਨੰਗਲ ਖੇੜਾ ਵਿੱਚ ਗੁੰਡਿਆਂ ਨੇ ਇੱਕ ਹਰੀਜਨ ਔਰਤ ਦੀ ਇੱਜ਼ਤ ਲੁੱਟੀ। ਤਰਨ ਤਾਰਨ ਵਿੱਚ ਜਗੀਰਦਾਰਾਂ ਨੇ ਦੋ ਸਾਂਸੀ ਬਰਾਦਰੀ ਦੇ ਆਦਮੀ ਕਤਲ ਕਰ ਦਿੱਤੇ, ਪਰ ਕਿਸੇ ਦੋਸ਼ੀ ਨੂੰ ਸਜ਼ਾ ਨਾ ਦਿੱਤੀ ਗਈ। ਮੁਕਤਸਰ ਜ਼ਿਲ੍ਹੇ ਦੇ ਪਿੰਡ ਲੰਬੀ ਢਾਬ ਵਿੱਚ ਸਭਾ ਦੇ ਕਾਰਕੁਨ ਜਗੀਰ ਸਿੰਘ ਨੂੰ ਪੰਚਾਇਤ ਚੋਣਾਂ ਵਿੱਚ ਪੈਦਾ ਹੋਏ ਮੱਤਭੇਦ ਕਾਰਨ ਗੋਲੀ ਮਾਰ ਕੇ ਮਾਰ ਦਿੱਤਾ ਗਿਆ। ਹੁਸ਼ਿਆਰਪੁਰ ਦੇ ਪਿੰਡ ਮੇਘੋਵਾਲ, ਪਿੰਡ ਕੁਤਬਾ ਜ਼ਿਲ੍ਹਾ ਸੰਗਰੂਰ ਤੇ ਪਿੰਡ ਮਹਿਮੋਵਾਲ, ਤਹਿਸੀਲ ਨਕੋਦਰ ਵਿੱਚ ਹਰੀਜਨ ਲੜਕੀਆਂ ਨੂੰ ਅਗਵਾ ਕੀਤਾ ਗਿਆ।

ਪੰਜਾਬ ਖੇਤ ਮਜ਼ਦੂਰਾਂ ਦੇ ਕੰਮਾਂ ਦੀ ਉਜਰਤ, ਜੋ 30 ਜਨਵਰੀ 1979 ਨੂੰ ਲਾਗੂ ਹੋਈ, ਉਸ ਬਾਰੇ ਖਾਸ-ਖਾਸ ਹੀ ਦੱਸਾਂਗਾ, ਉਂਝ ਇਸ ਵਰਤਾਰੇ 'ਚੋਂ ਖੁਦ ਲੇਖਕ ਗੁਜ਼ਰਿਆ ਹੈ ।

**ਕਣਕ ਦੀ ਕਟਾਈ** : ਸਾਰਾ ਦਿਨ ਕਣਕ ਵੱਢਣ, ਭਰੀਆਂ ਬੰਨ੍ਹਣ ਅਤੇ ਖਲਵਾੜੇ 'ਤੇ ਲਾਉਣ ਦੀ ਮਜ਼ਦੂਰ ਨੂੰ ਵੱਢੀ ਹੋਈ ਕਣਕ ਦੀ ਇੱਕ 'ਭਰੀ' ਭਾਵ 'ਵੱਡੀ ਪੰਡ' ਮਿਲਦੀ ਜਾਂ ਉਸ ਦੀ ਕੀਮਤ।

**ਕਣਕ ਦੀ ਉਡਾਈ**: ਕਣਕ ਪਹਿਲਾਂ ਫਲਿਆਂ ਨਾਲ ਗਾਹੀ ਜਾਂਦੀ ਸੀ । ਫਿਰ ਗਾਹੀ ਹੋਈ ਕਣਕ 'ਚੋਂ ਹਵਾ ਵਿੱਚ ਉਡਾ ਕੇ ਦਾਣੇ ਤੇ ਤੂੜੀ ਵੱਖ ਕੀਤੇ ਜਾਂਦੇ ਸਨ। ਇਹ ਵੀ ਸਪੈਸ਼ਲ ਮਜ਼ਦੂਰ ਹੁੰਦੇ ਸਨ, ਹਾਰੀ-ਸਾਰੀ ਨੂੰ ਧੜ (ਗਾਹੀ ਕਣਕ ਢੇਰ) ਉਡਾਉਣੀ ਨਹੀਂ ਸੀ ਆਉਂਦੀ। ਕਣਕ ਉਡਾਉਣ ਵਾਲੇ ਨੂੰ ਕੱਢੀ ਹੋਈ ਕਣਕ ਦਾ 20ਵਾਂ ਹਿੱਸਾ ਦੇਣਾ ਪੈਂਦਾ ਸੀ।

**ਝੋਕਾ**: ( ਗੁੜ ਬਣਾਉਣ ਲਈ ਕੜਾਹੇ ਥੱਲੇ ਭਾਵ ਚੁੰਬੇ ਵਿੱਚ ਅੱਗ ਡਾਹੁਣ ਵਾਲਾ) ਇਹ 40 ਕਿੱਲੋ ਗੁੜ ਮਗਰ ਸਵਾ ਕਿੱਲੋ ਗੁੜ ਲੈਂਦਾ ਸੀ। ਇਹ ਮਜ਼ਦੂਰ ਵੀ ਟਰੇਂਡ ਹੁੰਦਾ ਸੀ, ਸਾਰੇ ਮਜ਼ਦੂਰ ਇਹ ਕੰਮ ਨਹੀਂ ਜਾਣਦੇ ਸਨ।

**ਕਪਾਹ ਚੁਗਾਈ**: ਕਪਾਹ ਚੁਣਨ ਦਾ ਕੰਮ ਜ਼ਿਆਦਾ ਔਰਤਾਂ ਹੀ ਕਰਦੀਆਂ ਹਨ। ਇਹਨਾਂ ਨੂੰ ਚੁਣੀ ਹੋਈ ਕਪਾਹ ਦਾ 16 ਵਾਂ ਹਿੱਸਾ ਜਾਂ ਇੱਕ ਕਿੱਲੋ ਕਪਾਹ ਮਗਰ 20 ਪੈਸੇ ਮਿਲਦੇ ਸਨ। ਕਿਤਾਬ ਦੀ ਇਹ ਲਿਖਤ ਪੜ੍ਹਨ ਤੋਂ ਸਮਝ ਲੱਗੀ ਕਿ ਢੇਰੀਆਂ ਪਾਉਣ ਦਾ ਰਿਵਾਜ ਕਿਵੇਂ ਪਿਆ ਤੇ ਸਭ ਥਾਂ ਇੱਕੋ ਜਿਹਾ ਸੀ।

**ਮਿਰਚਾਂ ਦੀ ਤੁੜਾਈ**: ਚੁਣੀਆਂ ਹੋਈਆਂ ਮਿਰਚਾਂ ਦਾ 10 ਵਾਂ ਹਿੱਸਾ ਮਜ਼ਦੂਰ ਨੂੰ ਦਿੱਤਾ ਜਾਂਦਾ ਸੀ। ਮਿਰਚਾਂ ਦੀ ਮਜ਼ਦੂਰੀ ਇਸ ਕਰਕੇ ਵੱਧ ਦਿੱਤੀ ਜਾਂਦੀ ਸੀ, ਇੱਕ ਤਾਂ ਉਸ ਵਕਤ ਗਰਮੀ ਬਹੁਤ ਹੁੰਦੀ, ਦੂਜਾ ਇਹ ਹੱਥਾਂ ਨੂੰ ਲਗਦੀ ਹੈ। ਜੇ ਉਹ ਹੱਥ ਸਰੀਰ ਦੇ ਕਿਸੇ ਹੋਰ ਭਾਗ 'ਤੇ ਲੱਗ ਜਾਣ ਤਾਂ ਮਿਰਚਾਂ ਲੰਮਾ ਸਮਾਂ ਲੜਦੀਆਂ ਰਹਿੰਦੀਆਂ ਹਨ। ਅੱਜਕੱਲ੍ਹ ਤਾਂ ਮਜ਼ਦੂਰ ਹੱਥਾਂ ਤੇ ਪੋਲੀਥੀਨ ਲਿਫਾਫੇ ਪਾ ਕੇ ਤੋੜਦਾ ਹੈ, ਉਦੋਂ ਲਿਫਾਫੇ ਹੁੰਦੇ ਵੀ ਨਹੀਂ ਸਨ, ਉਂਝ ਵੀ ਉਸ ਵਕਤ ਮਜ਼ਦੂਰ ਦੀ ਸਮਝ ਘੱਟ ਸੀ।

**ਝੋਨਾ ਝਾੜਨਾ** : ਝੋਨਾ ਝਾੜਨ ਵਾਲੇ ਮਜ਼ਦੂਰ ਨੂੰ ਇੱਕ ਕੁਇੰਟਲ ਪਿੱਛੇ 8 ਕਿੱਲੋ ਦਿੰਦੇ ਸਨ। ਜਾਣਕਾਰੀ ਲਈ ਝੋਨਾ ਝਾੜਨ ਤੋਂ ਪਹਿਲਾਂ ਮਜ਼ਦੂਰ ਝੋਨਾ ਵੱਢਦਾ ਸੀ ਤੇ ਸੁੱਕਣ 'ਤੇ ਇੱਕ ਮਿੱਟੀ ਦੇ ਥੜ੍ਹੇ 'ਤੇ ਮਾਰ-ਮਾਰ ਕੇ ਬੂਟਿਆਂ ਨਾਲੋਂ ਦਾਣੇ ਵੱਖ ਕੀਤੇ ਜਾਂਦੇ ਸਨ। ਇਹ ਕੰਮ ਸਰੀਰ ਤੋਂ ਮਾੜਾ ਮਜ਼ਦੂਰ ਨਹੀਂ ਸੀ ਕਰ ਸਕਦਾ, ਕਿਉਂਕਿ ਇਸ ਕਾਰਜ ਲਈ ਤਾਕਤ ਦੀ ਬੜੀ ਲੋੜ ਸੀ।

1978 ਵਿੱਚ ਹਾਲਾਤ ਇਹ ਬਣ ਗਏ ਕਿ ਮਜ਼ਦੂਰ ਦੀ ਉਜਰਤ ਦੇ ਮੁਨਾਸਬ ਮਹਿਂਗਾਈ ਬਹੁਤ ਵਧ ਗਈ ਤੇ ਖੇਤ ਮਜ਼ਦੂਰ ਸਭਾ ਨੇ 1951 ਤੋਂ 1979 ਤੱਕ ਮਿਲੀ ਹੋਈ ਉਜਰਤ ਦਾ ਬਿਊਰਾ ਪੇਸ਼ ਕੀਤਾ ਅਤੇ ਖੁਰਾਕ ਦੇ ਖਰਚੇ ਬਾਰੇ ਜਾਣਕਾਰੀ ਦਿੱਤੀ। ਸੰਨ 1979 ਤੱਕ ਖੇਤੀਬਾੜੀ ਵਿੱਚ ਮਸ਼ੀਨੀ ਕੰਮ ਬਹੁਤ ਵਧ ਗਿਆ ਸੀ, ਪਰ ਉਜਰਤਾਂ ਵਿੱਚ ਮੁਨਾਫੇ ਦੇ ਮੁਨਾਸਬ ਵਾਧਾ ਨਾ ਹੋਇਆ। ਜਦੋਂ ਮਜ਼ਦੂਰ ਹੱਥੀਂ ਕਿਰਤ ਕਰਦਾ ਸੀ ਤੇ ਭਾਵੇਂ ਦਸ-ਦਸ ਘੰਟੇ ਕੰਮ ਕਰਦਾ ਸੀ, ਫਿਰ ਉਸ ਨੂੰ ਆਪਣੀ ਕਿਰਤ ਦਾ ਮੁੱਲ ਲੱਗਭੱਗ ਮਿਲਦਾ ਜਾਂਦਾ ਸੀ। ਇਸ ਪ੍ਰਸਥਿਤੀ ਵਿੱਚ ਖੇਤ ਮਜ਼ਦੂਰ ਜ਼ਿੰਦਗੀ ਖੁਸ਼ਹਾਲ ਬਣਦੀ ਬਣਦੀ ਰੁਕ ਗਈ ਤੇ ਸਭਾ ਨੇ ਕੰਮ ਦਿਹਾੜੀ ਦੇ 8 ਘੰਟੇ ਸਮੇਂ ਵਾਸਤੇ ਸੰਘਰਸ਼ ਤਿੱਖਾ ਕੀਤਾ । ਸਰਕਾਰ ਨੂੰ ਮਜਬੂਰ ਹੋ ਕੇ 1979 ਵਿੱਚ ਲਾਗੂ ਕਰਨਾ ਪਿਆ। ਕੰਮ ਦਿਹਾੜੀ ਸਮਾਂ 8 ਘੰਟੇ ਹੋਣ ਨਾਲ ਨਵੇਂ ਕਿਰਤੀਆਂ ਨੂੰ ਵੀ ਵੱਡੇ ਪੱਧਰ 'ਤੇ ਕੰਮ ਮਿਲਿਆ ਤੇ ਮਜ਼ਦੂਰ ਪਰਵਾਰਾਂ ਦੀ ਜ਼ਿੰਦਗੀ ਫਿਰ ਕੁਝ ਸੌਖੀ ਹੋਈ।

ਇਹ ਵੀ ਮੰਗ ਮੰਨ ਲਈ ਗਈ ਕਿ ਖੇਤ ਮਜਦੂਰ ਨੂੰ ਹਫਤੇ ਵਿੱਚ ਇੱਕ ਦਿਨ ਆਰਾਮ ਕਰਨ ਲਈ ਛੁੱਟੀ ਅਤੇ ਤਨਖਾਹ ਸਮੇਤ ਤਿਉਹਾਰਾਂ ਦੀਆਂ ਤੇ ਇਤਫਾਕੀ ਛੁੱਟੀਆਂ ਦਿੱਤੀਆਂ ਜਾਣਗੀਆਂ। ਖੇਤ ਮਜ਼ਦੂਰ ਸਭਾ ਨੇ ਨਿਕਾਸੀ ਘਰਾਂ ਦੀ ਪ੍ਰਾਪਤੀ ਲਈ ਵੀ ਬੜਾ ਸਿਰੜੀ ਘੋਲ ਲੜਿਆ ਤੇ ਜਿੱਤ ਪ੍ਰਾਪਤ ਕੀਤੀ। ਹਿੰਦ-ਪਾਕਿ ਦੀ ਵੰਡ ਕਰਕੇ 50 ਹਜ਼ਾਰ ਨਿਕਾਸੀ ਘਰ ਸਨ, ਜਿਨ੍ਹਾਂ ਵਿੱਚ ਪਾਕਿਸਤਾਨ ਤੋਂ ਹਿਜਰਤ ਕਰਕੇ ਆਏ ਹਰੀਜਨ ਬੈਠੇ ਹੋਏ ਸਨ । ਇਹਨਾਂ ਘਰਾਂ ਬਾਬਤ ਪਹਿਲਾਂ ਸਰਕਾਰ ਨੇ 31 ਦਸੰਬਰ 1955 ਨੂੰ ਆਰਡਰ ਜਾਰੀ ਕੀਤਾ ਸੀ ਕਿ ਕਾਬਜ਼ ਵਿਅਕਤੀਆਂ ਨੂੰ ਇਹ ਨਿਕਾਸੀ ਘਰ 20 ਰੁਪਏ ਵਿੱਚ ਪੱਕਾ ਦੇ ਦਿੱਤਾ ਜਾਵੇ । ਫਿਰ ਖੇਤ ਮਜ਼ਦੂਰ ਸਭਾ ਦੇ ਦਬਾਅ ਅਧੀਨ ਸਰਕਾਰ ਨੇ 1979 ਵਿੱਚ ਘਰ ਮੁਫਤ ਦੇਣ ਦਾ ਐਲਾਨ ਕਰ ਦਿੱਤਾ। ਇਹ ਖੇਤ ਮਜ਼ਦੂਰ ਸਭਾ ਦੀ ਬਹੁਤ ਵੱਡੀ ਜਿੱਤ ਸੀ।

ਮੇਰੀ ਰਾਏ ਹੈ ਕਿ ਖੇਤ ਮਜ਼ਦੂਰ ਸਭਾ ਦੇ ਨਵੇਂ ਕਾਡਰ ਲਈ ਇਹ ਕਿਤਾਬ ਮੁੜ ਖੇਤ ਮਜ਼ਦੂਰ ਸਭਾ ਜਾਂ ਪੰਜਾਬ ਬੁੱਕ ਸੈਂਟਰ ਜਾਂ ਪਾਰਟੀ ਛਾਪੇ।

*(ਸਮਾਪਤ)*

*# ਸੰਪਰਕ : 98760-78731*

# ਓਜ਼ੋਨ ਪਰਤ ਦੀ ਮਹੱਤਤਾ



ਹਰਪ੍ਰੀਤ ਕੌਰ

ਵਿਸ਼ਵ ਓਜ਼ੋਨ ਦਿਵਸ ਹਰ ਸਾਲ 16 ਸਤੰਬਰ ਨੂੰ ਪੂਰੀ ਦੁਨੀਆ ਵਿੱਚ ਮਨਾਇਆ ਜਾਂਦਾ ਹੈ। ਇਸ ਦਿਨ ਨੂੰ ਮਨਾਉਣ ਦਾ ਮਕਸਦ ਲੋਕਾਂ ਨੂੰ ਓਜ਼ੋਨ ਦੀ ਮਹੱਤਤਾ ਸੰਬੰਧੀ ਜਾਗਰੂਕ ਕਰਨਾ ਹੈ। ਜਿਸ ਤਰ੍ਹਾਂ ਯੁੱਧ ਵਿੱਚ ਢਾਲਾਂ ਅਤੇ ਸ਼ਸਤਰ ਜੀਵਨ ਦੀ ਰੱਖਿਆ ਕਰਦੇ ਹਨ, ਉਸੇ ਤਰ੍ਹਾਂ ਓਜ਼ੋਨ ਪਰਤ ਵੀ ਵਾਤਾਵਰਣ ਨੂੰ ਅਤੇ ਸਾਡੇ ਸਰੀਰ ਨੂੰ ਹਾਨੀਕਾਰਕ ਕਿਰਨਾਂ ਤੋਂ ਬਚਾਉਂਦੀ ਹੈ।

**ਓਜ਼ੋਨ ਕੀ ਹੈ ?**

ਓਜ਼ੋਨ ਪਰਤ ਇੱਕ ਨਾਜ਼ੁਕ ਗੈਸ ਦੀ ਪਰਤ ਹੈ, ਜੋ ਧਰਤੀ ਨੂੰ ਸੂਰਜ ਦੀਆਂ ਹਾਨੀਕਾਰਕ ਪਰਾਬੈਂਗਣੀ ਕਿਰਨਾਂ ਤੋਂ ਬਚਾਉਂਦੀ ਹੈ। ਓਜ਼ੋਨ ਆਮ ਤੌਰ 'ਤੇ ਤਿੰਨ ਆਕਸੀਜਨ ਪਰਮਾਣੂਆਂ ਦਾ ਇੱਕ ਅਣੂ ਹੈ। ਇਹ ਮੁੱਖ ਤੌਰ 'ਤੇ ਉਪਰਲੇ ਵਾਯੂਮੰਡਲ ਵਿੱਚ ਪਾਇਆ ਜਾਂਦਾ ਹੈ, ਜਿਸ ਨੂੰ ਸਟ੍ਰੈਟੋਸਫੀਅਰ ਕਿਹਾ ਜਾਂਦਾ ਹੈ। ਇਹ ਧਰਤੀ ਦੀ ਸਤ੍ਹਾ ਤੋਂ 10 ਤੋਂ 50 ਕਿਲੋਮੀਟਰ ਦੀ ਦੂਰੀ 'ਤੇ ਸਥਿਤ ਹੈ। ਜੇਕਰ ਇਹ ਪਰਤ ਵਾਯੂਮੰਡਲ ਵਿੱਚ ਨਾ ਹੋਵੇ ਤਾਂ ਕਿਰਨਾਂ ਨਾਲ ਪੌਦਿਆਂ, ਜਾਨਵਰਾਂ ਤੇ ਮਨੁੱਖਾਂ ਵਿੱਚ ਚਮੜੀ ਦੇ ਕੈਂਸਰ ਅਤੇ ਹੋਰ ਕਈ ਤਰ੍ਹਾਂ ਦੀਆਂ ਬਿਮਾਰੀਆਂ ਪੈਦਾ ਹੋ ਜਾਣਗੀਆਂ।

ਓਜ਼ੋਨ ਪਰਤ ਵਿੱਚ ਸੁਰਾਖ ਦੇ ਕਾਰਨ:ਇੱਕ ਰਿਪੋਰਟ ਅਨੁਸਾਰ ਉੱਤਰੀ ਧਰੁਵ 'ਤੇ ਓਜ਼ੋਨ ਪਰਤ ਪਤਲੀ ਹੋ ਗਈ ਹੈ ਤੇ ਇਸ ਵਿੱਚ ਇੱਕ ਸੁਰਾਖ ਬਣ ਗਿਆ ਹੈ। ਓਜ਼ੋਨ ਪਰਤ ਦੇ ਘਟਣ ਦਾ ਮੁੱਖ ਕਾਰਨ ਮਨੁੱਖੀ ਗਤੀਵਿਧੀਆਂ ਹਨ, ਜਿਸ ਵਿੱਚ ਮੁੱਖ ਤੌਰ 'ਤੇ ਮਨੁੱਖ ਦੁਆਰਾ ਬਣਾਏ ਗਏ ਰਸਾਇਣ ਹੁੰਦੇ ਹਨ। ਇਹਨਾਂ ਨੂੰ ਓਜ਼ੋਨ ਡਿਪਲੀਟਿੰਗ ਸਬਸਟੈਂਸ ਕਿਹਾ ਜਾਂਦਾ ਹੈ। ਓਜ਼ੋਨ ਨੂੰ ਖਤਮ ਕਰਨ ਵਿੱਚ ਕਲੋਰੋਫਲੋਰੋ ਕਾਰਬਨ, ਕਾਰਬਨ ਟੈਟਰਾਕਲੋਰਾਇਡ, ਹਾਈਡ੍ਰੋਕਲੋਰੋਫਲੋਰੋ ਕਾਰਬਨ ਅਤੇ ਮਿਥਾਇਲ ਕਲੋਰੋਫਾਰਮ ਸ਼ਾਮਲ ਹਨ।

ਯੂਰਪੀਅਨ ਸਪੇਸ ਏਜੰਸੀ ਦੀ ਰਿਪੋਰਟ ਅਨੁਸਾਰ ਠੰਢਾ ਤਾਪਮਾਨ (-80 ਡਿਗਰੀ ਤੋਂ ਹੇਠਾਂ), ਸੂਰਜ ਦੀ ਰੌਸ਼ਨੀ, ਹਵਾ ਦੇ ਖੇਤਰ ਅਤੇ ਪਦਾਰਥ ਜਿਵੇਂ ਕਿ ਕਲੋਰੋਫਲੋਰੋ ਕਾਰਬਨ ਆਰਕਟਿਕ ਓਜ਼ੋਨ ਪਰਤ ਦੀ ਕਮੀ ਲਈ ਜ਼ਿੰਮੇਵਾਰ ਹਨ।

**ਓਜ਼ੋਨ ਪਰਤ ਨੂੰ ਬਚਾਉਣ ਦੇ ਉਪਾਅ**

* ਨਿਕਲਣ ਵਾਲੇ ਉਤਪਾਦਾਂ ਤੋਂ ਬਚੋ:- ਦਾ ਪੂਰਾ ਰੂਪ (ਕਲੋਰੋਫਲੋਰੋ ਕਾਰਬਨ) ਹੈ। ਫਰਿੱਜ ਅਤੇ ਵਿੱਚੋਂ ਨਿਕਲਣ ਵਾਲੀ ਓਜ਼ੋਨ ਨੂੰ ਸਭ ਤੋਂ ਵੱਧ ਨੁਕਸਾਨ ਪਹੁੰਚਾਉਂਦੀ ਹੈ। ਇਸ ਦੇ ਲਈ ਤੁਸੀਂ ਇਹਨਾਂ ਉਤਪਾਦਾਂ ਦੀ ਵਰਤੋਂ ਨੂੰ ਘਟਾ ਸਕਦੇ ਹੋ ਜਾਂ ਕੁਦਰਤੀ ਚੀਜ਼ਾਂ ਦੀ ਵਰਤੋਂ ਕਰ ਸਕਦੇ ਹੋ।

***ਕੀਟਨਾਸ਼ਕਾਂ ਤੋਂ ਬਚੋ**:-ਸਭ ਤੋਂ ਨੁਕਸਾਨਦਾਇਕ ਤੱਤਾਂ ਵਿੱਚੋਂ ਇੱਕ ਕੀਟਨਾਸ਼ਕ ਨਾ ਸਿਰਫ ਜਾਨਵਰਾਂ ਲਈ, ਸਗੋਂ ਮਨੁੱਖਾਂ ਲਈ ਵੀ ਘਾਤਕ ਹਨ। ਇਸ ਤੋਂ ਬਚਣ ਲਈ ਤੁਸੀਂ ਘਰ ਵਿੱਚ ਸਬਜ਼ੀਆਂ ਉਗਾ ਸਕਦੇ ਹੋ। ਪੌਦਿਆਂ ਦੀ ਸੁਰੱਖਿਆ ਲਈ ਕੁਦਰਤੀ ਉਪਚਾਰਾਂ ਦੀ ਵਰਤੋਂ ਕਰੋ।

* **ਪਲਾਸਟਿਕ ਦੀ ਵਰਤੋਂ ਤੋਂ ਬਚੋ**:- ਪੋਲੀਥੀਨ ਜਾਂ ਪਲਾਸਟਿਕ ਦੀ ਵਰਤੋਂ ਦੀ ਬਜਾਇ ਤੁਸੀਂ ਕੱਪੜੇ ਦੇ ਬਣੇ ਬੈਗ ਦੀ ਵਰਤੋਂ ਕਰ ਸਕਦੇ ਹੋ।

* **ਈਕੋ ਅਨੁਕੂਲ ਉਤਪਾਦ ਖਰੀਦੋ**:- ਵੱਖ-ਵੱਖ ਉਤਪਾਦਾਂ ਤੋਂ ਨਿਕਲਣ ਵਾਲੇ ਆਕਸੀਜਨ ਰਸਾਇਣ ਓਜ਼ੋਨ ਪਰਤ ਨੂੰ ਨੁਕਸਾਨ ਪਹੁੰਚਾਣ ਵਿੱਚ ਵੱਡੀ ਭੂਮਿਕਾ ਨਿਭਾਉਂਦੇ ਹਨ। ਮੁੜ ਵਰਤੋਂਯੋਗ ਸਾਮਾਨ ਜਿਵੇਂ ਜੂਟ ਦੇ ਥੈਲੇ, ਡੱਬੇ ਆਦਿ ਵਰਤ ਕੇ ਇਸ ਖਤਰੇ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ।

* **ਜਨਤਕ ਆਵਾਜਾਈ ਦੀ ਵਰਤੋਂ**:- ਵਾਹਨਾਂ ਤੋਂ ਨਿਕਲੇ ਧੂੰਏਂ ਕਾਰਨ ਓਜ਼ੋਨ ਪਰਤ ਨੂੰ ਨੁਕਸਾਨ ਪਹੁੰਚਿਆ ਹੈ। ਇਸ ਤੋਂ ਬਚਣ ਲਈ ਸਾਈਕਲ ਜਾਂ ਪਬਲਿਕ ਟਰਾਂਸਪੋਰਟ ਦੀ ਵਰਤੋਂ ਕਰੋ।

* **ਰੀਸਾਇਕਲ ਕਰੋ**:- ਤੁਸੀਂ ਜ਼ਿੰਦਗੀ ਵਿੱਚ ਹਰ ਚੀਜ਼ ਨੂੰ ਰੀਸਾਇਕਲ ਕਰ ਸਕਦੇ ਹੋ। ਸੁੱਕੇ ਅਤੇ ਜੈਵਿਕ ਰਹਿੰਦ-ਖੂੰਹਦ ਨੂੰ ਵੱਖ ਕਰੋ ਅਤੇ ਫਿਰ ਇਸ ਨੂੰ ਰੀਸਾਇਕਲ ਕਰੋ।

**# ਸੰਪਰਕ : 98553-71875**

# ਲੋਕਤੰਤਰ ਲਈ ਘਾਤਕ ਹੋਵੇਗੀ ਇੱਕ ਰਾਸ਼ਟਰ, ਇੱਕ ਚੋਣ



ਪਲਵਿੰਦਰ ਸਿੰਘ ਸੋਹਲ

ਦੇਸ ਦੀ ਮੋਦੀ ਸਰਕਾਰ ਵੱਲੋਂ ਅਚਾਨਕ ਹੀ 18 ਸਤੰਬਰ ਤੋਂ 22 ਸਤੰਬਰ ਤੱਕ ਸੰਸਦ ਦਾ ਵਿਸ਼ੇਸ਼ ਇਜਲਾਸ ਸੱਦ ਲਿਆ ਗਿਆ ਹੈ। ਇਸ ਇਜਲਾਸ ਵਿੱਚ ਸਰਕਾਰ ਇਕ ਰਾਸ਼ਟਰ ਇਕ ਚੋਣ ਬਿੱਲ ਲਿਆ ਸਕਦੀ ਹੈ। ਸਰਕਾਰ ਨੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਅਗਵਾਈ ਵਿੱਚ ਇੱਕ ਪੰਜ ਮੈਂਬਰੀ ਕਮੇਟੀ ਦਾ ਗਠਨ ਵੀ ਇਸ ਮੁੱਦੇ ਨੂੰ ਵਿਚਾਰਨ ਲਈ ਕਰ ਦਿੱਤਾ ਹੈ। ਇਹ ਕਮੇਟੀ ਦੇਸ਼ ਵਿੱਚ ਲੋਕ ਸਭਾ, ਵਿਧਾਨ ਸਭਾਵਾਂ ਅਤੇ ਸਥਾਨਕ ਸਰਕਾਰਾਂ ਜਿਵੇਂ ਨਗਰ ਨਿਗਮ, ਨਗਰ ਕੌਂਸਲਾਂ, ਬਲਾਕ ਸੰਮਤੀ, ਜ਼ਿਲ੍ਹਾ ਪ੍ਰੀਸ਼ਦ ਅਤੇ ਪਿੰਡਾਂ ਦੀਆਂ ਪੰਚਾਇਤਾਂ ਆਦਿ ਸਭ ਚੋਣਾਂ ਇਕ ਸਮੇਂ ਕਰਵਾਉਣ ਲਈ ਹਰੇਕ ਤਰ੍ਹਾਂ ਦੇ ਕਾਨੂੰਨੀ ਤਕਨੀਕੀ ਸੰਵਿਧਾਨਿਕ ਸੁਝਾਵਾਂ ਬਾਰੇ ਵਿਚਾਰ ਕਰੇਗੀ ਤੇ ਸਰਕਾਰ ਨੂੰ ਆਪਣੀਆਂ ਸਿਫਾਰਸ਼ਾਂ ਕਰੇਗੀ। ਕੇਂਦਰ ਸਰਕਾਰ ਦੁਆਰਾ ਲਏ ਗਏ ਇਸ ਫੈਸਲੇ ਨਾਲ ਦੇਸ ਵਿਚ ਇਕ ਵੱਡੀ ਸਿਆਸੀ ਬਹਿਸ ਛਿੜ ਗਈ ਹੈ, ਹੁਣ ਜਦੋਂ ਦੇਸ਼ ਵਿੱਚ ਆਮ ਚੋਣਾਂ ਵਿਚ ਸਿਰਫ 8 ਮਹੀਨੇ ਦਾ ਸਮਾਂ ਬਾਕੀ ਹੈ ਅਤੇ ਦੇਸ਼ ਵਿਚ ਚੋਣ ਸਰਗਰਮੀਆਂ ਸ਼ੁਰੂ ਵੀ ਹੋ ਗਈਆਂ ਹਨ। ਕੇਂਦਰ ਸਰਕਾਰ ਵੱਲੋਂ ਦੇਸ਼ ਵਿੱਚ ਇੱਕ ਰਾਸਟਰ ਇੱਕ ਚੋਣ ਵਰਗਾ ਬਿੱਲ ਲਿਆ ਕੇ ਇਸ ਨੂੰ ਸੰਸਦ ਦਾ ਵਿਸ਼ੇਸ਼ ਇਜਲਾਸ ਬੁਲਾ ਕੇ ਕਾਨੂੰਨੀ ਰੂਪ ਦੇਣ ਦੀ ਕਵਾਇਦ ਕਈ ਤਰਾਂ ਦੇ ਸ਼ੱਕ ਪੈਦਾ ਕਰ ਰਹੀ ਹੈ ਅਤੇ ਦੇਸ਼ ਦੇ ਲੋਕਤੰਤਰ ਲਈ ਸੋਚਣ ਵਾਲੇ ਹਰੇਕ ਭਾਰਤੀ ਨੂੰ ਇਸ ਬਾਰੇ ਘੋਖ-ਪੜਤਾਲ ਕਰਨ ਲਈ ਮਜਬੂਰ ਕਰ ਰਹੀ ਹੈ। ਦੇਸ਼ ਦੇ ਲੋਕਤੰਤਰ ਨੂੰ ਖਤਰਾ ਮਹਿਸੂਸ ਹੋ ਰਿਹਾ ਹੈ। ਸਾਡਾ ਦੇਸ਼ ਦੁਨੀਆਂ ਦਾ ਸਭ ਤੋਂ ਵਿਸ਼ਾਲ ਅਤੇ ਮਜ਼ਬੂਤ ਲੋਕਤੰਤਰ ਦੀਆਂ ਮੁਸ਼ਕਲਾਂ ਦੇ ਬਾਵਜੂਦ ਭਾਰਤੀ ਲੋਕਤੰਤਰ ਮਜ਼ਬੂਤੀ ਨਾਲ ਚਲਦਾ ਹੋਇਆ ਸਮੇਂ ਦੇ ਨਾਲ-ਨਾਲ ਕਈ ਪ੍ਰੀਖਿਆਵਾਂ ਵਿੱਚੋਂ ਪਾਸ ਹੁੰਦਾ ਸਾਰੇ ਸੰਸਾਰ ਦੇ ਲੋਕਤੰਤਰੀ ਦੇਸ਼ਾਂ ਲਈ ਇੱਕ ਪ੍ਰੇਰਨਾ ਸਰੋਤ ਬਣਿਆ। 1975 ਵਿੱਚ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੁਆਰਾ ਲਗਾਈ ਗਈ ਐਮਰਜੈਂਸੀ ਸਮੇਂ ਵੀ ਦੇਸ਼ ਨੇ ਲੋਕਤੰਤਰ ਦੇ ਹੱਕ ਵਿੱਚ ਫਤਵਾ ਦਿੱਤਾ ਸੀ। 1950 ਤੋਂ ਲੈ ਕੇ ਹੁਣ ਤੱਕ ਕਈ ਲੋਕ ਸਭਾ ਅਤੇ ਵਿਧਾਨ ਸਭਾਵਾਂ ਦੀਆਂ ਚੋਣਾਂ ਹੋਈਆਂ ਹਨ, ਕਈ ਤਰ੍ਹਾਂ ਦੇ ਚੋਣ ਸੁਧਾਰ ਹੋਏ ਹਨ, ਬੈਲਟ ਪੇਪਰ ਤੋਂ ਈ ਵੀ ਐੱਮ ਤੱਕ ਦਾ ਸਫਰ ਤਹਿ ਹੋਇਆ ਹੈ। ਚੋਣ ਪ੍ਰਚਾਰ, ਚੋਣ ਖਰਚ ਅਤੇ ਸਮੇਤ ਕਈ ਚੋਣਾਂ ਨਾਲ ਸੰਬੰਧਿਤ ਸੁਧਾਰ ਹੋਏ ਹਨ, ਜੋ ਕਿ ਲੋੜੀਂਦੇ ਸਨ ਅਤੇ ਸਮੇਂ ਦੀ ਮੰਗ ਵੀ ਸਨ। ਅਜੇ ਵੀ ਕਈ ਤਰ੍ਹਾਂ ਦੇ ਸੁਧਾਰਾਂ ਦੀ ਲੋੜ ਹੈ, ਪਰ ਬੀਤੇ ਸਮੇਂ ਸੁਧਾਰਾਂ ਕਾਰਨ ਲੋਕ ਰਾਏ ਅਤੇ ਜਨਮਤ ਨੂੰ ਪ੍ਰਭਾਵਤ ਕਰਨ ਵਿਸ਼ੇਸ਼ ਤੌਰ 'ਤੇ ਸੱਤਾਧਾਰੀ ਦਲ ਦੀ ਵਿਸ਼ੇਸ਼ ਸਮਰੱਥਾ ਅਤੇ ਤਾਕਤ ਕਾਰਨ ਇਹ ਕੀਤੇ ਗਏ ਚੋਣ ਸੁਧਾਰਾਂ ਵੀ ਬਹਿਸ ਦਾ ਵਿਸ਼ਾ ਰਹੇ ਹਨ। ਭਾਵੇਂ ਸੱਤਾਧਾਰੀ ਧਿਰ ਵੱਲੋਂ ਇਹ ਦਲੀਲ ਦਿੱਤੀ ਜਾ ਰਹੀ ਹੈ ਕਿ 1950 ਤੋਂ ਲੈ ਕੇ 1967 ਤੱਕ ਸਾਰੀਆਂ ਚੋਣਾਂ ਇੱਕ ਸਮੇਂ ਹੁੰਦੀਆਂ ਸਨ। ਬਾਅਦ ਵਿੱਚ ਇਹ ਚੱਕਰ ਟੁੱਟ ਗਿਆ, ਭਾਜਪਾ ਸਮੇਤ ਐੱਨ ਡੀ ਏ ਵਿੱਚ ਮੌਜੂਦ ਬਹੁਤੇ ਦਲਾਂ ਦੀ ਰਾਏ ਹੈ ਕਿ ਚੋਣਾਂ ਇਕੋ ਸਮੇਂ ਨਾ ਹੋਣ ਕਾਰਨ ਪੰਜ ਸਾਲ ਹੀ ਵੱਧ-ਘੱਟ ਵੱਖ-ਵੱਖ ਰਹਿੰਦੀਆਂ ਹਨ ਅਤੇ ਵੱਖ-ਵੱਖ ਸਮੇਂ 'ਤੇ ਚੋਣ ਜ਼ਾਬਤਾ ਲੱਗਣ ਕਾਰਨ ਸਰਕਾਰ ਦੀ ਕਾਰਜ ਪ੍ਰਣਾਲੀ ਅਤੇ ਵਿਕਾਸ ਕਾਰਜਾਂ ਵਿੱਚ ਰੁਕਾਵਟ ਆਉਂਦੀ ਹੈ। ਚੋਣਾਂ ਦਾ ਖਰਚ ਵੀ ਵਧਦਾ ਹੈ। ਪ੍ਰਸ਼ਾਸਨਿਕ ਅਤੇ ਸੁਰੱਖਿਆ ਸਲਾਹਕਾਰ ਸਮਾਂ ਚੋਣ ਦੀ ਤਿਆਰੀ ਵਿੱਚ ਹੀ ਲਗਾ ਦਿੰਦਾ ਹੈ, ਪਰ ਇਹ ਵੀ ਇੱਕ ਵੱਡਾ ਮੰਚ ਹੈ। ਕੀ ਚੋਣਾਂ ਕਿਸੇ ਵੀ ਲੋਕਤੰਤਰ ਦਾ ਸਭ ਤੋਂ ਜ਼ਰੂਰੀ ਅਤੇ ਮਹੱਤਵਪੂਰਨ ਕਾਰਜ ਹੁੰਦਾ ਹੈ। ਚੋਣਾਂ ਰਾਹੀਂ ਹੀ ਆਮ ਜਨਤਾ ਨੂੰ ਆਪਣੇ ਰਾਇ ਪ੍ਰਗਟ ਕਰਨ ਅਤੇ ਆਪਣੇ ਪ੍ਰਤੀਨਿਧੀ ਚੁਣਨ ਦਾ ਅਧਿਕਾਰ ਪ੍ਰਾਪਤ ਹੁੰਦਾ ਹੈ, ਚੋਣਾਂ ਲੋਕਤੰਤਰ ਦਾ ਤਿਉਹਾਰ ਹਨ।

ਇਹ ਚੋਣਾਂ ਹੀ ਹਨ, ਜੋ ਨੇਤਾਵਾਂ ਤੇ ਸਰਕਾਰਾਂ ਨੂੰ ਜਨਤਾ ਪ੍ਰਤੀ ਜਵਾਬਦੇਹ ਬਣਾਉਂਦੀਆਂ ਹਨ। ਇਹ ਵੀ ਸੱਚ ਹੈ ਕਿ 1967 ਤੋਂ ਲੈ ਕੇ ਹੁਣ ਤੱਕ ਦੇਸ਼ ਦੇ ਸਿਆਸੀ, ਸਮਾਜਿਕ ਮਾਹੌਲ ਵਿੱਚ ਕਾਫੀ ਬਦਲਾ ਆ ਚੁੱਕੇ ਹਨ, ਇਸ ਸਮੇਂ ਜੋ ਇੱਕ ਰਾਸ਼ਟਰ ਇੱਕ ਚੋਣ ਦਾ ਏਜੰਡਾ ਭਾਜਪਾ ਸਰਕਾਰ ਲੈ ਕੇ ਆਈ ਹੈ, ਉਸ ਕਾਰਨ ਜੋ ਸੰਵਿਧਾਨਿਕ ਕਾਨੂੰਨ ਅਤੇ ਤਕਨੀਕੀ ਰੁਕਾਵਟਾਂ ਹਨ, ਉਹਨਾਂ ਵਿੱਚੋਂ ਕੁਝ ਮੁੱਖ ਦਾ ਵਰਣਨ ਅੱਗੇ ਕੀਤਾ ਹੈ:

* ਸਭ ਤੋਂ ਵੱਡੀ ਸਮੱਸਿਆ ਅਤੇ ਚਿੰਤਾ ਦੇਸ ਦੇ ਸੰਘੀ ਢਾਂਚੇ ਦੀ ਭਾਵਨਾ ਨੂੰ ਨੁਕਸਾਨ ਹੋਣ ਦੀ ਹੈ। ਦੇਸ਼ ਦਾ ਸੰਵਿਧਾਨ ਸੰਘਾਤਮਕ ਹੈ ਅਤੇ ਦੇਸ਼ ਦੇ ਰਾਜਾਂ ਦੇ ਆਪਣੇ ਮੁੱਦੇ ਅਤੇ ਮਸਲੇ ਹਨ। ਜੋ ਇੱਕੋ ਸਮੇਂ ਚੋਣ ਹੋਣ ਕਰਕੇ ਦੱਬੇ ਜਾਣਗੇ, ਅਤੇ ਕੇਂਦਰੀ ਮੁੱਦਿਆਂ ਦਾ ਜ਼ਿਆਦਾ ਬੋਲਬਾਲਾ ਹੋਣ ਕਰਕੇ ਰਾਜਾਂ ਦੇ ਅਤੇ ਸਥਾਨਕ ਪੱਧਰ ਦੇ ਮੁੱਦੇ ਅਣਗੌਲੇ ਰਹਿ ਜਾਣਗੇ। ਕਿਸੇ ਵੀ ਲੋਕਤੰਤਰ ਲਈ ਅਜਿਹੀ ਸਥਿਤੀ ਠੀਕ ਨਹੀਂ ਹੈ।

* ਇੱਕ ਰਾਸ਼ਟਰ ਇੱਕ ਚੋਣ ਲਈ ਦੂਜੀ ਵੱਡੀ ਤਕਨੀਕੀ ਅਤੇ ਕਾਨੂੰਨੀ ਸਮੱਸਿਆ ਕਈ ਰਾਜਾਂ ਦੀਆਂ ਸਰਕਾਰਾਂ ਦਾ ਕਾਰਜਕਾਲ (ਚਾਰ ਸਾਲਾਂ ਤੋਂ ਵੀ ਵੱਧ) ਬਾਕੀ ਹੈ, ਜਿਵੇਂ ਪੰਜਾਬ, ਹਿਮਾਚਲ ਪ੍ਰਦੇਸ਼, ਕਰਨਾਟਕ, ਅਜਿਹੀਆ ਵਿਧਾਨ ਸਭਾਵਾਂ ਨੂੰ ਸਮੇ ਤੋਂ ਪਹਿਲਾਂ ਭੰਗ ਕਰਨਾ ਕਿੱਥੋਂ ਤੱਕ ਜਾਇਜ ਹੈ ? ਕੀ ਇਹ ਲੋਕ ਫਤਵੇ ਅਤੇ ਸੰਵਿਧਾਨ ਦਾ ਅਪਮਾਨ ਨਹੀਂ ?

* ਜੇਕਰ ਸਾਰੀਆਂ ਚੋਣਾਂ ਇੱਕ ਸਮੇਂ ਕਰਵਾ ਵੀ ਦਿੱਤੀਆਂ ਜਾਣ ਤਾਂ ਜੇਕਰ ਲੋਕ ਸਭਾ ਜਾਂ ਫਿਰ ਕਿਸੇ ਰਾਜ ਦੀ ਵਿਧਾਨ ਸਭਾ ਵਿੱਚ ਕਿਸੇ ਵੀ ਦਲ ਜਾਂ ਗੱਠਜੋੜ ਨੂੰ ਬਹੁਮਤ ਪ੍ਰਾਪਤ ਨਹੀਂ ਹੁੰਦਾ ਅਤੇ ਤ੍ਰਿਸ਼ੰਕੂ ਲੋਕ ਸਭਾ ਜਾਂ ਵਿਧਾਨ ਸਭਾ ਹੋਂਦ ਵਿੱਚ ਆਉਂਦੀ ਹੈ ਤਾਂ ਫਿਰ ਕੀ ਕੀਤਾ ਜਾਵੇਗਾ ? ਕੀ ਫੇਰ ਦੁਬਾਰਾ ਚੋਣ ਕਾਰਵਾਈ ਜਾਵੇਗੀ ਜਾਂ ਫਿਰ ਰਾਸ਼ਟਰਪਤੀ ਰਾਜ ਹੀ ਲੱਗੇਗਾ ? ਜੇਕਰ ਲੋਕ ਸਭਾ ਜਾਂ ਵਿਧਾਨ ਸਭਾ ਵਿੱਚ ਸਰਕਾਰ ਆਪਣਾ ਬਹੁਮਤ ਗੁਆ ਦਿੰਦੀ ਹੈ ਤਾਂ ਫਿਰ ਕੀ ਕੀਤਾ ਜਾਵੇਗਾ ? ਕਿਸੇ ਵਿਧਾਨ ਸਭਾ ਜਾਂ ਲੋਕ ਸਭਾ ਮੈਂਬਰ ਦੀ ਮੌਤ ਜਾਂ ਅਸਤੀਫੇ ਦੀ ਸੂਰਤ ਵਿੱਚ ਕੀ ਕੀਤਾ ਜਾਵੇਗਾ ?

* ਸਥਾਨਕ ਸਰਕਾਰਾਂ ਅਤੇ ਪੰਚਾਇਤਾਂ ਨੂੰ ਲੋਕਤੰਤਰ ਦੀ ਨੀਂਹ ਮੰਨਿਆ ਜਾਂਦਾ ਹੈ। ਕੀ ਇਹ ਚੋਣਾਂ ਵੀ ਲੋਕ ਸਭਾ, ਵਿਧਾਨ ਸਭਾ ਦੀਆਂ ਚੋਣਾਂ ਦੇ ਨਾਲ-ਨਾਲ ਹੋਣਗੀਆਂ ? ਜੇਕਰ ਹੋਣਗੀਆਂ ਤਾਂ ਕੀ ਭਾਰਤੀ ਵੋਟਰ ਇੱਕੋ ਸਮੇਂ ਪੰਜ ਤੋਂ ਛੇ ਉਮੀਦਵਾਰਾਂ ਨੂੰ ਆਪਣੀ ਵੋਟ ਦਾ ਸਹੀ ਢੰਗ ਨਾਲ ਇਸਤੇਮਾਲ ਕਰ ਸਕੇਗਾ ?

* ਇੱਕ ਸਮੇਂ ਚੋਣ ਕਰਵਾਉਣ ਲਈ ਪੈਸੇ ਦੀ ਬੱਚਤ ਦਾ ਤਰਕ ਵੀ ਦਿੱਤਾ ਜਾਂਦਾ ਹੈ, ਪਰ ਕੀ ਭਾਰਤੀ ਚੋਣ ਕਮਿਸ਼ਨ ਇੱਕੋ ਸਮੇਂ ਸਾਰੀਆਂ ਚੋਣਾਂ ਲਈ ਈ ਵੀ ਐੱਮ ਮਸ਼ੀਨਾਂ, ਅਮਲਾ ਫੈਲਾ, ਸੁਰੱਖਿਆ ਪ੍ਰਬੰਧ ਆਦਿ ਦਾ ਪ੍ਰਬੰਧ ਸੁਚੱਜੇ ਢੰਗ ਨਾਲ ਕਰ ਸਕੇਗਾ ? ਹਜ਼ਾਰਾਂ ਕਰੋੜਾਂ ਰੁਪਏ ਦਾ ਪ੍ਰਬੰਧ ਕਿਸ ਤਰ੍ਹਾਂ ਹੋਵੇਗਾ ?

* ਕੀ ਪੰਜ ਸਾਲਾਂ ਬਾਅਦ ਹੀ ਚੋਣਾਂ ਹੋਣ ਨਾਲ ਸਿਆਸੀ ਨੇਤਾ ਤਿੰਨ-ਚਾਰ ਸਾਲ ਲਈ ਜਨਤਾ ਨਾਲੋਂ ਟੁੱਟ ਨਾ ਜਾਣਗੇ ? ਭਾਰਤੀ ਸਿਆਸੀ ਨੇਤਾ ਵੱਖ-ਵੱਖ ਸਮੇਂ ਹੁੰਦੀਆਂ ਚੋਣਾਂ ਕਾਰਨ ਹੀ ਜਨਤਾ ਨਾਲ ਜੁੜੇ ਰਹਿੰਦੇ ਹਨ। ਇਹ ਆਮ ਵੇਖਣ ਵਿੱਚ ਆਇਆ ਹੈ ਕਿ ਵੱਖ-ਵੱਖ ਚੋਣਾਂ ਸਮੇ ਹੀ ਕਈ ਅਧੂਰੇ ਵਿਕਾਸ ਕਾਰਜ ਪੂਰੇ ਹੋ ਜਾਂਦੇ ਹਨ, ਸੜਕਾਂ, ਗਲੀਆਂ ਸਮੇਤ ਕਈ ਛੋਟੇ-ਵੱਡੇ ਪ੍ਰੋਜੈਕਟ ਪੂਰੇ ਜਾਂ ਸ਼ੁਰੂ ਹੁੰਦੇ ਹਨ ਅਤੇ ਕਈ ਲੋਕ ਭਲਾਈ ਵਾਲੀਆਂ ਯੋਜਨਾਵਾਂ ਦਾ ਐਲਾਨ ਹੁੰਦਾ ਹੈ, ਜੇਕਰ ਇੱਕੋ ਸਮੇਂ ਚੋਣਾਂ ਹੋਣਗੀਆਂ ਤਾਂ ਇੱਕ ਲੰਮੇ ਅਰਸੇ ਲਈ ਸਿਆਸੀ ਨੇਤਾਵਾਂ ਦੀ ਜਵਾਬਦੇਹੀ ਘਟੇਗੀ।

* ਖੇਤਰੀ ਦਲਾਂ ਦਾ ਭਾਰਤੀ ਸਿਆਸਤ ਵਿਚ ਆਉਣਾ ਰੋਲ ਰਿਹਾ ਹੈ। ਵੱਖ ਵੱਖ ਖੇਤਰੀ ਦਲਾਂ ਨੇ ਆਪਣੇ ਨਾਲ ਸੰਬੰਧਤ ਖੇਤਰਾਂ ਦੇ ਹੱਕਾਂ ਅਤੇ ਮਸਲਿਆਂ ਬਾਰੇ ਕਾਫੀ ਸੰਘਰਸ਼ ਕੀਤੇ ਹਨ ਅਤੇ ਰਾਸ਼ਟਰੀ ਸਿਆਸਤ ਵਿੱਚ ਵੀ ਯੋਗਦਾਨ ਦਿਤਾ ਹੈ। ਇੱਕ ਰਾਸ਼ਟਰ ਵਿੱਚ ਰਾਸ਼ਟਰੀ ਦਲਾਂ ਦੀ ਭੂਮਿਕਾ ਵਧੇਗੀ ਅਤੇ ਖੇਤਰੀ ਦਲ ਪਛੜ ਜਾਣਗੇ।

* ਦੇਸ ਦੇ ਨਿਰਪੱਖ ਬੁੱਧੀਜੀਵੀਆਂ, ਲੇਖਕਾਂ, ਵਿਦਵਾਨਾਂ ਅਤੇ ਸਮਾਜਕ ਕਾਰਕੁਨਾਂ ਸਮੇਤ ਵਿਰੋਧੀ ਸਿਆਸੀ ਦਲਾਂ ਦਾ ਮੰਨਣਾ ਹੈ ਕਿ ਭਾਜਪਾ ਦੇਸ਼ ਵਿੱਚ ਰਾਸ਼ਟਰੀ ਸੇਵਕ ਸੰਘ ਦਾ ਏਜੰਡਾ ਲਾਗੂ ਕਰਨ ਬਾਰੇ ਕੰਮ ਕਰ ਰਹੀ ਹੈ। ਇਸ ਵਿੱਚ ਦੇਸ ਦੇ ਸੰਵਿਧਾਨ ਦੀ ਮੂਲ ਭਾਵਨਾ ਦੇ ਉਲਟ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣਾ ਆਰ ਐੱਸ ਐੱਸ ਦਾ ਪ੍ਰਮੁੱਖ ਏਜੰਡਾ ਹੈ। ਇੱਕ ਰਾਸ਼ਟਰ ਇੱਕ ਚੋਣ ਰਾਹੀਂ ਭਾਜਪਾ ਆਪਣੇ ਇਸ ਏਜੰਡੇ ਨੂੰ ਅੱਗੇ ਵਧਾ ਰਹੀ ਹੈ ।

* ਭਾਰਤ ਇੱਕ ਭਿੰਨਤਾਵਾਂ ਵਾਲਾ ਰਾਸ਼ਟਰ ਹੈ, ਇਥੋਂ ਦਾ ਜਲਵਾਯੂ, ਧਰਾਤਲ, ਬੋਲੀ, ਸੱਭਿਆਚਾਰ, ਧਰਮ, ਜਾਤ ਆਦਿ ਸਭ ਵੱਖ-ਵੱਖ ਹਨ। ਭਾਰਤ ਦੀ ਇਹ ਅਨੇਕਤਾ ਵੀ ਇਸ ਦੀ ਵਿਸ਼ੇਸ਼ਤਾ ਹੈ। ਇਸ ਅਨੇਕਤਾ ਵਿੱਚ ਹੀ ਏਕਤਾ ਇਸ ਦੀ ਤਾਕਤ ਹੈ। ਇੱਕ ਚੋਣ, ਇੱਕ ਬੋਲੀ, ਇੱਕ ਧਰਮ, ਇੱਕ ਜਾਤ, ਇਹ ਸਭ ਭਾਰਤ ਦੀ ਭਾਵਨਾ ਦੇ ਉਲਟ ਹਨ, ਸੰਵਿਧਾਨ ਦੀ ਭਾਵਨਾ ਦੇ ਉਲਟ ਹਨ। ਇਸ ਲਈ ਇਹਨਾਂ ਤੱਥਾਂ ਨੂੰ ਵੀ ਵਿਚਾਰਨ ਦੀ ਲੋੜ ਹੈ। ਇਸ ਲਈ ਇਸ ਸਭ ਵੱਡੇ ਅਤੇ ਗੰਭੀਰ ਮੁੱਦੇ 'ਤੇ ਦੇਸ਼ ਦੇ ਹਰ ਇੱਕ ਸਚੇਤ ਨਾਗਰਿਕ, ਸਿਆਸੀ ਨੇਤਾ, ਸਮਾਜਕ ਅਤੇ ਧਾਰਮਕ ਕਾਰਕੁਨ, ਲੇਖਕਾਂ, ਬੁੱਧੀਜੀਵੀਆਂ ਅਤੇ ਮੀਡੀਆ ਦੇ ਹਰ ਇੱਕ ਖੇਤਰ ਨਾਲ ਜੁੜੇ ਪੱਤਰਕਾਰਾਂ ਨੂੰ ਵੱਡਾ ਮੰਥਨ ਤੇ ਸੋਚ-ਵਿਚਾਰ ਕਰਦੇ ਹੋਏ ਇੱਕਮੁੱਠ ਹੋ ਕੇ ਵੱਡੇ ਸੰਘਰਸ ਦੀ ਤਿਆਰੀ ਵਿੱਢ ਦੇਣੀ ਚਾਹੀਦੀ ਹੈ। ਇਹ ਦੇਸ਼ ਦੇ ਭਵਿੱਖ ਨੂੰ ਬਚਾਉਣ ਦੀ ਲੜਾਈ ਹੈ, ਇਹ ਸੰਵਿਧਾਨ ਅਤੇ ਲੋਕਤੰਤਰ ਨੂੰ ਬਚਾਉਣ ਦੀ ਲੜਾਈ ਹੈ ਕਿਸਾਨ ਅੰਦੋਲਨ ਵਰਗੇ ਇੱਕ ਹੋਰ ਅੰਦੋਲਨ ਦੀ ਦੇਸ਼ ਵਿਆਪੀ ਤਿਆਰੀ ਦੀ ਲੋੜ ਹੈ।

ਲੋਕਤੰਤਰ ਦੇ ਭਵਿੱਖ ਨੂੰ ਆਪਣੇ ਸਿਆਸੀ ਹਿੱਤਾਂ ਤੋਂ ਉੱਪਰ ਰੱਖਣ ਦੀ ਲੋੜ ਹੈ। ਜੇਕਰ ਕਾਹਲੀ ਵਿੱਚ ਕੋਈ ਫੈਸਲਾ ਹੋ ਗਿਆ ਤਾਂ ਕਿਤੇ ਨੋਟਬੰਦੀ ਵਾਂਗ ਦੇਸ਼ ਨੂੰ ਇਸ ਦੀ ਵੱਡੀ ਕੀਮਤ ਨਾ ਚੁਕਾਉਣੀ ਪਵੇ।

**# ਸੰਪਰਕ : 98768-56311**

CMYK

# ਦਲਿਤਾਂ ਮਜ਼ਦੂਰਾਂ ਦੀ ਸਮਾਜਿਕ ਏਕਤਾ ਲਹਿਰ ਖੜੀ ਕਰਨ ਲਈ ਮੀਟਿੰਗਾਂ ਦਾ ਸਿਲਸਿਲਾ ਜਾਰੀ : ਸਮਾਓਂ

## ਮਾਨ ਸਰਕਾਰ ਖਿਲਾਫ ਮਜ਼ਦੂਰ ਰੈਲੀ ਭਲਕੇ



**ਮਾਨਸਾ (ਆਤਮਾ ਸਿੰਘ ਪਮਾਰ)**-ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਲੁੱਟ ਤੇ ਜਬਰ ਦੇ ਟਾਕਰੇ ਲਈ ਦਲਿਤਾਂ ਤੇ ਕਿਰਤੀਆਂ ਦੀ ਸਮਾਜਿਕ ਏਕਤਾ ਲਹਿਰ ਖੜੀ ਕਰਨ ਦੀ ਜਾਰੀ ਮੁਹਿੰਮ ਦੀ ਸਫਲਤਾ ਲਈ 17 ਸਤੰਬਰ ਨੂੰ ਮਾਨਸਾ ਵਿਖੇ ਰੱਖੀ ਮਜ਼ਦੂਰ ਸਮਾਜ ਏਕਤਾ ਰੈਲੀ ਦੀਆਂ ਤਿਆਰੀਆਂ ਜ਼ਿਲ੍ਹੇ ਅੰਦਰ ਜ਼ੋਰ ਸ਼ੋਰ ਨਾਲ ਚੱਲ ਰਹੀਆਂ ਹਨ ਅਤੇ ਕਿਰਤੀ ਸਮਾਜ ਵੱਲੋਂ ਪੂਰਾ ਸਮਰਥਨ ਮਿਲ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹੇ ਦੇ ਦਰਜਨ ਤੋਂ ਵੱਧ ਪਿੰਡਾਂ ਵਿੱਚ ਮੀਟਿੰਗਾਂ, ਰੈਲੀਆਂ ਕਰਨ ਤੋਂ ਬਾਅਦ ਅੱਜ ਪਿੰਡ ਗੜੱਦੀ ਵਿਖੇ ਮਜ਼ਦੂਰ ਰੈਲੀ ਨੂੰ ਸੰਬੋਧਨ ਕਰਦੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓਂ ਵੱਲੋਂ ਕੀਤਾ ਗਿਆ। ਮਜ਼ਦੂਰ ਆਗੂ ਨੇ ਕਿਹਾ ਕਿ ਆਪ ਸਰਕਾਰ ਨੇ ਚੋਣਾਂ ਵਿੱਚ ਇੱਕ ਹਜ਼ਾਰ ਮਹੀਨਾ ਦੇਣ ਦੇ ਨਾਂਅ 'ਤੇ ਔਰਤਾਂ ਨਾਲ ਸਭ ਤੋਂ ਵੱਡੀ ਠੱਗੀ ਮਾਰੀ ਹੈ ਅਤੇ ਪੰਜਾਬ ਦੇ ਇਤਿਹਾਸ ਵਿੱਚ ਭਗਵੰਤ ਮਾਨ ਪਹਿਲਾ ਮੁੱਖ ਮੰਤਰੀ ਹੋਵੇਗਾ, ਜੋ ਮਜ਼ਦੂਰ ਜਥੇਬੰਦੀਆਂ ਨਾਲ ਮੀਟਿੰਗ ਕਰਨੀ ਤਾਂ ਦੂਰ ਦਲਿਤਾਂ ਵੱਲ ਝਾਕਣਾ ਤੱਕ ਵੀ ਨਹੀਂ ਚਾਹੁੰਦਾ। ਇਸ ਲਈ ਮਜ਼ਦੂਰ ਵਰਗ ਨੂੰ ਜਥੇਬੰਦ ਹੋ ਕੇ ਸਰਕਾਰ ਨੂੰ ਘੇਰਨ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਿਜਲੀ ਮਾਫੀ ਦੇ ਨਾਂਅ 'ਤੇ 80% ਜ਼ੀਰੋ ਬਿੱਲ ਦੇ ਬੋਰਡ ਲਾਉਣ ਵਾਲੇ ਮੁੱਖ ਮੰਤਰੀ ਮਾਨ ਨੇ ਦਿਹਾੜੀਦਾਰ ਮਜ਼ਦੂਰਾਂ ਨੂੰ 20-20 ਹਜ਼ਾਰ ਦੇ ਬਿੱਲ ਭੇਜ ਦਿੱਤੇ ਹਨ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਅਕਾਲੀ, ਕਾਂਗਰਸੀਆਂ ਦੀ ਹਰ ਗੱਲ ਦਾ ਵਿਰੋਧ ਕਰਨ ਵਾਲਾ ਮੁੱਖ ਮੰਤਰੀ ਮਾਨ ਉਨ੍ਹਾਂ ਦੇ ਰਸਤੇ 'ਤੇ ਚੱਲ ਕੇ ਹੀ ਗਰੀਬਾਂ ਦਾ ਗਲ ਘੋਟ ਰਿਹਾ ਹੈ। ਉਨ੍ਹਾਂ ਦਲਿਤਾਂ ਤੇ ਕਿਰਤੀਆਂ ਨੂੰ ਆਪਣੇ ਅਧਿਕਾਰਾਂ ਤੇ ਹੱਕਾਂ ਦੀ ਪ੍ਰਾਪਤੀ ਲਈ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦਾ ਸਾਥ ਦੇਣ ਦੀ ਪੁਰਜ਼ੋਰ ਅਪੀਲ ਵੀ ਕੀਤੀ ਤੇ 17 ਸਤੰਬਰ ਨੂੰ ਮਾਨਸਾ ਵਿਖੇ ਰੱਖੀ ਮਜ਼ਦੂਰ ਸਮਾਜ ਏਕਤਾ ਰੈਲੀ ਵਿੱਚ ਪਹੁੰਚਣ ਦਾ ਹੋਕਾ ਦਿੱਤਾ। ਇਨ੍ਹਾਂ ਰੈਲੀਆਂ ਨੂੰ ਜ਼ਿਲ੍ਹਾ ਪ੍ਰਧਾਨ ਨਿੱਕਾ ਸਿੰਘ ਬਹਾਦਰਪੁਰ, ਜ਼ਿਲ੍ਹਾ ਸਕੱਤਰ ਮਨਜੀਤ ਸਿੰਘ ਜੋਗਾ, ਸੁਖਵਿੰਦਰ ਸਿੰਘ ਬੋਹਾ, ਪਿਆਰਾ ਸਿੰਘ ਨੰਦਗੜ੍ਹ, ਭੋਲਾ ਸਿੰਘ ਝੱਬਰ, ਗੁਲਾਬ ਸਿੰਘ ਖੀਵਾ, ਪ੍ਰਦੀਪ ਸਿੰਘ ਗੁਰੂ, ਗੁਰਵਿੰਦਰ ਸਿੰਘ ਨੰਦਗੜ੍ਹ, ਕਾਲਾ ਸਿੰਘ ਉੱਭਾ, ਜਰਨੈਲ ਸਿੰਘ ਮਾਨਸਾ, ਕੁਲਵਿੰਦਰ ਕੌਰ ਗੁਰਨੇ, ਮੇਲਾ ਸਿੰਘ ਹੀਰੋ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

# ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਸੂਬਾ ਪੱਧਰੀ ਰੋਸ ਪ੍ਰਦਰਸ਼ਨ



ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਚੰਡੀਗੜ੍ਹ ਵਿਖੇ ਕੀਤੇ ਗਏ ਰੋਸ ਪ੍ਰਦਰਸ਼ਨ ਦਾ ਦ੍ਰਿਸ਼।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਦੀਆਂ 54 ਹਜ਼ਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਅਤੇ ਮਸਲਿਆਂ ਨੂੰ ਲੈ ਕੇ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਚੰਡੀਗੜ੍ਹ ਵਿਖੇ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਦਫਤਰ ਨੂੰ ਘੇਰਾ ਪਾਇਆ ਤੇ ਦਫਤਰ ਅੱਗੇ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਦੌਰਾਨ ਵੱਡੀ ਗਿਣਤੀ ਵਿੱਚ ਵੱਖ ਵੱਖ ਬਲਾਕਾਂ ਤੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਕਾਲੀਆਂ ਚੁੰਨੀਆਂ ਲੈ ਕੇ ਪੁੱਜੀਆਂ ਤੇ ਉਹਨਾਂ ਨੇ ਪੰਜਾਬ ਸਰਕਾਰ ਦੇ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਰੋਸ ਪ੍ਰਦਰਸ਼ਨ ਦੌਰਾਨ ਸਬੋਧਨ ਕਰਦਿਆਂ ਹਰਗੋਬਿੰਦ ਕੌਰ ਨੇ ਕਿਹਾ ਕਿ ਜਥੇਬੰਦੀ ਵੱਲੋਂ ਅਸੀਂ ਵਾਰ ਵਾਰ ਮਹਿਕਮੇ ਦੇ ਧਿਆਨ ਵਿੱਚ ਲਿਆ ਚੁੱਕੇ ਹਾਂ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਮਸਲੇ ਹੱਲ ਕੀਤੇ ਜਾਣ, ਪਰ ਇਸ ਦੇ ਬਾਵਜੂਦ ਕੋਈ ਹੱਲ ਨਹੀਂ ਕੀਤਾ ਜਾ ਗਿਆ, ਜਿਸ ਕਰਕੇ ਅੱਜ ਸਾਨੂੰ ਮਜਬੂਰਨ ਦਫਤਰ ਦੇ ਸਾਹਮਣੇ ਧਰਨਾ ਲਗਾਉਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਬਣਿਆ ਡੇਢ ਸਾਲ ਤੋਂ ਉੱਪਰ ਦਾ ਸਮਾਂ ਹੋ ਚੁੱਕਿਆ ਹੈ, ਪਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨਾਲ ਸਰਕਾਰ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਬਨਣ ਤੋਂ ਪਹਿਲਾਂ ਵਾਅਦਾ ਤਾਂ ਇਹ ਕੀਤਾ ਸੀ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣ ਭੱਤਾ ਦੁੱਗਣਾ ਕੀਤਾ ਜਾਵੇਗਾ, ਪਰ ਦੁੱਗਣਾ ਤਾਂ ਕੀ ਕਰਨਾ ਸੀ ਉਲਟਾ ਜਿਹੜਾ ਪਹਿਲਾਂ ਮਿਲਦਾ ਸੀ, ਉਹ ਵੀ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਵਿਭਾਗ ਦੇ ਮੁੱਖ ਦਫਤਰ ਵਾਲਿਆਂ ਨੂੰ 10 ਦਿਨ ਦਾ ਸਮਾਂ ਦਿੱਤਾ ਗਿਆ ਹੈ, ਜੇਕਰ ਉਨ੍ਹਾਂ ਦਾ ਮਸਲਾ ਹੱਲ ਨਾ ਹੋਇਆ ਤਾਂ ਉਹ ਦੁਬਾਰਾ ਆ ਕੇ ਦਫਤਰ ਦਾ ਘਿਰਾਓ ਕਰਨਗੀਆਂ ਤੇ ਉੱਚ ਅਧਿਕਾਰੀਆਂ ਨੂੰ ਅੰਦਰ ਨਹੀਂ ਜਾਣ ਦੇਣਗੀਆਂ। ਹਰਗੋਬਿੰਦ ਕੌਰ ਨੇ ਵਰਕਰਾਂ ਤੇ ਹੈਲਪਰਾਂ ਨੂੰ ਸੁਚੇਤ ਕੀਤਾ ਕਿ ਤੁਸੀਂ ਤਿਆਰ ਰਹੋ ਕਿਉਂਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਪਿੰਡ ਵਿਖੇ ਵੀ ਧਰਨਾ ਲਗਾਉਣਾ ਹੀ ਪੈਣਾ ਹੈ। ਉਨ੍ਹਾਂ ਵਿਭਾਗ ਦੀ ਮੰਤਰੀ ਡਾਕਟਰ ਬਲਜੀਤ ਕੌਰ ਨੂੰ ਵੀ ਚਿਤਾਵਨੀ ਦਿੱਤੀ ਕਿ ਜੇਕਰ ਜਥੇਬੰਦੀ ਆਪਣੀ ਆਈ 'ਤੇ ਆ ਗਈ ਤਾਂ ਉਨ੍ਹਾਂ ਨੂੰ ਮਲੋਟ ਵਿਖੇ ਵੜਨ ਨਹੀਂ ਦਿੱਤਾ ਜਾਵੇਗਾ। ਇਸ ਉਪਰੰਤ ਯੂਨੀਅਨ ਵੱਲੋਂ ਆਪਣੀਆਂ ਮੰਗਾਂ ਦੇ ਸਬੰਧ ਵਿੱਚ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਦਿੱਤਾ ਗਿਆ।

ਇਸ ਮੌਕੇ ਛਿੰਦਰਪਾਲ ਕੌਰ ਥਾਂਦੇਵਾਲਾ, ਦਲਜਿੰਦਰ ਕੌਰ ਉਦੋਨੰਗਲ, ਗੁਰਮੀਤ ਕੌਰ ਗੋਨੇਆਣਾ, ਬਲਵੀਰ ਕੌਰ ਮਾਨਸਾ, ਛਿੰਦਰਪਾਲ ਕੌਰ ਭਗਤਾ, ਗੁਰਮੀਤ ਕੌਰ ਦਬੜੀਖਾਨਾ, ਗੁਰ ਅੰਮ੍ਰਿਤ ਕੌਰ ਸਿੱਧਵਾਂ ਬੇਟ, ਜਸਵੀਰ ਕੌਰ ਦਸੂਹਾ, ਰੇਸ਼ਮਾ ਰਾਣੀ ਫਾਜ਼ਿਲਕਾ, ਰੀਮਾ ਰਾਣੀ ਰੋਪੜ, ਬਲਜੀਤ ਕੌਰ ਕੁਰਾਲੀ, ਜਸਵਿੰਦਰ ਕੌਰ ਬੱਬੂ ਦੋਦਾ, ਜਸਵੰਤ ਕੌਰ ਭਿੱਖੀ, ਸਤਵੰਤ ਕੌਰ ਤਲਵੰਡੀ ਸਾਬੋ, ਸੀਲਾ ਦੇਵੀ ਫਾਜ਼ਿਲਕਾ, ਲਾਭ ਕੌਰ ਸੰਗਤ, ਸਰਬਜੀਤ ਕੌਰ ਮਹਿਰਾਜ, ਸੁਰਜੀਤ ਕੌਰ ਲੋਹਾਰਾ ਤੇ ਵੱਡੀ ਗਿਣਤੀ 'ਚ ਆਗੂ ਮੌਜੂਦ ਸਨ।

## ਅਬਲੂ ਦੇ ਲੋੜਵੰਦ ਪਰਵਾਰ ਦੀ ਰੈੱਡ ਕਰਾਸ ਵੱਲੋਂ ਮਦਦ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬੀਤੇ ਦਿਨ ਇੱਕ ਪੰਜਾਬੀ ਅਖਬਾਰ 'ਚ ਪ੍ਰਕਾਸ਼ਤ ਹੋਈ ਖਬਰ ਦੇ ਟਾਈਟਲ 'ਮਾਸੂਮ ਭੈਣਾਂ ਗੋਹਾ ਕੂੜਾ ਚੁੱਕਣ ਨੂੰ ਮਜਬੂਰ' ਧਿਆਨ ਵਿੱਚ ਆਉਣ ਉਪਰੰਤ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਸ੍ਰੀ ਸ਼ੌਕਤ ਅਹਿਮਦ ਪਰੇ ਵੱਲੋਂ ਸਕੱਤਰ ਰੈੱਡ ਕਰਾਸ ਨੂੰ ਤੁਰੰਤ ਪਰਵਾਰ ਨਾਲ ਸੰਪਰਕ ਕਰਨ ਤੇ ਉਨ੍ਹਾਂ ਦੀ ਮਦਦ ਕਰਨ ਦੇ ਆਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਤਹਿਤ ਰੈੱਡ ਕਰਾਸ ਸਕੱਤਰ ਦਰਸ਼ਨ ਕੁਮਾਰ ਬਾਂਸਲ ਪਿੰਡ ਅਬਲੂ ਪਹੁੰਚੇ ਤੇ ਪਿੰਡ ਦੇ ਸਰਪੰਚ ਨਿਰਮਲ ਸਿੰਘ, ਸਾਬਕਾ ਸਰਪੰਚ ਸਰਬਜੀਤ ਸਿੰਘ ਤੇ ਸੱਤਪਾਲ ਸਿੰਘ ਨਾਲ ਪਰਵਾਰ ਨੂੰ ਮਿਲੇ। ਇਸ ਮੌਕੇ ਪਰਵਾਰ ਨੂੰ ਇੱਕ ਸਿਲਾਈ ਮਸ਼ੀਨ, ਰਾਸ਼ਨ, 2 ਬਿਸਤਰਿਆਂ ਦਾ ਸਾਮਾਨ, ਗੱਦੇ, ਸਿਰਹਾਣੇ, ਕੰਬਲ, ਹਾਈਜਿਨ ਕਿੱਟਾਂ ਤੇ ਬਰਤਨ ਦਿੱਤੇ ਗਏ। ਸਕੱਤਰ ਰੈੱਡ ਕਰਾਸ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਅਨੁਸਾਰ ਰੈੱਡ ਕਰਾਸ ਸੁਸਾਇਟੀ ਵੱਲੋਂ ਚਾਰੇ ਬੱਚਿਆਂ ਦੀ ਪੜ੍ਹਾਈ ਲਈ ਤੇ ਪਰਵਾਰ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ।

## ਦਰਸ਼ਨ ਕੁਮਾਰ ਬਾਂਸਲ ਦੀ ਨਿਯੁਕਤੀ 'ਤੇ ਹਾਈ ਕਮਾਂਡ ਦਾ ਧੰਨਵਾਦ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ ਰਾਜਾ ਵੜਿੰਗ ਵੱਲੋਂ ਦਰਸ਼ਨ ਕੁਮਾਰ ਬਾਂਸਲ ਨੂੰ ਜ਼ਿਲ੍ਹਾ ਦਿਹਾਤੀ ਬਠਿੰਡਾ ਦਾ ਜਨਰਲ ਸਕੱਤਰ ਨਿਯੁਕਤ ਕਰਨ 'ਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ। ਦਰਸ਼ਨ ਬਾਂਸਲ ਨੇ ਤਹਿ ਦਿਲੋਂ ਕਾਂਗਰਸ ਹਾਈ ਕਮਾਂਡ ਪ੍ਰਧਾਨ ਮਲਿਕਾ ਅਰਜਨ ਖੜਗੇ, ਕਾਂਗਰਸ ਚੇਅਰਪਰਸਨ ਸ੍ਰੀਮਤੀ ਸੋਨੀਆ ਗਾਂਧੀ, ਨੌਜਵਾਨਾਂ ਦੇ ਦਿਲਾਂ ਦੀ ਧੜਕਣ ਰਾਹੁਲ ਗਾਂਧੀ, ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ, ਮੈਂਬਰ ਪਾਰਲੀਮੈਂਟ ਰਵਨੀਤ ਸਿੰਘ ਬਿੱਟੂ, ਸਾਬਕਾ ਮੰਤਰੀ ਭਾਰਤ ਭੂਸ਼ਨ ਆਸ਼ੂ, ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ, ਜ਼ਿਲ੍ਹਾ ਬਠਿੰਡਾ ਦੇ ਕਾਂਗਰਸ ਪਾਰਟੀ ਦੇ ਪ੍ਰਧਾਨ ਖੁਸ਼ਬਾਜ਼ ਸਿੰਘ ਜਟਾਣਾ ਦਾ ਧੰਨਵਾਦ ਕੀਤਾ ਹੈ, ਜਿਨ੍ਹਾਂ ਨੇ ਨਿਮਾਣੇ ਜਿਹੇ ਕਾਂਗਰਸ ਵਰਕਰ ਨੂੰ ਦੁਬਾਰਾ ਜ਼ਿਲ੍ਹਾ ਦਾ ਜਨਰਨ ਸਕੱਤਰ ਬਣਨ ਦਾ ਮੌਕਾ ਦਿੱਤਾ ਹੈ। ਉਨ੍ਹਾ ਕਿਹਾ ਕਾਂਗਰਸ ਪਾਰਟੀ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਤਨੋਂ, ਮਨੋਂ ਤੇ ਧਨੋਂ ਸੱਚੀ ਸ਼ਰਧਾ ਨਾਲ ਨਿਭਾਵਾਂਗਾ।

## ਨਸ਼ਾ ਤੇ ਮੋਟਰਸਾਈਕਲਾਂ ਸਣੇ ਤਿੰਨ ਵਿਅਕਤੀ ਕਾਬੂ



**ਮਲੋਟ (ਗੁਰਮੀਤ ਸਿੰਘ ਮੱਕੜ)**-ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਨਸ਼ਿਆਂ ਖਿਲਾਫ਼ ਚਲਾਈ ਮੁਹਿੰਮ ਤਹਿਤ ਰਮਨਦੀਪ ਸਿੰਘ ਭੁੱਲਰ ਪੀ.ਪੀ.ਐੱਸ. ਕਪਤਾਨ ਪੁਲਸ (ਇਨਵੈ.) ਸ੍ਰੀ ਮੁਕਤਸਰ ਸਾਹਿਬ ਤੇ ਸੰਜੀਵ ਗੋਇਲ ਪੀ.ਪੀ.ਐੱਸ ਉੱਪ ਕਪਤਾਨ ਪੁਲਸ (ਇਨਵੈ.) ਸ੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਹੇਠ ਸੀ.ਆਈ.ਏ. ਸਟਾਫ਼-2 ਮਲੋਟ ਦੀ ਟੀਮ ਵੱਲੋਂ ਜਗਮੀਤ ਸਿੰਘ ਵਾਸੀ ਘੱਗਾ ਨੂੰ 250 ਨਸ਼ੀਲੀਆਂ ਗੋਲੀਆਂ ਤੇ ਦੋ ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਥਾਣਾ ਸਦਰ ਮਲੋਟ ਵਿਖੇ ਮੁਕੱਦਮਾ ਦਰਜ ਕੀਤਾ ਗਿਆ। ਇਸ ਤੋਂ ਇਲਾਵਾ ਸੀ.ਆਈ.ਏ. ਸਟਾਫ਼ ਦੀ ਟੀਮ ਵੱਲੋਂ ਚੋਰਾਂ ਦੇ ਇੱਕ ਗਰੋਹ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ ਤਿੰਨ ਚੋਰੀ ਦੇ ਮੋਟਰਸਾਈਕਲ ਬਰਾਮਦ ਕੀਤੇ ਹਨ, ਜਿਸ ਵਿੱਚ ਗੁਰਪ੍ਰੇਮ ਸਿੰਘ ਵਾਸੀ ਨਿਊ ਗੋਬਿੰਦ ਨਗਰ ਮਲੋਟ ਤੇ ਸਾਹਿਲ ਉਰਫ਼ ਕਾਕੂ ਵਾਸੀ ਹਰਜਿੰਦਰ ਸਿੰਘ ਨਗਰ ਮਲੋਟ ਨੂੰ ਕਾਬੂ ਕੀਤਾ ਹੈ, ਜਦਕਿ ਕਰਨਦੀਪ ਸਿੰਘ ਵਾਸੀ ਹਰਜਿੰਦਰ ਸਿੰਘ ਨਗਰ ਮਲੋਟ ਦੀ ਗ੍ਰਿਫ਼ਤਾਰੀ ਬਾਕੀ ਹੈ, ਜਿਸ ਸਬੰਧੀ ਥਾਣਾ ਸਿਟੀ ਮਲੋਟ ਵਿਖੇ ਮੁਕੱਦਮਾ ਦਰਜ ਕੀਤਾ ਗਿਆ।

## ਕਾਤਰਾਂ

### ਸਥਾਪਨਾ ਦਿਵਸ ਮੌਕੇ ਮਿਸ਼ਨ ਮੈਂਬਰ ਕੀਤੇ ਜਾਣਗੇ ਸਨਮਾਨਤ : ਢੋਸੀਵਾਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਦੇ ਸਮੂਹ ਮੈਂਬਰਾਂ ਨੂੰ ਮਿਸ਼ਨ ਸਥਾਪਨਾ ਦਿਵਸ ਸਮਾਗਮ ਮੌਕੇ ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਵੱਲੋਂ ਸਨਮਾਨਤ ਕੀਤਾ ਜਾਵੇਗਾ। ਮਿਸ਼ਨ ਦਾ ਨੌਂਵਾਂ ਸਥਾਪਨਾ ਦਿਵਸ ਸਮਾਰੋਹ 17 ਸਤੰਬਰ ਨੂੰ ਸ਼ਾਮ ਦੇ 5:00 ਵਜੇ ਸਥਾਨਕ ਸਿਟੀ ਹੋਟਲ ਵਿਖੇ ਕੀਤਾ ਜਾਵੇਗਾ। ਸਮਾਰੋਹ ਦੌਰਾਨ ਮਿਸ਼ਨ ਦੇ ਸਾਰੇ ਮੈਂਬਰ ਆਪਣੇ ਪਰਿਵਾਰ ਸਮੇਤ ਭਾਗ ਲੈਣਗੇ। ਮੈਂਬਰਾਂ ਦੇ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਜਾਵੇਗਾ। ਇਹ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਢੋਸੀਵਾਲ ਨੇ ਦੱਸਿਆ ਕਿ ਇਸ ਮੌਕੇ ਮਿਸ਼ਨ ਵੱਲੋਂ ਕੀਤੇ ਗਏ ਸਮਾਜ ਸੇਵਾ ਦੇ ਕਾਰਜਾਂ ਬਾਰੇ ਵੀ ਵਿਚਾਰ ਚਰਚਾ ਕੀਤੀ ਜਾਵੇਗੀ। ਸਮਾਰੋਹ ਦੇ ਅੰਤ ਵਿੱਚ ਸਭਨਾਂ ਲਈ ਸ਼ਾਨਦਾਰ ਡਿੰਨਰ ਦਾ ਆਯੋਜਨ ਵੀ ਕੀਤਾ ਜਾਵੇਗਾ।

### ਹੈਰੋਇਨ ਸਮੇਤ 2 ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਫ਼ਿਰੋਜ਼ਪੁਰ ਦੇ ਪਿੰਡ ਜੱਲੋਕੇ ਕੋਲ ਇੱਕ ਕਾਰ ਵਿੱਚ ਸਵਾਰ ਦੋ ਪੁਲਸ ਮੁਲਾਜ਼ਮ ਹੈਰੋਇਨ ਦੀ ਤਸਕਰੀ ਕਰਨ ਪਹੁੰਚੇ। ਪਿੰਡ ਵਾਸੀਆਂ ਦੀ ਸੂਚਨਾ 'ਤੇ ਬੀਐੱਸਐੱਫ ਨੇ ਉਨ੍ਹਾਂ ਨੂੰ ਚੌਕੀ 'ਤੇ ਕਾਬੂ ਕਰ ਲਿਆ। ਕਾਰ 'ਚ ਲੁਕੋਈ ਗਈ ਹੈਰੋਇਨ ਦੇ ਦੋ ਪੈਕਟ ਬਰਾਮਦ ਕੀਤੇ ਗਏ ਹਨ।ਪਿੰਡ ਵਾਸੀਆਂ ਅਨੁਸਾਰ ਬੀਐੱਸਐੱਫ ਦੋਵੇਂ ਗ੍ਰਿਫ਼ਤਾਰ ਪੁਲਸ ਮੁਲਾਜ਼ਮਾਂ ਨੂੰ ਆਪਣੇ ਨਾਲ ਲੈ ਗਈ ਹੈ।

### ਚਿਹਰਾ ਢੱਕ ਕੇ ਚੱਲਣ 'ਤੇ ਪਾਬੰਦੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾ. ਰੂਹੀ ਦੁੱਗ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਮੁਕਤਸਰ ਸਾਹਿਬ ਨੇ ਫੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਦੇ ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਸੀਮਾਵਾਂ ਅੰਦਰ ਆਮ ਜਨਤਾ ਵੱਲੋਂ ਵਹੀਕਲ ਚਲਾਉਂਦੇ ਸਮੇਂ ਜਾਂ ਪੈਦਲ ਚਲਦੇ ਸਮੇਂ ਆਪਣਾ ਚਿਹਰਾ ਕੱਪੜੇ ਨਾਲ ਢੱਕਣ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟਰੇਟ ਦੇ ਹੁਕਮਾਂ ਅਨੁਸਾਰ ਕਿਸੇ ਬਿਮਾਰੀ ਜਾਂ ਅਲਰਜ਼ੀ ਕਾਰਨ ਮੈਡੀਕਲ ਸੁਪਰਵੀਜ਼ਨ ਹੇਠ ਵਿਅਕਤੀਆਂ ਨੂੰ ਇਨ੍ਹਾਂ ਹੁਕਮ ਤੋਂ ਛੋਟ ਹੋਵੇਗੀ। ਇਹ ਹੁਕਮ ਤੁਰੰਤ ਲਾਗੂ ਹੋ ਗਏ ਹਨ ਤੇ 11 ਨਵੰਬਰ 2023 ਤੱਕ ਇਸ 'ਤੇ ਪਾਬੰਦੀ ਹੋਵੇਗੀ।

### ਓਵਰਬ੍ਰਿਜ ਦੀ ਮੁਰੰਮਤ ਕਾਰਨ 12 ਗੱਡੀਆਂ ਹੋਣਗੀਆਂ ਪ੍ਰਭਾਵਿਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਵਿੱਚ ਬਿਜਲੀਕਰਨ ਦੇ ਕੰਮ ਕਾਰਨ ਸ਼ਹਿਰ ਤੇ ਛਾਉਣੀ ਨੂੰ ਜੋੜਨ ਵਾਲੇ ਰੇਲਵੇ ਓਵਰਬ੍ਰਿਜ ਨੂੰ ਉੱਚਾ ਚੁੱਕਣ ਦਾ ਕੰਮ 17 ਸਤੰਬਰ ਤੋਂ ਸ਼ੁਰੂ ਕੀਤਾ ਜਾਣਾ ਹੈ।ਇਸ ਕਾਰਨ ਕੁੱਲ 12 ਟਰੇਨਾਂ ਪ੍ਰਭਾਵਿਤ ਹੋਣਗੀਆਂ।ਇਨ੍ਹਾਂ ਵਿੱਚੋਂ 4 ਟਰੇਨਾਂ ਨੂੰ ਰੱਦ ਕਰ ਦਿੱਤਾ ਗਿਆ ਹੈ, 4 ਨੂੰ ਥੋੜ੍ਹੇ ਸਮੇਂ ਲਈ ਬੰਦ ਕਰ ਦਿੱਤਾ ਗਿਆ ਹੈ ਅਤੇ 4 ਦਾ ਪ੍ਰਬੰਧ ਥੋੜ੍ਹੇ ਸਮੇਂ ਵਿੱਚ ਕੀਤਾ ਗਿਆ ਹੈ।

# ਮਨਰੇਗਾ ਮਜ਼ਦੂਰਾਂ ਵੱਲੋਂ ਬੀ ਡੀ ਪੀ ਓ ਦਫਤਰ ਅੱਗੇ ਨਾਅਰੇਬਾਜ਼ੀ



**ਸੰਗਰੂਰ (ਪ੍ਰਵੀਨ ਸਿੰਘ)**
ਪਿੰਡ ਤੁੰਗਾਂ ਦੇ ਮਨਰੇਗਾ ਮਜ਼ਦੂਰਾਂ ਵੱਲੋਂ ਬੀ ਡੀ ਪੀ ਓ ਸੰਗਰੂਰ ਨੂੰ ਮੰਗ ਪੱਤਰ ਦੇ ਕੇ ਮਨਰੇਗਾ ਐਕਟ-2005 ਤਹਿਤ ਕੰਮ ਦੀ ਮੰਗ ਕੀਤੀ ਗਈ। ਇਸ ਮੌਕੇ ਸੀ ਪੀ ਆਈ (ਐੱਮ) ਦੇ ਤਹਿਸੀਲ ਸਕੱਤਰ ਕਾਮਰੇਡ ਸਤਵੀਰ ਤੁੰਗਾਂ ਨੇ ਕਿਹਾ ਕਿ ਮਨਰੇਗਾ ਕਾਨੂੰਨ ਤਹਿਤ ਹਰ ਜੌਬ ਕਾਰਡ ਧਾਰਕ ਨੂੰ ਸਾਲ ਵਿੱਚ 100 ਦਿਨ ਕੰਮ ਲੈਣ ਦਾ ਅਧਿਕਾਰ ਹੈ, ਪਰ ਪਿੰਡਾਂ ਵਿੱਚ ਕਿਸੇ ਵੀ ਵਿਅਕਤੀ ਨੂੰ ਸੌ ਦਿਨ ਦਾ ਕੰਮ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਅੱਤ ਦੀ ਮਹਿੰਗਾਈ ਤੇ ਬੇਰੁਜ਼ਗਾਰੀ ਕਾਰਨ ਗਰੀਬ ਪਰਿਵਾਰਾਂ ਲਈ ਮਨਰੇਗਾ ਹੀ ਇੱਕ ਜੀਵਨ ਜਿਉਣ ਦਾ ਵਸੀਲਾ ਹੈ। ਇਸ ਮੌਕੇ ਕਾਮਰੇਡ ਰਾਮ ਸਿੰਘ ਸੋਹੀਆਂ ਨੇ ਕਿਹਾ ਕਿ ਮਨਰੇਗਾ ਕਾਨੂੰਨ ਮਨਮੋਹਨ ਸਰਕਾਰ ਵੇਲੇ ਦੇਸ਼ ਦੀਆਂ ਖੱਬੀਆਂ ਪਾਰਟੀਆਂ ਦੀ ਦੇਣ ਹੈ। ਉਨ੍ਹਾਂ ਕਿਹਾ ਕਿ ਅੱਜ ਦੀਆਂ ਸਰਕਾਰਾਂ ਇਸ ਨੂੰ ਤੋੜਨ ਦਾ ਯਤਨ ਕਰ ਰਹੀਆਂ ਹਨ ਤੇ ਇਸ ਨੂੰ ਸਹੀ ਢੰਗ ਨਾਲ ਲਾਗੂ ਨਹੀਂ ਕੀਤਾ ਜਾ ਰਿਹਾ।

ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਹਰੇਕ ਵਿਅਕਤੀ ਨੂੰ ਕਾਨੂੰਨ ਮੁਤਾਬਕ ਕੰਮ ਦਿੱਤਾ ਜਾਵੇ, ਜੇਕਰ ਕੰਮ ਦੀ ਮੰਗ ਕਰਨ ਵਾਲਿਆਂ ਨੂੰ 15 ਦਿਨ ਦੇ ਅੰਦਰ ਕੰਮ ਨਹੀਂ ਦਿੱਤਾ ਜਾਂਦਾ ਤਾਂ ਮਨਰੇਗਾ ਕਾਮੇ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਕੰਮ ਦੀ ਮੰਗ ਲਈ ਮਨਰੇਗਾ ਮਜ਼ਦੂਰਾਂ ਵੱਲੋਂ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਮੌਕੇ ਕਰਮ ਸਿੰਘ ਉਪਲੀ, ਮਾਤਾ ਗੁਰਦੇਵ ਕੌਰ, ਸ਼ਿੰਗਾਰਾ ਸਿੰਘ, ਪ੍ਰਕਾਸ਼ ਸਿੰਘ, ਨਿਰਭੈ ਸਿੰਘ, ਜਸਵੀਰ ਕੌਰ, ਮੁਖਤਿਆਰ ਕੌਰ, ਦਰਸ਼ਨਾ ਕੌਰ, ਲੀਲਾ ਸਿੰਘ, ਗੁਰਜੀਤ ਸਿੰਘ, ਗੁਰਮੀਤ ਕੌਰ, ਸੋਮਾ ਕੌਰ ਆਦਿ ਹਾਜ਼ਰ ਸਨ।

# ਸਕੂਲ ਆਫ ਐਮੀਨੈਂਸ ਸਮਾਜਕ ਪਾੜੇ ਨੂੰ ਹੋਰ ਵਧਾਉਣਗੇ : ਸੀ ਪੀ ਆਈ

## ਅਜਿਹੇ ਸਕੂਲ ਬਣਾਉਣਾ ਸਿਧਾਂਤਕ ਤੌਰ 'ਤੇ ਗਲਤ

**ਲੁਧਿਆਣਾ (ਐੱਮ ਐੱਸ ਭਾਟੀਆ)**
ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਲੁਧਿਆਣਾ ਇਕਾਈ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਤੇ ਦਿੱਲੀ ਦੇ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਵਿੱਚ ਸਕੂਲਾਂ ਦੇ ਉਦਘਾਟਨ ਕਰਨ ਦਾ ਸਖਤ ਵਿਰੋਧ ਕੀਤਾ ਹੈ। ਉਹ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਪੰਜਾਬ ਦੇ ਦੌਰੇ 'ਤੇ ਹਨ, ਜਿਨ੍ਹਾਂ 'ਚੋਂ ਇੱਕ ਸਕੂਲ ਆਫ ਐਮੀਨੈਂਸ ਦਾ ਉਦਘਾਟਨ ਹੈ। ਅੰਮ੍ਰਿਤਸਰ ਵਿੱਚ ਐਮੀਨੈਂਸ ਸਕੂਲ ਦੇ ਉਦਘਾਟਨ ਨੂੰ ਆਪ ਦੇ ਵਿਧਾਇਕ ਸ੍ਰੀ ਵਿਜੇ ਕੁਮਾਰ ਪ੍ਰਤਾਪ ਸਿੰਘ ਪਹਿਲਾਂ ਹੀ ਚੁਣੌਤੀ ਦੇ ਚੁੱਕੇ ਹਨ। ਹਾਲਾਂਕਿ ਅਜਿਹੇ ਸਕੂਲ ਬਣਾਉਣਾ ਸਿਧਾਂਤਕ ਤੌਰ 'ਤੇ ਗਲਤ ਹੈ। ਛੋਟੀਆਂ ਜਮਾਤਾਂ 8ਵੀਂ ਜਾਂ 9ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਕਿਸੇ ਨਾ ਕਿਸੇ ਟੈਸਟ ਵਿੱਚ ਸ਼ਾਮਲ ਹੋਣਾ ਪਵੇਗਾ ਅਤੇ ਜੇਕਰ ਉਹ ਟੈਸਟ ਪਾਸ ਕਰ ਲੈਂਦੇ ਹਨ ਤਾਂ ਉਨ੍ਹਾਂ ਨੂੰ ਸਕੂਲ ਆਫ ਐਮੀਨੈਂਸ ਵਿੱਚ ਦਾਖਲਾ ਦਿੱਤਾ ਜਾਵੇਗਾ। ਇਹ ਸਭ ਜਾਣਦੇ ਹਨ ਕਿ ਗਰੀਬ ਪਰਿਵਾਰਾਂ ਦੇ ਬੱਚੇ ਪੜ੍ਹਾਈ ਲਈ ਜ਼ਿਆਦਾ ਸਮਾਂ ਨਹੀਂ ਲਗਾ ਪਾਉਂਦੇ, ਕਿਉਂਕਿ ਉਨ੍ਹਾਂ ਨੂੰ ਰੋਜ਼ੀ-ਰੋਟੀ ਕਮਾਉਣ ਲਈ ਆਪਣੇ ਮਾਪਿਆਂ ਦੀ ਮਦਦ ਕਰਨ ਲਈ ਕੰਮ ਕਰਨਾ ਪੈਂਦਾ ਹੈ ਅਤੇ ਉਨ੍ਹਾਂ ਦੇ ਘਰਾਂ ਦੀ ਸਥਿਤੀ ਵੀ ਅਜਿਹੀ ਹੈ ਕਿ ਉਹ ਯੋਗਦਾਨ ਨਹੀਂ ਪਾ ਸਕਦੇ ਹਨ ਅਤੇ ਉਹ ਅਜਿਹੀਆਂ ਪ੍ਰੀਖਿਆਵਾਂ ਚੰਗੀ ਤਰ੍ਹਾਂ ਤਿਆਰੀ ਨਹੀਂ ਕਰ ਸਕਦੇ ਹਨ। ਇਸ ਲਈ ਸਮਾਜ ਦੇ ਹਾਸ਼ੀਏ 'ਤੇ ਪਏ ਵਰਗ ਦੇ ਬੱਚੇ ਇਨ੍ਹਾਂ ਸਕੂਲਾਂ ਤੋਂ ਵਾਂਝੇ ਰਹਿ ਜਾਣਗੇ। ਇਹ ਅਭਿਆਸ ਕੁਝ ਵਿਦਿਆਰਥੀਆਂ ਨੂੰ ਪੂਰੀ ਤਰ੍ਹਾਂ ਅਲੱਗ ਥਲੱਗ ਕਰ ਦੇਵੇਗਾ ਤੇ ਉਨ੍ਹਾਂ ਵਿਦਿਆਰਥੀਆਂ ਨੂੰ ਹਾਸ਼ੀਏ 'ਤੇ ਧੱਕ ਦੇਵੇਗਾ, ਜੋ ਘੱਟ ਆਰਥਿਕ ਵਰਗਾਂ ਤੋਂ ਹਨ। ਪੰਜਾਬ ਸਰਕਾਰ ਦਾ ਪਿਛਲੇ ਸਾਲ ਦਾ ਬਜਟ 1 ਲੱਖ 55 ਹਜ਼ਾਰ ਕਰੋੜ ਸੀ, ਜੋ ਵਧਾ ਕੇ ਇਸ ਸਾਲ ਇੱਕ ਲੱਖ 96 ਹਜ਼ਾਰ ਕਰੋੜ ਰੁਪਇਆ ਕੀਤਾ ਗਿਆ ਹੈ, ਯਾਨਿ 26 ਪ੍ਰਤੀਸ਼ਤ ਵਧਾਇਆ ਗਿਆ ਹੈ। ਇਹ ਸਿਰਫ ਵਧੀ ਹੋਈ ਮਹਿੰਗਾਈ ਕਰਕੇ ਕੀਤਾ ਗਿਆ ਹੈ। ਜੇ ਅਨੁਪਾਤ ਦੀ ਗੱਲ ਕਰੀਏ ਤਾਂ ਪਿਛਲੇ ਸਾਲ ਸਿੱਖਿਆ 'ਤੇ ਕੁਲ ਬਜਟ ਦਾ 10% ਪਰ ਇਸ ਸਾਲ 8.9% ਦਿੱਤਾ ਗਿਆ ਹੈ। ਇਸ ਦਾ ਮਤਲਬ ਹੈ ਕਿ ਐਮੀਨੈਂਸ ਸਕੂਲਾਂ 'ਤੇ ਬਜਟ ਦਾ ਕੇ ਬਾਕੀ ਦੇ ਸਕੂਲਾਂ 'ਤੇ ਬਜਟ ਘਟਾ ਦਿੱਤਾ ਜਾਏਗਾ। ਸਿੱਖਿਆ ਦਾ ਉਦੇਸ਼ ਹਰੇਕ ਵਿਅਕਤੀ ਦੀ ਯੋਗਤਾ ਦਾ ਵਿਕਾਸ ਕਰਨਾ ਹੈ। ਇਸੇ ਲਈ 1968 ਵਿੱਚ ਕੋਠਾਰੀ ਕਮਿਸ਼ਨ ਨੇ ਸਿਫਾਰਸ਼ ਕੀਤੀ ਸੀ ਕਿ ਸਾਨੂੰ ਇੱਕ ਸਾਂਝਾ ਸਕੂਲ ਪ੍ਰਬੰਧ (ਕੌਮਨ ਸਕੂਲ ਸਿਸਟਮ) ਚਾਹੀਦਾ ਹੈ। ਪ੍ਰਾਈਵੇਟ ਸੈਕਟਰ ਦੇ ਸਕੂਲਾਂ ਵਿੱਚ ਪਹਿਲਾਂ ਹੀ ਬਹੁਤ ਜ਼ਿਆਦਾ ਅੰਤਰ ਹੈ, ਪਰ ਇੱਥੇ ਤਾਂ ਸਰਕਾਰ ਖੁਦ ਹੀ ਅਜਿਹਾ ਫਰਕ ਪੈਦਾ ਕਰ ਰਹੀ ਹੈ, ਜਿਸ ਦੇ ਭਵਿੱਖ ਵਿੱਚ ਬਹੁਤ ਗੰਭੀਰ ਨਤੀਜੇ ਨਿਕਲਣਗੇ। ਇਹ ਵੀ ਖਦਸ਼ਾ ਪ੍ਰਗਟਾਇਆ ਜਾ ਰਿਹਾ ਹੈ ਕਿ ਜਦੋਂ ਨੌਕਰੀਆਂ ਮਿਲਣ ਦਾ ਸਮਾਂ ਆਵੇਗਾ ਤਾਂ ਇਨ੍ਹਾਂ ਸਕੂਲਾਂ ਦੇ ਵਿਦਿਆਰਥੀਆਂ ਨੂੰ ਪਹਿਲ ਦਿੱਤੀ ਜਾਵੇਗੀ, ਜਿਸ ਨਾਲ ਦੂਜੇ ਸਕੂਲਾਂ ਦੇ ਬੱਚੇ ਨੌਕਰੀਆਂ ਤੋਂ ਵੀ ਵਾਂਝੇ ਰਹਿ ਜਾਣਗੇ। ਅਸੀਂ ਮੰਗ ਕਰਦੇ ਹਾਂ ਕਿ ਇਸ ਕਵਾਇਦ ਨੂੰ ਬੰਦ ਕੀਤਾ ਜਾਵੇ ਤੇ ਸਾਰੇ ਸਕੂਲਾਂ ਦਾ ਬਰਾਬਰ ਵਿਕਾਸ ਕੀਤਾ ਜਾਵੇ। ਬਿਆਨ ਜਾਰੀ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਸਕੱਤਰ ਡੀ. ਪੀ. ਮੌੜ, ਡਾਕਟਰ ਅਰੁਣ ਮਿੱਤਰਾ, ਐੱਮ ਐੱਸ ਭਾਟੀਆ, ਚਮਕੌਰ ਸਿੰਘ, ਰਮੇਸ ਰਤਨ, ਵਿਜੇ ਕੁਮਾਰ ਤੇ ਵਿਨੋਦ ਕੁਮਾਰ ਸ਼ਾਮਲ ਹਨ।

## 'ਮੇਰੀ ਮਾਟੀ, ਮੇਰਾ ਦੇਸ਼' ਪ੍ਰੋਗਰਾਮ ਤਹਿਤ ਸ਼ਹੀਦਾਂ ਦੇ ਘਰਾਂ ਤੋਂ ਮਿੱਟੀ ਲਈ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮੇਰੀ ਮਾਟੀ ਮੇਰਾ ਦੇਸ਼ ਪ੍ਰੋਗਰਾਮ ਦੇ ਤਹਿਤ ਬਾਘਾ ਪੁਰਾਣਾ ਤੋਂ ਭਾਜਪਾ ਮੰਡਲ ਦੇ ਪ੍ਰਧਾਨ ਦੀਪਕ ਤਲਵਾੜ ਦੀ ਅਗਵਾਈ ਵਿੱਚ ਲੋਕਾਂ ਦੇ ਘਰਾਂ 'ਚੋਂ ਮਿੱਟੀ ਇਕੱਠੀ ਕਰਕੇ ਕਲਸ਼ ਵਿੱਚ ਪਾ ਕੇ ਦਫਤਰ ਲਿਆਂਦੀ ਗਈ। ਦੀਪਕ ਤਲਵਾੜ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੀ ਮਨ ਦੀ ਗੱਲ ਸਮਾਗਮ ਵਿੱਚ ਮੇਰੀ ਮਾਟੀ ਮੇਰਾ ਦੇਸ਼ ਅਭਿਆਨ ਦਾ ਐਲਾਨ ਕੀਤਾ ਸੀ। ਇਸ ਅਭਿਆਨ ਦਾ ਮੰਤਵ ਭਾਰਤ ਦੇ ਵੀਰ, ਸਪੂਤਾਂ, ਸ਼ਹੀਦਾਂ, ਸੁਤੰਤਰਤਾ, ਸੈਨਾਨੀਆਂ ਨੂੰ ਯਾਦ ਰੱਖਣਾ ਸੀ, ਜੋ ਇੱਕ ਨਵੀਂ ਪਹਿਲ ਹੈ। ਦੀਪਕ ਤਲਵਾੜ ਨੇ ਕਿਹਾ ਕਿ ਪਿੰਡਾਂ ਵਿੱਚ ਜਾ ਕੇ ਚੁਟਕੀ ਮਿੱਟੀ ਕਲਸ਼ ਵਿੱਚ ਇਕੱਠੀ ਕੀਤੀ ਗਈ। ਉਨ੍ਹਾ ਕਿਹਾ ਕਿ ਸ਼ਹੀਦਾਂ ਦੇ ਘਰਾਂ 'ਚੋਂ ਵੀ ਮਿੱਟੀ ਲਿਆ ਕੇ ਵਾਟਿਕਾ ਵਿੱਚ ਪਾਈ ਜਾਵੇਗੀ ਤਾਂ ਜੋ ਸ਼ਹੀਦਾਂ ਨੂੰ ਵੀ ਇਸ ਅਭਿਆਨ ਵਿੱਚ ਸ਼ਾਮਲ ਕੀਤਾ ਜਾਵੇਗਾ। ਇਸ ਮੌਕੇ ਪ੍ਰਦੀਪ ਤਲਵਾੜ ਜ਼ਿਲ੍ਹਾ ਸੈਕਟਰੀ, ਗਗਨ ਦੀਪ ਲੂੰਬਾ, ਡਾ. ਗਗਨਦੀਪ ਗਿੱਲ, ਨਵਦੀਪ ਤਲਵਾੜ, ਸੁਰਿੰਦਰ ਪਾਲ ਨੱਥਾ, ਪੰਕਜ ਅਰੋੜ, ਵਿਨੋਦ ਕੁਮਾਰ, ਕ੍ਰਿਪਾ ਰਾਣੀ, ਪਵਨ ਸ਼ਰਮਾ, ਸੁਖਦੇਵ ਸਿੰਘ, ਸ਼ੈਰੀ ਬੱਠਲਾ ਵਾਈਸ ਪ੍ਰਧਾਨ ਯੁਵਾ ਮੋਰਚਾ, ਸ਼ਿਵਮ ਸਿੰਗਲਾ, ਸ਼ਿਵ ਕੁਮਾਰ, ਲਖਵਿੰਦਰ ਸਿੰਘ ਕੈਂਥ, ਮਾਤਾ ਸੁਖਦੇਵ ਕੌਰ, ਬਾਬਾ ਨਿਰਮਲ ਸਿੰਘ, ਗੋਲੂ ਸ਼ਾਹੀ, ਪ੍ਰਗਟ ਖਾਂ, ਸ਼ਿਵ ਅਰੋੜਾ ਆਦਿ ਹਾਜ਼ਰ ਸਨ।

## ਮਾਹਲਾ ਦੀ ਨਿਯੁਕਤੀ ਕਰਕੇ ਸੁਖਬੀਰ ਬਾਦਲ ਨੇ ਵੱਡਾ ਮਾਣ ਦਿੱਤਾ : ਚਰਨਪ੍ਰੀਤ ਸਿੰਘ

*ਆਗਾਮੀ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਕਰੇਗਾ ਵੱਡੀ ਵਾਪਸੀ*



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮੋਗਾ ਜ਼ਿਲ੍ਹੇ ਦੀ ਅਕਾਲੀ ਰਾਜਨੀਤੀ ਵਿੱਚ ਵੱਡਾ ਨਾਮ ਰੱਖਦੇ ਜਥੇਦਾਰ ਤੀਰਥ ਸਿੰਘ ਮਾਹਲਾ, ਜੋ ਲੰਮਾ ਸਮਾਂ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਰਹਿੰਦੇ ਹੋਏ ਸਾਰੀ ਜ਼ਿਲ੍ਹਾ ਜਥੇਬੰਦੀ ਨੂੰ ਇੱਕ ਮਾਲਾ ਵਿੱਚ ਪਰੋ ਕੇ ਰੱਖਣ ਕਰਕੇ ਵੱਡੇ ਦਿੱਗਜ਼ ਆਗੂ ਬਣ ਚੁੱਕੇ ਹਨ ਅਤੇ ਉਨ੍ਹਾਂ ਜਿੱਥੇ ਕੁਝ ਸਮਾਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦਾ ਜਨਰਲ ਸਕੱਤਰ ਸੌਂਪਿਆ ਤੇ ਹੁਣ ਜਥੇਦਾਰ ਮਾਹਲਾ ਦੀਆਂ ਪਾਰਟੀ ਪ੍ਰਤੀ ਵਫ਼ਾਦਾਰ ਸੇਵਾਵਾਂ ਨੂੰ ਦੇਖਦੇ ਹੋਏ ਸ਼੍ਰੋਮਣੀ ਅਕਾਲੀ ਦਲ ਵੱਲੋਂ ਲੋਕ ਸਭਾ ਚੋਣਾਂ ਲਈ ਲੋਕ ਸਭਾ ਹਲਕਾ ਲੁਧਿਆਣਾ ਦਿਹਾਤੀ ਦਾ ਇੰਚਾਰਜ ਨਿਯੁਕਤ ਕੀਤਾ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਸਥਾਨਕ ਸ਼ਹਿਰ ਦੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਕੌਂਸਲਰ ਚਰਨਪ੍ਰੀਤ ਸਿੰਘ ਨੇ ਇਸ ਨਿਯੁਕਤੀ 'ਤੇ ਜਥੇਦਾਰ ਮਾਹਲਾ ਨੂੰ ਵਧਾਈ ਦਿੰਦੇ ਹੋਏ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕੀਤਾ ਹੈ। ਉਨ੍ਹਾ ਕਿਹਾ ਕਿ ਮਾਲਵਾ ਖਿੱਤੇ ਦੇ ਸਮੂਹ ਟਕਸਾਲੀ ਆਗੂਆਂ ਨੂੰ ਵੱਡਾ ਮਾਣ ਦਿੱਤਾ ਗਿਆ ਹੈ। ਜਥੇਦਾਰ ਤੀਰਥ ਸਿੰਘ ਮਾਹਲਾ ਨੂੰ ਲੋਕ ਸਭਾ ਹਲਕਾ ਲੁਧਿਆਣਾ ਦਿਹਾਤੀ ਦਾ ਇੰਚਾਰਜ ਨਿਯੁਕਤ ਕੀਤੇ ਜਾਣ ਦੇ ਬਾਅਦ ਪਾਰਟੀ ਹੋਰ ਮਜ਼ਬੂਤ ਹੋਵੇਗੀ ਤੇ ਲੋਕ ਸਭਾ ਚੋਣਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ। ਇਸ ਮੌਕੇ ਉਨ੍ਹਾਂ ਨਾਲ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

# ਇੰਗਲਿਸ਼ ਲਿਟਰੇਰੀ ਸੁਸਾਇਟੀ ਵੱਲੋਂ ਨਵੇਂ ਅਹੁਦੇਦਾਰਾਂ ਤੇ ਕਾਰਜਕਾਰੀ ਮੈਂਬਰਾਂ ਦੀ ਚੋਣ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੋਸਟ ਗ੍ਰੈਜੂਏਟ ਅੰਗਰੇਜ਼ੀ ਵਿਭਾਗ ਦੀ ਅਗਵਾਈ ਹੇਠ ਇੰਗਲਿਸ਼ ਲਿਟਰੇਰੀ ਸੁਸਾਇਟੀ ਵੱਲੋਂ ਸੈਸ਼ਨ 2023-24 ਲਈ ਨਵੇਂ ਅਹੁਦੇਦਾਰਾਂ ਤੇ ਕਾਰਜਕਾਰੀ ਮੈਂਬਰਾਂ ਦੀ ਚੋਣ ਕੀਤੀ ਗਈ। ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇੰਗਲਿਸ਼ ਲਿਟਰੇਰੀ ਸੁਸਾਇਟੀ ਦੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਨੂੰ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।

ਅੰਗਰੇਜ਼ੀ ਵਿਭਾਗ ਦੀ ਮੁਖੀ ਡਾ. ਹਰਵੀਨ ਕੌਰ ਨੇ ਸਮੁੱਚੇ ਵਿਭਾਗ ਵੱਲੋਂ ਨਵੀਂ ਕਾਰਜਕਾਰੀ ਸਭਾ ਨੂੰ ਸ਼ੁਭ-ਕਾਮਨਾਵਾਂ ਦਿੰਦਿਆਂ ਵਿਦਿਆਰਥੀ ਜੀਵਨ ਵਿੱਚ ਪਾਠਕ੍ਰਮ ਤੋਂ ਬਾਹਰ ਦੀਆਂ ਗਤੀਵਿਧੀਆਂ ਨੂੰ ਉਤਸ਼ਾਹਤ ਕਰਨ 'ਤੇ ਜ਼ੋਰ ਦਿੱਤਾ। ਇੰਗਲਿਸ਼ ਲਿਟਰੇਰੀ ਸੁਸਾਇਟੀ ਦੀ ਕਨਵੀਨਰ ਡਾ. ਮਨਿੰਦਰ ਕੈਂਥ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਸੁਸਾਇਟੀ ਵੱਲੋਂ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਉਸਾਰੂ ਗਤੀਵਿਧੀਆਂ ਵਿੱਚ ਪੂਰੀ ਸਰਗਰਮੀ ਨਾਲ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਵਿਭਾਗ ਦੇ ਹੋਣਹਾਰ ਵਿਦਿਆਰਥੀਆਂ ਸੁਭਰੀਤ ਕੌਰ ਨੂੰ ਸੁਸਾਇਟੀ ਦੀ ਪ੍ਰਧਾਨ, ਸਹਿਜਪ੍ਰੀਤ ਕੌਰ ਨੂੰ ਮੀਤ ਪ੍ਰਧਾਨ, ਕਸ਼ਿਸ਼ ਨੂੰ ਸਕੱਤਰ, ਗੁਰਲੀਨ ਕੌਰ ਤੇ ਸ਼ਿਵਾਨੀ ਨੂੰ ਸੰਯੁਕਤ ਸਕੱਤਰ, ਅਰਵਿੰਦਰਜੀਤ ਸਿੰਘ ਤੇ ਜਸ਼ਨਦੀਪ ਕੌਰ ਨੂੰ ਮੀਡੀਆ ਸਕੱਤਰ ਚੁਣਿਆ ਗਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਅਭੀ ਕੁਮਾਰ ਤੇ ਖੁਸ਼ਪ੍ਰਿਆ ਕੌਰ ਨੂੰ ਖਜ਼ਾਨਚੀ ਚੁਣਿਆ ਗਿਆ ਤੇ ਫਰਿੰਦਰ ਸਿੰਘ, ਹਰਨੀਤ ਕੌਰ, ਨਮਰਾ ਅਖਤਰ, ਇਸ਼ਵਿੰਦਰ ਕੌਰ, ਹਰਲੀਨ ਕੌਰ, ਰੀਨਾ ਕੁਮਾਰੀ, ਸਿਮਰਨਪ੍ਰੀਤ ਕੌਰ, ਮਿਲਨਦੀਪ ਕੌਰ, ਅਸ਼ਨੀਤ ਕੌਰ ਤੇ ਜਸ਼ਨਪ੍ਰੀਤ ਕੌਰ ਨੂੰ ਕਾਰਜਕਾਰਨੀ ਮੈਂਬਰ ਚੁਣਿਆ ਗਿਆ। ਇਸ ਮੌਕੇ ਵਿਭਾਗ ਦੇ ਫੈਕਲਟੀ ਮੈਂਬਰ ਡਾ. ਗੌਰੀ ਹਾਂਡਾ, ਪ੍ਰੋ. ਹਰਬੀਰ ਕੌਰ, ਪ੍ਰੋ. ਬ੍ਰਹਮਜੋਤ ਕੌਰ, ਪ੍ਰੋ. ਮਨਮੀਤ ਕੌਰ, ਪ੍ਰੋ. ਭਾਗਵਿੰਦਰ ਕੌਰ, ਪ੍ਰੋ. ਮਨਜੋਤ ਕੌਰ ਤੇ ਪ੍ਰੋ. ਕੀਰਤੀ ਗਗਨ ਅਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

## ਗਿਆਨ ਖੜਗ ਕਨਵੈਨਸ਼ਨ 18 ਨੂੰ

**ਦੇਵੀਗੜ੍ਹ/ਪਟਿਆਲਾ (ਵਿਜੇ ਕੁਮਾਰ ਸ਼ਰਮਾ)**-ਆਪਣਾ ਪੰਜਾਬ ਫਾਊਂਡੇਸ਼ਨ ਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਆਫ ਪੰਜਾਬ (ਰਜਿ.) ਮਿਲ ਕੇ ਪਿਛਲੇ ਸਮੇਂ ਤੋਂ ਸਿਹਤ, ਸਿੱਖਿਆ ਤੇ ਵਾਤਾਵਰਨ ਦੀ ਸੰਭਾਲ ਲਈ ਕੰਮ ਕਰ ਰਹੀਆਂ ਹਨ। ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਭੁਪਿੰਦਰ ਸਿੰਘ ਨੇ ਦੱਸਿਆ ਕਿ ਫਾਊਂਡੇਸ਼ਨ ਤੇ ਫੈਡਰੇਸ਼ਨ ਵੱਲੋਂ ਪੰਜਾਬ ਦੇ ਸਮੂਹ ਪ੍ਰਾਈਵੇਟ ਸੰਸਥਾਵਾਂ ਲਈ ਇੱਕ ਐਜੂਕੇਸ਼ਨਲ ਰੋਡ ਮੈਪ ਤਿਆਰ ਕੀਤਾ ਗਿਆ ਹੈ, ਜੋ ਪੰਜਾਬ ਨੂੰ ਇੱਕ ਨਵੀਂ ਦਿਸ਼ਾ ਦੇਵੇਗਾ। ਉਨ੍ਹਾਂ ਦੱਸਿਆ ਕਿ ਇਸ ਕਨਵੈਨਸ਼ਨ ਦੇ ਮੁੱਖ ਬੁਲਾਰੇ ਡਾ. ਜਗਜੀਤ ਸਿੰਘ ਧੂਰੀ ਹੋਣਗੇ, ਜੋ ਸਿੱਖਿਆ ਦੇ ਖੇਤਰ ਵਿੱਚ ਆਪਣੇ ਆਪ 'ਚ ਇੱਕ ਸੰਸਥਾ ਹਨ। ਇਸ ਕਨਵੈਨਸ਼ਨ ਵਿੱਚ ਜ਼ਿਲ੍ਹੇ ਦੇ ਸਮੂਹ ਸਕੂਲ ਜੋ ਸੀ.ਬੀ.ਐੱਸ.ਈ., ਪੰਜਾਬ ਸਕੂਲ ਸਿੱਖਿਆ ਬੋਰਡ ਜਾਂ ਹੋਰ ਬੋਰਡਾਂ ਨਾਲ ਐਫੀਲੀਏਟਡ ਹਨ, ਨੂੰ ਸੱਦਾ ਹੈ। ਇਸ ਕਨਵੈਨਸ਼ਨ ਵਿੱਚ ਸਕੂਲਾਂ ਨਾਲ ਸਬੰਧਤ ਸਾਰੀਆਂ ਸਮੱਸਿਆਵਾਂ ਦੇ ਢੁੱਕਵੇਂ ਹੱਲ ਦੱਸਣ ਦੇ ਨਾਲ ਨਾਲ ਫੈਪ ਨੈਸ਼ਨਲ ਐਵਾਰਡ ਸਬੰਧੀ ਵੀ ਜਾਣਕਾਰੀ ਦਿੱਤੀ ਜਾਵੇਗੀ। ਜ਼ਿਲ੍ਹਾ ਪਟਿਆਲਾ ਦੇ ਕੋਰ ਕਮੇਟੀ ਮੈਂਬਰ ਸੁਰਿੰਦਰ ਸਿੰਘ ਚੱਢਾ, ਡਾ. ਰੁਪਿੰਦਰ ਕੌਰ, ਲਾਲਜੀਤ ਸਿੰਘ, ਹਰਵਿੰਦਰ ਸਿੰਘ, ਨਵਤੇਜ ਸਿੰਘ ਜੱਜ, ਵਿਸ਼ਵਨਾਥ ਅਗਰਵਾਲ, ਡਾ. ਸਮੀਰ ਮੋਦੀ, ਭੁਪਿੰਦਰ ਸਿੰਘ ਬੀਨਾਹੇੜੀ, ਪ੍ਰੋ. ਅੰਮ੍ਰਿਤਪਾਲ ਸਿੰਘ ਕਾਲੇਕਾ, ਗੁਰਸੇਵਕ ਸਿੰਘ, ਜਤਿੰਦਰ ਨਰੂਲਾ, ਤਰਸੇਮ ਲਾਲ ਜੋਸ਼ੀ, ਸੰਦੀਪ ਮਹਿਤਾ ਨੇ ਜਾਣਕਾਰੀ ਦਿੱਤੀ ਕਿ ਇਹ ਕਨਵੈਨਸ਼ਨ ਥਾਪਰ ਯੂਨੀਵਰਸਿਟੀ ਦੇ ਆਡੀਟੋਰੀਅਮ 'ਚ 18 ਸਤੰਬਰ ਨੂੰ ਦੁਪਹਿਰ 2.00 ਵਜੇ ਤੋਂ 5.00 ਵਜੇ ਤੱਕ ਹੋ ਰਹੀ ਹੈ ਤੇ ਇਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।

## ਰੌਜ਼ਾ ਸ਼ਰੀਫ ਵਿਖੇ ਚੱਲ ਰਹੇ ਸਾਲਾਨਾ ਉਰਸ 'ਚ ਇਮਰਾਨ ਹੁਸੈਨ ਨੇ ਕੀਤੀ ਸ਼ਿਰਕਤ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਰੌਜ਼ਾ ਸ਼ਰੀਫ ਵਿਖੇ ਹਜ਼ਰਤ ਇਮਾਮੇ ਰੱਬਾਨੀ ਮੁਜਦਿਦ ਅਲਫ ਸਾਨੀ (ਰਹਿਮਤੁੱਲਾ ਅਹਿਲੇ) ਸ਼ੇਖ ਅਹਿਮਦ ਫਾਰੂਕੀ ਸਰਹਿੰਦੀ ਨਕਸ਼ਬੰਦੀ ਦੇ ਸਾਲਾਨਾ ਉਰਸ ਦੇ ਅੰਤਿਮ ਦਿਨ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਜਨਾਬ ਇਮਰਾਨ ਹੁਸੈਨ ਨੇ ਸ਼ਿਰਕਤ ਕੀਤੀ। ਉਨ੍ਹਾ ਇਸ ਮੌਕੇ ਹਜ਼ਰਤ ਮੁਜਦਿਦ ਅਲਫ ਸਾਨੀ ਦੀ ਦਰਗਾਹ ਦੀ ਜ਼ਿਆਰਤ ਕੀਤੀ ਅਤੇ ਦੇਸ਼ ਤੇ ਦੁਨੀਆ ਵਿੱਚ ਅਮਨ ਸ਼ਾਂਤੀ ਬਰਕਰਾਰ ਰੱਖਣ ਤੇ ਸਰਬੱਤ ਦੇ ਭਲੇ ਦੀ ਦੁਆ ਮੰਗੀ। ਇਸ ਮੌਕੇ ਉਨ੍ਹਾ ਨਾਲ ਰੌਜ਼ਾ ਸ਼ਰੀਫ ਦੇ ਖਲੀਫਾ ਸਈਅਦ ਸਾਦਿਕ ਰਜ਼ਾ ਵੀ ਮੌਜੂਦ ਸਨ। ਪੱਤਰਕਾਰਾਂ ਨਾਲ ਗੱਲ ਕਰਦਿਆਂ ਜਨਾਬ ਇਮਰਾਨ ਹੁਸੈਨ ਨੇ ਕਿਹਾ ਕਿ ਹਜ਼ਰਤ ਇਮਾਮੇ ਰੱਬਾਨੀ ਮੁਜਦਿਦ ਅਲਫ ਸਾਨੀ (ਰਹਿਮਤੁੱਲਾ ਅਹਿਲੇ) ਸ਼ੇਖ ਅਹਿਮਦ ਫਾਰੂਕੀ ਸਰਹਿੰਦੀ ਨਕਸ਼ਬੰਦੀ ਇਸਲਾਮ ਦੀ ਇੱਕ ਵੱਡੀ ਸ਼ਖਸੀਅਤ ਹਨ, ਜਿਨ੍ਹਾਂ ਨੇ ਸੂਫੀ ਮੱਤ ਵਿੱਚ ਰਹਿੰਦੇ ਹੋਏ ਇਸਲਾਮ ਨੂੰ ਫੈਲਾਉਣ 'ਚ ਵੱਡਾ ਰੋਲ ਅਦਾ ਕੀਤਾ। ਉਨ੍ਹਾ ਕਿਹਾ ਕਿ ਰੌਜ਼ਾ ਸ਼ਰੀਫ 'ਚ ਦੇਸ਼ ਵਿਦੇਸ਼ ਤੋਂ ਸ਼ਰਧਾਲੂ ਜ਼ਿਆਰਤ ਕਰਨ ਲਈ ਆਉਂਦੇ ਹਨ ਤੇ ਉਹ ਵੀ ਸਰਬੱਤ ਦੇ ਭਲੇ ਦੀ ਦੁਆ ਮੰਗਣ ਲਈ ਉਰਸ ਵਿੱਚ ਸ਼ਾਮਲ ਹੋਏ ਹਨ।

# ਪ੍ਰਾਚੀਨ ਉਦਾਸੀਨ ਮਹਾਂ ਮੰਡਲ ਪੰਜਾਬ ਦਾ ਪੁਨਰਗਠਨ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅਤਰੀ)**-ਉਦਾਸੀਨ ਸੰਪ੍ਰਦਾਇ ਨਾਲ ਸੰਬੰਧਤ ਗੱਦੀ ਨਸ਼ੀਨ ਸਾਧੂ ਸੰਤਾਂ ਵੱਲੋਂ ਪ੍ਰਾਚੀਨ ਉਦਾਸੀਨ ਮਹਾਂ ਮੰਡਲ ਪੰਜਾਬ ਦਾ ਪੁਨਰਗਠਨ ਕੀਤਾ ਗਿਆ, ਜਿਸ ਦਾ ਪ੍ਰਧਾਨ ਮਹੰਤ ਦਿਗੰਬਰ ਮੁਨੀ ਅੰਮ੍ਰਿਤਸਰ ਤੇ ਜਰਨਲ ਸਕੱਤਰ ਮਹਾਂ ਮੰਡਲੇਸਵਰ ਡਾ. ਸਵਾਮੀ ਚੰਦਰ ਮੁਨੀ ਸੇਰੋਂ ਨੂੰ ਚੁਣਿਆ ਗਿਆ। ਇਸ ਸਬੰਧੀ ਨਵ-ਨਿਯੁਕਤ ਜਰਨਲ ਸਕੱਤਰ ਤੇ ਸ੍ਰੀ ਚੰਦਰ ਗਊਸ਼ਾਲਾ ਸ਼ੇਰੋਂ ਦੇ ਮੁੱਖ ਸੇਵਾਦਾਰ ਮਹਾਂ ਮੰਡਲੇਸ਼ਵਰ ਡਾ. ਸਵਾਮੀ ਚੰਦਰ ਮੁਨੀ ਨੇ ਦੱਸਿਆ ਕਿ ਇਸ ਤੋਂ ਇਲਾਵਾ ਹੋਰ ਚੁਣੇ ਗਏ ਅਹੁਦੇਦਾਰਾਂ ਵਿੱਚ ਮਹੰਤ ਜਮਨਾ ਦਾਸ ਦੁੰਨੇਵਾਲਾ ਨੂੰ ਮੀਤ ਪ੍ਰਧਾਨ, ਮਹੰਤ ਤਿਲਕ ਦਾਸ ਤੇ ਮਹੰਤ ਮੱਘਰ ਦਾਸ ਖੁੱਡੀ ਕਲਾਂ ਨੂੰ ਸਹਾਇਕ ਸਕੱਤਰ, ਮਹੰਤ ਵਰਿੰਦਰ ਮੁਨੀ ਫੇਰੂਮਾਨ ਨੂੰ ਖਜ਼ਾਨਚੀ, ਮਹੰਤ ਪ੍ਰਤਾਪ ਦਾਸ ਅੰਮ੍ਰਿਤਸਰ ਸਹਾਇਕ ਖਜ਼ਾਨਚੀ, ਕ੍ਰਿਸ਼ਨ ਦਾਸ ਪੂਹਲਾ ਨੂੰ ਮੁੱਖ ਬੁਲਾਰਾ, ਮਹੰਤ ਪ੍ਰਸ਼ੋਤਮ ਦਾਸ ਮਾਨਸਾ, ਮਹਾਂ ਮੰਡਲੇਸ਼ਵਰ ਮਹੰਤ ਜੋਗਿੰਦਰਾ ਨੰਦ ਸੰਗਰੀਆ, ਮਹੰਤ ਗਿਆਨ ਦਾਸ ਜੱਜਲ ਤੇ ਮਹੰਤ ਬਲਵਿੰਦਰ ਦਾਸ ਮੁੱਲਾਂਪੁਰ ਸਹਾਇਕ ਮੁੱਖ ਬੁਲਾਰੇ ਚੁਣੇ ਗਏ ਹਨ। ਇਸ ਤੋਂ ਇਲਾਵਾ ਮਹੰਤ ਸੇਵਾ ਦਾਸ ਕੋਟਫੱਤਾ ਨੂੰ ਸਰਪ੍ਰਸਤ, ਮਹੰਤ ਆਤਮਾ ਦਾਸ, ਮਹੰਤ ਅਵਤਾਰ ਦਾਸ ਨੱਥੂਪੁਰ, ਮਹੰਤ ਸੁਖਦੇਵ ਮੁਨੀ, ਮਹੰਤ ਗੋਪਾਲ ਦਾਸ ਛੱਤੇਵਾਲਾ, ਮਹੰਤ ਸਰੂਪਾਨੰਦ, ਮਹਾਂ ਮੰਡਲੇਸ਼ਵਰ ਮਹੰਤ ਸ਼ਾਂਤਾ ਨੰਦ ਜਲੰਧਰ, ਮਹੰਤ ਹਰੀ ਦਾਸ ਮਾਹਲਪੁਰ ਤੇ ਮਹੰਤ ਗੁਰਮੇਲ ਦਾਸ ਔਤਾਂਵਾਲੀ ਸਹਾਇਕ ਸਰਪ੍ਰਸਤ ਚੁਣੇ ਗਏ ਹਨ। ਮਹਾਂਪੁਰਸ਼ਾਂ ਦੀ ਚੋਣ 'ਤੇ ਮਹੰਤ ਰਾਮ ਗਿਰ ਹਸਨਪੁਰ, ਮਹੰਤ ਬਾਮ ਗਿਰ ਨਮੋਲ, ਮਹੰਤ ਮੱਖਣ ਮੁਨੀ ਭੂੰਮ, ਮਹੰਤ ਜਗਦੀਸ਼ ਗਿਰ ਛਾਹੜ ਤੇ ਮਹੰਤ ਜਗਤਾਰ ਦਾਸ ਛਿਛਰੋਲੀ ਨੇ ਭਰਵੀਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ।

# ਕੀ ਮਾਛੀਵਾੜਾ ਇਲਾਕੇ 'ਚ ਨਸ਼ਿਆਂ ਦੇ ਦਰਿਆ ਨੂੰ ਠੱਲ੍ਹ ਪੈਜੂ ?

**ਸਮਰਾਲਾ (ਸੁਰਜੀਤ ਸਿੰਘ)**-ਸਮਰਾਲਾ ਵਿਧਾਨ ਸਭਾ ਹਲਕੇ ਵਿੱਚ ਪੈਂਦਾ ਮਾਛੀਵਾੜਾ ਤੇ ਪੇਂਡੂ ਖੇਤਰ ਇਸ ਵੇਲੇ ਜਿੱਥੇ ਨਸ਼ਿਆਂ ਦੇ ਵਗਦੇ ਛੇਵੇਂ ਦਰਿਆ ਲਈ ਬਦਨਾਮ ਹੈ, ਉੱਥੇ ਪੁਲਸ ਜ਼ਿਲ੍ਹਾ ਖੰਨਾ ਲਈ ਸਿਰਦਰਦੀ ਬਣਿਆ ਹੋਇਆ ਹੈ। ਪੁਲਸ ਜ਼ਿਲ੍ਹਾ ਖੰਨਾ ਦੀ ਮੁਖੀ ਅਮਨੀਤ ਕੌਰ ਕੌਂਡਲ ਆਈ ਪੀ ਐੱਸ ਤੇ ਡਾ. ਪ੍ਰਗਿਆ ਜੈਨ ਆਈ ਪੀ ਐੱਸ, ਜੋ ਕਿ ਇੱਕ ਕੁਸ਼ਲ ਪੁਲਸ ਅਧਿਕਾਰੀ ਵਜੋਂ ਜਾਣੀਆਂ ਜਾਂਦੀਆਂ ਹਨ, ਨੇ ਇਲਾਕੇ ਵਿੱਚੋਂ ਨਸ਼ਿਆਂ ਤੇ ਤਸਕਰਾਂ ਨੂੰ ਖਤਮ ਕਰਨ ਲਈ ਪੂਰਾ ਤਾਣ ਲਾਇਆ ਹੋਇਆ ਹੈ। ਉਨ੍ਹਾਂ ਵੱਲੋਂ ਨਸ਼ਿਆਂ ਖਿਲਾਫ ਜ਼ਬਰਦਸਤ ਮੁਹਿੰਮ ਚਲਾਈ ਹੋਈ ਹੈ, ਜਿਸ ਦੇ ਤਹਿਤ ਉਨ੍ਹਾਂ ਵੱਲੋਂ ਪਿੰਡਾਂ ਵਿੱਚ ਜਾ ਕੇ ਲੋਕਾਂ ਦਾ ਇਕੱਠ ਕੀਤਾ ਜਾਂਦਾ ਹੈ ਅਤੇ ਨਸ਼ਾ ਤਸਕਰਾਂ ਬਾਰੇ ਗੁਪਤ ਤੌਰ 'ਤੇ ਜਾਣਕਾਰੀ ਵੀ ਮੰਗੀ ਜਾਂਦੀ ਹੈ। ਅਜਿਹਾ ਇੱਕ ਪ੍ਰੋਗਰਾਮ ਉਨ੍ਹਾਂ ਵੱਲੋਂ ਪਿੰਡ ਲੋਪੋਂ ਵਿੱਚ ਕਰਵਾਇਆ ਗਿਆ, ਜਿਸ ਵਿੱਚ ਉਨ੍ਹਾਂ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਪੁਲਸ ਨੂੰ ਦੇਣ। ਜਾਣਕਾਰੀ ਦੇਣ ਵਾਲੇ ਦਾ ਨਾਂਅ ਗੁਪਤ ਰੱਖਿਆ ਜਾਵੇਗਾ। ਇਸ ਕੰਮ ਲਈ ਉਨ੍ਹਾਂ ਵੱਲੋਂ ਇੱਕ ਹੈਲਪ ਲਾਈਨ ਨੰਬਰ 01628292093 ਵੀ ਜਾਰੀ ਕੀਤਾ ਹੋਇਆ ਹੈ, ਜਿਸ ਉੱਤੇ ਪੁਲਸ ਨੂੰ ਜਾਣਕਾਰੀ ਦਿੱਤੀ ਜਾ ਸਕਦੀ ਹੈ। ਇਸ ਸਿਲਸਿਲੇ ਵਿੱਚ ਨਸ਼ਾ ਤਸਕਰਾਂ 'ਤੇ ਕਰੜੀ ਕਾਰਵਾਈ ਕਰਦੇ ਹੋਏ ਉਨ੍ਹਾਂ ਨੇ ਇਸ ਇਲਾਕੇ ਦੇ ਕਰੀਬ 13 ਨਸ਼ਾ ਤਸਕਰਾਂ ਵੱਲੋਂ ਨਸ਼ੇ ਵੇਚ ਕੇ ਬਣਾਈਆਂ ਨਜਾਇਜ਼ ਜਾਇਦਾਦਾਂ ਵੀ ਜ਼ਬਤ ਕਰਵਾਈਆਂ, ਜਿਨ੍ਹਾਂ ਦੀ ਕੀਮਤ ਕਰੀਬ ਸਾਢੇ ਪੰਜ ਕਰੋੜ ਦੱਸੀ ਗਈ ਹੈ। ਇਲਾਕੇ ਵਿੱਚ ਕੁੱਝ ਸਮਾਂ ਪਹਿਲਾਂ ਪੁਲਸ ਤੇ ਸਿਆਸੀ ਸਫਾਂ ਵਿੱਚ ਤੜਥੱਲੀ ਉਦੋਂ ਮੱਚ ਗਈ, ਜਦੋਂ ਇਲਾਕੇ ਦੇ ਇੱਕ ਪਿੰਡ ਦਾ ਨੌਜਵਾਨ ਬਾਂਹ ਵਿੱਚ ਲੱਗੀ ਨਸ਼ੇ ਦੀ ਸਰਿੰਜ ਸਮੇਤ ਮੜ੍ਹੀਆਂ ਵਿੱਚ ਮ੍ਰਿਤਕ ਪਾਇਆ ਗਿਆ। ਉਸ ਸਮੇਂ ਪੁਲਸ ਨੇ ਹਰਕਤ ਵਿੱਚ ਆ ਕੇ ਇਸ ਘਟਨਾ ਨਾਲ ਸਬੰਧਤ ਦੋਸ਼ੀਆਂ 'ਤੇ ਮੁਕੱਦਮੇ ਦਰਜ ਕਰਕੇ ਉਨ੍ਹਾਂ ਨੂੰ ਜੇਲ੍ਹ ਵਿੱਚ ਸੁੱਟਿਆ। ਇਸ ਘਟਨਾ ਤੋਂ ਦੁਖੀ ਹੋ ਕੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਪਰਮਜੀਤ ਸਿੰਘ ਢਿੱਲੋਂ ਨੇ ਤੁਰੰਤ ਇੱਕ ਪ੍ਰੈੱਸ ਕਾਨਫਰੰਸ ਬੁਲਾ ਕੇ ਨਸ਼ਿਆਂ 'ਤੇ ਕਾਬੂ ਪਾਉਣ ਵਿੱਚ ਅਸਮਰਥ ਮਾਛੀਵਾੜਾ ਪੁਲਸ ਨੂੰ ਦੋਸ਼ੀ ਠਹਿਰਾਇਆ ਤੇ 'ਨਸ਼ਾ ਹਟਾਓ, ਪੰਜਾਬ ਬਚਾਓ' ਦਾ ਨਾਅਰਾ ਦਿੰਦਿਆਂ ਇੱਕ ਹੈਲਪ ਲਾਈਨ ਨੰਬਰ 9915706164 ਆਪਣੇ ਵੱਲੋਂ ਜਾਰੀ ਕਰਦਿਆਂ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਕਰਨ ਵਾਲਿਆਂ ਤੇ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਉਨ੍ਹਾਂ ਨੂੰ ਇਸ ਨੰਬਰ 'ਤੇ ਦੇਣ। ਉਨ੍ਹਾਂ ਕਿਹਾ ਕਿ ਨਸ਼ਾ ਕਰਨ ਵਾਲਿਆਂ ਦਾ ਇਲਾਜ ਕਰਾਵਾਂਗੇ ਤੇ ਨਸ਼ਾ ਤਸਕਰਾਂ ਨੂੰ ਮੁਕੰਮਲ ਜਾਂਚ ਤੋਂ ਬਾਅਦ ਪੁਲਸ ਦੇ ਹਵਾਲੇ ਕਰਾਂਗੇ।

ਅਕਾਲੀ ਆਗੂ ਨੇ ਇਸ ਸਬੰਧੀ ਇਲਾਕੇ 'ਚ ਲੋਕਾਂ ਨਾਲ ਮੀਟਿੰਗਾਂ ਕੀਤੀਆਂ ਤੇ ਨਸ਼ਾ ਤਸਕਰਾਂ ਉੱਤੇ ਨਜ਼ਰ ਰੱਖਣ ਲਈ ਪਾਰਟੀ ਦੇ ਨੌਜਵਾਨ ਤੇ ਸਰਗਰਮ ਵਰਕਰਾਂ ਦੀਆਂ ਪਿੰਡਾਂ ਵਿੱਚ ਕਮੇਟੀਆਂ ਕਾਇਮ ਕੀਤੀਆਂ। ਉਨ੍ਹਾ ਇਸ ਸਬੰਧੀ ਪਿੰਡਾਂ ਵਿੱਚ ਥਾਂ ਥਾਂ ਫਲੈਕਸ ਬੋਰਡ ਵੀ ਲਗਵਾਏ ਹੋਏ ਹਨ। ਉਨ੍ਹਾ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਦੋਸ਼ ਲਾਇਆ ਕਿ ਉਹ ਸੂਬੇ ਵਿੱਚ ਨਸ਼ੇ ਰੋਕਣ 'ਚ ਅਸਫਲ ਸਾਬਿਤ ਹੋਈ ਹੈ। ਉਨ੍ਹਾ ਕਿਹਾ ਕਿ ਨੌਜਵਾਨ ਨਸ਼ਿਆਂ ਕਾਰਨ ਮਰ ਰਹੇ ਹਨ ਤੇ ਸਰਕਾਰ ਅਣਜਾਣ ਬਣੀ ਬੈਠੀ ਹੈ। ਪੁਲਸ ਤੇ ਲੋਕਾਂ ਦੀ ਨਿਗਾਹੇਬਾਨੀ ਦੇ ਬਾਵਜੂਦ ਇਲਾਕੇ ਦੇ ਇੱਕ ਪਿੰਡ ਦੀ ਔਰਤ ਦੀ ਇੱਕ ਵੀਡੀਓ ਵਾਇਰਲ ਹੋਈ, ਜਿਸ ਵਿੱਚ ਉਹ ਰੋਂਦੀ ਹੋਈ ਆਪਣਾ ਦਰਦ ਬਿਆਨ ਕਰਦੀ ਹੈ ਕਿ ਉਸ ਦਾ ਨੌਜਵਾਨ ਪੁੱਤ ਨਸ਼ਿਆਂ ਦੀ ਦਲਦਲ ਵਿੱਚ ਫਸ ਗਿਆ ਹੈ। ਵਿਡੀਓ 'ਚ ਔਰਤ ਦੱਸਦੀ ਹੈ ਕਿ ਉਸ ਦਾ ਬੇਟਾ ਤਬਾਹ ਹੋ ਰਿਹਾ ਹੈ, ਉਸ ਨੂੰ ਬਚਾਉਣ ਲਈ ਉਹ ਸਿਆਸੀ ਆਗੂਆਂ ਤੇ ਪੁਲਸ ਅਧਿਕਾਰੀਆਂ ਨੂੰ ਮਿਲ ਚੁੱਕੀ ਹੈ, ਪਰ ਹਰ ਪਾਸਿਓਂ ਉਸ ਨੂੰ ਨਿਰਾਸ਼ਾ ਹੀ ਹੱਥ ਲੱਗੀ ਹੈ। ਬੀਤੇ ਦਿਨ ਇੱਕ ਹੋਰ ਘਟਨਾ ਮਾਛੀਵਾੜਾ ਇਲਾਕੇ ਤੋਂ ਸਾਹਮਣੇ ਆਈ ਕਿ ਇੱਕ ਕਥਿਤ ਨਸ਼ਾ ਵਿਰੋਧੀ ਨੌਜਵਾਨ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਦੇ ਬੈੱਡ 'ਤੇ ਪਿਆ ਕਹਿ ਰਿਹਾ ਹੈ ਕਿ ਉਸ ਨੂੰ ਨਸ਼ਾ ਸਪਲਾਈ ਕਰਨ ਵਾਲੇ ਗੈਂਗ ਨੇ ਬੁਰੀ ਤਰ੍ਹਾਂ ਕੁੱਟ ਕੇ ਜ਼ਖ਼ਮੀ ਕੀਤਾ ਹੈ। ਇਸ ਘਟਨਾ ਦੇ ਪ੍ਰਤੀਕ੍ਰਮ ਵਿੱਚ ਪੁਲਸ ਵੱਲੋਂ ਸਪੱਸ਼ਟੀਕਰਨ ਆਇਆ ਹੈ ਕਿ ਇਹ ਕੁੱਟ-ਮਾਰ ਨਿੱਜੀ ਰੰਜਿਸ਼ ਦਾ ਨਤੀਜਾ ਹੈ। ਇਸ ਮਾਮਲੇ ਵਿੱਚ ਦੋਸ਼ੀਆਂ 'ਤੇ ਕੇਸ ਦਰਜ ਕਰ ਲਿਆ ਗਿਆ ਹੈ।

ਪੁਲਸ ਤੇ ਸਮਾਜਿਕ ਸੰਸਥਾਵਾਂ ਦੀ ਸਰਗਰਮੀ ਦੇ ਬਾਵਜੂਦ ਹੁਣ ਸਵਾਲ ਇਹ ਉਠਦਾ ਹੈ ਕਿ ਕੀ ਇਲਾਕੇ ਵਿੱਚੋਂ ਨਸ਼ੇ ਦਾ ਮਲੀਆਮੇਟ ਹੋ ਜਾਵੇਗਾ? ਨਸ਼ਾ ਤਸਕਰਾਂ ਤੇ ਹੋਰ ਤਰ੍ਹਾਂ ਤਰ੍ਹਾਂ ਦੇ ਮਾਫੀਆਵਾਂ ਦੀ ਰਣਨੀਤੀ ਆਮ ਤੌਰ 'ਤੇ ਇਹ ਹੁੰਦੀ ਹੈ ਕਿ ਜਦੋਂ ਵੀ ਉਨ੍ਹਾਂ ਉੱਤੇ ਪੁਲਸ ਪ੍ਰਸ਼ਾਸਨ ਦਾ ਦਬਾਅ ਵਧਦਾ ਹੈ ਤਾਂ ਉਹ ਥੋੜ੍ਹੇ ਸਮੇਂ ਲਈ ਇਲਾਕੇ ਵਿੱਚੋਂ ਅਲੋਪ ਹੋ ਜਾਂਦੇ ਹਨ। ਜਦੋਂ ਮੁਹਿੰਮ ਠੰਡੀ ਪੈ ਜਾਂਦੀ ਹੈ, ਉਹ ਫੇਰ ਸਰਗਰਮ ਹੋ ਜਾਂਦੇ ਹਨ। ਜਦੋਂ ਪੁਲਸ ਵੱਲੋਂ ਫੜ ਕੇ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾਂਦਾ ਹੈ ਤਾਂ ਉਹ ਕੁੱਝ ਸਮੇਂ ਬਾਅਦ ਜਮਾਨਤ 'ਤੇ ਛੁੱਟ ਕੇ ਫੇਰ ਉਸੇ ਧੰਦੇ ਵਿੱਚ ਲੱਗ ਜਾਂਦੇ ਹਨ। ਇਸ ਕਾਲੇ ਧੰਦੇ ਨੂੰ ਠੱਲ੍ਹ ਉਦੋਂ ਪੈ ਸਕਦੀ ਹੈ, ਜਦੋਂ ਸਪਲਾਈ ਦੇ ਮੁਕਾਬਲੇ ਡਿਮਾਂਡ ਘੱਟ ਜਾਵੇ। ਜਿਹੜੇ ਨਸ਼ੇ ਕਰਦੇ ਹਨ, ਉਨ੍ਹਾਂ ਦਾ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਕਰਾਇਆ ਜਾਵੇ। ਪਰ ਹਕੀਕਤ ਇਹ ਹੈ ਕਿ ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਮਗਰੋਂ ਇਨ੍ਹਾਂ ਵਿੱਚੋਂ ਕਈ ਮੁੜ ਬੁਰੀ ਸੰਗਤ ਵਿੱਚ ਪੈ ਕੇ ਉਸੇ ਪੁੱਠੇ ਰਾਹ ਪੈ ਜਾਂਦੇ ਹਨ।

# ਆਂਗਣਵਾੜੀ ਸੈਂਟਰ ਜੋਧਪੁਰ 'ਚ ਅਨੀਮੀਆ ਚੈੱਕਅੱਪ ਕੈਂਪ ਲਾਇਆ

## ਪੌਸ਼ਟਿਕ ਆਹਾਰ ਹੀ ਅਨੀਮੀਆ ਦਾ ਬਿਹਤਰ ਇਲਾਜ : ਡਾ. ਹਰਪ੍ਰੀਤ ਸਿੰਘ




**ਮਮਦੋਟ (ਜਸਬੀਰ ਸਿੰਘ ਕੰਬੋਜ)**-ਜ਼ਿਲ੍ਹਾ ਪ੍ਰੋਗਰਾਮ ਅਫਸਰ ਦੇ ਨਿਰਦੇਸ਼ਾਂ ਅਨੁਸਾਰ ਸਤਵੰਤ ਸਿੰਘ ਬਾਲ ਵਿਕਾਸ ਤੇ ਪ੍ਰੋਜੈਕਟ ਅਫਸਰ ਮਮਦੋਟ ਦੀ ਅਗਵਾਈ ਹੇਠ 1 ਸਤੰਬਰ ਤੋਂ 30 ਸਤੰਬਰ ਤੱਕ ਮਨਾਏ ਜਾ ਰਹੇ ਰਾਸ਼ਟਰੀ ਪੋਸ਼ਣ ਮਾਂਹ ਦੀ ਲੜੀ ਤਹਿਤ ਆਂਗਣਵਾੜੀ ਸੈਂਟਰ ਜੋਧਪੁਰ ਵਿਖੇ ਮਾਹਰ ਡਾਕਟਰ ਸਾਹਿਬਾਨ ਦੀ ਦੇਖ-ਰੇਖ ਹੇਠ ਅਨੀਮੀਆ (ਖੂਨ ਦੀ ਕਮੀ) ਚੈੱਕਅੱਪ ਕੈਂਪ ਲਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ 'ਚ ਪੁੱਜੀਆਂ ਗਰਭਵਤੀ ਔਰਤਾਂ, ਨਰਸਿੰਗ ਮਾਵਾਂ ਤੇ ਬੱਚਿਆਂ ਦਾ ਚੈੱਕਅੱਪ ਕਰਕੇ ਲੋੜੀਂਦੀਆਂ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਬਲਾਕ ਕੋਆਰਡੀਨੇਟਰ ਨਿਰਮਲਾ (ਪੋਸ਼ਣ ਮਾਂਹ ਅਭਿਆਨ) ਨੇ ਦੱਸਿਆ ਕਿ ਪੋਸ਼ਣ ਮਾਂਹ ਦਾ ਉਦੇਸ਼ 'ਸਹੀ ਪੋਸ਼ਣ ਦੇਸ਼ ਰੋਸ਼ਨ' ਵਿੱਚ ਲਾਭਪਾਤਰੀਆਂ ਨੂੰ ਖੂਨ ਦੀ ਕਮੀ ਸਬੰਧੀ ਜਾਗਰੂਕ ਕਰਨਾ ਹੈ। ਉਨ੍ਹਾ ਦੱਸਿਆ ਕਿ ਚੰਗੀ ਸਿਹਤ ਲਈ ਚੰਗੀ ਖਰਾਕ ਖਾਣਾ ਬਹੁਤ ਜ਼ਰੂਰੀ ਹੈ। ਇਸ ਕੈਂਪ ਦੌਰਾਨ ਆਂਗਣਵਾੜੀ ਵਰਕਰਾਂ ਵੱਲੋਂ ਛੋਟੇ ਬੱਚਿਆਂ ਨੂੰ ਵੱਖ ਵੱਖ ਸਰਗਰਮੀਆਂ ਰਾਹੀਂ ਜਾਗਰੂਕ ਕੀਤਾ ਗਿਆ। ਇਸ ਮੌਕੇ ਕਮਿਊਨਿਟੀ ਹੈਲਥ ਸੈਂਟਰ ਮਮਦੋਟ ਤੋਂ ਵਿਸ਼ੇਸ਼ ਤੌਰ 'ਤੇ ਪੁੱਜੇ ਡਾ. ਹਰਪ੍ਰੀਤ ਸਿੰਘ, ਡਾ. ਗੁਰਵਿੰਦਰ ਸਿੰਘ, ਐੱਮ ਪੀ ਐੱਚ ਡਬਲਯੂ ਬਲਜਿੰਦਰਪਾਲ ਕੌਰ, ਸਵਰਨ ਸਿੰਘ ਤੇ ਰਮਨਦੀਪ ਕੌਰ ਸਟਾਫ ਨਰਸ ਵੱਲੋਂ ਨਰਸਿੰਗ ਮਾਵਾਂ ਤੇ ਗਰਭਵਤੀ ਔਰਤਾਂ ਦਾ ਚੈੱਕਅੱਪ ਕਰਕੇ ਲੋੜੀਂਦੀਆਂ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਸੁਪਰਵਾਈਜ਼ਰ ਨਰਿੰਦਰ ਕੌਰ ਤੇ ਕਾਂਤਾ ਰਾਣੀ ਨੇ ਵੀ ਸੰਬੋਧਨ ਕੀਤਾ। ਡਾ. ਹਰਪ੍ਰੀਤ ਸਿੰਘ ਤੇ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਚੰਗੀ ਖੁਰਾਕ ਤੇ ਪੌਸ਼ਟਿਕ ਭੋਜਨ ਹੀ ਅਨੀਮੀਆ ਦਾ ਬਿਹਤਰ ਇਲਾਜ ਹੈ। ਇਸ ਮੌਕੇ ਆਂਗਣਵਾੜੀ ਵਰਕਰ ਪ੍ਰੇਮ ਕੌਰ ਪਵਨਦੀਪ ਕੌਰ, ਜਸਵਿੰਦਰ ਕੌਰ ਆਸ਼ਾ ਵਰਕਰ, ਪਿੰਦਰ ਹੈਲਪਰ ਸਮੇਤ ਵੱਡੀ ਗਿਣਤੀ 'ਚ ਪਿੰਡ ਦੀਆਂ ਔਰਤਾਂ ਹਾਜ਼ਰ ਸਨ।

# ਟੀ ਐੱਸ ਯੂ ਮੈਂਬਰਾਂ ਨੇ ਐਸਮਾ ਕਾਨੂੰਨ ਦੀਆਂ ਕਾਪੀਆਂ ਸਾੜੀਆਂ

**ਮੱਖੂ (ਰਛਪਾਲ ਸਿੰਘ ਸੰਧੂ)**

ਸਾਂਝੇ ਫੋਰਮ ਦੇ ਸੱਦੇ 'ਤੇ ਸਬ ਡਵੀਜ਼ਨ ਮਖੂ ਦੇ ਪ੍ਰਧਾਨ ਸੁਖਵਿੰਦਰ ਸਿੰਘ ਘੁੱਦੂਵਾਲਾ ਦੀ ਪ੍ਰਧਾਨਗੀ ਹੇਠ ਸਬ ਡਵੀਜ਼ਨ ਮਖੂ ਦੇ ਗੇਟ ਅੱਗੇ ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਸਮੂਹ ਮੈਂਬਰਾਂ ਵੱਲੋਂ ਐਸਮਾ ਕਨੂੰਨ ਦੀਆਂ ਕਾਪੀਆਂ ਸਾੜੀਆਂ ਗਈਆਂ ਤੇ ਮੰਗ ਕੀਤੀ ਕਿ ਐਸਮਾ ਕਾਨੂੰਨ ਨੂੰ ਵਾਪਸ ਲਿਆ ਜਾਵੇ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਸਰਕਾਰ ਵੱਲੋਂ ਜੋ ਮੰਗਾਂ ਮੁਲਾਜ਼ਮਾਂ ਦੀਆਂ ਮੰਨੀਆਂ ਹੋਈਆਂ ਹਨ, ਉਨ੍ਹਾਂ ਮੰਗਾਂ ਲਾਗੂ ਕੀਤਾ ਜਾਵੇ, ਸੀ ਆਰ ਏ 295/19 ਦੇ ਭਰਤੀ ਮੁਲਾਜ਼ਮਾਂ ਨੂੰ ਪੂਰੇ ਸਕੇਲ ਦੇ ਹਿਸਾਬ ਨਾਲ ਤਨਖਾਹ ਦਿੱਤੀ ਜਾਵੇ, ਸਰਕਾਰ ਵੱਲੋਂ ਜਿਹੜੇ 200 ਰੁਪਏ ਪ੍ਰਤੀ ਮਹੀਨਾ ਪੰਜਾਬ ਡਿਵੈਲਪਮੈਂਟ ਦੇ ਨਾਮ ਕੱਟੇ ਜਾਂਦੇ ਹਨ, ਉਸ ਨੂੰ ਬੰਦ ਕੀਤਾ ਜਾਵੇ, ਓਸੀ/ ਏਐਸਐਸਏ ਨੂੰ ਏਐਲਐਮ ਦੇ ਬਰਾਬਰ ਦਾ ਸਕੇਲ 1/12/2011 ਤੋਂ ਲਾਗੂ ਕੀਤਾ ਜਾਵੇ, ਗਰਿਡਾਂ 'ਤੇ ਸਕਿਓਰਟੀ ਦਾ ਪ੍ਰਬੰਧ ਕੀਤਾ ਜਾਵੇ। ਆਗੂਆਂ ਨੇ ਕਿਹਾ ਕਿ ਹੱਕੀ ਮੰਗਾਂ ਸਬੰਧੀ ਸੰਘਰਸ਼ ਕਰਦੇ ਰਹਿਣਗੇ। ਇਸ ਮੌਕੇ ਡਵੀਜ਼ਨ ਪ੍ਰਧਾਨ ਸੁਖਦੇਵ ਸਿੰਘ ਲੋਹਕਾ, ਰਛਪਾਲ ਸਿੰਘ ਸੰਧੂ ਸਕੱਤਰ ਪੈਨਸ਼ਨਰਜ਼ ਐਸੋਸੀਏਸ਼ਨ ਸਰਕਲ ਫਿਰੋਜ਼ਪੁਰ, ਸੁਖਦੇਵ ਸਿੰਘ ਗਿੱਲ ਸਬ ਡਵੀਜ਼ਨ ਖਜ਼ਾਨਚੀ, ਪ੍ਰਤਾਪ ਸਿੰਘ ਸਕੱਤਰ, ਜੀਵਨਜੀਤ ਸਿੰਘ, ਗੁਰਪ੍ਰੀਤ ਸਿੰਘ, ਬਲਵੀਰ ਸਿੰਘ ਮੀਤ ਪ੍ਰਧਾਨ, ਕਪਿਲ, ਬਹਾਦਰ ਸਿੰਘ, ਉਪਦੇਸ਼ ਕੁਮਾਰ, ਜਗਜੀਤ ਸਿੰਘ, ਲਵਪ੍ਰੀਤ ਸਿੰਘ, ਬਲਵਿੰਦਰ ਸਿੰਘ ਪੱਧਰੀ, ਕਰਨੈਲ ਸਿੰਘ ਮਾਲੜਾ, ਰਣਜੀਤ ਸਿੰਘ ਘੁੱਦੂ ਵਾਲਾ, ਕੁਲਵੰਤ ਸਿੰਘ ਆਦਿ ਹਾਜ਼ਰ ਸਨ।



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)** : ਜੁਆਇੰਟ ਫੋਰਮ ਪੰਜਾਬ ਦੇ ਸੱਦੇ 'ਤੇ ਪਾਵਰਕੌਮ ਤੇ ਟਰਾਂਸਕੋਂ ਦੀ ਮੈਨੇਜਮੈਂਟ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਮੰਨ ਕੇ ਲਾਗੂ ਨਾ ਕਰਨ ਦੇ ਵਿਰੋਧ ਵਜੋਂ ਤੇ ਪੰਜਾਬ ਸਰਕਾਰ ਵੱਲੋਂ ਕਰਮਚਾਰੀਆਂ 'ਤੇ ਐਸਮਾ ਕਾਨੂੰਨ ਲਾਗੂ ਕਰਨ ਦੇ ਵਿਰੋਧ ਵਜੋਂ ਬਿਜਲੀ ਦਫਤਰ ਗੁਰੂ ਹਰਸਹਾਏ ਦੇ ਗੇਟ 'ਤੇ ਐਸਮਾ ਕਨੂੰਨ ਦੀਆਂ ਕਾਪੀਆਂ ਸਾੜ ਕੇ ਰੈਲੀ ਕੀਤੀ ਗਈ। ਇਸ ਰੈਲੀ ਦੀ ਪ੍ਰਧਾਨਗੀ ਸਾਥੀ ਨਾਨਕ ਚੰਦ ਪ੍ਰਧਾਨ ਸ਼ਹਿਰੀ ਸਬ ਡਵੀਜ਼ਨ ਨੇ ਕੀਤੀ। ਸਬ ਡਵੀਜ਼ਨ ਪ੍ਰਧਾਨ ਨਾਨਕ ਚੰਦ ਤੇ ਸਰਕਲ ਸਕੱਤਰ ਸ਼ਿੰਗਾਰ ਚੰਦ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਾਵਰਕੌਮ ਦੀ ਮੈਨੇਜਮੈਂਟ ਨਾਲ ਮੀਟਿੰਗਾਂ ਦੌਰਾਨ ਜੋ ਸਹਿਮਤੀ ਹੋਈ ਸੀ, ਉਨ੍ਹਾਂ ਨੂੰ ਲਾਗੂ ਨਾ ਕਰਨ ਕਰਕੇ ਮੁਲਾਜ਼ਮਾਂ 'ਚ ਭਾਰੀ ਰੋਸ ਤੇ ਗੁੱਸਾ ਪਾਇਆ ਜਾ ਰਿਹਾ ਹੈ। ਇਸ ਰੈਲੀ ਵਿੱਚ ਹੋਰਨਾਂ ਬੁਲਾਰਿਆਂ ਤੋਂ ਇਲਾਵਾ ਪ੍ਰਧਾਨ ਸੁਰਿੰਦਰ ਕੁਮਾਰ, ਡਵੀਜ਼ਨ ਆਗੂ ਬਲਕਾਰ ਚੰਦ, ਜਸਵਿੰਦਰਪਾਲ, ਬਲਵੀਰ ਕੁਮਾਰ, ਸੰਦੀਪ ਕੁਮਾਰ, ਬਲਦੇਵ ਸਿੰਘ, ਪਰਵਿੰਦਰ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ ਤੇ ਮੰਗ ਕੀਤੀ ਕਿ ਮੰਨੀਆਂ ਮੰਗਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ।

# ਸਰਕਾਰੀ ਸਮਾਗਮਾਂ 'ਚ ਅਧਿਆਪਕਾਂ ਨੂੰ ਝੋਕਣਾ ਗੈਰ ਵਾਜਿਬ : ਜੀ ਟੀ ਯੂ

**ਮਾਨਸਾ (ਆਤਮ ਸਿੰਘ ਪਮਾਰ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਨੇ ਸਕੂਲ ਆਫ ਐਮੀਨੈਂਸ ਦੇ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਮਾਗਮ ਵਿੱਚ ਭੀੜ ਜੁਟਾਉਣ ਲਈ ਅਧਿਆਪਕਾਂ ਨੂੰ ਝੋਕਣ ਦੀ ਸਖ਼ਤ ਨਿਖੇਧੀ ਕੀਤੀ ਹੈ। ਗੌਰਮਿੰਟ ਟੀਚਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਸੂਬਾ ਜਨਰਲ ਸਕੱਤਰ ਗੁਰਬਿੰਦਰ ਸਿੰਘ, ਜ਼ਿਲ੍ਹਾ ਪ੍ਰਧਾਨ ਨਰਿੰਦਰ ਸਿੰਘ ਮਾਖਾ, ਜਨਰਲ ਸਕੱਤਰ ਗੁਰਦਾਸ ਸਿੰਘ ਰਾਏਪੁਰ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸਕੂਲੀ ਸਿੱਖਿਆ ਦੇ ਸੁਧਾਰਾਂ ਦੇ ਵੱਡੇ ਵੱਡੇ ਵਾਅਦੇ ਕਰਕੇ ਆਈ ਸੀ, ਪਰ ਸਿੱਖਿਆ ਵਿੱਚ ਇੱਕਸਾਰ ਸੁਧਾਰ ਦੀ ਬਜਾਇ ਕੁਝ ਇੱਕ ਸਕੂਲਾਂ ਨੂੰ ਤਰਜੀਹ ਦੇਣੀ ਸਿੱਖਿਆ ਦੇ ਢਾਂਚੇ ਵਿੱਚ ਪਾੜਾ ਵਧਾਉਣ ਵਾਲੀ ਗੱਲ ਹੈ, ਜਦਕਿ ਚਾਹੀਦਾ ਤਾਂ ਇਹ ਸੀ ਕਿ ਪੰਜਾਬ ਦੇ ਸਾਰੇ ਸਕੂਲਾਂ ਵਿੱਚ ਸਾਰੇ ਬੱਚਿਆਂ ਨੂੰ ਇੱਕੋ ਜਿਹੀ ਸਿੱਖਿਆ ਦੇਣ ਦੇ ਉਪਰਾਲੇ ਕੀਤੇ ਜਾਂਦੇ।

ਇਸ ਸਮੇਂ ਆਗੂਆਂ ਵੱਲੋਂ ਕਿਹਾ ਕਿ ਰਾਜਨੀਤਕ ਸਮਾਗਮਾਂ ਵਿੱਚ ਭੀੜ ਜੁਟਾਉਣ ਲਈ ਅਧਿਆਪਕਾਂ ਨੂੰ ਵਰਤਣਾ ਠੀਕ ਨਹੀਂ ਹੈ। ਖੁਦ ਮੁੱਖ ਮੰਤਰੀ ਬਹੁਤ ਵਾਰ ਕਹਿ ਚੁੱਕੇ ਹਨ ਕਿ ਅਧਿਆਪਕਾਂ ਤੋਂ ਕੋਈ ਗੈਰ-ਵਿੱਦਿਅਕ ਕੰਮ ਨਹੀਂ ਲਿਆ ਜਾਵੇਗਾ, ਹੁਣ ਜਦੋਂ ਸਕੂਲਾਂ ਵਿੱਚ ਸਤੰਬਰ ਦੀਆਂ ਪ੍ਰੀਖਿਆਵਾਂ ਚੱਲ ਰਹੀਆਂ ਹਨ ਤਾਂ ਸਿਰਫ ਭੀੜ ਜੁਟਾਉਣ ਲਈ ਅਧਿਆਪਕਾਂ ਦੀਆਂ ਡਿਊਟੀਆਂ ਲਗਾਉਣਾ ਕਿਵੇਂ ਵੀ ਸੰਗਤ ਨਹੀਂ ਹੈ। ਇਸ ਸਮੇਂ ਗੁਰਪ੍ਰੀਤ ਸਿੰਘ ਦਲੇਲਵਾਲਾ, ਬਲਵਿੰਦਰ ਸਿੰਘ ਉੱਲਕ, ਸਤੀਸ਼ ਕੁਮਾਰ, ਲਖਵਿੰਦਰ ਮਾਨ, ਸੁਖਦੀਪ ਸਿੰਘ ਗਿੱਲ, ਦਰਸ਼ਨ ਸਿੰਘ ਜਟਾਣਾ, ਬੂਟਾ ਸਿੰਘ ਤੱਗੜ, ਸੁਖਜਿੰਦਰ ਅਗਰੋਈਆ, ਪ੍ਰਗਟ ਸਿੰਘ ਰਿਊਂਦ, ਹਰਦੀਪ ਸਿੰਘ ਰੋੜੀ, ਅਨਿਲ ਕੁਮਾਰ ਜੈਨ, ਵਿਜੇ ਕੁਮਾਰ, ਮੇਲਾ ਸਿੰਘ, ਪ੍ਰਭੂ ਰਾਮ, ਸਹਿਦੇਵ ਸਿੰਘ, ਸੁਖਵਿੰਦਰ ਸਿੰਘ ਮਾਖਾ, ਬਚਿੱਤਰ ਸਿੰਘ ਜਟਾਣਾ ਆਦਿ ਹਾਜ਼ਰ ਸਨ।

# ਕਾਮਰੇਡ ਠਾਣਾ ਸਿੰਘ ਦੇ ਸ਼ਰਧਾਂਜਲੀ ਸਮਾਗਮ ਸੰਬੰਧੀ ਪ੍ਰਚਾਰ ਤੇ ਫੰਡ ਮੁਹਿੰਮ ਭਖੀ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਦੇਸ਼ ਵਿੱਚੋਂ ਸਾਮਰਾਜੀ ਮੁਲਕਾਂ, ਜਗੀਰਦਾਰਾਂ ਤੇ ਕਾਰਪੋਰੇਟ ਘਰਾਣਿਆਂ ਦੀ ਅੰਨ੍ਹੀਂ ਲੁੱਟ ਤੇ ਦਾਬੇ ਨੂੰ ਇਨਕਲਾਬੀ ਟਾਕਰਾ ਲਹਿਰਾਂ ਰਾਹੀਂ ਖਤਮ ਕਰਨ ਤੋਂ ਬਿਨਾਂ ਸ਼ਹੀਦ ਭਗਤ ਤੇ ਉਸ ਦੇ ਸਾਥੀਆਂ ਦੇ ਸੁਪਨਿਆਂ ਦੀ ਖਰੀ ਅਜ਼ਾਦੀ ਨੂੰ ਚਿੱਤਵਿਆ ਵੀ ਨਹੀਂ ਜਾ ਸਕਦਾ। ਲੋਕਾਂ ਦੀ ਰਜ਼ਾ ਨੂੰ ਪ੍ਰਵਾਨ ਕਰਨ ਵਾਲੇ ਸਮਾਜਿਕ ਢਾਂਚੇ ਨੂੰ ਸਿਰਜਣ ਲਈ ਇਨਕਲਾਬੀ ਪ੍ਰੋਗਰਾਮ ਦੇ ਆਧਾਰ 'ਤੇ ਬਣੇ ਕਿਸਾਨਾਂ ਮਜ਼ਦੂਰਾਂ ਦੇ ਗੱਠਜੋੜ ਦੁਆਲੇ ਸਾਮਰਾਜੀ ਤੇ ਜਗੀਰਦਾਰਾਂ ਵਿਰੋਧੀ ਤਾਕਤਾਂ ਨੂੰ ਇੱਕਜੁੱਟ ਹੋ ਕੇ ਜਾਨ-ਹੂਲਵੇਂ ਦੇ ਸੰਘਰਸ਼ਾਂ ਦੇ ਰਾਹ ਪੈਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਠਾਣਾ ਸਿੰਘ ਸ਼ਰਧਾਂਜਲੀ ਕਮੇਟੀ ਦੇ ਸਥਾਨਕ ਮੈਂਬਰ ਗੁਰਭਗਤ ਸਿੰਘ ਭਲਾਈਆਣਾ ਨੂੰ ਪਿੰਡ ਵਿੱਚ ਪ੍ਰਚਾਰ ਮੁਹਿੰਮ ਅਧੀਨ ਕਰਵਾਈਆਂ ਨੁੱਕੜ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਅਜਿਹੀਆਂ ਲਹਿਰਾਂ ਨੂੰ ਜਥੇਬੰਦ ਕਰਕੇ ਇਨਕਲਾਬ ਦੇ ਟੀਚੇ ਤੱਕ ਲਿਜਾਣਾ ਹੀ ਨਕਸਲਬਾੜੀ ਲਹਿਰ ਦਾ ਮੁੱਖ ਮਕਸਦ ਸੀ। ਇਸ ਲਹਿਰ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਸਾਥੀ ਠਾਣਾ ਸਿੰਘ ਦੇ 17 ਸਤੰਬਰ ਨੂੰ ਕੀਤੇ ਜਾ ਰਹੇ ਸ਼ਰਧਾਂਜਲੀ ਸਮਾਗਮ ਵਿੱਚ ਲੋਕਾਂ ਦੀ ਸ਼ਮੂਲੀਅਤ ਕਰਵਾਉਣ ਲਈ ਪੋਸਟਰ, ਪੈਂਫਲਿਟ ਵੰਡੇ ਜਾ ਰਹੇ ਹਨ। ਕਮੇਟੀ ਮੈਂਬਰ ਬਾਜ ਸਿੰਘ ਭੁੱਟੀਵਾਲਾ ਨੇ ਕਿਹਾ ਕਿ ਕਾ: ਠਾਣਾ ਸਿੰਘ ਤੇ ਉਸ ਦੀ ਪਾਰਟੀ ਮੁਲਕ ਅੰਦਰੋਂ ਲੁੱਟ ਅਤੇ ਜਬਰ 'ਤੇ ਟਿਕੇ ਰਾਜ ਪ੍ਰਬੰਧ ਨੂੰ ਢਹਿ-ਢੇਰੀ ਕਰਕੇ ਕਿਸਾਨਾਂ ਮਜ਼ਦੂਰਾਂ ਤੇ ਕਿਰਤੀ ਲੋਕਾਂ ਦੀ ਪੁਗਤ ਵਾਲਾ ਰਾਜ ਲਿਆਉਣ ਲਈ ਸਿਰ ਤਲੀ 'ਤੇ ਧਰ ਕੇ ਮੈਦਾਨ ਵਿੱਚ ਜੂਝੀ ਨਕਸਲਬਾੜੀ ਪਾਰਟੀ ਦੀ ਬਗਾਵਤ ਨੂੰ ਦਬਾਉਣ ਲਈ ਸਮੇਂ ਦੀਆਂ ਸਾਰੀਆਂ ਹੀ ਹਾਕਮ ਜਮਾਤੀ ਪਾਰਟੀਆਂ ਵੱਲੋਂ ਅੰਨ੍ਹਾ ਜਬਰ ਜ਼ੁਲਮ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਇਨਕਲਾਬੀ ਲਹਿਰ ਦੇ ਆਗੂਆਂ ਨੇ ਸਬਕ ਕੱਢਦਿਆਂ ਐਲਾਨ ਕੀਤਾ ਕਿ ਲੁਟੇਰੇ ਰਾਜ ਪ੍ਰਬੰਧ ਨੂੰ ਢਹਿ ਢੇਰੀ ਕਰਨ ਲਈ ਹਰ ਤਬਕੇ ਦੇ ਲੋਕਾਂ ਨੂੰ ਜਥੇਬੰਦ ਕਰਕੇ ਸੰਘਰਸ਼ਾਂ ਵਿੱਚ ਪਾਉਣ ਰਾਹੀਂ ਰਾਜ ਭਾਗ ਦੇ ਜਾਬਰ ਤੇ ਲੁਟੇਰੇ ਪ੍ਰਬੰਧ ਦੇ ਪਾਏ ਲੋਕ ਪੱਖੀ ਨਕਾਬ ਨੂੰ ਲੀਰੋ ਲੀਰ ਕਰਕੇ ਉਨ੍ਹਾਂ ਦਾ ਸਿਆਸੀ ਚੇਤਨਾ ਦਾ ਪੱਧਰ ਉੱਚਾ ਚੁੱਕਣ ਰਾਹੀਂ ਟਾਕਰਾ ਲਹਿਰ ਨੂੰ ਵਿਕਸਤ ਕਰਕੇ ਇਨਕਲਾਬ ਤੱਕ ਲਿਜਾਣਾ ਪਵੇਗਾ। ਉਨ੍ਹਾਂ ਲੋਕਾਂ ਨੂੰ 17 ਸਤੰਬਰ ਨੂੰ ਕਾਮਰੇਡ ਸਾਥੀ ਠਾਣਾ ਸਿੰਘ ਭਲਾਈਆਣਾ ਸ਼ਰਧਾਂਜਲੀ 'ਚ ਹੁੰਮ ਹੁਮਾ ਕੇ ਪਰਵਾਰਾਂ ਸਮੇਤ ਪਹੁੰਚਣ ਦਾ ਸੱਦਾ ਵੀ ਦਿੱਤਾ।



ਭਲਾਈਆਣਾ ਵਿਖੇ ਸ਼ਰਧਾਂਜਲੀ ਸਮਾਗਮ ਕਮੇਟੀ ਵੱਲੋਂ ਚਲਾਈ ਜਾ ਰਹੀ ਪ੍ਰਚਾਰ ਤੇ ਫੰਡ ਮੁਹਿੰਮ ਦੀ ਝਲਕ।

## ਕਾਤਰਾਂ

### 'ਵੀਜ਼ਨ' ਦੀ ਵਿਦਿਆਰਥਣ ਨੇ ਆਈਲਟਸ 'ਚੋਂ 6.5 ਬੈਂਡ ਲਏ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਦੇ ਮੇਨ ਬੱਸ ਸਟੈਂਡ ਵਿੱਚ ਸਥਿਤ ਇਲਾਕੇ ਦਾ ਨਾਮਵਰ ਸੈਂਟਰ ਵੀਜ਼ਨ ਐਜੂਕੇਸ਼ਨ ਐਂਡ ਇਮੀਗ੍ਰੇਸ਼ਨ ਦੇ ਡਾਇਰੈਕਟਰ ਯਾਦਵਿੰਦਰ ਸਿੰਘ ਬਰਾੜ, ਇਕਬਾਲ ਸਿੰਘ ਢਿੱਲੋਂ ਤੇ ਨੰਦ ਸਿੰਘ ਬਰਾੜ ਨੇ ਦੱਸਿਆ ਕਿ ਹਰਮਨ ਕੌਰ ਪੁੱਤਰੀ ਸਤਨਾਮ ਸਿੰਘ ਵਾਸੀ ਕੋਟਲਾ ਰਾਏਕਾ ਨੇ ਆਈਲਟਸ 'ਚੋਂ 6.5 ਬੈਂਡ ਪ੍ਰਾਪਤ ਕਰਕੇ ਆਪਣਾ ਤੇ ਸੈਂਟਰ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਯਾਦਵਿੰਦਰ ਸਿੰਘ ਬਰਾੜ, ਇਕਬਾਲ ਸਿੰਘ ਢਿੱਲੋਂ ਤੇ ਨੰਦ ਸਿੰਘ ਬਰਾੜ ਐੱਮ ਸੀ ਨੇ ਦੱਸਿਆ ਕਿ ਇੱਥੇ ਆਈਲਟਸ ਦੀ ਤਿਆਰੀ ਆਧੁਨਿਕ ਤੇ ਮਾਹਰ ਅਧਿਆਪਕਾਂ ਦੁਆਰਾ ਕਰਵਾਈ ਜਾਂਦੀ ਹੈ। ਹਰੇਕ ਕਮਜ਼ੋਰ ਵਿਦਿਆਰਥੀ ਨੂੰ ਸਪੈਸ਼ਲ ਕਲਾਸਾਂ ਵੀ ਦਿੱਤੀਆਂ ਜਾਂਦੀਆਂ ਹਨ ਤਾਂ ਜੋ ਉਹ ਵਧੀਆ ਬੈਂਡ ਹਾਸਲ ਕਰਕੇ ਆਪਣਾ ਵਿਦੇਸ਼ ਜਾਣ ਦਾ ਸੁਪਨਾ ਸਾਕਾਰ ਕਰ ਸਕਣ। ਸੰਸਥਾ ਵੱਲੋਂ ਪੀ ਟੀ ਈ ਦੀ ਕੋਚਿੰਗ ਦਾ ਖਾਸ ਪ੍ਰਬੰਧ ਹੈ ਤੇ ਇਥੇ ਸਟੱਡੀ ਵੀਜ਼ਾ, ਵਿਜ਼ਟਰ ਵੀਜ਼ਾ ਤੇ ਉਪਨ ਵਰਕ ਪਰਮਿਟ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ। ਡਾਇਰੈਕਟਰ ਯਾਦਵਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਸੰਸਥਾ ਵੱਲੋਂ ਵੀਜ਼ੇ ਕਾਨੂੰਨੀ ਤੇ ਪਾਰਦਰਸ਼ੀ ਢੰਗ ਨਾਲ ਲਗਾਏ ਜਾਂਦੇ ਹਨ।

### ਹਿੰਦੀ ਦਿਵਸ ਮਨਾਇਆ

**ਬਰੇਟਾ (ਰੀਤਵਾਲ)**-ਸਥਾਨਕ ਮਾਤਾ ਗੁਰਦੇਵ ਕੌਰ ਮੈਮੋਰੀਅਲ ਐਜੂਕੇਸ਼ਨ ਇੰਸਟੀਚਿਊਟ ਵਿਖੇ ਹਿੰਦੀ ਦਿਵਸ ਮਨਾਇਆ ਗਿਆ। ਪ੍ਰੋਫੈਸਰ ਪਰਵਿੰਦਰ ਸਿੰਘ ਦੀ ਅਗਵਾਈ 'ਚ ਬੀ. ਐੱਡ ਦੀਆਂ ਵਿਦਿਆਰਥਣਾਂ ਨੇ ਹਿੰਦੀ ਭਾਸ਼ਾ ਨਾਲ ਸਬੰਧਤ ਭਾਸ਼ਣ, ਕਵਿਤਾਵਾਂ ਤੇ ਮੌਲਿਕ ਰਚਨਾਵਾਂ ਪੇਸ਼ ਕੀਤੀਆਂ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਰਾਜਵੀਰ ਕੌਰ ਨੇ ਵਿਦਿਆਰਥਣਾਂ ਨੂੰ ਹਿੰਦੀ ਭਾਸ਼ਾ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਕਾਲਜ ਦੇ ਚੇਅਰਮੈਨ ਪਰਮਿੰਦਰ ਸਿੰਘ ਕਟੋਦੀਆ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ।

### ਜਰਨਲਿਜ਼ਮ ਐਸੋਸੀਏਸ਼ਨ ਵੱਲੋਂ ਸੈਮੀਨਾਰ ਭਲਕੇ

**ਧੂਰੀ (ਸੁਖਦੇਵ ਧੂਰੀ)**-ਜਰਨਲਿਜਮ ਐਸੋਸੀਏਸ਼ਨ ਧੂਰੀ ਵੱਲੋਂ ਸ਼ਹੀਦੇ-ਆਜ਼ਮ ਸ੍ਰ. ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ 'ਔਰਤਾਂ ਦੀ ਦਸ਼ਾ ਤੇ ਦਿਸ਼ਾ' ਵਿਸ਼ੇ ਨੂੰ ਸਮਰਪਤ ਇਕ ਸੈਮੀਨਾਰ 17 ਸਤੰਬਰ ਨੂੰ ਸਥਾਨਕ ਮਾਡਰਨ ਸੈਕੂਲਰ ਪਬਲਿਕ ਸਕੂਲ ਦੌਲਤਪੁਰ ਰੋਡ 'ਤੇ ਸਥਿਤ ਆਡੀਟੋਰੀਅਮ ਵਿੱਚ ਕਰਵਾਇਆ ਜਾ ਰਿਹਾ ਹੈ। ਇਸ ਸੈਮੀਨਾਰ ਵਿੱਚ ਸਮਾਜਕ ਸਰੋਕਾਰਾਂ ਦੀ ਆਵਾਜ਼ ਉਠਾਉਣ ਵਾਲੇ ਡਾ: ਅਰਵਿੰਦਰ ਕੌਰ ਕਾਕੜਾ ਮੁੱਖ ਵਕਤਾ ਦੇ ਤੌਰ 'ਤੇ ਪਹੁੰਚ ਰਹੇ ਹਨ। ਇਸ ਸੰਬਧੀ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਪ੍ਰਧਾਨ ਲਖਵੀਰ ਸਿੰਘ ਧਾਂਦਰਾ ਨੇ ਕਿਹਾ ਕਿ ਪੱਤਰਕਾਰ ਆਪਣੀ ਕਲਮ ਨਾਲ ਜਿੱਥੇ ਸਮਾਜ 'ਚ ਫੈਲੀਆਂ ਬੁਰਾਈਆਂ ਖਿਲਾਫ ਲਿਖਦੇ ਹਨ, ਉੱਥੇ ਹੀ ਇਨ੍ਹਾਂ ਨੂੰ ਦੂਰ ਕਰਨ ਲਈ ਸਾਡੀ ਐਸੋਸੀਏਸ਼ਨ ਨੇ ਇਸ ਤਰ੍ਹਾਂ ਦੇ ਸੈਮੀਨਾਰ ਕਰਵਾਉਣ ਦਾ ਫੈਸਲਾ ਕੀਤਾ ਹੈ। ਇਸ ਮੌਕੇ ਐਸੋਸੀਏਸ਼ਨ ਦੇ ਸਮੂਹ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

### ਫੌਜ 'ਚ ਭਰਤੀ ਲਈ ਸੀ-ਪਾਇਟ ਕੇਂਦਰ ਵਿਖੇ ਕਲਾਸਾਂ ਸ਼ੁਰੂ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** : ਸੀ-ਪਾਇਟ ਕੇਂਦਰ ਸ਼ਹੀਦਗੜ੍ਹ ਵਿਖੇ ਫ਼ਤਹਿਗੜ੍ਹ ਸਾਹਿਬ, ਰੋਪੜ ਜ਼ਿਲ੍ਹੇ ਦੀ ਤਹਿਸੀਲ ਚਮਕੌਰ ਸਾਹਿਬ, ਜ਼ਿਲ੍ਹਾ ਮੋਹਾਲੀ ਦੀ ਤਹਿਸੀਲ ਮੋਹਾਲੀ ਤੇ ਲੁਧਿਆਣਾ ਜ਼ਿਲ੍ਹੇ ਦੀ ਤਹਿਸੀਲ ਖੰਨਾ ਦੇ ਨੌਜਵਾਨਾਂ ਨੂੰ ਭਵਿੱਖ ਵਿੱਚ ਪੰਜਾਬ ਪੁਲਸ, ਦਿੱਲੀ ਪੁਲਸ, ਫੌਜ, ਪੈਰਾ-ਮਿਲਟਰੀ ਫੋਰਸਿਜ਼ ਤੇ ਹੋਰ ਫੋਰਸਾਂ ਵਿੱਚ ਭਰਤੀ ਹੋਣ ਦੇ ਯੋਗ ਬਣਾਉਣ ਲਈ ਮੁਫਤ ਸਿਖਲਾਈ ਸ਼ੁਰੂ ਕੀਤੀ ਜਾ ਰਹੀ ਹੈ, ਜਿਸ ਵਿੱਚ ਉਕਤ ਜ਼ਿਲ੍ਹਿਆਂ ਦੇ ਨੌਜਵਾਨ ਹਿੱਸਾ ਲੈ ਸਕਦੇ ਹਨ। ਇਹ ਜਾਣਕਾਰੀ ਦਿੰਦਿਆਂ ਸੀ-ਪਾਇਟ ਕੇਂਦਰ ਸ਼ਹੀਦਗੜ੍ਹ ਦੇ ਟ੍ਰੇਨਿੰਗ ਅਫਸਰ ਤੇਜਿੰਦਰ ਸਿੰਘ ਨੇ ਦੱਸਿਆ ਕਿ ਮੁਫਤ ਸਿਖਲਾਈ ਦੌਰਾਨ ਨੌਜਵਾਨਾਂ ਨੂੰ ਲਿਖਤੀ ਤੇ ਸਰੀਰਕ ਟੈਸਟ ਦੀ ਤਿਆਰੀ ਕਰਵਾਈ ਜਾਵੇਗੀ। ਉਨ੍ਹਾ ਦੱਸਿਆ ਕਿ ਚਾਹਵਾਨ ਨੌਜਵਾਨ ਆਪਣੀ ਵਿੱਦਿਅਕ ਯੋਗਤਾ ਦੇ ਸਰਟੀਫਿਕੇਟਾਂ ਦੀਆਂ ਫੋਟੋ ਕਾਪੀਆਂ ਤੇ ਆਪਣੀਆਂ ਦੋ ਪਾਸਪੋਰਟ ਸਾਇਜ਼ ਦੀਆਂ ਫੋਟੋਆਂ ਲੈ ਕੇ ਸ਼ਹੀਦਗੜ੍ਹ ਦੇ ਸੀ-ਪਾਇਟ ਕੇਂਦਰ ਵਿਖੇ ਰਿਪੋਰਟ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸਿਖਲਾਈ ਦੌਰਾਨ ਨੌਜਵਾਨਾਂ ਨੂੰ ਰਿਹਾਇਸ਼ ਤੇ ਖਾਣਾ ਮੁਫਤ ਦਿੱਤਾ ਜਾਵੇਗਾ। ਇਸ ਸੰਬਧੀ ਵਧੇਰੇ ਜਾਣਕਾਰੀ ਹਾਸਲ ਕਰਨ ਵਾਸਤੇ ਮੋਬਾਇਲ ਨੰ: 98033-69068 ਤੇ 93167-13000 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਭਾਕਿਯੂ (ਏਕਤਾ) ਡਕੌਂਦਾ ਧਨੇਰ ਨੇ ਕਿਸਾਨ ਦੀ ਕੁਰਕੀ ਰੋਕੀ



**ਮਾਨਸਾ (ਪਮਾਰ)**-ਪਿੰਡ ਕਰਮਗੜ੍ਹ ਔਤਾਂਵਾਲੀ ਦੇ ਕਿਸਾਨ ਮੇਜਰ ਸਿੰਘ ਪੁੱਤਰ ਨਿਰੰਜਨ ਸਿੰਘ ਦੀ ਸਾਰੀ ਜ਼ਮੀਨ ਦੀ ਕੁਰਕੀ ਮਾਨਸਾ ਦੇ ਇੱਕ ਸੂਦਖੋਰ ਆੜ੍ਹਤੀਏ ਕ੍ਰਿਸ਼ਨ ਕੁਮਾਰ ਵੱਲੋਂ 1,68000/- ਬਦਲੇ ਲਿਆਂਦੀ ਗਈ ਸੀ। ਜਦੋਂ ਇਸ ਕੁਰਕੀ ਦਾ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਧਨੇਰ ਦੇ ਵਰਕਰਾਂ ਨੂੰ ਪਤਾ ਲੱਗਿਆ ਤਾਂ ਉਹ ਬਲਾਕ ਸਕੱਤਰ ਬਲਜੀਤ ਸਿੰਘ ਭੈਣੀ ਬਾਘਾ ਦੀ ਅਗਵਾਈ ਵਿੱਚ ਮਾਨਸਾ ਕਚਹਿਰੀਆਂ ਤੇ ਪਿੰਡ ਕਰਮਗੜ੍ਹ ਔਤਾਂਵਾਲੀ ਵਿੱਚ ਬਲਾਕ ਸੀਨੀ. ਮੀਤ ਪ੍ਰਧਾਨ ਬਚਿੱਤਰ ਸਿੰਘ ਮੂਸਾ ਦੀ ਅਗਵਾਈ 'ਚ ਇਕੱਠੇ ਹੋਣੇ ਸ਼ੁਰੂ ਹੋ ਗਏ। ਲੋਕਾਂ ਦੇ ਰੋਹ ਨੂੰ ਦੇਖਦੇ ਹੋਏ ਕੋਈ ਵੀ ਖ਼੍ਰੀਦਦਾਰ ਕੁਰਕੀ ਕਰਨ ਨਹੀਂ ਆਇਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਮੱਖਣ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਰਜ਼ੇ, ਕੁਰਕੀਆਂ ਬੰਦ ਕਰਨ ਦਾ ਲੋਕਾਂ ਨਾਲ ਵਾਅਦਾ ਕੀਤਾ ਗਿਆ ਸੀ, ਪਰ ਹੁਣ ਜਾਣ-ਬੁੱਝ ਕੇ ਕਿਰਤੀ ਲੋਕਾਂ ਨੂੰ ਜ਼ਲੀਲ ਕੀਤਾ ਜਾ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਥੇਬੰਦੀ ਮਿਹਨਤਕਸ਼ ਲੋਕਾਂ ਨਾਲ ਖੜੀ ਹੈ ਤੇ ਕਰਜ਼ੇ ਬਦਲੇ ਕਿਸੇ ਵੀ ਕਿਸਾਨ-ਮਜ਼ਦੂਰ ਦੀ ਕੁਰਕੀ ਨਹੀਂ ਹੋਣ ਦਿੱਤੀ ਜਾਵੇਗੀ। ਇਸ ਸਮੇਂ ਬਲਵਿੰਦਰ ਸ਼ਰਮਾ, ਬਲਕਾਰ ਸਿੰਘ ਚਹਿਲਾਂਵਾਲੀ, ਸਤਪਾਲ ਵਰ੍ਹੇ, ਪੱਪੀ ਮੰਦਰਾਂ, ਮੱਖਣ ਸਿੰਘ ਉੱਡਤ, ਗੁਰਕਰਤਾਰ ਸਿੰਘ ਬੋੜਾਵਾਲ, ਪਾਲਾ ਸਿੰਘ ਕੁਲਰੀਆ ਆਦਿ ਨੇ ਵੀ ਸੰਬੋਧਨ ਕੀਤਾ।

# ਸੰਯੁਕਤ ਕਿਸਾਨ ਮੋਰਚਾ ਵੱਲੋਂ ਡੀ ਸੀ ਦਫਤਰਾਂ ਅੱਗੇ ਧਰਨੇ 22 ਨੂੰ

**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਪਾਲਮਾਜਰਾ, ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਤੇ ਗੁਰਸੇਵਕ ਸਿੰਘ ਮੰਜਾਲੀਆਂ ਬਲਾਕ ਪ੍ਰਧਾਨ ਨੇ ਇੱਕ ਸਾਂਝੇ ਬਿਆਨ ਵਿੱਚ ਕਿਹਾ ਹੈ ਕਿ ਹਿੰਦੋਸਤਾਨ ਭਰ ਦੇ ਕਿਸਾਨ ਮਸਲਿਆਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚਾ ਇੰਡੀਆ ਵੱਲੋਂ ਕਾਲ ਦਿੱਤੀ ਗਈ ਹੈ ਕਿ ਉਹ ਸਮੁੱਚੇ ਭਾਰਤ ਵਿੱਚ ਡੀ ਸੀ ਦਫਤਰਾਂ ਮੂਹਰੇ 22 ਸਤੰਬਰ ਨੂੰ ਧਰਨੇ ਦੇ ਕੇ ਸਰਕਾਰ ਕੋਲੋਂ ਕਿਸਾਨ ਮੰਗਾਂ ਦੇ ਹੱਲ ਲਈ ਕੇਂਦਰ ਤੇ ਰਾਜ ਸਰਕਾਰਾਂ ਨੂੰ ਅਪੀਲ ਕਰਨਗੇ। ਉਨ੍ਹਾਂ ਦੱਸਿਆ ਕਿ ਸੰਯੁਕਤ ਮੋਰਚੇ ਵੱਲੋਂ ਦਿੱਤੀ ਗਈ ਕਾਲ 'ਤੇ ਪੰਜਾਬ ਭਰ ਦੇ ਜ਼ਿਲ੍ਹਾ ਹੈੱਡ ਕੁਆਟਰਾਂ 'ਤੇ ਧਰਨੇ ਦਿੱਤੇ ਜਾਣਗੇ ਤੇ ਇਸ ਹਲਕੇ ਦੇ ਸਾਰੇ ਕਿਸਾਨਾਂ ਵੱਲੋਂ ਲੁਧਿਆਣਾ ਦੇ ਜ਼ਿਲ੍ਹਾ ਹੈੱਡ ਕੁਆਟਰ 'ਤੇ ਧਰਨਾ ਦਿੱਤਾ ਜਾਵੇਗਾ। ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਕਿਸਾਨ ਮਸਲਿਆਂ ਦੇ ਹੱਲ ਲਈ ਸੰਜੀਦਾ ਨਹੀਂ ਹਨ। ਉਨ੍ਹਾਂ ਕਿਹਾ ਕਿ ਕਿਸਾਨ ਜੋ ਦੇਸ਼ ਤੇ ਦੁਨੀਆ ਦਾ ਅੰਨਦਾਤਾ ਹੈ, ਉਸ ਨੂੰ ਅਣਗੌਲਿਆ ਕਰਕੇ ਸਰਕਾਰਾਂ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਪੂਰਤੀ ਕਰ ਰਹੀਆਂ ਹਨ, ਜਿਸ ਕਾਰਨ ਦੇਸ਼ ਦਾ ਕਿਸਾਨ ਹੋਰ ਗਰੀਬ ਹੋ ਕੇ ਕਰਜ਼ਿਆਂ ਥੱਲੇ ਦੱਬ ਗਿਆ ਹੈ ਅਤੇ ਉਹ ਖੁਦਕੁਸ਼ੀਆਂ ਕਰਨ ਲਈ ਮਜਬੂਰ ਹੈ। ਜੇਕਰ ਕਿਸਾਨਾਂ ਪ੍ਰਤੀ ਸਰਕਾਰਾਂ ਦਾ ਇਹੋ ਰਵੱਈਆ ਰਿਹਾ ਤਾਂ ਉਹ ਦਿਨ ਦੂਰ ਨਹੀਂ ਜਦੋਂ ਦੇਸ਼ ਨੂੰ ਅੰਨ ਸੰਕਟ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਇਸ ਵੇਲੇ ਕਿਸਾਨੀ ਨੂੰ ਬਚਾਉਣ ਦੀ ਇਤਿਹਾਈ ਜ਼ਰੂਰਤ ਹੈ। ਉਨ੍ਹਾਂ ਸਾਰੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਤੋਂ ਆਪਣੀਆਂ ਹੱਕੀ ਮੰਗਾਂ ਦੀ ਲੜਾਈ ਲਈ 22 ਸਤੰਬਰ ਦੇ ਡੀ ਸੀ ਦਫਤਰਾਂ ਦੇ ਧਰਨਿਆਂ ਵਿੱਚ ਆਪਣੀ ਸ਼ਮੂਲੀਅਤ ਯਕੀਨੀ ਬਣਾਉਣ।

## ਪੀ ਐੱਮ ਸਵੈਨਿਧੀ ਤਹਿਤ ਲੋਕਾਂ ਨੂੰ ਲੋਨ ਮੁਹੱਈਆ ਕਰਵਾਏ



**ਬਰੇਟਾ (ਰੀਤਵਾਲ)**-ਸਥਾਨਕ ਸਰਕਾਰ ਵਿਖੇ ਭਾਰਤ ਸਰਕਾਰ ਵੱਲੋਂ ਲੋਕਾਂ ਨੂੰ ਆਤਮ ਨਿਰਭਰ ਬਣਨ ਲਈ ਬਹੁਤ ਹੀ ਅਸਾਨ ਤਰੀਕੇ ਨਾਲ ਲੋਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਰੇਹੜੀ, ਫੜੀ ਤੇ ਗਰੀਬ ਪਰਿਵਾਰ ਨੂੰ ਲੋਨ ਮਿਲਣ 'ਤੇ ਕੰਮ ਕਰਨ ਵਿੱਚ ਅਸਾਨੀ ਹੋਵੇਗੀ ਤੇ ਲੋਕ ਆਤਮ ਨਿਰਭਰ ਬਣਨਗੇ, ਜਿਸ ਨੂੰ ਸਥਾਨਕ ਨਗਰ ਕੌਂਸਲ ਬਰੇਟਾ ਦੇ ਕਰਮਚਾਰੀ ਦੀਪਕ ਸਿੰਘ ਵੱਲੋਂ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਲੋਕਾਂ ਨੂੰ ਪੀ. ਐੱਮ. ਸਵੈਨਿਧੀ (ਸਟਰੀਟਵੈਂਡਰ) ਤਹਿਤ ਲੋਨ ਮੁਹੱਈਆ ਕਰਵਾਏ ਜਾ ਰਹੇ ਹਨ। ਇਸ ਕਰਮਚਾਰੀ ਦੀ ਮਿਹਨਤ ਸਦਕਾ ਨਗਰ ਕੌਂਸਲ ਬਰੇਟਾ ਨੂੰ ਜਿੰਨਾ ਟਾਰਗੇਟ ਦਿੱਤਾ ਗਿਆ ਸੀ, ਉਸ ਤੋਂ ਵੱਧ ਲੋਨ ਮੁਹੱਈਆ ਕੀਤਾ ਗਿਆ।

## ਧਰਮਸ਼ਾਲਾ ਚੁਹਾਣਕੇ ਕਲਾਂ ਨੂੰ ਬਰਤਨ ਭੇਟ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿਗ ਮੈਂਬਰ ਜਥੇਦਾਰ ਪਰਮਜੀਤ ਸਿੰਘ ਖਾਲਸਾ ਨੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਧਰਮਸ਼ਾਲਾ ਕਮੇਟੀ ਚੁਹਾਣਕੇ ਕਲਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਬਰਤਨਾਂ ਦੀ ਸੇਵਾ ਕੀਤੀ ਗਈ। ਇਸ ਸਮੇਂ ਭਾਈ ਪਰਮਜੀਤ ਸਿੰਘ ਖਾਲਸਾ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਰ ਧਰਮ ਦਾ ਬਰਾਬਰ ਸਤਿਕਾਰ ਕਰਦੀ ਹੈ, ਕਿਉਂਕਿ ਸਿੱਖ ਧਰਮ ਜਾਤ-ਪਾਤ 'ਚ ਵਿਸ਼ਵਾਸ ਨਹੀਂ ਰੱਖਦਾ। ਭਾਈ ਖਾਲਸਾ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਗੁਰਸਿੱਖੀ 'ਚ ਪ੍ਰਪੱਕ ਹੋ ਕੇ ਲੋੜਵੰਦ ਲੋਕਾਂ ਦੀ ਮਦਦ ਕਰਨੀ ਚਾਹੀਦੀ ਹੈ। ਇਸ ਸਮੇਂ ਭਾਈ ਖਾਲਸਾ ਨੂੰ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਜਥੇਦਾਰ ਜਰਨੈਲ ਸਿੰਘ ਭੋਤਨਾ, ਬੇਅੰਤ ਸਿੰਘ ਧਾਲੀਵਾਲ, ਭਾਈ ਜਰਨੈਲ ਸਿੰਘ, ਭਾਈ ਮਨਪ੍ਰੀਤ ਸਿੰਘ ਖਾਲਸਾ, ਬਿੱਟੂ ਸਿੰਘ ਮਾਂਗੇਵਾਲ, ਨਛੱਤਰ ਸਿੰਘ, ਜਗਰੂਪ ਸਿੰਘ, ਸਤਨਾਮ ਸਿੰਘ, ਬੂਟਾ ਸਿੰਘ, ਭਾਨ ਸਿੰਘ, ਚੈਂਚਲ ਸਿੰਘ, ਬਲਵਿੰਦਰ ਸਿੰਘ ਹਾਜ਼ਰ ਸਨ।

## ਯੂ ਕੇ ਇੰਟਰਨੈਸ਼ਨਲ 'ਚ ਮਨਾਇਆ ਹਿੰਦੀ ਦਿਵਸ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਇਲਾਕੇ ਦੀ ਨਾਮਵਰ ਸੰਸਥਾ ਯੂ ਕੇ ਇੰਟਰਨੈਸ਼ਨਲ ਸਕੂਲ ਵਿੱਚ ਹਿੰਦੀ ਦਿਵਸ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਕਿੰਡਰਗਾਰਟਨ ਦੇ ਬੱਚਿਆਂ ਤੋਂ ਲੈ ਕੇ ਦੂਜੀ ਜਮਾਤ ਦੇ ਵਿਦਿਆਰਥੀਆਂ ਨੇ 'ਰਾਸ਼ਟਰੀ ਭਾਸ਼ਾ ਹਿੰਦੀ' ਦੇ ਸੰਬੰਧ ਵਿੱਚ ਕਵਿਤਾਵਾਂ, ਗੀਤ, ਭਾਸ਼ਣ, ਡਾਂਸ ਪੇਸ਼ ਕੀਤੇ। ਇਸ ਮੌਕੇ ਕੋਆਰਡੀਨੇਟਰ ਮੈਡਮ ਕੋਮਲ ਅੱਗਰਵਾਲ ਨੇ ਬੱਚਿਆਂ ਨੂੰ ਹਿੰਦੀ ਭਾਸ਼ਾ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਪ੍ਰਿੰਸੀਪਲ ਮੈਡਮ ਸਵੇਤਾ ਸ਼ਰਮਾ ਨੇ ਬੱਚਿਆਂ ਨੂੰ ਦੱਸਿਆ ਕਿ ਹਿੰਦੀ ਸਾਡੀ ਰਾਸ਼ਟਰੀ ਭਾਸ਼ਾ ਹੈ, ਸਾਡਾ ਭਾਰਤ ਹੀ ਅਜਿਹਾ ਦੇਸ਼ ਹੈ, ਜਿਸ ਵਿੱਚ ਸਾਰੀਆਂ ਹੀ ਭਾਸ਼ਾਵਾਂ ਦਾ ਸਤਿਕਾਰ ਕੀਤਾ ਜਾਂਦਾ ਹੈ। ਉਨ੍ਹਾਂ ਬੱਚਿਆਂ ਨੂੰ ਹਰ ਭਾਸ਼ਾ ਦਾ ਦਿਲੋਂ ਸਤਿਕਾਰ ਕਰਨ ਤੇ ਸਿੱਖਣ ਲਈ ਪ੍ਰੇਰਿਤ ਕੀਤਾ। ਕੋਆਰਡੀਨੇਟਰ ਮੈਡਮ ਤੇ ਪ੍ਰਿੰਸੀਪਲ ਮੈਡਮ ਵੱਲੋਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਗਏ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਣਾ ਬਾਸੀ, ਕੁਲਵੰਤ ਸਿੰਘ ਚੀਮਾ, ਬਲਿਹਾਰ ਸਿੰਘ, ਬਲਕਾਰ ਸਿੰਘ ਤੇ ਸਮੂਹ ਸਟਾਫ ਮੈਂਬਰ ਸ਼ਾਮਲ ਸਨ।

# ਝਾੜ ਸਾਹਿਬ ਕਾਲਜ 'ਚ ਹੁਨਰ ਸਿਖਲਾਈ ਪ੍ਰੋਗਰਾਮ ਕਰਾਇਆ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਫਾਰ ਵਿਮੈਨ ਵਿਖੇ ਲੜਕੀਆਂ ਨੂੰ ਸਵੈ-ਨਿਰਭਰ ਬਣਾਉਣ ਲਈ "ਕਮਿਊਨੀਕੇਸ਼ਨ ਐਂਡ ਐਨਾਲੀਟੀਕਲ ਸਕਿੱਲ" ਵਿਸ਼ੇ ਤਹਿਤ ਕਾਲਜ ਵਿੱਚ ਤਿੰਨ ਰੋਜ਼ਾ ਵਰਕਸ਼ਾਪ ਕਰਵਾਈ ਗਈ। ਇਸ ਮੌਕੇ ਮੈਡਮ ਸਵੇਤਾ ਗਾਵੜੇ ਤੇ ਮੈਡਮ ਨਮਰਤਾ ਸ੍ਰੀ ਤਿਵਾੜੀ (ਟ੍ਰੇਨਿੰਗ ਅਫਸਰ) ਦਾ ਧੰਨਵਾਦ ਕਰਦੇ ਹੋਏ ਪ੍ਰਿੰ: ਡਾ. ਰਜਿੰਦਰ ਕੌਰ ਨੇ ਦੱਸਿਆ ਕਿ ਪ੍ਰੋਗਰਾਮ ਵਿੱਚ ਬਾਡੀ ਲੈਂਗੁਏਜ, ਰਿਜ਼ਿਊਮ ਬਣਾਉਣ ਤੇ ਮੌਕ-ਇਨ-ਇੰਟਰਵਿਊ ਪਾਸ ਕਰਨ ਆਦਿ ਵਿਸ਼ਿਆਂ ਉੱਤੇ ਜ਼ੋਰ ਦਿੱਤਾ ਗਿਆ। ਉਨ੍ਹਾਂ ਡਾਇਰੈਕਟੋਰੇਟ ਆਫ ਐਜੂਕੇਸ਼ਨ, ਬਹਾਦਰਗੜ੍ਹ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਲਈ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥਣਾਂ ਲਈ ਹਮੇਸ਼ਾ ਲਾਹੇਵੰਦ ਹੁੰਦੇ ਹਨ। ਉਨ੍ਹਾਂ ਕਿਹਾ ਕਿ ਕਾਲਜ ਸਮੇਂ ਸਮੇਂ 'ਤੇ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਲਈ ਅਜਿਹੇ ਪ੍ਰੋਗਰਾਮ ਕਰਵਾਉਣ ਲਈ ਵਚਨਬੱਧ ਹੈ। ਪਲੇਸਮੈਂਟ ਸੈੱਲ ਦੀ ਇੰਚਾਰਜ ਡਾ. ਸੁਨੀਤਾ ਕੌਸ਼ਲ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਕਰੀਬ 200 ਵਿਦਿਆਰਥਣਾਂ ਨੇ ਭਾਗ ਲਿਆ, ਜਿਸ ਵਿੱਚ ਖਾਲਸਾ ਕਾਲਜ ਝਾੜ ਸਾਹਿਬ ਤੋਂ ਇਲਾਵਾ ਬੀਬੀ ਸ਼ਰਨ ਕੌਰ ਖਾਲਸਾ ਕਾਲਜ ਸ੍ਰੀ ਚਮਕੌਰ ਸਾਹਿਬ ਦੀਆਂ ਵਿਦਿਆਰਥਣਾਂ ਵੀ ਸ਼ਾਮਲ ਹੋਈਆਂ। ਉਨ੍ਹਾਂ ਨੇ ਟ੍ਰੇਨਰਜ਼ ਦੇ ਨਾਲ ਨਾਲ ਜੀ ਐੱਸ ਭੁੱਲਰ, ਸੌਰਵ ਸ਼ਰਮਾ, ਮਨਜੀਤ ਸਿੰਘ ਤੇ ਪ੍ਰਿੰ: ਹਰਜੀਤ ਕੌਰ ਅਤੇ ਸਹਾਇਕ ਪ੍ਰੋਫੈਸਰ ਨਵਜੋਤ ਕੌਰ, ਬੀਬੀ ਸ਼ਰਨ ਕੌਰ ਖਾਲਸਾ ਕਾਲਜ ਚਮਕੌਰ ਸਾਹਿਬ ਦਾ ਧੰਨਵਾਦ ਕੀਤਾ। ਪ੍ਰੋਗਰਾਮ ਦੇ ਅੰਤਿਮ ਦਿਨ ਕਾਲਜ ਵੱਲੋਂ ਟ੍ਰੇਨਰਜ਼ ਦਾ ਸਨਮਾਨ ਕੀਤਾ ਗਿਆ ਤੇ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਵਿਦਿਆਰਥਣਾਂ ਪ੍ਰਭਜੋਤ ਕੌਰ, ਹਰਵਿੰਦਰ ਕੌਰ, ਜਸ਼ਨਦੀਪ ਕੌਰ, ਗੁਰਸਿਮਰਨ ਕੌਰ ਤੇ ਅਨਮੋਲ ਕੌਰ ਨੂੰ ਇਨਾਮ ਤਕਸੀਮ ਕੀਤੇ ਗਏ।

## ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਨੂੰ ਲੈ ਕੇ ਸੀ ਪੀ ਐੱਫ ਕਾਮੇ ਪਹਿਲੀ ਨੂੰ ਕਰਨਗੇ ਦਿੱਲੀ 'ਚ ਰੈਲੀ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਪੁਰਾਣੀ ਪੈਨਸ਼ਨ ਦੀ ਬਹਾਲੀ ਦੀ ਮੰਗ ਨੂੰ ਲੈ ਕੇ ਸੀ.ਪੀ.ਐੱਫ ਕਾਮੇ 1 ਅਕਤੂਬਰ ਨੂੰ ਦਿੱਲੀ ਦੀ ਰਾਮ ਲੀਲ੍ਹਾ ਗਰਾਊਂਡ ਵਿਖੇ ਰੈਲੀ ਕਨਰਗੇ, ਜਿਸ ਦੀਆਂ ਤਿਆਰੀਆਂ ਸੰਬੰਧੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੀਰਵਾਰ ਨੂੰ ਮੀਟਿੰਗ ਹੋਈ। ਮੀਟਿੰਗ ਦੌਰਾਨ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਨੇ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜ਼ਿਲ੍ਹੇ ਤੋਂ ਵੱਡੀ ਗਿਣਤੀ 'ਚ ਕਰਮਚਾਰੀ ਇਸ ਰੈਲੀ 'ਚ ਸ਼ਾਮਲ ਹੋਣਗੇ। ਡੀ. ਸੀ. ਦਫਤਰ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ, ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਤੇ ਮਨਿਸਟਰੀਅਲ ਸਰਵਿਸਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਖੁਸ਼ਕਰਨ ਸਿੰਘ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਕਰਮਚਾਰੀਆਂ ਦਾ ਜਮਹੂਰੀ ਹੱਕ ਹੈ, ਪ੍ਰੰਤੂ ਸਰਕਾਰ ਨੇ ਮੁਲਾਜ਼ਮ ਹਿੱਤਾਂ ਦਾ ਘਾਣ ਕਰਦਿਆਂ ਇਸ ਨੂੰ ਨਵੀਂ ਪੈਨਸ਼ਨ ਸਕੀਮ ਵਿੱਚ ਬਦਲ ਦਿੱਤਾ, ਜਿਸ ਨਾਲ ਲੱਖਾਂ ਕਰਮਚਾਰੀ ਰਿਟਾਇਰਮੈਂਟ ਉਪਰੰਤ ਬਿਲਕੁਲ ਨਿਗੂਣੀਆਂ ਪੈਨਸ਼ਨਾਂ ਨਾਲ ਆਪਣੀ ਜ਼ਿੰਦਗੀ ਬਤੀਤ ਕਰਨ ਲਈ ਮਜਬੂਰ ਹੋਣ ਜਾਣਗੇ।

# ਬੀ ਕੇ ਯੂ ਏਕਤਾ ਆਜ਼ਾਦ ਨੇ ਤਿੰਨ ਰੋਜ਼ਾ ਰੇਲ ਰੋਕੋ ਪ੍ਰੋਗਰਾਮ ਲਈ ਸੱਦੀ ਮੀਟਿੰਗ



**ਲੌਂਗੋਵਾਲ (ਕੁਲਦੀਪ ਅੱਤਰੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੀ ਬਲਾਕ ਸੰਗਰੂਰ ਦੀ ਮੀਟਿੰਗ ਪਿੰਡ ਕੁਲਾਰ ਖੁਰਦ ਦੇ ਗੁਰਦੁਆਰਾ ਸਾਹਿਬ ਵਿਖੇ ਬਲਾਕ ਪ੍ਰਧਾਨ ਦਰਵਾਰਾ ਸਿੰਘ ਲੋਹਾਖੇੜਾ ਦੀ ਅਗਵਾਈ ਵਿੱਚ ਹੋਈ। ਇਹ ਮੀਟਿੰਗ ਵਿਸ਼ੇਸ਼ ਤੌਰ 'ਤੇ ਉੱਤਰੀ ਭਾਰਤ ਦੀਆਂ 16 ਕਿਸਾਨ ਜਥੇਬੰਦੀਆਂ ਵੱਲੋਂ 28, 29 ਤੇ 30 ਸਤੰਬਰ ਦੇ ਤਿੰਨ ਦਿਨਾਂ ਰੇਲ ਰੋਕੋ ਪ੍ਰੋਗਰਾਮ ਦੀ ਲਾਮਬੰਦੀ ਲਈ ਸੱਦੀ ਗਈ। ਮੀਟਿੰਗ ਵਿੱਚ ਸੂਬਾ ਕਾਰਜਕਾਰੀ ਆਗੂ ਜਸਵਿੰਦਰ ਸਿੰਘ ਲੌਂਗੋਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਜਸਵਿੰਦਰ ਸਿੰਘ ਲੌਂਗੋਵਾਲ ਨੇ ਕਿਹਾ ਕਿ ਉੱਤਰੀ ਭਾਰਤ ਦੀਆਂ 16 ਕਿਸਾਨ ਜਥੇਬੰਦੀਆਂ ਤਿੰਨ ਦਿਨਾਂ ਰੇਲ ਰੋਕੋ ਮੋਰਚਾ ਉਨ੍ਹਾਂ ਮੰਗਾਂ ਨੂੰ ਲੈ ਕੇ ਲਾਇਆ ਜਾ ਰਿਹਾ ਹੈ, ਜਿਨ੍ਹਾਂ ਮੰਗਾਂ ਨੂੰ ਲੈ ਕੇ ਕੇਂਦਰ ਤੇ ਪੰਜਾਬ ਸਰਕਾਰ ਲੰਬੇ ਸਮੇਂ ਤੋਂ ਚੁੱਪ ਵੱਟੀ ਬੈਠੀ ਹੈ। ਪੰਜਾਬ ਤੇ ਨਾਲ ਲੱਗਦੇ ਸੂਬਿਆਂ ਵਿੱਚ ਹੜ੍ਹਾਂ ਨੇ ਵੱਡੀ ਪੱਧਰ 'ਤੇ ਤਬਾਹੀ ਮਚਾਈ ਹੈ। ਕਿਸਾਨਾਂ, ਮਜ਼ਦੂਰਾਂ ਦੀਆਂ ਫ਼ਸਲਾਂ ਹੜ੍ਹਾਂ ਨੇ ਤਬਾਹ ਕਰ ਦਿੱਤੀਆਂ, ਮਾਲ ਪਸ਼ੂ ਤੇ ਘਰਾਂ ਦਾ ਵੱਡੀ ਪੱਧਰ 'ਤੇ ਨੁਕਸਾਨ ਹੋਇਆ ਹੈ। ਉਸ ਨੁਕਸਾਨ ਦੀ ਭਰਪਾਈ ਲਈ ਕੇਂਦਰ ਤੋਂ 50 ਹਜ਼ਾਰ ਕਰੋੜ ਦੇ ਪੈਕੇਜ ਤੇ ਪੰਜਾਬ ਸਰਕਾਰ ਤੋਂ ਮੁਆਵਜ਼ੇ ਦੀ ਭਰਪਾਈ ਦੀ ਮੰਗ ਸ਼ਾਮਲ ਹੈ। ਕੇਂਦਰ ਸਰਕਾਰ ਤੇ ਸੂਬਾ ਸਰਕਾਰਾਂ ਤੋਂ ਸਾਰੀਆਂ ਫਸਲਾਂ 'ਤੇ ਐੱਮ ਐੱਸ ਪੀ ਦੀ ਮੰਗ, ਸਵਾਮੀਨਾਥਨ ਦੇ ਫਾਰਮੂਲੇ ਰਾਹੀਂ ਸਾਰੀਆਂ ਫਸਲਾਂ ਦੇ ਭਾਅ ਦੇਣ ਦੀ ਮੰਗ, ਦਿੱਲੀ ਮੋਰਚੇ ਦੌਰਾਨ ਸ਼ਹੀਦ ਹੋਏ ਕਿਸਾਨਾਂ ਦੇ ਪਰਵਾਰਾਂ ਨੂੰ ਮੁਆਵਜ਼ਾ ਤੇ ਕਿਸਾਨਾਂ 'ਤੇ ਪਾਏ ਕੇਸ ਰੱਦ ਕਰਨ ਦੀ ਮੰਗ ਅਤੇ ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਨੂੰ ਲੈ ਕੇ ਰੇਲ ਰੋਕੋ ਮੋਰਚਾ ਪੰਜਾਬ ਵਿੱਚ ਲਾਇਆ ਜਾ ਰਿਹਾ ਹੈ, ਜੇ ਕੇਂਦਰ ਸਰਕਾਰ ਮੰਗਾਂ ਨਹੀਂ ਮੰਨਦੀ ਤਾਂ ਇਹ ਮੋਰਚਾ ਦੂਜੇ ਸੂਬਿਆਂ ਵਿੱਚ ਵੀ ਤਬਦੀਲ ਕੀਤਾ ਜਾਵੇਗਾ। ਇਸ ਮੋਰਚੇ ਵਿੱਚ ਕਿਸਾਨਾਂ, ਮਜ਼ਦੂਰਾਂ ਦੀ ਵੱਡੀ ਲਾਮਬੰਦੀ ਕਰਕੇ ਰੇਲਾਂ ਦੀਆਂ ਲਾਇਨਾਂ 'ਤੇ ਵੱਡੇ ਇਕੱਠ ਕੀਤੇ ਜਾਣਗੇ। ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਵੱਲੋਂ ਸੰਗਰੂਰ ਜ਼ਿਲ੍ਹੇ ਵਿੱਚ ਸੁਨਾਮ ਸਟੇਸ਼ਨ ਜਾਮ ਕੀਤਾ ਜਾਵੇਗਾ।

ਇਸ ਮੀਟਿੰਗ ਨੂੰ ਕੁਲਵਿੰਦਰ ਸੋਨੀ ਲੌਂਗੋਵਾਲ, ਅਮਰ ਲੌਂਗੋਵਾਲ, ਹਰਦੇਵ ਕੁਲਾਰਾਂ, ਸੁਖਦੇਵ ਸਿੰਘ, ਕੁਲਵਿੰਦਰ ਤੁੰਗਾਂ, ਗੁਰਦੀਪ ਮੰਡੇਰ ਖੁਰਦ, ਧੰਨਾ ਸਿੰਘ ਦਿਆਲਗੜ੍ਹ, ਸੁਖਦੇਵ ਕਿਲ੍ਹਾ ਭਰੀਆਂ, ਜੰਗੀਰ ਸਿੰਘ ਉਭਾਵਾਲ, ਰਾਜਪਾਲ ਮੰਗਵਾਲ, ਬਾਰਾ ਮੰਗਵਾਲ, ਬਲਦੇਵ ਮੰਗਵਾਲ, ਸੁਖਦੇਵ ਉੱਪਲੀ, ਬਲਜਿੰਦਰ ਸਿੰਘ, ਨਛੱਤਰ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

## ਨੈਸ਼ਨਲ ਹਾਈਵੇ 'ਤੇ ਬੰਦ ਲਾਇਟਾਂ ਦੀ ਸ਼ਿਕਾਇਤ ਕਰਨ 'ਤੇ ਵੀ ਨਹੀਂ ਹੋਇਆ ਹੱਲ-ਗੁੱਡੂ

**ਸੰਗਰੂਰ (ਪ੍ਰਵੀਨ ਸਿੰਘ)**-ਨੈਸ਼ਨਲ ਹਾਈਵੇ ਸ਼੍ਰੀ ਮਸਤੂਆਣਾ ਸਾਹਿਬ ਤੋਂ ਵਾਇਆ ਬਡਰੁੱਖਾਂ ਦੀਆਂ ਲਾਈਟਾਂ ਪਿਛਲੇ 7 ਮਹੀਨੇ ਤੋਂ ਬੰਦ ਹੋਣ ਕਾਰਨ ਜਿੱਥੇ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿੱਚ ਰਾਤ ਸਮੇਂ ਨੈਸ਼ਨਲ ਹਾਈਵੇ ਤੋਂ ਗੁਜ਼ਰਦੇ ਰਾਹਗੀਰਾਂ ਨੂੰ ਔਖਾ ਹੁੰਦਾ ਹੈ, ਉਸ ਦੇ ਨਾਲ ਹੀ ਏਰੀਏ ਦੇ ਵਸਨੀਕ ਲੋਕਾਂ ਨੂੰ ਵੀ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਰੋਜ਼ਾਨਾ ਦੇਵ ਟਾਈਮਜ਼ ਦੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਰਜਿੰਦਰਪਾਲ ਗੁੱਡੂ, ਬਡਰੁੱਖਾਂ ਸਮਾਜ ਸੇਵੀ ਵੱਲੋਂ ਦੱਸਿਆ ਗਿਆ ਕਿ ਲਾਈਟਾਂ ਚਲਾਉਣ ਲਈ ਉਨ੍ਹਾਂ ਵੱਲੋਂ ਤੇ ਪਿੰਡ ਦੇ ਸਰਪੰਚ ਕੁਲਜੀਤ ਸਿੰਘ ਤੂਰ ਵੱਲੋਂ ਨੈਸ਼ਨਲ ਹਾਈਵੇ ਅਥਾਰਟੀ ਹੈੱਡ ਮੈਨੇਜਰ ਦੇ ਮੁਬਾਇਲ ਫੋਨ 'ਤੇ ਕਈ ਬਾਰ ਅਪੀਲ ਕੀਤੀ ਗਈ ਹੈ, ਪਰ ਅਥਾਰਟੀ ਵੱਲੋਂ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਪਿੰਡ ਬਡਰੁੱਖਾਂ ਤੋਂ ਇਲਾਵਾ ਨੇੜੇ ਦੇ ਹੋਰ ਪਿੰਡਾਂ ਤੋਂ ਬਹੁਤ ਸ਼ਰਧਾਲੂ ਸਵੇਰੇ ਤੜਕਸਾਰ ਹੀ ਗੁਰੂ ਘਰ ਸ਼੍ਰੀ ਮਸਤੂਆਣਾ ਸਾਹਿਬ ਪੈਦਲ ਮੱਥਾ ਟੇਕਣ ਲਈ ਜਾਂਦੇ ਹਨ ਤੇ ਬਹੁਤ ਸਾਰੇ ਲੋਕ ਰੋਜ਼ਾਨਾ ਸਵੇਰੇ ਸ਼ਾਮ ਸੈਰ ਕਰਨ ਲਈ ਜਾਂਦੇ ਹਨ, ਪਰ ਸੜਕ ਵਿਚਕਾਰ ਲੱਗੀਆਂ ਲਾਈਟਾਂ ਨਾ ਚੱਲਣ ਕਾਰਨ ਹਾਦਸਾ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ, ਇਸ ਲਈ ਨੈਸ਼ਨਲ ਹਾਈਵੇ ਅਥਾਰਟੀ ਨੂੰ ਲਾਈਟਾਂ ਤੁਰੰਤ ਚਲਾਉਣੀਆਂ ਚਾਹੀਦੀਆਂ ਹਨ ਤਾਂ ਜੋ ਕੋਈ ਵੀ ਹਾਦਸਾ ਹੋਣ ਤੋਂ ਬਚਾਅ ਕੀਤਾ ਜਾ ਸਕੇ।

## ਨਗਰ ਕੌਂਸਲ ਨੇ ਇੰਡੀਅਨ ਸਵੱਛਤਾ ਲੀਗ ਜਾਗਰੂਕਤਾ ਮੁਹਿੰਮ ਚਲਾਈ



**ਬਰੇਟਾ (ਰੀਤਵਾਲ)**-ਸਰਕਾਰ ਦੇ ਹੁਕਮਾਂ ਅਨੁਸਾਰ ਕਾਰਜ ਸਾਧਕ ਅਫਸਰ ਬਲਵਿੰਦਰ ਸਿੰਘ ਦੀ ਅਗਵਾਈ ਹੇਠ ਥੀਮ ਇੰਡੀਅਨ ਸਵੱਛਤਾ ਲੀਗ ਦੇ ਅੰਤਰਗਤ ਸਵੱਛ ਭਾਰਤ ਟੀਮ ਦੁਆਰਾ ਵਾਰਡ ਨੰ.3,4,10,12 ਵਿੱਚ ਸਕੂਲੀ ਬੱਚਿਆਂ ਦੇ ਨੂੰ ਲੈ ਕੇ ਸਵੱਛਤਾ ਰੈਲੀ ਕੱਢੀ ਜਾਵੇਗੀ। ਇਸ ਰੈਲੀ ਦੇ ਸਬੰਧ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ (ਲੜਕੇ), ਸਰਕਾਰੀ ਕੰਨਿਆ ਹਾਈ ਸਕੂਲ ਦੇ ਮੈਨੇਜਮੈਂਟ ਸਟਾਫ ਦੇ ਨਾਲ ਇਸ ਸਬੰਧੀ ਮੀਟਿੰਗ ਕੀਤੀ ਗਈ। ਸਵੱਛ ਭਾਰਤ ਟੀਮ ਦੁਆਰਾ ਸਥਾਨਕ ਲੋਕਾਂ ਨੂੰ ਗਿੱਲਾ ਤੇ ਸੁੱਕਾ ਕੂੜਾ ਵੱਖ-ਵੱਖ ਰੱਖਣ, ਗਿੱਲੇ ਕੂੜੇ ਤੋਂ ਘਰ ਵਿੱਚ ਖਾਦ ਬਣਾਉਣ ਬਾਰੇ ਜਾਗਰੂਕ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸਿੰਗਲ ਯੂਜ਼ ਪਲਾਸਟਿਕ ਤੇ ਥਰਮੋਕੋਲ ਤੋਂ ਬਣੀਆਂ ਵਸਤੂਆਂ ਦੀ ਵਰਤੋਂ ਨਾ ਕਰਨ ਬਾਰੇ ਅਪੀਲ ਕੀਤੀ ਜਾਵੇਗੀ। ਟੀਮ ਵੱਲੋਂ ਸਮੂਹ ਦੁਕਾਨਦਾਰ ਤੇ ਸ਼ਹਿਰ ਨਿਵਾਸੀਆਂ ਨੂੰ ਆਪਣੇ ਆਲੇ ਦੁਆਲੇ ਦੀ ਸਫਾਈ ਰੱਖਣ ਤੇ ਇੰਡੀਅਨ ਸਵੱਛਤਾ ਲੀਗ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਜਾਵੇਗਾ ਤਾਂ ਜੋ ਬਰੇਟਾ ਸ਼ਹਿਰ ਨੂੰ ਸੁੰਦਰ ਤੇ ਸਵੱਛ ਬਣਾਇਆ ਜਾ ਸਕੇ। ਇਸ ਮੌਕੇ ਨਗਰ ਕੌਂਸਲ ਬਰੇਟਾ ਦੀ ਟੀਮ ਵਿਕਾਸ ਸ਼ੁਕਲਾ, ਦਰਸ਼ਨ ਸਿੰਘ, ਇੰਦਰਜੀਤ ਕੁਮਾਰ, ਦੀਪਕ ਸਿੰਘ, ਰਮੇਸ਼ ਕੁਮਾਰ ਆਦਿ ਹਾਜ਼ਰ ਸਨ।

# ਆਈ ਐੱਸ ਐੱਫ ਕਾਲਜ ਵਿਖੇ ਡਾ. ਪੂਜਾ ਚਾਵਲਾ ਦੀ ਪੁਸਤਕ ਰਿਲੀਜ਼



ਮੋਗਾ ਦੇ ਆਈ.ਐੱਸ.ਐੱਫ ਕਾਲਜ ਆਫ ਫਾਰਮੇਸੀ ਵਿਖੇ ਡਾ. ਪੂਜਾ ਚਾਵਲਾ ਦੀ ਪੁਸਤਕ ਰਿਲੀਜ਼ ਹੋਣ ਉਪਰੰਤ ਸਨਮਾਨਤ ਕਰਦੇ ਹੋਏ ਚੇਅਰਮੈਨ ਪਵੀਨ ਗਰਗ, ਸੈਕਟਰੀ ਇੰਜੀ. ਜਨੇਸ਼ ਗਰਗ, ਡਾਇਰੈਕਟਰ ਡਾ. ਜੀ. ਡੀ. ਗੁਪਤਾ, ਪ੍ਰਿੰਸੀਪਲ ਡਾ. ਆਰ. ਕੇ. ਨਾਰੰਗ ਤੇ ਫੈਕਿਲਟੀ ਸਟਾਫ।

**ਮੋਗਾ (ਅਮਰਜੀਤ ਬੱਬਰੀ)**-ਸੂਬੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਆਈ.ਐੱਸ.ਐੱਫ. ਕਾਲਜ ਆਫ ਫਾਰਮੇਸੀ ਦੇ ਡਿਪਾਰਟਮੈਂਟ ਆਫ ਫਾਰਮਾਸਿਊਟਿਕਲ ਕੈਮਿਸਟਰੀ ਦੀ ਹੈੱਡ ਡਾ. ਪੂਜਾ ਚਾਵਲਾ ਦੀ ਪੁਸਤਕ ਮਾਡਰਨ ਫਾਰਮਾਸਿਊਟਿਕਲ ਐਨਾਲੀਟਿਕਲ ਟੈਕਨੀਕ ਨੂੰ ਰਿਲੀਜ਼ ਕੀਤਾ ਗਿਆ। ਸੰਸਥਾ ਦੇ ਡਾਇਰੈਕਟਰ ਡਾ. ਜੀ. ਡੀ. ਗੁਪਤਾ ਨੇ ਦੱਸਿਆ ਕਿ ਇਹ ਪੁਸਤਕ 26 ਏ.ਪੀ.ਟੀ.ਆਈ. ਵੱਲੋਂ ਰਿਲੀਜ਼ ਹੋਈ। ਇਸ ਦੇ ਨਾਲ ਹੀ ਡਾ. ਪੂਜਾ ਚਾਵਲਾ ਨੂੰ ਸੰਸਥਾ ਵਿੱਚ ਪੁਸਤਕ ਦੇ ਰਿਲੀਜ਼ ਹੋਣ 'ਤੇ ਸੰਸਥਾ ਵੱਲੋਂ ਸਨਮਾਨਤ ਕੀਤਾ ਗਿਆ। ਇਹ ਪੁਸਤਕ ਬੀ. ਫਾਰਮ, ਐੱਮ. ਫਾਰਮ ਦੇ ਵਿਦਿਆਰਥੀਆਂ ਲਈ ਬਹੁਤ ਹੀ ਉਪਯੋਗੀ ਸਾਬਿਤ ਹੋਵੇਗੀ। ਇਸ ਤੋਂ ਪਹਿਲਾਂ ਵੀ ਡਾ. ਪੂਜਾ ਚਾਵਲਾ ਕਈ ਰਿਸਰਚ ਪੇਪਰ ਰਾਸ਼ਟਰੀ ਤੇ ਅੰਤਰਾਸ਼ਟਰੀ ਜਨਰਲ ਵਿੱਚ ਪ੍ਰਕਾਸ਼ਤ ਕਰ ਚੁੱਕੀ ਹੈ।

ਸੰਸਥਾ ਦੇ ਚੇਅਰਮੈਨ ਪ੍ਰਵੀਨ ਗਰਗ, ਸੈਕਟਰੀ ਇੰਜੀ. ਜਨੇਸ਼ ਗਰਗ, ਡਾ. ਮੁਸਕਾਨ ਗਰਗ, ਡਾਇਰੈਕਟਰ ਡਾ. ਜੀ. ਡੀ. ਗੁਪਤਾ, ਆਈ ਐੱਸ ਐੱਫ ਸੀ ਪੀ ਦੇ ਪ੍ਰਿੰਸੀਪਲ ਡਾ. ਆਰ. ਕੇ. ਨਾਰੰਗ ਤੇ ਸਮੂਹ ਫੈਕਿਲਟੀ ਸਟਾਫ ਨੇ ਡਾ. ਪੂਜਾ ਚਾਵਲਾ ਨੂੰ ਵਧਾਈ ਦਿੱਤੀ।

# ਸਿੱਖਿਆ ਬੋਰਡ ਉਡਾ ਰਿਹੈ ਮੁਫਤ ਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਦੀਆਂ ਧੱਜੀਆਂ : ਡੀ ਟੀ ਐੱਫ

## ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੀਆਂ ਫੀਸਾਂ ਤੇ ਜੁਰਮਾਨਿਆਂ ਰਾਹੀਂ ਕੀਤੀ ਜਾ ਰਹੀ ਹੈ ਲੁੱਟ



ਡੀ ਟੀ ਐੱਫ ਦੇ ਆਗੂ ਸਿੱਖਿਆ ਬੋਰਡ ਦੀਆਂ ਧਾਂਦਲੀਆਂ ਬਾਰੇ ਦੱਸਦੇ ਹੋਏ।

**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਸਕੂਲ ਸਿੱਖਿਆ ਬੋਰਡ ਪੰਜਵੀਂ ਤੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਤੋਂ ਪ੍ਰੀਖਿਆ ਪਾਸ ਕਰਨ ਦੇ ਸਰਟੀਫਿਕੇਟਾਂ ਦੇ 200 ਰੁਪਏ ਲੈ ਕੇ ਅੱਠਵੀਂ ਜਮਾਤ ਤੱਕ ਮੁਫਤ ਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਦੀਆਂ ਸਰੇਆਮ ਧੱਜੀਆਂ ਉਡਾ ਰਿਹਾ ਹੈ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ ਤੇ ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਨੇ ਇਸ ਦੀ ਕਰੜੀ ਆਲੋਚਨਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਲੱਗ ਰਿਹੈ ਜਿਵੇਂ ਬੋਰਡ ਕੇਂਦਰ ਤੇ ਸੂਬੇ ਸਰਕਾਰ ਦੇ ਕੰਟਰੋਲ ਤੋਂ ਬਾਹਰ ਹੋਵੇ। ਉਨ੍ਹਾ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਆਰਥਿਕ ਤੇ ਸਮਾਜਿਕ ਤੌਰ 'ਤੇ ਹਾਸ਼ੀਏ 'ਤੇ ਧੱਕੇ ਵਰਗ ਦੇ ਬੱਚੇ ਪੜ੍ਹਦੇ ਹਨ, ਜੋ ਕਿ ਆਪਣੇ ਇਸ ਅਧਿਕਾਰ ਪ੍ਰਤੀ ਏਨੇ ਚੇਤੰਨ ਨਹੀਂ ਹਨ ਤੇ ਨਾ ਹੀ ਉਹ ਇਸ ਦਾ ਵਿਰੋਧ ਕਰਨ ਦੇ ਸਮਰੱਥ ਹਨ, ਜਿਸ ਦਾ ਫਾਇਦਾ ਉਠਾ ਕੇ ਬੋਰਡ ਅਜਿਹੀ ਧੱਕੇਸ਼ਾਹੀ ਕਰ ਰਿਹਾ ਹੈ। ਅਜਿਹੇ ਵਿੱਚ ਉਨ੍ਹਾਂ ਦੀ ਜਥੇਬੰਦੀ ਦਾ ਫਰਜ਼ ਬਣ ਜਾਂਦਾ ਹੈ ਕਿ ਉਹ ਵਿਦਿਆਰਥੀਆਂ ਦੇ ਇਸ ਅਧਿਕਾਰ ਦੀ ਰਾਖੀ ਕਰੇ।

ਇਸ ਤੋਂ ਇਲਾਵਾ ਦਸਵੀਂ ਤੇ ਬਾਰਵੀਂ ਦੇ ਵਿਦਿਆਰਥੀਆਂ ਤੋਂ ਵੀ ਪ੍ਰੀਖਿਆ ਫੀਸ ਤੇ ਲੇਟ ਫੀਸ ਦੇ ਤੌਰ 'ਤੇ ਹਜ਼ਾਰਾਂ ਰੁਪਏ ਦੀਆਂ ਮੋਟੀਆਂ ਰਾਸ਼ੀਆਂ ਵਸੂਲ ਕੇ ਗਰੀਬ ਵਿਦਿਆਰਥੀਆਂ ਦੀ ਲੁੱਟ ਕੀਤੀ ਜਾ ਰਹੀ ਹੈ। ਸਿੱਖਿਆ ਤੇ ਸਿਹਤ ਨੂੰ ਆਪਣੀ ਪਹਿਲ ਦੱਸ ਕੇ ਸੱਤਾ ਵਿੱਚ ਆਈ ਪਾਰਟੀ ਦੀ ਸਰਕਾਰ 'ਚ ਹੋਣਾ ਤਾਂ ਇਹ ਚਾਹੀਦਾ ਸੀ ਕਿ ਸਾਰੀ ਸਕੂਲੀ ਸਿੱਖਿਆ ਮੁਫਤ ਹੁੰਦੀ, ਪ੍ਰੰਤੂ ਹੋ ਬਿਲਕੁਲ ਇਸ ਤੋਂ ਉਲਟ ਰਿਹਾ ਹੈ। ਪੰਜਾਬ ਸਰਕਾਰ ਗਰੀਬ ਵਿਦਿਆਰਥੀਆਂ ਦੀਆਂ ਇਨ੍ਹਾਂ ਜ਼ਮੀਨੀ ਮੁਸ਼ਕਲਾਂ ਨੂੰ ਹੱਲ ਕਰਨ ਦੀ ਬਜਾਏ ਚੋਣਵੇਂ ਸਕੂਲਾਂ ਨੂੰ ਲਿਸ਼ਕਾ-ਪੁਸ਼ਕਾ ਕੇ ਸਿਆਸੀ ਸਟੰਟਾਂ ਰਾਹੀਂ ਵੋਟਾਂ ਪੱਕੀਆਂ ਕਰਨ ਦੇ ਰਾਹ ਪਈ ਹੋਈ ਹੈ। ਜਥੇਬੰਦੀ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੋਲੀਆ, ਮੀਤ ਪ੍ਰਧਾਨ ਸਵਰਨਦਾਸ, ਜ਼ਿਲ੍ਹਾ ਜਥੇਬੰਦਕ ਸਕੱਤਰ ਅਮਨਦੀਪ ਮਾਛੀਕੇ, ਪ੍ਰੈੱਸ ਸਕੱਤਰ ਗੁਰਮੀਤ ਝੋਰੜਾਂ ਤੇ ਜ਼ਿਲ੍ਹਾ ਵਿੱਤ ਸਕੱਤਰ ਗੁਰਸ਼ਰਨ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਪੰਜਾਬ ਸਰਕਾਰ ਨੂੰ ਲਗਾਤਾਰ ਉਨ੍ਹਾਂ ਦੇ ਫਰਜ਼ ਚੇਤੇ ਕਰਵਾ ਰਹੀ ਹੈ, ਪ੍ਰੰਤੂ ਸਰਕਾਰ ਦੇ ਕੰਨ 'ਤੇ ਜੂੰ ਨਹੀਂ ਸਰਕ ਰਹੀ। ਇਸੇ ਦੇ ਨਤੀਜੇ ਵਜੋਂ ਪੰਜਾਬ ਸਕੂਲ ਸਿੱਖਿਆ ਬੋਰਡ ਆਪਣੀਆਂ ਮਨ ਆਈਆਂ ਕਰ ਰਿਹਾ ਹੈ। ਆਗੂਆਂ ਨੇ ਸਿੱਖਿਆ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਇਸ ਵੱਲ ਧਿਆਨ ਦੇਣ ਤੇ ਅੱਠਵੀਂ ਤੱਕ ਵਿਦਿਆਰਥੀਆਂ ਤੋਂ ਕਿਸੇ ਵੀ ਰੂਪ ਵਿੱਚ ਕੋਈ ਵੀ ਫੀਸ ਨਾ ਲਈ ਜਾਵੇ। ਦਸਵੀਂ ਤੇ ਬਾਰਵੀਂ ਦੇ ਵਿਦਿਆਰਥੀਆਂ ਦੀਆਂ ਫੀਸਾਂ ਵੀ ਉਸ ਵਰਗ ਦੀ ਵਿੱਤੀ ਹਾਲਤ ਦੇ ਅਨੁਸਾਰ ਹੋਣੀਆਂ ਚਾਹੀਦੀਆਂ ਹਨ, ਜਿਸ ਵਰਗ ਦੇ ਬੱਚੇ ਸਰਕਾਰੀ ਸਕੂਲਾਂ 'ਚ ਪੜ੍ਹਦੇ ਹਨ। ਇਸ ਮੌਕੇ ਜਗਜੀਤ ਸਿੰਘ, ਸਵਰਨਜੀਤ ਭਗਤਾ, ਨਰਿੰਦਰ ਸਿੰਘ, ਅਮਰਦੀਪ ਬੁੱਟਰ, ਦੀਪਕ ਮਿੱਤਲ, ਬਲਵਿੰਦਰ ਸਿੰਘ, ਮੈਡਮ ਮਧੂ, ਮਮਤਾ ਕੌਸ਼ਲ ਆਦਿ ਜ਼ਿਲ੍ਹਾ ਕਮੇਟੀ ਮੈਂਬਰ ਹਾਜ਼ਰ ਸਨ।

## ਪੰਜਾਬ ਰਾਜ ਦਿਹਾਤੀ ਅਜੀਵਿਕਾ ਮਿਸ਼ਨ ਵੱਲੋਂ ਭਾਦਲਾ 'ਚ ਸੈਮੀਨਾਰ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਪੰਜਾਬ ਰਾਜ ਦਿਹਾਤੀ ਅਜੀਵਿਕਾ ਮਿਸ਼ਨ ਵੱਲੋਂ ਪਿੰਡ ਭਾਦਲਾ ਉੱਚਾ ਵਿਖੇ ਸੈਮੀਨਾਰ ਕਰਵਾਇਆ ਗਿਆ। ਸਰਪੰਚ ਰਘਵੀਰ ਸਿੰਘ, ਪੰਚਾਇਤ ਮੈਂਬਰਾਂ, ਜੀ ਆਰ ਐੱਸ ਚਰਨ ਸਿੰਘ (ਮਨਰੇਗਾ) ਤੇ ਮੇਟ ਕਮਲਜੀਤ ਕੌਰ (ਮਨਰੇਗਾ) ਵਰਕਰਾਂ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ ਮੌਕੇ ਕੁਲਦੀਪ ਸਿੰਘ, ਬਲਾਕ ਪ੍ਰੋਗਰਾਮ ਮੈਨੇਜਰ (ਪੀ. ਐੱਸ. ਆਰ. ਐੱਲ. ਐੱਮ), ਹਰਦੀਪ ਸਿੰਘ ਕਲਸਟਰ ਕੋਆਰਡੀਨੇਟਰ (ਪੀ. ਐੱਸ. ਆਰ. ਐੱਲ. ਐੱਮ) ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਸਮਾਗਮ ਵਿੱਚ ਹਾਜ਼ਰ ਲੋਕਾਂ ਨੂੰ ਔਰਤਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਨੂੰ ਘਰ ਘਰ ਪਹੁੰਚਾਉਣ ਲਈ ਪਿੰਡ ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਪੰਚ, ਆਂਗਨਵਾੜੀ ਵਰਕਰ, ਆਸ਼ਾ ਵਰਕਰ ਤੇ ਮਨਰੇਗਾ ਵਰਕਰ ਹਾਜ਼ਰ ਸਨ।

16-Sep-PAGE- 8 qxd.qxd 9/15/2023 9:30 PM Page 1



# ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ 'ਕਾਰਪੋਰੇਟ ਭਜਾਓ-ਭਾਜਪਾ ਹਰਾਓ' ਦੇ ਨਾਅਰੇ ਹੇਠ ਪਿੰਡਾਂ 'ਚ ਮਾਰਚ



**ਫਿਲੌਰ ( ਨਿਰਮਲ, ਹਰਜਿੰਦਰ ਕੌਰ ਚਾਹਲ)** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ 'ਕਾਰਪੋਰੇਟ ਭਜਾਓ-ਭਾਜਪਾ ਹਰਾਓ' ਦੇ ਨਾਅਰੇ ਹੇਠ ਪਿੰਡਾਂ 'ਚ ਮਾਰਚ ਕੀਤਾ ਗਿਆ। ਇਸ ਸੰਬੰਧੀ ਇੱਕ ਜਥਾ ਇਥੋਂ ਰਵਾਨਾ ਹੋਇਆ। ਜਥੇ ਦੀ ਅਗਵਾਈ ਤਹਿਸੀਲ ਸਕੱਤਰ ਡਾ. ਸਰਬਜੀਤ ਮੁਠੱਡਾ ਅਤੇ ਖਜਨਾਚੀ ਜਰਨੈਲ ਫਿਲੌਰ ਨੇ ਕੀਤੀ। ਇਹ ਜਥਾ ਗੰਨਾਪਿੰਡ, ਹਰੀਪੁਰ, ਪ੍ਰਤਾਬਪੁਰਾ, ਖੇਲੇ, ਭੈਣੀ, ਮੀਓਵਾਲ, ਮਾਓ ਸਾਹਿਬ ਤੋਂ ਅੱਗੇ ਹੋਰ ਪਿੰਡਾਂ ਵੱਲ ਰਵਾਨਾ ਹੋ ਗਿਆ। ਇਨ੍ਹਾਂ ਪਿੰਡਾਂ 'ਚ ਕੀਤੀਆਂ ਮੀਟਿੰਗਾਂ ਨੂੰ ਜਿਲ੍ਹਾ ਸਕੱਤਰ ਜਸਵਿੰਦਰ ਸਿੰਘ ਢੇਸੀ, ਸੂਬਾ ਕਮੇਟੀ ਮੈਂਬਰ ਸੰਤੋਖ ਸਿੰਘ ਬਿਲਗਾ ਨੇ ਸੰਬੋਧਨ ਕੀਤਾ। ਆਗੂਆਂ ਨੇ ਕਿਹਾ ਕਿ ਦੇਸ਼ 'ਚ ਵੱਧ ਰਹੀ ਫਿਰਕਾਪ੍ਰਸਤੀ ਨੂੰ ਰੋਕਣ ਲਈ ਭਾਜਪਾ ਨੂੰ ਹਰਾਉਣਾ ਬਹੁਤ ਹੀ ਜ਼ਰੂਰੀ ਹੈ, ਜਿਸ ਨੇ ਘੱਟ ਗਿਣਤੀਆਂ, ਦਲਿਤਾਂ ਅਤੇ ਔਰਤਾਂ ਖਿਲਾਫ ਨਫਰਤ ਪੈਦਾ ਕੀਤੀ ਹੋਈ ਹੈ। ਆਗੂਆਂ ਨੇ ਚੰਡੀਗੜ੍ਹ ਪੰਜਾਬ ਨੂੰ ਦੇਣ ਅਤੇ ਪਾਣੀ ਸਮੇਤ ਹੋਰ ਮਸਲੇ ਵੀ ਤੁਰੰਤ ਹੱਲ ਕਰਨ ਦੀ ਮੰਗ ਕੀਤੀ। ਆਗੂਆਂ ਨੇ ਸੱਦਾ ਦਿੱਤਾ ਕਿ 18 ਸਤੰਬਰ ਨੂੰ ਢੇਸੀਆ ਕਾਹਨਾ ਵਿਖੇ ਸ਼ਹੀਦ ਸੋਹਣ ਸਿੰਘ ਢੇਸੀ ਦੀ ਬਰਸੀ ਮੌਕੇ ਸਿਆਸੀ ਕਾਨਫਰੰਸ ਕੀਤੀ ਜਾ ਰਹੀ ਹੈ। ਇਸ ਮੌਕੇ ਬਲਜਿੰਦਰ ਬੱਬੀ, ਬਲਵੀਰ ਬੀਰੀ, ਮਾ. ਮਲਕੀਤ ਸਿੰਘ, ਗੁਰਦੀਪ ਗੋਗੀ, ਮੱਖਣ ਸੰਗਰਾਮੀ, ਮੇਜਰ ਫਿਲੌਰ, ਮਨਜੀਤ ਸੂਰਜਾ, ਰਾਮ ਨਾਥ, ਗੁਰਜੀਤ ਪਾਲਾ, ਸਰਪੰਚ ਰਾਮ ਲੁਭਾਇਆ, ਕਸਮੀਰੀ ਨੰਗਲ, ਕੁਲਦੀਪ ਬਿਲਗਾ, ਸੁਨੀਲ ਭੈਣੀ, ਗਗਨਦੀਪ ਸਿੰਘ, ਲਖਵੀਰ ਸਿੰਘ ਖੋਖੇਵਾਲ, ਜੱਸਾ ਰੁੜਕਾ, ਮੱਖਣ ਸਿੰਘ ਰੁੜਕਾ, ਅਮਰੀਕ ਸਿੰਘ ਰੁੜਕਾ, ਬਲਵਿੰਦਰ ਸਰਗੁੰਦੀ ਆਦਿ ਵੀ ਹਾਜ਼ਰ ਸਨ।

# ਨਵਾਂਸ਼ਹਿਰ ਤੋਂ ਹਰਿਦੁਆਰ ਲਈ ਸਰਕਾਰੀ ਬੱਸ ਰੂਟ ਜਲਦ ਕੀਤਾ ਜਾਵੇਗਾ ਸ਼ੁਰੂ : ਜਲਵਾਹਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੇ ਲੋਕਾਂ ਦੀ ਅਹਿਮ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਨਵਾਂਸ਼ਹਿਰ ਤੋਂ ਸ੍ਰੀ ਹਰਿਦੁਆਰ ਸਾਹਿਬ ਲਈ ਰੋਡਵੇਜ਼ ਵਿਭਾਗ ਵੱਲੋਂ ਸਰਕਾਰੀ ਬੱਸ ਰੂਟ ਜਲਦ ਸ਼ੁਰੂ ਕੀਤਾ ਜਾਵੇਗਾ। ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸਤਨਾਮ ਸਿੰਘ ਜਲਵਾਹਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਨਵਾਂਸ਼ਹਿਰ ਤੋਂ ਹਰਿਦੁਆਰ ਸਾਹਿਬ ਤੱਕ ਸਰਕਾਰੀ ਬੱਸ ਰੂਟ ਸ਼ੁਰੂ ਕਰਨ ਦੀ ਬੇਨਤੀ ਕੀਤੀ ਗਈ ਸੀ ਅਤੇ ਮਾਣਯੋਗ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੇ ਲੋਕਾਂ ਦੀ ਅਹਿਮ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਜਲਦੀ ਇਸ ਸਰਕਾਰੀ ਬੱਸ ਰੂਟ ਨੂੰ ਸ਼ੁਰੂ ਕਰਨ ਦੀ ਮਨਜ਼ੂਰੀ ਦੇਣ ਲਈ ਵਿਭਾਗ ਨੂੰ ਆਦੇਸ਼ ਜਾਰੀ ਕਰ ਦਿੱਤੇ ਹਨ।

ਚੇਅਰਮੈਨ ਜਲਵਾਹਾ ਨੇ ਕਿਹਾ ਕਿ ਸ੍ਰੀ ਹਰਦੁਆਰ ਸਾਹਿਬ ਬਹੁਤ ਇਤਿਹਾਸਕ, ਪਵਿੱਤਰ ਤੇ ਧਾਰਮਿਕ ਅਸਥਾਨ ਹੋਣ ਕਰਕੇ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂ ਉਥੇ ਮੱਥਾ ਟੇਕਣ ਜਾਂਦੇ ਹਨ ਅਤੇ ਹਰ ਰੋਜ਼ ਸਾਡੇ ਜ਼ਿਲ੍ਹੇ ਦੇ ਲੋਕਾਂ ਨੂੰ ਵੀ ਮੱਥਾ ਟੇਕਣ ਲਈ ਅਤੇ ਖਾਸ ਕਰਕੇ ਅਸਥੀਆਂ ਜਲ ਪ੍ਰਵਾਹ ਕਰਨ ਲਈ ਇਸ ਧਾਰਮਿਕ ਅਸਥਾਨ 'ਤੇ ਜਾਣਾ ਪੈਂਦਾ ਹੈ।

ਆਉਣ ਵਾਲੇ ਕੁਝ ਦਿਨਾਂ ਵਿੱਚ ਹੀ ਇਸ ਸਰਕਾਰੀ ਬੱਸ ਰੂਟ ਨੂੰ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਸ਼ੁਰੂ ਕਰਨ ਲਈ ਉਦਘਾਟਨ ਕੀਤਾ ਜਾਵੇਗਾ। ਚੇਅਰਮੈਨ ਜਲਵਾਹਾ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਂਵਾਂ ਨੂੰ ਦੂਰ ਕਰਨ ਲਈ ਉਨ੍ਹਾਂ ਵੱਲੋਂ ਹਰ ਰੋਜ਼ ਇੰਪਰੂਵਮੈਂਟ ਟਰੱਸਟ ਦੇ ਦਫਤਰ ਡੀ ਸੀ ਕੰਪਲੈਕਸ ਵਿਖੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਜਾਂਦੀਆਂ ਹਨ ਅਤੇ ਉਨ੍ਹਾਂ ਦਾ ਮੌਕੇ ਤੇ ਹੱਲ ਕਰਵਾਇਆ ਜਾ ਰਿਹਾ ਹੈ।

# ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਨੇ ਪੌਦੇ ਵੰਡੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਗਰੀਬ ਦਾ ਮੂੰਹ, ਗੁਰੂ ਦੀ ਗੋਲਕ, ਸੰਸਥਾ ਅਜਨੋਹਾ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਅਜਨੋਹਾ ਤੋਂ ਬੂਟੇ ਟਰਾਲੀ ਵਿਚ ਲੱਦ ਕੇ ਪਿੰਡ ਅਜਨੋਹਾ, ਨਡਾਲੋਂ, ਬੱਡੋ, ਰਹੱਲੀ, ਬਢੇਲਾ ਅਤੇ ਭਾਮ ਆਦਿ ਪਿੰਡਾਂ ਵਿਚ 1000 ਬੂਟੇ ਵੰਡੇ ਗਏ। ਇਸ ਮੌਕੇ ਸੰਸਥਾ ਮੁਖੀ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਵਾਤਾਵਰਨ ਨੂੰ ਬਚਾਉਣ ਲਈ ਵੱਧ ਤੋਂ ਵੱਧ ਬੂਟੇ ਲਗਾਉ । 1980 ਵਿੱਚ ਖੂਹ



ਸੁੱਕੇ, 90-95 ਵਿੱਚ ਨਲਕੇ ਸੁੱਕੇ, 2000 ਵਿੱਚ ਪੰਪ ਸੁੱਕੇ, ਹੁਣ ਸਬਮਰਸੀਬਲ ਤੋਂ ਪਾਣੀ ਪੀ ਰਹੇ ਹੈ। ਇਸ ਤੋਂ ਅੱਗੇ ਕੋਈ ਤਕਨੀਕ ਨਹੀਂ ਹੈ। ਇਸ ਲਈ ਪਾਣੀ ਬਚਾਓ ਵੱਧ ਤੋਂ ਵੱਧ ਰੁੱਖ ਲਗਾਉ। ਇਸ ਮੌਕੇ ਗੁਰਪਾਲ ਸਿੰਘ ਖਾਲਸਾ, ਕਮਲਜੀਤ ਸਿੰਘ ਰਾਣਾ ਖਾਲਸਾ, ਸਤਨਾਮ ਸਿੰਘ ਪੰਚ, ਗੁਰਪ੍ਰੀਤ ਸਿੰਘ ਗੁਗਲੀ ਖਾਲਸਾ, ਗੌਰਵ ਬੰਧਨ, ਸੁਮੀਤ ਪਾਲ ਸਿੰਘ, ਹਰਮੇਸ਼ ਸਿੰਘ ਮੇਸ਼ੀ, ਗੁਰਸ਼ਰਨ ਸਿੰਘ, ਤਰਲੋਚਨ ਸਿੰਘ ਤੋਤਾ, ਰਜਿੰਦਰ ਸਿੰਘ ਫੌਜੀ, ਤਰਨਜੀਤ ਸਿੰਘ, ਬੀਬੀ ਰਾਣੀ, ਮੰਨਾ ਅਤੇ ਸੋਨੂੰ ਆਦਿ ਹਾਜ਼ਰ ਸਨ।

# ਸਰਕਾਰ ਵਿਕਾਸ ਦੀ ਜਗ੍ਹਾ ਵਿਨਾਸ਼ ਕਰਵਾ ਰਹੀ : ਤੀਕਸ਼ਨ ਸੂਦ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪੰਜਾਬ ਭਾਜਪਾ ਦੇ ਸੀਨੀਅਰ ਨੇਤਾ ਅਤੇ ਸਾਬਕਾ ਕੈਬਿਨੇਟ ਮੰਤਰੀ ਤੀਕਸ਼ਨ ਸੂਦ ਨੇ ਕਿਹਾ ਕਿ ਪਿਛਲੇ ਦਿਨੀ ਹੁਸ਼ਿਆਰਪੁਰ-ਜਲੰਧਰ ਰੋਡ ਬਣਾਉਣ ਦੇ ਲਈ 14 ਕਰੋੜ ਰੁਪਏ ਦੀ ਲਾਗਤ ਨਾਲ ਸ਼ੁਰੂ ਕਰਵਾਇਆ ਸੀ, ਜਿਸ ਦਾ ਨੀਂਹ ਪੱਥਰ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਰੱਖਿਆ ਸੀ, ਪਰ ਬੜੇ ਦੁੱਖ ਨਾਲ ਇਹ ਗੱਲ ਕਹਿਣੀ ਪੈ ਰਹੀ ਹੈ ਕਿ ਅੱਗਿਓਂ ਸੜਕ ਬਣਦੀ ਜਾ ਰਹੀ ਹੈ ਤੇ ਪਿਛਿਓ ਟੁੱਟਦੀ ਜਾ ਰਹੀ ਹੈ। ਪੰਜਾਬ ਸਰਕਾਰ ਇਸ ਵੱਲ ਕੋਈ ਧਿਆਨ ਨਹੀ ਦੇ ਰਹੀ। ਸੜਕ ਦੀ ਖਰਾਬ ਹਾਲਤ ਨੂੰ ਦੇਖਦੇ ਹੋਏ ਸਾਰੀ ਜ਼ਿੰਮੇਦਾਰੀ ਮੁੱਖ ਮੰਤਰੀ ਦੀ ਬਣਦੀ ਹੈ। ਪੰਜਾਬ ਵਿੱਚ ਪਹਿਲੀ ਵਾਰ ਇਸ ਤਰ੍ਹਾਂ ਦੀ ਸਰਕਾਰ ਆਈ ਹੈ ਜੋ ਸਵੇਰੇ ਫੈਸਲਾ ਲੈਂਦੀ ਹੈ ਤੇ ਸ਼ਾਮ ਨੂੰ ਵਾਪਸ ਲੈ ਲੈਂਦੀ ਹੈ, ਇਸ ਤਰ੍ਹਾਂ ਦੇ ਕਈ ਮਾਮਲੇ ਹੋ ਚੁੱਕੇ ਹਨ। ਆਮ ਆਦਮੀ ਪਾਰਟੀ ਵਾਲਿਆਂ ਨੇ ਚੋਣਾਂ ਸਮੇਂ ਲੋਕਾਂ ਦੇ ਨਾਲ ਝੂਠੇ ਵਾਅਦੇ ਕਰਕੇ ਅਤੇ ਸਬਜ਼ਬਾਗ ਦਿਖਾ ਕੇ ਵੋਟਾਂ ਲੈ ਕੇ ਲੋਕਾਂ ਨੂੰ ਗੁੰਮਰਾਹ ਕੀਤਾ ਅਤੇ ਹੁਣ ਪੰਜਾਬ ਦੀ ਜਨਤਾ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੀ ਹੈ। ਇਸ ਮੌਕੇ ਤੀਕਸ਼ਨ ਸੂਦ ਦੇ ਨਾਲ ਸਾਬਕਾ ਮੇਅਰ ਸ਼ਿਵ ਸੂਦ, ਸੁਰੇਸ਼ ਭਾਟੀਆ ਬਿੱਟੂ, ਅਸ਼ਵਨੀ ਗੈਂਦ ਅਤੇ ਯਸ਼ਪਾਲ ਸ਼ਰਮਾ ਆਦਿ ਮੌਜੂਦ ਸਨ।

# ਰਿਆਤ-ਬਾਹਰਾ ਬੀ ਐਡ ਕਾਲਜ 'ਚ ਹਿੰਦੀ ਦਿਵਸ ਮੌਕੇ ਮੁਕਾਬਲੇ ਕਰਵਾਏ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਰਿਆਤ ਬਾਹਰਾ ਬੀ ਐਡ ਕਾਲਜ 'ਚ ਹਿੰਦੀ ਦਿਵਸ ਬੜੇ ਉਤਸਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਵਿਚਕਾਰ ਮੁਕਾਬਲੇ ਕਰਵਾਏ ਗਏ। ਜਿਸ 'ਚ ਵਿਦਿਆਰਥੀਆਂ ਨੇ ਵੱਡੀ ਗਿਣਤੀ 'ਚ ਭਾਗ ਲਿਆ। ਇਸ ਮੌਕੇ ਪੋਸਟਰ ਮੇਕਿੰਗ, ਭਾਸ਼ਣ ਮੁਕਾਬਲੇ, ਵਾਦ-ਵਿਵਾਦ ਆਦਿ ਮੁਕਾਬਲੇ ਕਰਵਾਏ ਗਏ। ਇਸ ਮੌਕੇ ਕੈਂਪਸ ਡਾਇਰੈਕਟਰ ਡਾ: ਚੰਦਰ ਮੋਹਨ ਨੇ ਵਿਦਿਆਰਥੀਆਂ ਨੂੰ ਹਿੰਦੀ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਆਪਣੀ ਮਾਂ ਬੋਲੀ ਹਿੰਦੀ ਪ੍ਰਤੀ ਸਤਿਕਾਰ ਅਤੇ ਪਿਆਰ ਕਾਇਮ ਰੱਖਣਾ ਚਾਹੀਦਾ ਹੈ। ਹਿੰਦੀ ਸਾਡੀ ਰਾਸਟਰੀ ਭਾਸ਼ਾ ਹੈ ਅਤੇ ਇਸ ਦਾ ਮਹੱਤਵ ਵਿਲੱਖਣ ਹੈ। ਪ੍ਰੋਗਰਾਮ ਦੇ ਕੋਆਰਡੀਨੇਟਰ ਪ੍ਰੋ: ਮਨਪ੍ਰੀਤ ਭਾਟੀਆ ਨੇ ਕਿਹਾ ਕਿ ਵਿਦਿਆਰਥੀਆਂ ਦੇ ਭਵਿੱਖ ਨੂੰ ਮੁੱਖ ਰੱਖਦਿਆਂ ਅਜਿਹੇ ਸਮਾਗਮ ਕਰਵਾਏ ਜਾਣਗੇ। ਇਸ ਮੌਕੇ ਮੁਕਾਬਲਿਆਂ 'ਚ ਪਹਿਲੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਗਏ। ਇਸ ਮੌਕੇ ਡਾ: ਵਿਭਾ ਚਾਵਲਾ, ਪ੍ਰੋ: ਮਨਪ੍ਰੀਤ ਕੌਰ, ਪ੍ਰੋ: ਅੰਜੂ ਬਾਲਾ, ਪ੍ਰੋ: ਪ੍ਰਿਅੰਕਾ ਅਤੇ ਸਤਨਾਮ ਕੌਰ ਤੋਂ ਇਲਾਵਾ ਵਿਦਿਆਰਥੀ ਹਾਜ਼ਰ ਸਨ।

# ਵਿਦੇਸ ਭੇਜਣ ਦੇ ਨਾਂਅ 'ਤੇ 32 ਲੱਖ ਦੀ ਠੱਗੀ

**ਮੋਹਾਲੀ (ਗੁਰਜੀਤ ਬਿੱਲਾ)** ਬਲਵਿੰਦਰ ਸਿੰਘ ਕੁੰਭੜਾ ਪ੍ਰਧਾਨ ਅੱਤਿਆਚਾਰ ਤੇ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੀ ਅਗਵਾਈ 'ਚ ਪ੍ਰੈਸ ਦੇ ਸਾਹਮਣੇ ਹਰਜਿੰਦਰ ਸਿੰਘ ਪੁੱਤਰ ਸੇਵਾ ਸਿੰਘ ਵਾਸੀ ਪਿੰਡ ਮਦਨਹੇੜੀ ਮਕਾਨ ਨੰਬਰ 93 ਤਹਿਸੀਲ ਖਰੜ ਜਿਲ੍ਹਾ ਐਸ ਏ ਐਸ ਨਗਰ ਮੋਹਾਲੀ ਨੇ ਆਪਣੇ ਨਾਲ ਹੋਈ ਲੁੱਟ ਦੀ ਵਾਰਦਾਤ ਨੂੰ ਬਿਆਨ ਕੀਤਾ। ਜਿਵੇਂ ਕਿ ਉਨ੍ਹਾਂ ਦੇ ਬੇਟੇ ਜਗਰੂਪ ਸਿੰਘ ਨੂੰ ਵਿਦੇਸ਼ ਭੇਜਣ ਦੇ ਨਾਂਅ 'ਤੇ ਜਾਅਲੀ ਵੀਜਾ ਲਗਾ ਕੇ 32 ਲੱਖ ਰੁਪਏ ਦੀ ਠੱਗੀ ਮਾਰੀ ਗਈ।



ਜਿਸਦੀ ਲਿਖਤੀ ਦਰਖਾਸਤ 5 ਸਤੰਬਰ 2023 ਨੂੰ ਮਾਨਯੋਗ ਐਸ ਐਸ ਪੀ ਮੋਹਾਲੀ ਨੂੰ ਦਿੱਤੀ ਗਈ ਸੀ, ਜਿਸਦਾ ਡੇਅਰੀ ਨੰਬਰ 4886/ ਹੈ ਪਰ ਅਸੀਂ ਆਪਣੇ ਗਵਾਹਾਂ ਤੇ ਸਬੂਤ ਨਾਲ ਲੈ ਕੇ ਐਸ ਐਸ ਪੀ ਮੋਹਾਲੀ, ਡੀ ਐਸ ਪੀ,ਐਨ ਡੀ ਪੀ ਐਸ ਦੇ ਦਫਤਰ 'ਚ ਗੇੜੇ ਮਾਰ ਮਾਰ ਥੱਕ ਚੁੱਕੇ ਹਾਂ। ਦਰਖਾਸਤ 'ਚ ਅੱਠ ਮੁਲਜ਼ਮਾਂ ਦੇ ਨਾਂਅ ਦਰਜ ਹਨ ਜੋ ਕਿ ਕਰਮਜੀਤ ਸਿੰਘ ਦਿਓਲ ਵਾਸੀ ਰਾਏਪੁਰ ਕਲਾਂ, ਗੁਰਦੀਪ ਸਿੰਘ ਪੁੱਤਰ ਸੁਖਚੈਨ ਸਿੰਘ, ਮੁਹੰਮਦ ਸਲੀਮ ਵਾਸੀ ਸਨੇਟਾ, ਗੁਰਪ੍ਰੀਤ ਸਿੰਘ ਸ਼ਿਵਾਲਿਕ ਸਿਟੀ ਖਰੜ, ਅਮਨ ਪਿੰਡ ਰਾਏਪੁਰ ਕਲਾਂ,ਪਵਨ ਕੁਮਾਰ ਪੁੱਤਰ ਕਸ਼ਮੀਰੀ ਲਾਲ ਮੋਗਾ, ਕਮਲ ਵਾਸੀ ਦਿੱਲੀ ਤੇ ਜਗਰੂਪ ਸਿੰਘ ਉਰਫ ਜੱਗੀ ਗੁਰੂ ਨਾਨਕ ਕਲੋਨੀ ਖਰੜ ਹੈ ਗੁਰਪ੍ਰੀਤ ਸਿੰਘ ਜੋ ਮੌਜੂਦਾ ਸਰਕਾਰ 'ਚ ਉੱਚੀ ਪਹੁੰਚ ਰੱਖਣ ਵਾਲਾ ਹੈ ਜਿਸਦੀ ਖਜਾਨਾ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨਾਲ ਫੋਟੋਆਂ ਮੀਡੀਆ ਸਾਹਮਣੇ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਬਲਵਿੰਦਰ ਸਿੰਘ ਕੁੰਭੜਾ ਨੇ ਦੱਸਿਆ ਕਿ ਇਹ ਪਹਿਲੀ ਵਾਰਦਾਤ ਨਹੀਂ ਇਸ ਤੋਂ ਪਹਿਲਾਂ ਵੀ ਕਈ ਮਾਮਲੇ ਮੀਡੀਆ ਸਾਹਮਣੇ ਖੁਲਾਸੇ ਕੀਤੇ ਹੋਏ ਹਨ ਜਿਨ੍ਹਾਂ 'ਚ ਐਫ ਆਈ ਆਰ ਨੰਬਰ 183/2022 ਥਾਣਾ ਫੇਜ 8 'ਚ ਟਰੈਵਲਰ ਏਜੰਟ ਹਰਜਿੰਦਰ ਸਿੰਘ ਹੈਰੀ ਤੇ ਕਰਵਾਈ ਸੀ ਜਿਸ 'ਚ 9 ਮਹੀਨੇ ਬੀਤਣ ਤੋਂ ਬਾਅਦ ਵੀ ਪੁਲਸ ਦੀ ਮਿਲੀਭੁਗਤ ਹੋਣ ਕਰਕੇ ਕੋਰਟ 'ਚ ਚਲਾਨ ਪੇਸ਼ ਨਹੀਂ ਕੀਤਾ ਗਿਆ ਤੇ ਹੋਰ ਕਈ ਪੀੜਤ ਪਰਵਾਰਾਂ ਨੂੰ ਮੀਡੀਆ ਦੀ ਮਦਦ ਨਾਲ ਏਜੰਟਾਂ ਠੱਗਾਂ ਤੋਂ ਲੋਕਾਂ ਦੇ ਪੈਸੇ ਵਾਪਸ ਕਰਵਾ ਚੁੱਕੇ ਹਾਂ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਤੁਰੰਤ ਮੁਲਜ਼ਮਾਂ ਖਿਲਾਫ ਪਰਚਾ ਦਰਜ ਕਰਕੇ ਗ੍ਰਿਫਤਾਰ ਕੀਤਾ ਜਾਵੇ ਤਾਂ ਕਿ ਪੀੜਤ ਹਰਜਿੰਦਰ ਸਿੰਘ ਨੂੰ ਇਨਸਾਫ ਮਿਲ ਸਕੇ।

# ਸੰਤ ਬੀਬੀ ਸੰਤੋਸ਼ ਵਿਛੋੜੀ ਵਾਲਿਆਂ ਨੂੰ ਧਾਰਮਿਕ, ਸਮਾਜਿਕ, ਰਾਜਨੀਤਕ ਸਖਸ਼ੀਅਤਾਂ ਵੱਲੋਂ ਸ਼ਰਧਾਂਜਲੀਆਂ ਭੇਟ



**ਹੁਸ਼ਿਆਰਪੁਰ (ਓ ਪੀ ਰਾਣਾ )** ਡੇਰਾ ਸੱਚਖੰਡ ਗਿਆਨਪੁਰੀ ਦੇ ਗੱਦੀ ਨਸ਼ੀਨ ਸੰਤ ਮਨਜੀਤ ਦਾਸ ਦੇ ਮਾਤਾ ਸੰਤ ਬੀਬੀ ਸੰਤੋਸ਼ ਧਰਮ ਸੁਪਤਨੀ ਸੰਤ ਸਤਨਾਮ ਦਾਸ ਮੁੱਖ ਸੇਵਾਦਾਰ ਡੇਰਾ ਗਿਆਨਪੁਰੀ ਵਿਛੋਹੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਰਾਗੀ ਜਥੇ ਭਾਈ ਹਰਜਾਚਕ ਸਿੰਘ, ਭਾਈ ਅੰਮ੍ਰਿਤਪਾਲ ਸਿੰਘ , ਭਾਈ ਪ੍ਰਗਟ ਸਿੰਘ, ਭਾਈ ਗੁਰਬਚਨ ਸਿੰਘ ਦੇ ਜਥਿਆਂ ਵਲੋਂ ਬੈਰਾਗਮਈ ਕੀਰਤਨ ਰਾਹੀਂ ਸੰਗਤਾਂ ਨੂੰ ਮੰਤਰ ਮੁਗਧ ਕੀਤਾ। ਇਸ ਮੌਕੇ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸ਼ਖਸ਼ੀਅਤਾਂ ਵਲੋਂ ਸੰਤ ਬੀਬੀ ਸੰਤੋਸ਼ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਸੰਤ ਧਰਮ ਪਾਲ ਸ਼ੇਰਗੜ ਸਟੇਜ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਸੰਤ ਸੰਤੋਸ਼ ਜੀ ਡੇਰਾ ਗਿਆਨਪੁਰੀ ਦੇ ਬਹੁਤ ਸ਼ਰਧਾਵਾਨ, ਸਿਆਣੇ ਅਤੇ ਮਿਠਬੋਲੜੇ ਸੁਭਾਅ ਦੇ ਸੱਚੇ ਸੁੱਚੇ ਸੇਵਕ ਸ਼ਨ ਜਿਨ੍ਹਾਂ ਨੇ ਆਪਣੇ ਜੀਵਨ ਦਾ ਲੰਮਾ ਸਮਾਂ ਇਨਾਂ ਮਹਾਨ ਪਵਿੱਤਰ ਅਸਥਾਨਾਂ 'ਤੇ ਸੰਗਤਾਂ ਦੀ ਸੇਵਾ ਕੀਤੀ। ਉਨ੍ਹਾਂ ਦੱਸਿਆ ਕਿ ਡੇਰਾ ਗਿਆਨਪੁਰੀ ਦਾ ਸਾਰਾ ਪਰਵਾਰ ਅਤੇ ਸੰਗਤਾਂ ਸੰਤ ਬੀਬੀ ਸੰਤੋਸ਼ ਦਾ ਬਹੁਤ ਸਤਿਕਾਰ ਕਰਦੇ ਸਨ ਉਨਾਂ ਕਿਹਾ ਉਨਾਂ ਦਾ ਪਰਵਾਰ ਉਨ੍ਹਾਂ ਵਲੋਂ ਪਾਏ ਪੂਰਨਿਆਂ 'ਤੇ ਚੱਲਦਾ ਰਹੇਗਾ। ਇਸ ਮੌਕੇ ਸੰਤ ਮਨਜੀਤ ਦਾਸ, ਸੰਤ ਸਤਨਾਮ ਦਾਸ ਨੇ ਡੇਰਾ ਗਿਆਨਪੁਰੀ ਵਿਛੋਹੀ ਵਿਖੇ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਸੰਤ ਰਾਮ ਲੁਭਾਇਆ ਬੂਟਾ ਮੰਡੀ ਜਲੰਧਰ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਪਵਨ ਦਾਸ ਤਾਜੇਵਾਲ, ਸਰਪੰਚ ਜਸਵੰਤ ਸਿੰਘ ਵਿਛੋਹੀ, ਕੈਪਟਨ ਹਰਮੇਲ ਸਿੰਘ, ਸੂਬੇਦਾਰ ਹਰਮੇਸ਼ ਸਿੰਘ, ਹਰਮੇਸ਼ ਸਿੰਘ, ਹਰਨੇਕ ਸਿੰਘ ਚੌਂਤਾ ਲੁਧਿਆਣਾ, ਜਗਤਾਰ ਸਿੰਘ ਤਲਵੰਡੀ ਜੱਟਾਂ, ਰਾਜ ਕੁਮਾਰ ਮੁੱਲਾਂ ਪੁਰ ਅਤੇ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਵਰਧਾਨ ਸਿੱਧ ਹੋ ਰਹੀ ਹੈ ਸਿੱਖਿਆ ਬੋਰਡ ਦੀ 'ਤਤਕਾਲ ਸੇਵਾ'



**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਰੰਭੀ ਗਈ 'ਤਤਕਾਲ ਸੇਵਾ' ਪੰਜਾਬ ਭਰ ਦੇ ਵਿਦਿਆਰਥੀਆਂ ਲਈ ਵਰਦਾਨ ਸਿੱਧ ਹੋ ਰਹੀ ਹੈ। ਇਸ ਸੇਵਾ ਅਧੀਨ ਬੋਰਡ ਤੋਂ ਸਰਟੀਫਿਕੇਟ ਦੀ ਦੂਸਰੀ ਕਾਪੀ ਜਾ ਡੂਪਲੀਕੇਟ ਸਰਟੀਫਿਕੇਟ 4 ਤੋਂ 5 ਘੰਟੇ ਦੇ ਅੰਦਰ ਹੀ ਜਾਰੀ ਕਰ ਦਿੱਤਾ ਜਾਂਦਾ ਹੈ, ਜਿਸ ਨਾਲ ਖਾਸਕਰ ਇੰਟਰਵਿਊ ਆਦਿ ਲਈ ਲੋੜੀਂਦੇ ਦਸਤਾਵੇਜ਼ ਇੱਕ ਹੀ ਦਿਨ ਵਿੱਚ ਉਮੀਦਵਾਰਾਂ ਦੇ ਹੱਥ ਆ ਜਾਂਦੇ ਹਨ। ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਪ੍ਰਾਪਤ ਕੀਤੀ ਗਈ ਜਾਣਕਾਰੀ ਅਨੁਸਾਰ ਇਸੇ ਸਾਲ ਜੂਨ ਤੋਂ ਅਰੰਭੀ ਗਈ ਤਤਕਾਲ ਸਰਟੀਫਿਕੇਟ ਸੇਵਾ ਦੇ ਅਧੀਨ ਹੁਣ ਤੱਕ ਲਗਪਗ 4500 ਸਰਟੀਫਿਕੇਟ ਜਾਰੀ ਕੀਤੇ ਜਾ ਚੁੱਕੇ ਹਨ ਜੋ ਕਿ ਸਿਰਫ਼ 4 ਤੋਂ 5 ਘੰਟੇ ਦੇ ਵਕਫ਼ੇ 'ਚ ਹੀ ਅਰਜ਼ੀਦਾਤਾ ਨੂੰ ਬੋਰਡ ਦੇ ਮੁੱਖ ਦਫਤਰ ਤੋਂ ਜਾਰੀ ਕਰ ਦਿੱਤੇ ਗਏ ਹਨ। ਅਜਿਹੇ ਸਰਟੀਫਿਕੇਟ ਪ੍ਰਾਪਤ ਕਰਨ ਵਾਲੇ ਬਿਨੈਕਾਰਾਂ 'ਚ ਬਹੁ ਗਿਣਤੀ ਸੈਨਿਕ ਭਰਤੀ ਲਈ ਜਾਂ ਅੰਬੈਸੀ ਇੰਟਰਵਿਊ ਦੇਣ ਵਾਲੇ ਨੌਜਵਾਨਾਂ ਤੇ ਮੁਟਿਆਰਾਂ ਦੀ ਹੀ ਹੈ। ਚੇਅਰਪਰਸਨ ਡਾ. ਸਤਬੀਰ ਬੇਦੀ ਜੋ ਕਿ ਸੇਵਾਮੁਕਤ ਆਈ.ਏ.ਐੱਸ ਅਧਿਕਾਰੀ ਵੀ ਹਨ ਵੱਲੋਂ ਜ਼ੋਰ ਦੇ ਕੇ ਅਰੰਭ ਕਰਵਾਈ ਗਈ ਇਸ ਸੇਵਾ ਅਤੇ ਹੋਰ ਕਾਰਵਾਈਆਂ ਦੀ ਹਫਤਾਵਰੀ ਸਮੀਖਿਆ ਵਿੱਚ 'ਤਤਕਾਲ ਸੇਵਾ' ਉੱਤੇ ਬਕਾਇਦਾ ਨਜ਼ਰ ਰੱਖੀ ਜਾ ਰਹੀ ਹੈ। ਸੂਤਰਾਂ ਅਨੁਸਾਰ 'ਤਤਕਾਲ ਸੇਵਾ' ਦਾ ਲਾਭ ਆਨ-ਲਾਈਨ ਬਿਨੈ-ਪੱਤਰ ਰਾਹੀਂ ਵੀ ਲਿਆ ਜਾ ਸਕਦਾ ਹੈ ਜਿਸ ਅਧੀਨ ਬਿਨੈ-ਪੱਤਰ ਪ੍ਰਾਪਤ ਹੋਣ ਤੋਂ 48 ਘੰਟੇ ਦੇ ਅੰਦਰ-ਅੰਦਰ ਹੀ ਸਰਟੀਫਿਕੇਟ ਬਿਨੈਕਾਰ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਦਿੱਤਾ ਜਾਂਦਾ ਹੈ।

# ਸਿੱਖਿਆ ਦੇ ਖੇਤਰ 'ਚ ਨਵਾਂ ਇਤਿਹਾਸ ਸਿਰਜੇਗੀ ਮਾਨ ਸਰਕਾਰ : ਸੁਖਦੀਪ ਅੱਪਰਾ

**ਫਿਲੌਰ ( ਨਿਰਮਲ, ਹਰਜਿੰਦਰ ਕੌਰ ਚਾਹਲ )**-ਬੀਤੇ ਦਿਨੀਂ ਪੰਜਾਬ ਸਰਕਾਰ ਵਲੋਂ ਬਣਾਏ ਸਕੂਲ ਆਫ਼ ਐਮੀਨਸ ਜਿਸਦਾ ਉਦਘਾਟਨ ਆਮ ਆਦਮੀ ਪਾਰਟੀ ਦੇ ਕੌਮੀ ਕਨਵਿਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਅੰਮ੍ਰਿਤਸਰ ਵਿਖੇ ਕੀਤਾ ਗਿਆ ਸੀ, ਇਸ ਉੱਤਮ ਸਿੱਖਿਆ ਵਾਲੇ ਸਕੂਲ ਬਾਰੇ ਦਸਦਿਆਂ ਆਪ ਪੰਜਾਬ ਦੇ ਆਗੂ ਸੁਖਦੀਪ ਅੱਪਰਾ ਨੇ ਕਿਹਾ ਕਿ ਇਹ ਸਕੂਲ ਨਹੀਂ ਬਲਕਿ ਇਕ ਕ੍ਰਾਂਤੀ ਦੀ ਸ਼ੁਰੂਆਤ ਹੋ ਚੁੱਕੀ ਹੈ ਜੋ ਬਾਕੀ ਦੇਸ਼ ਲਈ ਮਿਸਾਲ ਬਣੇਗਾ।

ਅੱਪਰਾ ਨੇ ਕਿਹਾ ਕਿ ਦਿੱਲੀ ਵਿਖੇ ਕੇਜਰੀਵਾਲ ਸਰਕਾਰ ਵਲੋਂ ਬਣਾਏ ਸਕੂਲਾਂ ਦੀ ਤਰਜ 'ਤੇ ਇਹੋ ਜਿਹੇ ਉੱਤਮ ਸਿੱਖਿਆ ਵਾਲੇ ਸਕੂਲ ਪੂਰੇ ਪੰਜਾਬ ਚ ਖੋਲ੍ਹੇ ਜਾਣਗੇ ਜਿਸ 'ਚ ਵੱਡੇ ਵੱਡੇ ਪ੍ਰਾਈਵੇਟ ਸਕੂਲਾਂ ਤੋਂ ਹਟਕੇ ਬੱਚੇ ਇਥੇ ਦਾਖਲਾ ਲੈਣਾ ਸੁਭਾਗ ਸਮਝਣਗੇ। ਅੱਪਰਾ ਨੇ ਕਿਹਾ ਕਿ ਇਹ ਉਹ ਸਕੂਲ ਹੋਣਗੇ ਜਿਥੇ ਇਕ ਜੱਜ ਅਤੇ ਇਕ ਮਜ਼ਦੂਰ ਦੇ ਬੱਚੇ ਇਕੱਠੇ ਪੜ੍ਹਨਗੇ ਇਹਨਾਂ ਸਕੂਲਾਂ ਚ ਕੇਵਲ ਸਿੱਖਿਆ ਨਹੀਂ ਦਿੱਤੀ ਜਾਵੇਗੀ ਸਗੋਂ ਬੱਚਿਆਂ ਨੂੰ ਉਹਨਾਂ ਦੀ ਰੁਚੀ ਅਨੁਸਾਰ ਆਪਣਾ ਭਵਿੱਖ ਸਮਝਣ ਦੇ ਕਾਬਲ ਬਣਾਇਆ ਜਾਵੇਗਾ।

ਓਹਨਾ ਕਿਹਾ ਕਿ ਇਸ ਤਰਾਂ ਦੇ ਸਕੂਲ ਹਰ ਵਿਧਾਨ ਸਭਾ ਹਲਕੇ ਚ ਖੋਲ੍ਹੇ ਜਾਣਗੇ ਅਤੇ ਆਉਣ ਵਾਲੇ ਸਾਲਾਂ 'ਚ ਇਹਨਾਂ ਦੀ ਗਿਣਤੀ ਚ ਵਾਧਾ ਕੀਤਾ ਜਾਵੇਗਾ, ਅੱਪਰਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਿੱਖਿਆ ਦੇ ਖੇਤਰ ਚ 100% ਵਧੀਆ ਨਤੀਜੇ ਪੰਜਾਬ ਦੇ ਲੋਕਾਂ ਨੂੰ ਦੇਣਗੇ ਤਾਂ ਜੋ ਪੰਜਾਬ ਦੀ ਜਨਤਾ ਨੂੰ ਸਰਕਾਰ ਦੇ ਕਾਰਜਾਂ ਤੇ ਮਾਣ ਹੋਵੇਗਾ।

# ਸਨਅਤਕਾਰਾਂ ਨੇ ਮਾਨ ਸਰਕਾਰ ਦੀ ਕੀਤੀ ਸ਼ਲਾਘਾ

**ਜਲੰਧਰ ( ਸੈਲੀ ਐਲਬਰਟ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨਾਲ ਮਿਲ ਕੇ ਪੰਜਾਬ ਦੇ ਸਨਅਤਕਾਰਾਂ ਦੇ ਮਸਲੇ ਸੁਣਨ ਲਈ ਜਲੰਧਰ ਤੇ ਅੰਮ੍ਰਿਤਸਰ 'ਚ 'ਸਰਕਾਰ ਸਨਅਤਕਾਰ ਮਿਲਨੀ' ਦਾ ਆਯੋਜਨ ਕੀਤਾ। ਪੰਜਾਬ ਸਰਕਾਰ ਦੀ ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ 'ਚ ਸਨਅਤਕਾਰਾਂ ਅਤੇ ਵਪਾਰੀਆਂ ਨਾਲ ਮੀਟਿੰਗ ਕਰਕੇ, ਮੁੱਖ ਮੰਤਰੀ ਭਗਵੰਤ ਮਾਨ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਹੱਲ ਕੀਤਾ। ਉਦਯੋਗਪਤੀਆਂ ਨੇ ਮਾਨ ਸਰਕਾਰ ਵੱਲੋਂ ਸੈਕਟਰ ਵਿੱਚ ਸੁਧਾਰ ਲਈ ਕੀਤੇ ਜਾ ਰਹੇ ਯਤਨਾਂ ਦੀ ਸਲਾਘਾ ਕਰਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਉਨ੍ਹਾਂ ਦੇ ਮਸਲਿਆਂ ਨੂੰ ਸਾਲਾਂ ਤੱਕ ਪੂਰੀ ਤਰ੍ਹਾਂ ਅਣਗੌਲਿਆ ਕੀਤਾ ਪਰ ਪੰਜਾਬ ਵਿੱਚ ਸਰਕਾਰ ਬਦਲਣ ਨਾਲ ਅਸੀਂ ਹੁਣ ਸਹੀ ਰਾਹ 'ਤੇ ਚੱਲ ਰਹੇ ਹਾਂ। ਅਮਿਤ ਥਾਪਰ, ਚੇਅਰਮੈਨ ਉੱਤਰੀ ਖੇਤਰ ਨਿਰਯਾਤ ਟਾਸਕ ਫੋਰਸ ਅਤੇ ਪ੍ਰਧਾਨ ਗੰਗਾ ਐਕਰੋਵੂਲਜ ਲਿਮਿਟੇਡ, ਨੇ ਕਿਹਾ ਕਿ ਉਦਯੋਗ ਦਰਪੇਸ਼ ਵਿਰਾਸਤੀ ਮੁੱਦਿਆਂ ਵੱਲ ਧਿਆਨ ਦੇ ਕੇ ਸਰਕਾਰ ਦੁਆਰਾ ਦਿਖਾਈ ਗਈ ਕਿਰਿਆਸ਼ੀਲਤਾ ਸ਼ਲਾਘਾਯੋਗ ਹੈ। ਉਨਾਂ ਅੱਗੇ ਕਿਹਾ ਕਿ ਬਿਲਡਿੰਗ ਪਲਾਨ ਅਤੇ ਫੈਕਟਰੀ ਲੇਆਉਟ ਦੀ ਕਲੀਅਰੈਂਸ ਲਈ ਇੱਕ ਸਿੰਗਲ ਏਜੰਸੀ ਦੀ ਲੰਬੇ ਸਮੇਂ ਤੋਂ ਲੰਬਿਤ ਮੰਗ ਆਖਰਕਾਰ ਅਕਤੂਬਰ 2022 ਵਿੱਚ ਰੰਗੀਨ ਸਟੈਂਪ ਪੇਪਰ ਨਾਲ ਪੂਰੀ ਕੀਤੀ ਗਈ ਸੀ, ਜੋ ਪਹਿਲਾਂ ਹੀ ਸੂਚਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸੈਕਟਰ ਵਿੱਚ ਲਿਆਂਦੇ ਸੁਧਾਰਾਂ ਨੇ ਕਾਰੋਬਾਰਾਂ ਨੂੰ ਵਧਣ-ਫੁੱਲਣ ਅਤੇ ਆਸਾਨੀ ਨਾਲ ਅੱਗੇ ਵਧਣ ਵਿੱਚ ਮਦਦ ਕੀਤੀ ਹੈ। ਮਾਨ ਸਰਕਾਰ ਦੇ ਉਦਯੋਗਪਤੀਆਂ ਨੂੰ ਪੰਜਾਬ ਤੋਂ ਭੱਜਣ ਤੋਂ ਰੋਕਣ ਦੇ ਦਾਅਵੇ ਦਾ ਸਮਰਥਨ ਕਰਨ ਲਈ, ਵਰਧਮਾਨ ਸਟੀਲਜ ਦੇ ਸਚਿਤ ਜੈਨ ਨੇ ਕਿਹਾ ਕਿ ਪੰਜਾਬ 'ਚ ਹੁਣ ਇੱਕ ਬਹੁਤ ਵਧੀਆ, ਪਹੁੰਚਯੋਗ ਅਤੇ ਜਵਾਬਦੇਹ ਸਰਕਾਰ ਹੈ। ਅਸੀਂ ਪੰਜਾਬ 'ਚ ਸੁਰੱਖਿਅਤ ਅਤੇ ਸਹਿਜ ਮਹਿਸੂਸ ਕਰਦੇ ਹਾਂ ਅਤੇ ਰਾਜ 'ਚ ਹੋਰ ਵਿਸਥਾਰ ਕਰਨ ਦੀ ਯੋਜਨਾ ਬਣਾ ਰਹੇ ਹਾਂ।

# ਸੀ ਐੱਚ ਸੀ ਸ਼ੰਕਰ ਵਿਖੇ ਆਯੂਸ਼ਮਾਨ ਭਵ ਯੋਜਨਾ ਦੇ ਉਦਘਾਟਨ ਦਾ ਲਾਈਵ ਪ੍ਰਸਾਰਣ ਦਿਖਾਇਆ



**ਮਹਿਤਪੁਰ, (ਰਾਜਾ)** ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਆਯੂਸ਼ਮਾਨ ਭਵ ਯੋਜਨਾ ਦਾ ਉਦਘਾਟਨ ਦਿੱਲੀ ਕੀਤਾ ਗਿਆ, ਜਿਸ ਦਾ ਸਿੱਧਾ ਪ੍ਰਸਾਰਣ ਸੀ.ਐਚ.ਸੀ. ਸ਼ੰਕਰ 'ਚ ਐਸ ਐਮ ਓ ਡਾ. ਪ੍ਰਤਿਭਾ ਮੰਗੋਤਰਾ ਦੀ ਅਗਵਾਈ ਹੇਠ ਕੀਤਾ ਗਿਆ। ਇਸ ਦੌਰਾਨ ਡਾ: ਮਨਦੀਪ, ਡਾ: ਸ਼ਿਵਾਲੀ, ਡਾ. ਅੰਮ੍ਰਿਤਪਾਲ ਅਤੇ ਸੰਜੀਵ ਵੀ ਹਾਜ਼ਰ ਸਨ, ਪਿੰਡ ਦੇ ਪਤਵੰਤੇ ਅਤੇ ਅਰਦਾਸ ਵੈਲਫੇਅਰ ਸੁਸਾਇਟੀ ਦੇ ਮੈਂਬਰ ਵੀ ਮੌਜੂਦ ਸਨ। ਓਹਨਾ ਨੂੰ ਪ੍ਰੋਗਰਾਮ ਬਾਰੇ ਜਾਣੂੰ ਕਰਵਾਇਆ ਗਿਆ। ਇਸ ਯੋਜਨਾ ਦਾ ਮੁੱਖ ਮੰਤਵ ਪਿੰਡ ਦੇ ਹਰ ਘਰ ਵਿਚ ਮੁਫਤ ਸਿਹਤ ਸਹੂਲਤਾਂ ਦੇਣਾ ਹੈ। ਆਯੁਸ਼ਮਾਨ ਭਾਰਤ ਬੀਮਾ ਯੋਜਨਾ ਦੇ ਜਿੰਨੇ ਵੀ ਲਾਭਪਾਤਰੀ ਹਨ ਓਹਨਾ ਸਭ ਦੇ 100% ਕਵਰੇਜ ਕੀਤੀ ਜਾਣੀ ਹੈ, ਇਸ ਨੂੰ ਕਰਨ ਲਈ ਆਯੁਸ਼ਮਾਨ ਆਪਕੇ ਦੁਆਰ। ਆਯੁਸਮਾਨ ਮੇਲੇ ਦੌਰਾਨ ਹਰ ਤਰ੍ਹਾਂ ਦੀ ਉੱਚੇਰੀ ਸਹੂਲਤ ਪ੍ਰਦਾਨ ਕਰਵਾਈ ਜਾਏਗੀ। ਆਯੁਸ਼ਮਾਨ ਸਭਾ ਦੌਰਾਨ ਪਿੰਡ 'ਚ ਸਰਕਾਰੀ ਸਕੀਮ ਦੀ ਜਾਗਰੂਕਤਾ ਕੀਤੀ ਜਾਏਗੀ।

# ਵਿਵੇਕਸ਼ੀਲ ਸੋਨੀ ਵੱਲੋਂ ਘਾਈਮਾਜਰਾ ਨੇੜੇ ਪਲਟੀ ਮਿੰਨੀ ਬੱਸ ਵਾਲੀ ਥਾਂ ਦਾ ਜਾਇਜ਼ਾ

**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)** ਜਿਲ੍ਹਾ ਪੁਲਸ ਮੁਖੀ ਵਿਵੇਕਸ਼ੀਲ ਸੋਨੀ ਨੇ ਦੱਸਿਆ ਕਿ ਨੂਰਪੁਰ ਬੇਦੀ (ਰੂਪਨਗਰ) ਤੋਂ ਬਲਾਚੌਰ (ਨਵਾਂਸ਼ਹਿਰ) ਜਾ ਰਹੀ ਮਿੰਨੀ ਬੱਸ ਘਾਈਮਾਜਰਾ ਪਿੰਡ ਨੇੜੇ ਅਚਾਨਕ ਪਲਟ ਗਈ ਜਿਸ ਉਪਰੰਤ 3 ਗੰਭੀਰ ਜਖਮੀ ਸਵਾਰੀਆਂ ਨੂੰ ਜਿਲ੍ਹਾ ਹਸਪਤਾਲ ਭੇਜਿਆ ਗਿਆ ਅਤੇ ਬਾਕੀ 7 ਸਰਕਾਰੀ ਹਸਪਤਾਲ ਸਿੰਘਪੁਰ 'ਚ ਜੇਰੇ ਇਲਾਜ ਹਨ ਜਦਕਿ 2 ਜਖਮੀ ਪ੍ਰਾਈਵੇਟ ਹਸਪਤਾਲ 'ਚ ਦਾਖਲ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਸੂਚਨਾ ਮਿਲੀ ਕਿ ਨੂਰਪੁਰਬੇਦੀ (ਰੂਪਨਗਰ) ਤੋਂ ਬਲਾਚੌਰ (ਨਵਾਂਸ਼ਹਿਰ) ਜਾ ਰਹੀ ਮਿੰਨੀ ਬੱਸ ਘਾਈਮਾਜਰਾ ਪਿੰਡ ਨੇੜੇ ਪਲਟ ਗਈ ਅਤੇ 12 ਸਵਾਰੀਆਂ ਜਖਮੀ ਹੋ ਗਈਆਂ ਹਨ, ਜਿਸ ਉਪਰੰਤ ਉਨ੍ਹਾਂ ਵਲੋਂ ਤੁਰੰਤ ਐਸ ਐਚ ਓ, ਨੂਰਪੁਰਬੇਦੀ ਅਤੇ ਸੀਨੀਅਰ ਮੈਡੀਕਲ ਅਫਸਰ, ਸਿੰਘਪੁਰ ਨਾਲ ਸੰਪਰਕ ਕੀਤਾ ਗਿਆ ਅਤੇ ਮੌਕੇ 'ਤੇ ਜਾ ਕੇ ਜਖਮੀਆਂ ਦੀ ਮਦਦ ਕਰਨ ਲਈ ਕਿਹਾ। ਉਨ੍ਹਾਂ ਦੱਸਿਆ ਕਿ ਕੇਵਲ ਇੱਕ ਜਖਮੀ ਮਹਿਲਾ ਦੀ ਲੱਤ ਟੁੱਟਣ ਅਤੇ ਸਿਹਤ ਨਾਜ਼ੁਕ ਹੋਣ ਕਾਰਣ ਸਰਕਾਰੀ ਹਸਪਤਾਲ 32 ਚੰਡੀਗੜ੍ਹ ਵਿੱਚ ਰੈਫ਼ਰ ਕੀਤਾ ਗਿਆ ਹੈ ਅਤੇ ਬਾਕੀ ਮਰੀਜ ਠੀਕ ਹਨ। ਇਸ ਮੌਕੇ ਐਸ.ਡੀ.ਐਮ ਅਤੇ ਡੀ.ਐਸ.ਪੀ ਅਨੰਦਪੁਰ ਸਾਹਿਬ ਵੀ ਮੌਜੂਦ ਸਨ।



# ਪ੍ਰਵਾਸੀ ਮਜ਼ਦੂਰ ਤੋਂ 2 ਹਜ਼ਾਰ ਰੁਪਏ ਤੇ ਮੋਬਾਈਲ ਖੋਹ ਕੇ ਫਰਾਰ

**ਫਿਲੌਰ (ਨਿਰਮਲ)**-ਫਿਲੌਰ ਰੇਲਵੇ ਸਟੇਸ਼ਨ ਨਜ਼ਦੀਕ ਚਾਕੂ ਦੀ ਨੋਕ 'ਤੇ ਪ੍ਰਵਾਸੀ ਮਜ਼ਦੂਰ ਤੋਂ 2 ਹਜ਼ਾਰ ਰੁਪਏ ਅਤੇ ਮੋਬਾਈਲ ਖੋਹਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਵਾਸੀ ਮਜ਼ਦੂਰ ਭਾਰਤੀ ਨੇ ਦੱਸਿਆ ਕਿ ਉਹ ਪੱਛਮੀ ਬੰਗਾਲ ਤੋਂ ਪੰਜਾਬ ਦੇ ਪਿੰਡ ਕੰਡਿਆਣਾ ਵਿਖੇ ਕੰਮ ਕਰਨ ਲਈ ਆਏ ਸਨ ਕਿ ਜਦੋਂ ਅਸੀਂ ਰੇਲਵੇ ਸਟੇਸਨ ਤੋਂ ਗੱਡੀ ਉੱਤਰ ਕੇ ਬਾਹਰ ਨੂੰ ਆ ਰਹੇ ਸੀ ਕਿ ਚਾਰ ਲੁਟੇਰੇ ਚਾਕੂ ਦੀ ਨੋਕ 'ਤੇ 2 ਹਜ਼ਾਰ ਰੁਪਏ ਅਤੇ ਇੱਕ ਮੋਬਾਈਲ ਖੋਹ ਕੇ ਫਰਾਰ ਹੋ ਗਏ।



# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ 'ਚ ਕਰਵਾਏ ਭਾਸ਼ਣ ਮੁਕਾਬਲੇ



**ਅੱਡਾ ਸਰਾਂ , (ਕਾਜਲ)**-ਗੁਰੂ ਗੋਬਿੰਦ ਸਿੰਘ ਐਜੂਕੇਸ਼ਨਲ ਸੁਸਾਇਟੀ ਬੋਕਾਰੋ (ਝਾਰਖੰਡ) ਅਧੀਨ ਚਲਾਏ ਜਾ ਰਹੇ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ ਵਿਖੇ ਮੈਨੇਜਮੈਂਟ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਭਾਸ਼ਣ ਮੁਕਾਬਲੇ ਕਰਵਾਏ ਗਏ। ਪ੍ਰਿੰਸੀਪਲ ਹਰਜੀਤ ਸਿੰਘ ਦੀ ਦੇਖਰੇਖ 'ਚ ਕਰਵਾਏ ਗਏ ਇਨ੍ਹਾਂ ਮੁਕਾਬਲਿਆਂ 'ਚ ਦੱਸਵੀਂ ਕਲਾਸ ਨਾਲ ਸੰਬੰਧਿਤ ਵੱਖ ਵੱਖ ਹਾਊਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਤਰਸੇਮ ਸਿੰਘ, ਵਾਇਸ ਪ੍ਰਧਾਨ ਬਲਵੀਰ ਸਿੰਘ ਤੱਗੜ, ਮੈਨੇਜਮੈਂਟ ਮੈਂਬਰ ਰਾਜਵਿੰਦਰ ਸਿੰਘ ਢਿੱਲੋਂ ਅਤੇ ਮੋਹਨ ਲਾਲ ਰੂਪਰਾਏ ਮੁੱਖ ਮਹਿਮਾਨ ਦੇ ਰੂਪ 'ਚ ਸ਼ਾਮਲ ਹੋਏ। ਬੱਚਿਆਂ ਵਲੋਂ ਸਿੱਖ ਇਤਿਹਾਸ ਦੇ ਮਹਾਨ ਨਾਇਕਾ ਬੰਦਾ ਸਿੰਘ ਬਹਾਦਰ, ਮਹਾਰਾਜਾ ਰਣਜੀਤ ਸਿੰਘ, ਬਾਬਾ ਦੀਪ ਸਿੰਘ ਅਤੇ ਚੰਦਰਯਾਨ 3 ਆਦਿ ਦੇ ਵਿਸ਼ਿਆਂ ਉੱਪਰ ਚਾਨਣਾ ਪਾਇਆ ਗਿਆ। ਇਸ ਦੌਰਾਨ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਵੱਲੋਂ ਮਹਿਲਾ ਸਸ਼ਕਤੀਕਰਨ ਨੂੰ ਦਰਸਾਉਂਦਾ ਹੋਇਆ ਮਾਇਮ ਐਕਟ ਪੇਸ਼ ਕੀਤਾ ਗਿਆ। ਭਾਸ਼ਣ ਮੁਕਾਬਲੇ ਬਾਬਾ ਜੁਝਾਰ ਸਿੰਘ ਹਾਊਸ ਦੀ ਵਿਦਿਆਰਥਣ ਅਵਰੀਤ ਕੌਰ ਪਹਿਲੇ ਸਥਾਨ ਤੇ ਰਹੀ, ਜ਼ੋਰਾਵਰ ਸਿੰਘ ਹਾਊਸ ਦੀ ਜਪਨੀਰ ਕੌਰ ਦੂਜੇ ਅਤੇ ਬਾਬਾ ਜੁਝਾਰ ਸਿੰਘ ਹਾਊਸ ਦੀ ਗੁਰਲੀਨ ਕੌਰ ਤੀਜੇ ਸਥਾਨ ਤੇ ਰਹੀ। ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਅਤੇ ਉਕਤ ਜੇਤੂਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਧਾਨ ਤਰਸੇਮ ਸਿੰਘ ਨੇ ਵਿਦਿਆਰਥੀਆਂ ਨੂੰ ਸੇਧ ਭਰੀਆਂ ਗੱਲਾਂ ਨਾਲ ਨਿਵਾਜਿਆ। ਇਸ ਮੌਕੇ ਸਮੂਹ ਸਟਾਫ ਮੈਂਬਰ ਮੌਜੂਦ ਰਹੇ।

# ਡਾ. ਐੱਸ ਐੱਸ ਆਹਲੂਵਾਲੀਆ ਨੇ ਗੁਰਦੁਆਰਾ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਵਿਖੇ ਲਗਵਾਈ ਹਾਜ਼ਰੀ



**ਬਹਿਰਾਮ (ਅਵਤਾਰ ਕਲੇਰ)** ਗੁਰਦੁਆਰਾ ਸ੍ਰੀ ਨਾਭ ਕੰਵਲ ਰਾਜਾ ਸਾਹਿਬ, ਪਿੰਡ ਮਜਾਰਾ ਨੌ ਅਬਾਦ, ਬੰਗਾ ਵਿਖੇ ਰਾਜਾ ਸਾਹਿਬ ਦੀ 83ਵੀਂ ਸਾਲਾਨਾ ਬਰਸੀ ਮੌਕੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਸਕੱਤਰ ਅਤੇ ਪੰਜਾਬ ਜਲ ਸਪਲਾਈ ਅਤੇ ਸੀਵਰੇਜ਼ ਬੋਰਡ ਦੇ ਚੇਅਰਮੈਨ ਡਾ. ਐਸ ਐਸ ਆਹਲੂਵਾਲੀਆ ਨੇ ਹਾਜ਼ਰੀ ਭਰੀ। ਇਸ ਮੌਕੇ ਉਨ੍ਹਾਂ ਦੇ ਨਾਲ ਬੰਗਾ ਤੋਂ ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ, ਮਾਰਕਿਟ ਕਮੇਟੀ ਬੰਗਾ ਦੇ ਚੇਅਰਮੈਨ ਬਲਵੀਰ ਸਿੰਘ ਕਰਨਾਣਾ ਅਤੇ ਵਪਾਰ ਮੰਡਲ ਬੰਗਾ ਦੇ ਚੇਅਰਮੈਨ ਸਾਗਰ ਅਰੋੜਾ ਵੀ ਮੌਜੂਦ ਰਹੇ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਇੰਦਰਜੀਤ ਸਿੰਘ ਨੇ ਦੱਸਿਆ ਕਿ ਰਾਜਾ ਸਾਹਿਬ ਦੀ 83ਵੀਂ ਬਰਸੀ ਦੇ ਸੰਬੰਧ ਪਿਛਲੇ 70 ਤੋਂ ਦਿਨਾਂ ਤੋਂ ਗੁਰਦੁਆਰਾ ਸਾਹਿਬ ਦੇ 'ਚ ਅਖੰਡ ਸਾਹਿਬ ਦੀ ਲੜੀ ਚੱਲ ਰਹੀ ਸੀ। ਭਾਦੋਂ ਦੇ ਮਹੀਨੇ ਦੀ ਮੱਸਿਆ ਨੂੰ ਹਰ ਸਾਲ ਰਾਜਾ ਸਾਹਿਬ ਦੀ ਬਰਸੀ ਮਨਾਈ ਜਾਂਦੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਰਾਜਾ ਸਾਹਿਬ ਦੇ ਨਾਮ 'ਤੇ ਪਿੰਡ 'ਚ ਸ੍ਰੀ ਨਾਭ ਕੰਵਲ ਚੈਰੀਟੇਬਲ ਹਸਪਤਾਲ ਵੀ ਚਲਾਇਆ ਜਾ ਰਿਹਾ ਹੈ। ਜਿਸਦੇ 'ਚ 70 ਬੈੱਡ ਦਾ ਪ੍ਰਬੰਧ ਹੈ ਅਤੇ 24 ਘੰਟੇ ਐਮਰਜੈਂਸੀ ਦੀ ਸਹੂਲਤ ਵੀ ਉਪਲੱਬਧ ਹੈ। ਉਨ੍ਹਾਂ ਕਿਹਾ ਆਉਣ ਵਾਲੇ ਦਿਨਾਂ ਦੇ 'ਚ ਭਰੋ ਮਜਾਰਾ ਤੋਂ ਪਿੰਡ ਮਜਾਰਾ ਨੌ ਅਬਾਦ ਤੱਕ ਸੜਕ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ, ਜਿਸ ਨਾਲ ਗੁਰਦੁਆਰਾ ਸਾਹਿਬ 'ਚ ਆਉਣ ਵਾਲੀਆਂ ਸੰਗਤਾਂ ਅਤੇ ਆਮ ਲੋਕਾਂ ਨੂੰ ਬਹੁਤ ਅਸਾਨੀ ਹੋਵੇਗੀ। ਇਸ ਮੌਕੇ ਗੁਰਦੁਆਰਾ ਸਾਹਿਬ ਦੀ ਕਮੇਟੀ ਵਲੋਂ ਡਾ. ਐਸ.ਐਸ. ਆਹਲੂਵਾਲੀਆ ਅਤੇ ਕੁਲਜੀਤ ਸਿੰਘ ਸਰਹਾਲ ਨੂੰ ਸਨਮਾਨਿਤ ਵੀ ਕੀਤਾ ਗਿਆ।

# ਵਲੰਟੀਅਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ : ਸੇਵਕ ਪਾਲ ਸਿੰਘ



**ਕਾਲਾ ਸੰਘਿਆਂ, (ਮਨਜੀਤ ਮਾਨ)**- ਸਥਾਨਕ ਕਸਬੇ 'ਚ ਨਕੋਦਰ ਰੋਡ 'ਤੇ ਆਮ ਆਦਮੀ ਪਾਰਟੀ ਦੀ ਮੀਟਿੰਗ ਬਲਾਕ ਪੱਧਰੀ ਮੀਟਿੰਗ ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ 'ਚ ਵਿਸ਼ੇਸ ਤੌਰ 'ਤੇ ਹਲਕਾ ਕਪੂਰਥਲਾ ਦੇ ਕੋਆਰਡੀਨੇਟਰ ਸੇਵਕ ਪਾਲ ਸਿੰਘ, ਇਮਪਰੂਵਮੈਂਟ ਟਰੱਸਟ ਦੇ ਚੇਅਰਮੈਨ ਗੁਰਪਾਲ ਇੰਡੀਅਨ, ਜਗਜੀਤ ਸਿੰਘ ਬਿੱਟੂ ਚੇਅਰਮੈਨ ਮਾਰਕੀਟ ਕਮੇਟੀ, ਹਲਕਾ ਇੰਚਾਰਜ ਮੰਜੂ ਰਾਣਾ ਸ਼ਾਮਿਲ ਹੋਏ। ਪਾਰਟੀ ਦੇ ਕੋਡੀਨੇਟਰ ਸੇਵਕ ਪਾਲ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਲੰਟੀਅਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ ਪਾਰਟੀ ਨੂੰ ਆਪਣੇ ਵਲੰਟੀਅਰ ਸਾਥੀਆਂ ਤੇ ਪੂਰਾ ਮਾਣ ਹੈ ਅਤੇ ਪਾਰਟੀ ਵੱਲੋਂ ਇਨ੍ਹਾਂ ਵਲੰਟੀਅਰ ਸਾਥੀਆਂ ਨੂੰ ਬਣਦਾ ਮਾਨ ਸਤਿਕਾਰ ਵੀ ਦਿੱਤਾ ਜਾ ਰਿਹਾ ਹੈ। ਇਸ ਮੌਕੇ ਅਲਗ-ਅਲਗ ਸਰਕਲ ਇੰਚਾਰਜ ਵੱਲੋਂ ਪਿੰਡਾਂ 'ਚ ਆ ਰਹੀਆਂ ਮੁਸ਼ਕਲਾਂ ਦਾ ਵੀ ਜਿਕਰ ਕੀਤਾ ਅਤੇ ਪਾਰਟੀ ਦੇ ਵਲੰਟੀਅਰ ਸਾਥੀਆਂ ਅਤੇ ਹੋਰ ਪਿੰਡਾਂ ਦੇ ਲੋਕਾਂ ਵੱਲੋਂ ਆਪਣੀਆਂ ਮੁਸਕਲਾਂ ਸੰਬੰਧੀ ਵੀ ਗੱਲਬਾਤ ਕੀਤੀ ਅਤੇ ਕਈ ਮੁਸਕਲਾਂ ਤਾਂ ਮੌਕੇ ਹੱਲ ਕਰ ਦਿੱਤੀਆਂ ਗਈਆਂ ਅਤੇ ਕਈ ਮੁਸ਼ਕਲਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਇਸ ਮੀਟਿੰਗ 'ਚ ਬਲਾਕ ਦੇ ਸਾਰੇ ਸਰਕਲ ਪ੍ਰਧਾਨ, ਬਲਾਕ ਦੀ ਸਾਰੀ ਟੀਮ ਅਤੇ ਇਲਾਕੇ ਦੇ ਲੋਕ ਸ਼ਾਮਲ ਸਨ।

# 'ਆਯੂਸ਼ਮਾਨ ਭਵ' ਪ੍ਰੋਗਰਾਮ ਆਮ ਲੋਕਾਂ ਦੀ ਸਿਹਤ ਲਈ ਹੋਵੇਗਾ ਵਰਦਾਨ ਸਾਬਤ : ਡਿਪਟੀ ਕਮਿਸ਼ਨਰ



**ਨਵਾਂਸ਼ਹਿਰ, (ਮਨੋਜ ਲਾਡੀ)** ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੀ ਯੋਗ ਰਹਿਨੁਮਾਈ ਹੇਠ ਸਿਹਤ ਤੇ ਪਰਵਾਰ ਭਲਾਈ ਵਿਭਾਗ ਨੇ ਜ਼ਿਲ੍ਹੇ ਵਿੱਚ 'ਆਯੂਸ਼ਮਾਨ ਭਵ' ਪ੍ਰੋਗਰਾਮ ਸੰਬੰਧੀ ਆਮ ਲੋਕਾਂ 'ਚ ਜਾਗਰੂਕਤਾ ਫੈਲਾਉਣ ਲਈ ਸਿਹਤ ਸਿੱਖਿਆ ਸਮਗਰੀ ਜਾਰੀ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਿਵਲ ਸਰਜਨ ਸਮੇਤ ਜ਼ਿਲ੍ਹਾ ਸਿਹਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰਦੇ ਹੋਏ ਕਿਹਾ ਕਿ 'ਆਯੂਸ਼ਮਾਨ ਭਵ' ਪ੍ਰੋਗਰਾਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਉਨ੍ਹਾਂ ਕਿਹਾ ਕਿ ਆਯੂਸ਼ਮਾਨ ਭਵ ਪ੍ਰੋਗਰਾਮ ਆਯੋਜਿਤ ਕਰਨ ਲਈ ਸਾਰੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨੇ ਯਕੀਨੀ ਬਣਾਏ ਜਾਣ। ਉਨ੍ਹਾਂ ਦੱਸਿਆ ਕਿ 'ਆਯੂਸ਼ਮਾਨ ਭਵ' ਪ੍ਰੋਗਰਾਮ ਤਹਿਤ 17 ਤੋਂ 2 ਅਕਤੂਬਰ ਤੱਕ ਸੇਵਾ ਪੰਦਰਵਾੜਾ ਮਨਾਇਆ ਜਾ ਰਿਹਾ ਹੈ। ਇਸ ਦੌਰਾਨ ਸਰਕਾਰੀ ਸਿਹਤ ਸੰਸਥਾਵਾਂ ਵਿਚ ਸਵੱਛਤਾ, ਖੂਨਦਾਨ ਕੈਂਪਾਂ ਰਾਹੀਂ ਖੂਨ ਇਕੱਠਾ ਕਰਕੇ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਅਤੇ ਅੰਗਦਾਨ ਕਰਨ ਸਮੇਤ ਵੱਖ-ਵੱਖ ਬਿਮਾਰੀਆਂ ਦੀ ਜਾਂਚ, ਇਲਾਜ ਤੇ ਮੁਫਤ ਸਰਕਾਰੀ ਸਿਹਤ ਸਹੂਲਤਾਂ ਨੂੰ ਪ੍ਰਮੋਟ ਕੀਤਾ ਜਾਵੇਗਾ। ਇਸ ਮੁਹਿੰਮ ਦਾ ਉਦੇਸ਼ ਆਮ ਲੋਕਾਂ ਤੱਕ ਸਾਰੀਆਂ ਸਿਹਤ ਸੇਵਾਵਾਂ ਦਾ ਮੁਕੰਮਲ ਲਾਭ ਪਹੁੰਚਾਉਣਾ ਯਕੀਨੀ ਬਣਾਉਣਾ ਵੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਈ ਵੀ ਵਿਅਕਤੀ, ਕੋਈ ਵੀ ਪਿੰਡ ਤੇ ਕੋਈ ਵੀ ਸ਼ਹਿਰ ਸਿਹਤ ਸਹੂਲਤਾਂ ਤੋਂ ਵਾਂਝਿਆਂ ਨਹੀਂ ਰਹਿਣਾ ਚਾਹੀਦਾ। ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਆਯੂਸ਼ਮਾਨ ਆਪਕੇ ਦਵਾਰ, ਆਯੂਸ਼ਮਾਨ ਸਭਾ, ਆਯੂਸ਼ਮਾਨ ਮੇਲਾ ਗਤੀਵਿਧੀਆਂ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ 'ਆਯੂਸ਼ਮਾਨ ਮੇਲੇ' ਤਹਿਤ 17 ਤੋਂ ਕਮਿਊਨਿਟੀ ਹੈਲਥ ਅਫ਼ਸਰਾਂ ਵੱਲੋਂ 30 ਸਾਲ ਤੋਂ ਵੱਧ ਉਮਰ ਦੇ ਲੋਕਾਂ ਦੀ ਗੈਰ-ਸੰਚਾਰੀ ਬਿਮਾਰੀ ਦੀ ਜਾਂਚ ਅਤੇ ਇਲਾਜ ਕਰਨ ਤੋਂ ਇਲਾਵਾ ਟੀਬੀ ਦੀ ਬਿਮਾਰੀ ਦੇ ਸ਼ੱਕੀਆਂ ਦੀ ਪਛਾਣ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਿਪਟੀ ਮੈਡੀਕਲ ਕਮਿਸ਼ਨਰ ਡਾ ਹਰਪ੍ਰੀਤ ਸਿੰਘ, ਬਲਾਕ ਐਕਸਟੈਂਸ਼ਨ ਐਜੂਕੇਟਰ ਵਿਕਾਸ ਵਿਰਦੀ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

# ਰਾਜੀਵ ਸਿੰਗਲਾ ਜ਼ਿਲ੍ਹਾ ਸਕੱਤਰ ਨਿਯੁਕਤ



**ਆਦਮਪੁਰ, (ਪਰਮਜੀਤ ਸਿੰਘ)**- ਭਾਜਪਾ ਆਦਮਪੁਰ ਮੰਡਲ ਪ੍ਰਧਾਨ ਰਾਜੀਵ ਸਿੰਗਲਾ ਨੂੰ ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ ਨੂੰ ਜਿਲ੍ਹਾ ਜਲੰਧਰ ਦਿਹਾਤੀ ਦਾ ਸਕੱਤਰ ਨਿਯੁਕਤ ਕਰ ਜਿਲ੍ਹੇ ਦੀ ਟੀਮ 'ਚ ਸ਼ਾਮਲ ਕੀਤਾ ਗਿਆ ਹੈ। ਭਾਜਪਾ ਜ਼ਿਲ੍ਹਾ ਜਲੰਧਰ ਦਿਹਾਤੀ ਦੇ ਨਵ-ਨਿਯੁਕਤ ਸਕੱਤਰ ਰਾਜੀਵ ਸਿੰਗਲਾ ਨੇ ਭਾਜਪਾ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਅਤੇ ਜ਼ਿਲ੍ਹਾ ਜਲੰਧਰ ਦਿਹਾਤੀ ਦੇ ਪ੍ਰਧਾਨ ਰਣਜੀਤ ਸਿੰਘ ਪਵਾਰ ਵੱਲੋਂ ਉਨ੍ਹਾਂ ਨੂੰ ਪਾਰਟੀ 'ਚ ਵੱਡੀ ਜਿੰਮੇਵਾਰੀ ਦੇ ਕੇ ਮਾਣ ਸਨਮਾਨ ਦੇਣ ਲਈ ਧੰਨਵਾਦ ਕਰਦਿਆਂ ਕਿਹਾ ਕਿ ਜੋ ਜਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ ਉਹ ਉਸਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਇਸ ਤੋਂ ਪਹਿਲਾਂ ਉਨ੍ਹਾਂ ਨੇ ਮੰਡਲ ਪ੍ਰਧਾਨ ਹੁੰਦਿਆਂ ਸਮੂਹ ਪਾਰਟੀ ਵਰਕਰਾਂ ਨੂੰ ਨਾਲ ਲੈ ਕੇ ਦਿਨ ਰਾਤ ਕੰਮ ਕਰ ਆਦਮਪੁਰ ਵਿਖੇ ਪਾਰਟੀ ਨੂੰ ਮਜ਼ਬੂਤ ਕੀਤਾ ਅਤੇ ਹੁਣ ਉਹ ਪਹਿਲਾਂ ਨਾਲੋਂ ਵੀ ਵੱਧ ਮਿਹਨਤ ਕਰਕੇ ਪਾਰਟੀ ਨੂੰ ਪੂਰੇ ਜਿਲ੍ਹੇ 'ਚ ਮਜ਼ਬੂਤ ਕਰਨਗੇ।

# ਸਾਲਾਨਾ ਇਤਿਹਾਸਿਕ ਪੁਰਬ ਤੇ ਕਬੱਡੀ ਕੱਪ 18 ਤੇ 19 ਨੂੰ



**ਮਹਿਤਪੁਰ (ਰਾਜਾ)** ਗੱਦੀ ਭਾਈ ਸੰਤ ਸੁਧਾਰ ਵੱਲੋਂ ਇਲਾਕਾ ਨਿਵਾਸੀਆਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ 18 ਅਤੇ 19 ਸਤੰਬਰ ਨੂੰ ਛਿੰਝ ਗਰਾਊਂਡ ਮਹਿਤਪੁਰ ਵਿਖੇ ਸਾਲਾਨਾ ਇਤਿਹਾਸਿਕ ਪੁਰਬ ਅਤੇ ਕਬੱਡੀ ਕੱਪ ਕਰਵਾਇਆ ਜਾ ਰਿਹਾ ਹੈ ਜਿਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਭਾਈ ਮਹੇਸ਼ ਚੰਦਰ ਨੇ ਦੱਸਿਆ ਕਿ ਭਾਈ ਸੰਤ ਸੁਧਾਰ ਜੀ ਸਥਾਨ ਉਪਰ ਸਾਲਾਨਾ ਇਤਿਹਾਸਿਕ ਪੁਰਬ ਅਤੇ ਕਬੱਡੀ ਦਾ ਮਹਾਂਕੁੰਭ ਮਹਿਤਪੁਰ ਵਿਖੇ 18 ਅਤੇ 19 ਸਤੰਬਰ ਨੂੰ ਕਰਵਾਏ ਜਾਣਗੇ, ਪਹਿਲੇ ਦਿਨ ਕਬੱਡੀ 65 ਕਿਲੋ ਦੇ ਮੈਚ ਹੋਣਗੇ ਅਤੇ ਦੂਸਰੇ ਦਿਨ 4 ਕਲੱਬਾਂ ਦੇ ਮੈਚ ਕਰਵਾਏ ਜਾਣਗੇ ਅਤੇ ਐਕਸ਼ਨਾਂ ਵਾਲੇ ਬੱਚਿਆ ਦਾ ਸੋਅ ਮੈਚ ਹੋਵੇਗਾ ਅਤੇ ਇਸ ਤੋਂ ਬਾਅਦ 40 ਸਾਲ ਤੋਂ ਉਪਰ ਪਲੇਅਰਾਂ ਦਾ ਸ਼ੋਅ ਮੈਚ ਵੀ ਕਰਵਾਇਆ ਜਾਵੇਗਾ। ਕਬੱਡੀ ਕੱਪ ਦਾ ਪਹਿਲਾ ਇਨਾਮ 81 ਹਜ਼ਾਰ ਅਤੇ ਦੂਸਰਾ ਇਨਾਮ 71 ਹਜ਼ਾਰ ਹੋਵੇਗਾ। ਬੈਸਟ ਰੇਡਰ ਤੇ ਬੈਸਟ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ।

# ਏ ਐੱਸ ਆਈ ਪਾਲ ਸਿੰਘ ਸਿੱਧੂ ਨੇ ਸੰਭਾਲਿਆ ਕਾਲਾ ਸੰਘਿਆਂ ਚੌਂਕੀ ਦਾ ਚਾਰਜ



**ਕਾਲਾ ਸੰਘਿਆਂ (ਮਨਜੀਤ ਮਾਨ)** ਥਾਣਾ ਸਦਰ ਕਪੂਰਥਲਾ ਅਧੀਨ ਆਉਂਦੀ ਪੁਲਸ ਚੌਂਕੀ ਕਾਲਾ ਸੰਘਿਆਂ ਦੇ ਇੰਚਾਰਜ ਸਬ ਇੰਸਪੈਕਟਰ ਰਣਜੀਤ ਸਿੰਘ ਹੀਰ ਦਾ ਤਬਾਦਲਾ ਚਹੇੜੂ ਚੌਂਕੀ ਇੰਚਾਰਜ ਵਜੋਂ ਹੋਣ ਕਾਰਨ ਏ. ਐਸ. ਆਈ. ਪਾਲ ਸਿੰਘ ਸਿੱਧੂ ਨੇ ਕਾਲਾ ਸੰਘਿਆਂ ਪੁਲਸ ਚੌਂਕੀ ਦਾ ਬਤੌਰ ਇੰਚਾਰਜ ਅਹੁਦਾ ਸੰਭਾਲ ਲਿਆ। ਨਵ ਨਿਯੁਕਤ ਚੌਂਕੀ ਇੰਚਾਰਜ ਪਾਲ ਸਿੰਘ ਸਿੱਧੂ ਨੇ ਕਿਹਾ ਕਿ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਹਰ ਇੱਕ ਨੂੰ ਇਨਸਾਫ ਮਿਲੇਗਾ। ਉਹਨਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਲਾਕੇ 'ਚ ਗਲਤ ਅਨਸਰਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਲੋਕਾਂ ਨੂੰ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਇਲਾਕੇ ਦੇ ਪਿੰਡਾਂ ਵਿੱਚ ਜੇਕਰ ਕੋਈ ਨਸ਼ਾ ਆਦਿ ਵੇਚਦਾ ਹੈ ਤਾਂ ਆਮ ਲੋਕ ਇਸ ਦੀ ਜਾਣਕਾਰੀ ਮੈਨੂੰ ਨਿੱਜੀ ਤੌਰ 'ਤੇ ਦੇਣ ਤਾਂ ਕਿ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ 'ਤੇ ਮੁਕਦਮੇ ਦਰਜ ਕਰਕੇ ਜੇਲ੍ਹਾਂ 'ਚ ਡੱਕਿਆ ਜਾ ਸਕੇ। ਚੇਤਾਵਨੀ ਦਿੰਦਿਆਂ ਉਨ੍ਹਾ ਕਿਹਾ ਕਿ ਕਾਨੂੰਨ ਭੰਗ ਕਰਨ ਵਾਲਿਆਂ 'ਤੇ ਸਖਤ ਕਾਰਵਾਈ

# ਕਿਰਤੀ ਕਿਸਾਨ ਯੂਨੀਅਨ ਵੱਲੋਂ 18 ਦੀ ਰੈਲੀ ਲਈ ਡਾਨਸੀਵਾਲ 'ਚ ਮੀਟਿੰਗ



**ਮਾਹਿਲਪੁਰ (ਸਫਰੀ)** ਕਿਰਤੀ ਕਿਸਾਨ ਯੂਨੀਅਨ ਵੱਲੋਂ ਵਾਹਗਾ ਅਤੇ ਹੁਸੈਨੀਵਾਲਾ ਬਾਰਡਰ ਖੁਲ੍ਹਵਾਉਣ ਲਈ ਕੀਤੀਆਂ ਜਾ ਰਹੀਆਂ ਜਿਲ੍ਹਾ ਪੱਧਰੀ ਰੈਲੀਆਂ ਦੇ ਸੱਦੇ ਤਹਿਤ 18 ਸਤੰਬਰ ਨੂੰ ਪਿੰਡ ਡਾਨਸੀਵਾਲ ਵਿਖੇ ਰੈਲੀ ਕੀਤੀ ਜਾਵੇਗੀ। ਜਿਸ ਦੀ ਤਿਆਰੀ ਲਈ ਪਿੰਡ ਡਾਨਸੀਵਾਲ ਅਤੇ ਸਕੰਦਰਪੁਰ ਵਿਖੇ ਕਿਸਾਨਾਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ। ਪਹੰਚੇ ਕਿਸਾਨ ਆਗੂਆਂ ਨੇ ਸਮੂੰਹ ਇਲਾਕਾ ਨਿਵਾਸੀਆਂ ਨੂੰ ਇਸ ਰੈਲੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ। ਕਿਸਾਨਾਂ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਹਰਮੇਸ਼ ਸਿੰਘ ਢੇਸੀ ਅਤੇ ਜਿਲ੍ਹਾ ਸਕੱਤਰ ਕੁਲਵਿੰਦਰ ਸਿੰਘ ਚਾਹਲ ਨੇ ਕਿਹਾ ਕਿ ਕਈ ਸਾਲ ਪਹਿਲਾਂ ਸਰਕਾਰ ਨੇ ਵਾਹਗਾ ਅਤੇ ਹੁਸੈਨੀਵਾਲਾ ਦੇ ਰਸਤੇ ਵਪਾਰ ਬੰਦ ਕਰ ਦਿੱਤਾ ਸੀ, ਪਰ ਅਡਾਨੀ ਦੀ ਬੰਦਰਗਾਹ ਰਾਹੀਂ ਇਹ ਵਪਾਰ ਅੱਜ ਵੀ ਜਾਰੀ ਹੈ। ਜਿਸ ਦਾ ਲਾਭ ਕਿਸਾਨਾਂ ਤੇ ਆਮ ਲੋਕਾਂ ਦੀ ਬਜਾਏ ਕਾਰਪੋਰੇਟ ਘਰਾਣਿਆਂ ਨੂੰ ਹੋ ਰਿਹਾ ਹੈ। ਜੇਕਰ ਸੜਕੀ ਰਸਤੇ ਵਪਾਰ ਖੋਲ੍ਹਿਆ ਜਾਂਦਾ ਹੈ ਤਾਂ ਇਸ ਦਾ ਕਿਸਾਨਾਂ ਤੋਂ ਇਲਾਵਾ ਵਪਾਰੀਆਂ ਟਰਾਸਪੋਟਰਾਂ ਅਤੇ ਮਜਦੂਰਾਂ ਨੂੰ ਚੋਖਾ ਲਾਭ ਹੋਵਾਗਾ। ਉਹਨਾ ਕਿਹਾ ਕੇ ਕੇਦਰ ਦੀ ਭਾਜਪਾ ਸਰਕਾਰ ਵੱਲੋਂ ਪੰਜਾਬ ਦੀ ਆਰਥਿਕਤਾ ਨੂੰ ਡੇਗਣ ਲਈ ਇਹ ਗਿਣੀ ਮਿੱਥੀ ਸਾਜਿਸ਼ ਅਧੀਨ ਇਹ ਵਪਾਰ ਬੰਦ ਕੀਤਾ ਗਿਆ ਹੈ। ਜਿਸ ਵਿਰੁੱਧ ਪੰਜਾਬ ਪੱਧਰ 'ਤੇ ਲਾਮਬੰਦੀ ਕੀਤੀ ਜਾ ਰਹੀ ਹੈ। ਇਸ ਇਕੱਠ ਵਿਚ ਜਥੇਬੰਦੀ ਦੇ ਤਹਿਸੀਲ ਸਕੱਤਰ ਕੁਲਵੰਤ ਸਿੰਘ ਗੋਲੇਵਾਲ, ਮਾਸਟਰ ਅਜੀਤ ਸਿੰਘ ਬੋੜਾ, ਉਂਕਾਰ ਸਿੰਘ ਡਾਨਸੀਵਾਲ, ਕੁਲਵੀਰ ਸਿੰਘ ਨੰਬਰਦਾਰ, ਗਗਨਦੀਪ ਸਿੰਘ ਪੰਚ, ਕੁਲਵਰਨ ਸਿੰਘ ਸਹੋਤਾ, ਅਮਰੀਕ ਸਿੰਘ ਸਕੰਦਰਪੁਰ, ਸੰਦੀਪ ਸਿੰਘ ਮਿੰਟੂ, ਹਰਜਿੰਦਰ ਸਿੰਘ, ਕਰਤਾਰ ਸਿੰਘ, ਹਰਪਾਲ ਸਿੰਘ ਆਦਿ ਕਿਸਾਨ ਹਾਜ਼ਰ ਸਨ।

# ਸੰਘਰਸ਼ਾਂ 'ਚੋਂ ਨਿਕਲੀ ਪਾਰਟੀ ਪੰਜਾਬ ਦੇ ਕੱਚੇ ਮੁਲਾਜ਼ਮਾਂ ਦਾ ਸੰਘਰਸ਼ ਦਬਾਉਣ ਲੱਗੀ



**ਜਲੰਧਰ (ਰਾਜੇਸ਼ ਥਾਪਾ, ਸ਼ੈਲੀ ਐਲਬਰਟ)** ਖੁਦ ਸੰਘਰਸ਼ ਦੇ ਰਸਤੇ ਵਿਚੋਂ ਨਿਕਲ ਕੇ ਸੱਤਾ 'ਚ ਆਉਣ ਵਾਲੀ ਆਮ ਆਦਮੀ ਪਾਰਟੀ ਹੁਣ ਪੰਜਾਬ ਦੇ ਕੱਚੇ ਮੁਲਾਜ਼ਮਾਂ ਦੇ ਸਘੰਰਸ਼ ਨੂੰ ਦਬਾਉਣ ਤੇ ਉਤਰ ਆਈ ਹੈ।

ਜਲੰਧਰ ਦੇ ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਨੂੰ ਉਸਦੇ ਘਰ ਨਜ਼ਰਬੰਦ ਕਰ ਦਿੱਤਾ ਗਿਆ। ਆਗੂਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਅਤੇ ਮੰਤਰੀਆ ਵੱਲੋਂ ਇਕ ਪਾਸੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਤਨਖਾਹ ਕਟੌਤੀ ਦਾ ਮਸਲਾ ਹੱਲ ਕਰਨ ਦਾ ਵਾਅਦਾ ਕੀਤਾ ਜਾ ਰਿਹਾ ਹੈ ਤੇ ਦੂਜੇ ਪਾਸੇ ਸਰਕਾਰ ਨੂੰ ਐਨਾ ਡਰ ਹੈ ਕਿ ਉਨ੍ਹਾਂ ਦੇ ਕੌਮੀ ਆਗੂ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਮਾਨ ਦੇ ਜਲੰਧਰ ਫੇਰੀ 'ਤੇ ਆਉਣ ਦੌਰਾਨ ਮੁਲਾਜ਼ਮ ਆਗੂਆ ਨੂੰ ਘਰਾਂ ਵਿਚ ਨਜ਼ਰਬੰਦ ਕਰ ਦਿੱਤਾ ਗਿਆ ਹੈ।

ਸਰਕਾਰ ਦੀ ਇਸ ਧੱਕੇਸ਼ਾਹੀ ਵਿਰੁੱਧ ਮੁਲਾਜ਼ਮਾਂ ਵੱਲੋਂ ਰੋਸ ਪ੍ਰਦਰਸ਼ਨ ਕਰਦੇ ਹੋਏ ਸਰਕਾਰ ਦਾ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ।ਆਗੂ ਸ਼ੋਭਿਤ ਭਗਤ, ਗਗਨ ਸਿਆਲ, ਗਗਨਦੀਪ ਸ਼ਰਮਾ, ਮੋਹਿਤ ਸ਼ਰਮਾ, ਮਨਜੀਤ ਸਿੰਘ ਨੇ ਕਿਹਾ ਕਿ ਸਰਕਾਰ ਤੁਰੰਤ ਮੁਲਾਜ਼ਮਾਂ ਦੀ ਤਨਖਾਹ ਕਟੌਤੀ ਖਤਮ ਕਰੇ ਅਤੇ ਕੱਚੇ ਮੁਲਾਜ਼ਮਾਂ ਨੂੰ ਪੂਰੇ ਲਾਭ ਦੇ ਕੇ ਰੈਗੂਲਰ ਦੇ ਆਰਡਰ ਜ਼ਾਰੀ ਕਰੇ।

# ਪਾਕਿਸਤਾਨ ਨਾਲ ਸੜਕੀ ਵਪਾਰ ਖੋਲ੍ਹਣ ਲਈ ਕਿਸਾਨ, ਆੜ੍ਹਤੀਏ ਤੇ ਟਰਾਂਸਪੋਰਟਰਾਂ ਨੇ ਸੁਰ ਮਿਲਾਏ



**ਨਵਾਂਸ਼ਹਿਰ (ਮਨੋਜ ਲਾਡੀ)** ਕਿਰਤੀ ਕਿਸਾਨ ਯੂਨੀਅਨ ਵੱਲੋਂ ਭਾਰਤ ਦਾ ਪਾਕਿਸਤਾਨ ਨਾਲ ਵਾਹਘਾ ਅਤੇ ਹੁਸੈਨੀਵਾਲਾ ਬਾਰਡਰ ਰਾਹੀਂ ਸੜਕੀ ਵਪਾਰ ਖੋਹਲਣ ਦੇ ਮੁੱਦੇ ਉੱਤੇ 20 ਸਤੰਬਰ ਨੂੰ ਦਾਣਾ ਮੰਡੀ ਨਵਾਂਸ਼ਹਿਰ ਵਿਖੇ ਕੀਤੀ ਜਾ ਰਹੀ ਜਿਲ੍ਹਾ ਪੱਧਰੀ ਕਾਨਫਰੰਸ ਦੀ ਤਿਆਰੀ ਲਈ ਯੂਨੀਅਨ ਦੇ ਆਗੂ ਨਵਾਂਸ਼ਹਿਰ ਦੇ ਵਪਾਰ ਮੰਡਲ, ਟਰਾਂਸਪੋਰਟਰਾਂ, ਦਾਣਾ ਮੰਡੀ ਅਤੇ ਸਬਜੀ ਮੰਡੀ ਦੇ ਆੜ੍ਹਤੀਆਂ ਨੂੰ ਮਿਲੇ। ਆੜ੍ਹਤੀ ਐਸੋਸੀਏਸ਼ਨ ਦਾਣਾ ਮੰਡੀ, ਆੜ੍ਹਤੀ ਐਸੋਸੀਏਸ਼ਨ ਸਬਜੀ ਮੰਡੀ,ਵਪਾਰ ਮੰਡਲ ਅਤੇ ਟਰੱਕ ਯੂਨੀਅਨ ਨਵਾਂਸ਼ਹਿਰ ਦੇ ਅਹੁਦੇਦਾਰਾਂ ਨੇ ਕਿਰਤੀ ਕਿਸਾਨ ਯੂਨੀਅਨ ਨਾਲ ਇਸ ਮੁੱਦੇ ਉੱਤੇ ਸਹਿਮਤੀ ਪ੍ਰਗਟਾਈ। ਕਿਰਤੀ ਕਿਸਾਨ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਪਰਮਜੀਤ ਸਿੰਘ ਸ਼ਹਾਬ ਪੁਰ, ਸੁਰਿੰਦਰ ਸਿੰਘ ਸੋਇਤਾ, ਆੜ੍ਹਤੀ ਐਸੋਸੀਏਸ਼ਨ ਦੇ ਜਿਲਾ ਪ੍ਰਧਾਨ ਮਨਜਿੰਦਰ ਸਿੰਘ ਵਾਲੀਆ, ਸਬਜੀ ਮੰਡੀ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਅਤੇ ਆਗੂ ਦਵਿੰਦਰ ਕੁਮਾਰ ਬੰਟੀ, ਟਰੱਕ ਯੂਨੀਅਨ ਦੇ ਪ੍ਰਧਾਨ ਦਰਬਾਰਾ ਸਿੰਘ ਨੇ ਕਿਹਾ ਕਿ ਇਹ ਬਹੁਤ ਵਧੀਆ ਕਾਰਜ ਹੈ ਇਹ ਮੁੱਦਾ ਕੋਈ ਵੀ ਪਾਰਟੀ ਨਹੀ ਉਠਾ ਰਹੀ ਵਪਾਰ ਖੁੱਲਣ ਨਾਲ ਪੰਜਾਬ ਦੀ ਆਰਥਿਕ ਹਾਲਤ ਦੀ ਖੜੋਤ ਟੁੱਟੇਗੀ, ਟੁੱਟ ਰਹੀ ਕਿਸਾਨੀ ਮਜਬੂਤ ਹੋਵੇਗੀ ਛੋਟੇ ਵਪਾਰੀਆ ਨੂੰ ਸਿੱਧਾ ਵਪਾਰ ਕਰਨ ਲਈ ਮੌਕੇ ਮੁਹੱਈਆ ਹੋਣਗੇ ਅਤੇ ਵਿਛੜਿਆ ਭਾਈਚਾਰਾ ਮੁੜ ਮਿਲੇਗਾ। ਉਕਤ ਆਗੂਆਂ ਨੇ ਦਾਣਾ ਮੰਡੀ ਨਵਾਂਸਹਿਰ ਵਿੱਚ 20 ਸਤੰਬਰ ਨੂੰ 11 ਵਜੇ ਹੋ ਰਹੀ ਇਸ ਕਾਨਫਰੰਸ ਵਿਚ ਵੱਡੀ ਗਿਣਤੀ ਵਿੱਚ ਪਹੁੰਚਣ ਭਰੋਸਾ ਦਿੱਤਾ। ਕੀਤਾ ਨਵਾਂਸ਼ਹਿਰ ਦੇ ਵਪਾਰ ਮੰਡਲ ਦੇ ਜਿਲਾ ਪ੍ਰਧਾਨ ਗੁਰਚਰਨ ਅਰੋੜਾ, ਸ਼ਹਿਰੀ ਪ੍ਰਧਾਨ ਪਰਵੀਨ ਭਾਟੀਆ , ਸੀਡ ਐਂਡ ਪੈਸਟੀਸਾਇਡ ਐਸੋਸੀਏਸ਼ਨ ਦੇ ਪ੍ਰਧਾਨ ਮਹਿੰਦਰ ਸਿੰਘ ਖਾਲਸਾ ਨੇ ਵੀ ਕਾਨਫਰੰਸ ਵਿਚ ਪਹੁੰਚਣ ਦਾ ਵਾਅਦਾ ਕੀਤਾ। ਇਹਨਾਂ ਮੀਟਿੰਗਾਂ ਵਿਚ ਮਾਲਵਿੰਦਰ ਸਿੰਘ ਮਹਾਲੋਂ ਸੁਰਿੰਦਰ ਸਿੰਘ ਮਹਿਰਮਪੁਰ ,ਨਰਿੰਦਰ ਸਿੰਘ ਥਾਂਦੀ,ਜਸਵਿੰਦਰ ਸਿੰਘ ਸਾਹਲੋਂ,ਸੁਭਾਸ਼ ਚੰਦਰ, ਰਾਜੀਵ ਚੋਪੜਾ, ਧਰਮਪਾਲ, ਗੋਲਡੀ, ਬਿੱਕਰ ਸਿੰਘ ਸੇਖੂਪੁਰ, ਅਵਤਾਰ ਸਿੰਘ ਸਕੋਹ ਪੁਰ, ਜਗਤਾਰ ਸਿੰਘ ਜਾਡਲਾ, ਜੋਗਾ ਸਿੰਘ ਹੰਸਰੋ ਮੌਜੂਦ ਸਨ।

# 163ਵਾਂ ਦੋ ਦਿਨਾਂ ਛਿੰਝ ਮੇਲਾ 19, 20 ਨੂੰ



**ਗੁਰਾਇਆ ( ਰਘਬੀਰ ਸਿੰਘ, ਬਿੰਦਰ ਸੁਮਨ )** - ਧੰਨ ਧੰਨ ਬਾਬਾ ਬਸਾਊ ਪ੍ਰਬੰਧਕ ਕਮੇਟੀ, ਸਰਪੰਚ ਸੁਰਿੰਦਰ ਸਿੰਘ ਸਰਾਣਾ ਪ੍ਰਧਾਨ, ਸਮੂਹ ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀ ਅਤੇ ਨਗਰ ਵਾਸੀਆਂ ਦੇ ਸਹਿਯੋਗ ਨਾਲ ਦੋਆਬੇ ਦੇ ਪਿੰਡ ਰੂਪੋਵਾਲ ਦਾ ਮਸ਼ਹੂਰ 163ਵਾਂ ਸਾਲਾਨਾ ਦੋ ਦਿਨਾਂ ਛਿੰਝ ਮੇਲਾ 19 ਅਤੇ 20 ਸਤੰਬਰ ਨੂੰ ਕਰਵਾਇਆ ਜਾ ਰਿਹਾ ਹੈ। ਇਸਦੀ ਜਾਣਕਾਰੀ ਦਿੰਦਿਆਂ ਪਿੰਡ ਦੇ ਸਰਪੰਚ ਅਤੇ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸੁਰਿੰਦਰ ਸਿੰਘ ਸਰਾਣਾ ਨੇ ਦੱਸਿਆ ਕਿ ਇਹ ਦੋਆਬੇ ਦਾ ਪ੍ਰਸਿੱਧ ਛਿੰਝ ਮੇਲਾ ਹੈ, ਜੋ ਕਿ 163ਵੇਂ ਸਾਲ ਵਿੱਚ ਹੋਣ ਜਾ ਰਿਹਾ ਹੈ। ਇਸ 'ਚ 500 ਦੇ ਕਰੀਬ ਪਹਿਲਵਾਨ ਭਾਗ ਲੈਣਗੇ। 15 ਸਤੰਬਰ ਤੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, 19 ਸਤੰਬਰ ਨੂੰ ਸਵੇਰੇ ਨਿਸ਼ਾਨ ਸਾਹਿਬ ਦੀ ਰਸਮ ਅਦਾ ਕੀਤੀ ਜਾਵੇਗੀ, ਉਪਰੰਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਜਥੇਦਾਰ ਦੀਦਾਰ ਸਿੰਘ ਸੰਗਤਪੁਰਾ ਵਾਲੇ ਢਾਡੀ ਜਥੇ ਵੱਲੋਂ ਧਾਰਮਿਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਦੋ ਰੋਜਾ ਛਿੰਝ ਮੇਲੇ 'ਚ ਪਹਿਲੇ ਸਥਾਨ ਦੀ ਕੁਸ਼ਤੀ ਪ੍ਰਿਤਪਾਲ ਫਗਵਾੜਾ ਤੇ ਮਿਰਜਾ ਇਰਾਨ ਵਿਚਕਾਰ, ਦੂਜੇ ਸਥਾਨ ਦੀ ਕੁਸ਼ਤੀ ਰਵੀ ਵੇਹਰਾ ਤੇ ਤਾਲਿਬ ਵਿਚਕਾਰ, ਤੀਜੇ ਸਥਾਨ ਦੀ ਕੁਸ਼ਤੀ ਕੀਰਤੀ ਬਾਹੜੋਵਾਲ ਤੇ ਪ੍ਰਿੰਸ ਕੁਰਾਲੀ, ਚੌਥੇ ਸਥਾਨ ਦੀ ਕੁਸ਼ਤੀ ਭੋਲਾ ਧੂਲੇਤਾ ਤੇ ਜਤਿੰਦਰ ਪਥਰੇੜੀ ਵਿਚਕਾਰ, ਪੰਜਵੇਂ ਸਥਾਨ ਲਈ ਕੁਸ਼ਤੀ ਦਾ ਮੁਕਾਬਲਾ ਬਾਬੂ ਫਗਵਾੜਾ ਅਤੇ ਜੱਸਾ ਬਾਹੜੋਵਾਲ ਵਿਚਕਾਰ ਹੋਵੇਗਾ। ਉਨ੍ਹਾਂ ਦੱਸਿਆ ਕਿ ਪਹਿਲੇ ਨੰਬਰ 'ਤੇ ਆਉਣ ਵਾਲੇ ਪਹਿਲਵਾਨ ਨੂੰ ਆਲਟੋ ਕਾਰ ਦਿੱਤੀ ਜਾਵੇਗੀ ਜਦਕਿ ਬਾਕੀ ਪਹਿਲਵਾਨਾਂ ਨੂੰ ਸੋਨੇ ਦੇ ਗਹਿਣਿਆਂ ਅਤੇ ਨਗਦੀ ਸਮੇਤ ਬੁਲਟ ਮੋਟਰਸਾਈਕਲ ਅਤੇ ਹੋਰ ਮੋਟਰਸਾਈਕਲਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਪ੍ਰਧਾਨ ਸੁਰਿੰਦਰ ਸਿੰਘ ਸਰਾਣਾ, ਵਾਈਸ ਪ੍ਰਧਾਨ ਅਮਰਜੀਤ ਸਿੰਘ ਗਰੇਵਾਲ, ਕੈਸ਼ੀਅਰ ਹਰਮੇਲ ਸਿੰਘ ਢੇਸੀ, ਜਨਰਲ ਸਕੱਤਰ ਬਲਜਿੰਦਰ ਸਿੰਘ ਲਾਡੀ, ਸਕੱਤਰ ਜਸਵਿੰਦਰ ਸਿੰਘ ਨੰਬਰਦਾਰ, ਡਾ: ਸੁਖਦੇਵ ਕੁਮਾਰ ਸ਼ਰਮਾ, ਭਾਗ ਰਾਮ ਕਟਾਰੀਆ ਪੰਚ, ਰਾਜਵਿੰਦਰ ਕੌਰ ਪੰਚ, ਪਿਆਰਾ ਸਿੰਘ ਪੰਚ, ਡਾ. ਗੁਰਵਿੰਦਰ ਸਿੰਘਪੰਚ, ਮਾਸਟਰ ਜਗਦੀਸ ਕੁਮਾਰ, ਗੁਰਦੀਪ ਸਿੰਘ, ਬਲਿਹਾਰ ਰਾਮ ਆਦਿ ਹਾਜ਼ਰ ਸਨ।

# ਅਧਿਆਪਕ ਸਿਖਲਾਈ ਤੇ ਮਾਈਂਡਸਪਾਰਕ ਪ੍ਰੋਗਰਾਮ ਦੀ ਸ਼ੁਰੂਆਤ



**ਐਸ.ਏ.ਐਸ.ਨਗਰ,, (ਗੁਰਜੀਤ ਬਿੱਲਾ)** ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਦੀ ਅਗਵਾਈ ਹੇਠ ਜਿਲ੍ਹਾ ਪ੍ਰਸ਼ਾਸ਼ਨਿਕ ਕੰਪਲੈਕਸ, ਐਸ ਏ ਐਸ ਨਗਰ ਮੁਹਾਲੀ ਵਿਖੇ ਅਧਿਆਪਕ ਸਿਖਲਾਈ ਸੈਸਨ ਦਾ ਆਯੋਜਨ ਕੀਤਾ ਗਿਆ। ਇਸ ਸਿਖਲਾਈ ਰਾਹੀਂ ਐਜੂਕੇਸ਼ਨਲ ਇਨੀਸ਼ੀਏਟਿਵ (ਈ ਆਈ) ਦੇ 'ਮਾਈਂਡਸਪਾਰਕ' ਪ੍ਰੋਗਰਾਮ ਰਾਹੀਂ ਟੈਕਨਾਲੋਜੀ ਰਾਹੀਂ ਸਿੱਖਿਆ ਨੂੰ ਅੱਗੇ ਲਿਜਾਣ ਲਈ ਇੱਕ ਮਹੱਤਵਪੂਰਨ ਕਦਮ ਚੁੱਕਿਆ ਗਿਆ। ਸਿਖਲਾਈ ਸੈਸ਼ਨ ਦਾ ਉਦੇਸ਼ ਜਿਲ੍ਹੇ ਭਰ ਦੇ ਵਿਦਿਆਰਥੀਆਂ ਲਈ ਸਿੱਖਣ ਦੇ ਤਜਰਬੇ 'ਚ ਕ੍ਰਾਂਤੀ ਲਿਆਉਣਾ ਸੀ, ਜਿਸ 'ਚ 42 ਸਕੂਲਾਂ ਦੇ ਬਲਾਕ ਸਿੱਖਿਆ ਅਫਸਰਾਂ, ਕਲੱਸਟਰ ਮੁਖੀਆਂ ਅਤੇ ਸਕੂਲ ਮੁਖੀਆਂ ਨੇ ਭਾਗ ਲਿਆ। ਐਜੂਕੇਸ਼ਨਲ ਇਨੀਸ਼ੀਏਟਿਵ (ਈ ਆਈ) ਦੀ ਮਾਹਿਰ ਟੀਮ ਦੁਆਰਾ ਕਰਵਾਈ ਗਈ ਸਿਖਲਾਈ, ਜਿਸ 'ਚ ਰੋਹਨ ਕਾਟੇਪਲੇਰਵਾਰ, ਪ੍ਰਿਆ ਸਿੰਘ, ਸੁਭਾਸ਼ ਪ੍ਰਭਾਕਰਨ ਅਤੇ ਮਹਿੰਦਰ ਸਿੰਘ ਸ਼ਾਮਲ ਸਨ। ਮਿਸ ਗੀਤਿਕਾ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨੇ ਵਿਦਿਅਕ ਤਕਨਾਲੋਜੀ ਨੂੰ ਅਪਣਾਉਣ ਲਈ ਸਿੱਖਿਆ ਵਿਭਾਗ ਦੇ ਅਗਾਂਹਵਧੂ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਵਿੱਦਿਅਕ ਪਹਿਲਕਦਮੀ ਨਾਲ ਸਾਂਝੇਦਾਰੀ ਦੀ ਪ੍ਰਸੰਸਾ ਕੀਤੀ।

ਉਨ੍ਹਾਂ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵੀ ਦਿੱਲੋਂ ਵਧਾਈ ਦਿੱਤੀ। ਅਸ਼ਵਨੀ ਕੁਮਾਰ ਦੱਤਾ, ਜਿਲ੍ਹਾ ਸਿੱਖਿਆ ਅਫਸਰ (ਡੀ.ਈ.ਓ.) ਐਲੀਮੈਂਟਰੀ ਨੇ ਸਾਰੇ ਮੁੱਖ ਅਧਿਆਪਕਾਂ ਨੂੰ ਇਸ ਸਿਖਲਾਈ ਨੂੰ ਇੱਕ ਸਕਾਰਾਤਮਕ ਮੌਕੇ ਵਜੋਂ ਅਪਣਾਉਣ ਦੀ ਅਪੀਲ ਕੀਤੀ। ਸ੍ਰੀਮਤੀ ਗਿੰਨੀ ਦੁੱਗਲ, ਡੀ ਈ ਓ (ਸੈਕੰਡਰੀ) ਨੇ ਤਕਨਾਲੋਜੀ ਦੁਆਰਾ ਸਿੱਖਣ ਦੇ ਪਾੜੇ ਨੂੰ ਪੂਰਾ ਕਰਨ ਦੀ ਫੌਰੀ ਲੋੜ ਵਜੋਂ ਮਹਿਸੂਸ ਕਰਦਿਆਂ ਇਸ ਉਦੇਸ਼ ਦੀ ਪ੍ਰਾਪਤੀ ਲਈ 'ਮਾਈਂਡਸਪਾਰਕ' ਪ੍ਰੋਗਰਾਮ ਨੂੰ ਇੱਕ ਮਹੱਤਵਪੂਰਨ ਸਾਧਨ ਵਜੋਂ ਗ੍ਰਹਿਣ ਕਰਨੀ ਆਖਿਆ।

'ਮਾਈਂਡਸਪਾਰਕ ਇੰਪਲੀਮੈਂਟੇਸ਼ਨ' ਦੀ ਸਟੇਟ ਹੈੱਡ ਸ੍ਰੀਮਤੀ ਪ੍ਰਿਆ ਸਿੰਘ ਨੇ ਜਿਲ੍ਹਾ ਪ੍ਰਸ਼ਾਸਨ ਅਤੇ ਸਿੱਖਿਆ ਵਿਭਾਗ ਨੂੰ ਉਨ੍ਹਾਂ ਵਲੋਂ ਸਿਖਲਾਈ ਲਈ ਦਿੱਤੇ ਭਰਵੇਂ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਨਵੰਬਰ 2022 ਵਿੱਚ ਮੋਹਾਲੀ ਵਿੱਚ ਇਸਦੀ ਸ਼ੁਰੂਆਤ ਤੋਂ ਬਾਅਦ ਪ੍ਰੋਗਰਾਮ ਦੇ ਅਗਲੇ ਸਫਰ ਨੂੰ ਸਾਂਝਾ ਕੀਤਾ।

# ਪੁਲਸ ਵੱਲੋਂ ਨਸ਼ਿਆਂ ਸੰਬੰਧੀ ਮੈਡੀਕਲ ਸਟੋਰਾਂ ਦੇ ਮਾਲਕਾਂ ਨਾਲ ਮੀਟਿੰਗ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- ਮੁਖਵਿੰਦਰ ਸਿੰਘ ਭੁੱਲਰ, ਪੀ.ਪੀ.ਐਸ. ਸੀਨੀਅਰ ਪੁਲਸ ਕਪਤਾਨ, ਜਲੰਧਰ (ਦਿਹਾਤੀ) ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ ਅਨੁਸਾਰ ਮਨਪ੍ਰੀਤ ਸਿੰਘ ਢਿੱਲੋਂ, ਪੀ.ਪੀ.ਐਸ. ਪੁਲਸ ਕਪਤਾਨ (ਇੰਨਵੈਸਟੀਗੇਸ਼ਨ) ਅਤੇ ਵਿਜੈ ਕੰਵਰਪਾਲ ਪੀ.ਪੀ.ਐਸ. ਉਪ ਪੁਲਸ ਕਪਤਾਨ ਸਬ-ਡਵੀਜਨ ਆਦਮਪੁਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਹੇਠ ਸੁਖਜੀਤ ਸਿੰਘ ਇੰਸਪੈਕਟਰ/ਮੁੱਖ ਅਫਸਰ ਥਾਣਾ ਭੋਗਪੁਰ ਵਲੋਂ ਥਾਣਾ ਹਜਾ ਦੇ ਏਰੀਆ ਦੇ ਮੈਡੀਕਲ ਸਟੋਰਾਂ ਦੇ ਮਾਲਕਾਂ ਨਾਲ ਨਸ਼ਾ ਵਿਰੋਧੀ ਮੀਟਿੰਗ ਕੀਤੀ, ਜਿਸ ਵਿੱਚ ਮੈਡੀਕਲ ਸਟੋਰਾਂ ਦੇ ਮਾਲਕਾਂ ਨੂੰ ਹਦਾਇਤ ਦਿੱਤੀ ਗਈ ਕਿ ਅਗਰ ਕੋਈ ਆਸ ਪਾਸ ਦਵਾਈ ਜਾਂ ਸਰਿੰਜਾ ਦੀ ਮੰਗ ਕਰਦਾ ਹੈ ਤਾਂ ਤੁਰੰਤ ਥਾਣਾ ਨੂੰ ਸੂਚਿਤ ਕੀਤਾ ਜਾਵੇ। ਮੈਡੀਕਲ ਸਟੋਰ 'ਚੋਂ ਡਾਕਟਰੀ ਸਲਾਹ ਤੋਂ ਬਿਨਾਂ ਦਵਾਈਆਂ ਨਾ ਦਿਤੀਆਂ ਜਾਣ ਅਤੇ ਮੈਡੀਕਲ ਸਟੋਰਾਂ ਦੇ ਮਾਲਕਾਂ ਨੂੰ ਸਖਤ ਹਦਾਇਤ ਕੀਤੀ ਕਿ ਅਗਰ ਅਚਨਚੇਤ ਚੈਕਿੰਗ ਦੌਰਾਨ ਆਪ ਦੇ ਮੈਡੀਕਲ ਸਟੋਰ ਵਿੱਚ ਕੋਈ ਨਸ਼ੀਲੀ ਦਵਾਈ ਮੌਜੂਦ ਮਿਲੀ ਤਾਂ ਲਾਇਸੰਸ ਰੱਦ ਕੀਤਾ ਜਾਵੇਗਾ ਅਤੇ ਐਨ.ਡੀ.ਪੀ.ਐਸ. ਐਕਟ ਤਹਿਤ ਮੁਕੱਦਮਾ ਦਰਜ ਰਜਿਸਟਰ ਕੀਤਾ ਜਾਵੇਗਾ।

# ਸਰਕਾਰੀ ਕਾਲਜ ਹੁਸ਼ਿਆਰਪੁਰ ਵਿਖੇ 'ਹਿੰਦੀ ਦਿਵਸ' ਮਨਾਇਆ



**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)** ਸਰਕਾਰੀ ਕਾਲਜ ਹੁਸ਼ਿਆਰਪੁਰ ਵਿਖੇ ਕਾਲਜ ਦੇ ਵਾਈਸ ਅਤੇ ਕਾਰਜਕਾਰੀ ਪ੍ਰਿੰਸੀਪਲ ਡਾ.ਜਸਵੀਰਾ ਅਨੂਪ ਮਿਨਹਾਸ ਦੀ ਅਗਵਾਈ 'ਚ ਹਿੰਦੀ ਵਿਭਾਗ ਦੇ ਮੁਖੀ ਪ੍ਰੋ.ਵਿਜੇ ਕੁਮਾਰ ਅਤੇ ਸਟਾਫ ਮੈਂਬਰਾਂ ਅਸਿਸਟੈਂਟ ਪ੍ਰੋਫੈਸਰ ਸ਼੍ਰੀਮਤੀ ਸਰੋਜ ਸ਼ਰਮਾ, ਸ਼੍ਰੀਮਤੀ ਜਸਵਿੰਦਰ ਕੌਰ, ਸ਼੍ਰੀਮਤੀ ਡਾ.ਨੀਤੀ ਸ਼ਰਮਾ ਅਤੇ ਸ਼੍ਰੀਮਤੀ ਡਾ.ਤਜਿੰਦਰ ਕੌਰ ਦੇ ਸਹਿਯੋਗ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਦੇ ਵਾਈਸ ਪ੍ਰਿੰਸੀਪਲ ਅਤੇ ਕਾਰਜਕਾਰੀ ਪ੍ਰਿੰਸੀਪਲ ਡਾ.ਜਸਵੀਰਾ ਅਨੂਪ ਮਿਨਹਾਸ ਨੇ "ਹਿੰਦੀ ਦਿਵਸ" ਦੇ ਮਹੱਤਵ ਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਹਿੰਦੀ ਭਾਸ਼ਾ ਸਾਡੇ ਦੇਸ਼ ਦੀ ਮੁੱਖ ਭਾਸ਼ਾ ਹੈ ਇਸ ਲਈ ਸਾਰੇ ਰਾਜਾਂ ਨੂੰ ਇਸ ਨੂੰ ਅਪਨਾਉਣਾ ਚਾਹੀਦਾ ਹੈ। ਉਨ੍ਹਾਂ ਨੇ ਹਰ ਇਕ ਨੂੰ ਹਿੰਦੀ ਨੂੰ ਅਪਨਾਉਣ ਦੀ ਗੱਲ ਕਹੀ ਅਤੇ ਇਸ ਨੂੰ ਵਿਦੇਸ਼ਾਂ ਤੱਕ ਪਹੁੰਚਾਉਣ ਦੀ ਗੱਲ ਕਹੀ। ਉਨ੍ਹਾਂ ਨੇ ਇਸ ਦਿਵਸ ਤੇ ਹਿੰਦੀ ਵਿਭਾਗ ਦੇ ਸਟਾਫ ਅਤੇ ਵਿਦਿਆਰਥੀਆ ਨੂੰ ਹਿੰਦੀ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਹਿੰਦੀ ਵਿਭਾਗ ਦੇ ਮੁੱਖੀ ਪ੍ਰੋ.ਵਿਜੇ ਕੁਮਾਰ ਨੇ ਹਿੰਦੀ ਦਿਵਸ 'ਤੇ ਸਭ ਨੂੰ ਵਧਾਈ ਦਿੱਤੀ। ਹਿੰਦੀ ਦਿਵਸ ਦੇ ਮੌਕੇ ਵਿਦਿਆਰਥੀਆਂ ਨੇ ਕਵਿਤਾਵਾਂ, ਵਿਚਾਰਾਂ, ਲੋਕਨਾਚ ਅਤੇ ਨਾਟਕ ਦੇ ਮਾਧਿਅਮ ਨਾਲ ਹਿੰਦੀ ਦੇ ਮਹੱਤਵ 'ਤੇ ਚਾਨਣਾ ਪਾਇਆ ਜਿਸ ਨੇ ਕਿ ਸਾਰਿਆਂ ਦਾ ਮਨ ਮੋਹ ਲਿਆ। ਇਸ ਮੌਕੇ ਹਿੰਦੀ ਵਿਭਾਗ ਨਾਲ ਸਬੰਧਿਤ ਸਟਾਫ ਅਤੇ ਵਿਦਿਆਰਥੀ ਮੌਜੂਦ ਸਨ। ਜਿਨ੍ਹਾਂ ਨੇ ਹਿੰਦੀ ਦਿਵਸ ਦੀ ਪਾਰਟੀ ਵੀ ਕੀਤੀ। ਮੰਚ ਸੰਚਾਲਨ ਦੀ ਭੂਮਿਕਾ ਕਾਜਲ ਅਤੇ ਸੁਭਾਸ਼ ਨੇ ਨਿਭਾਈ। ਵਿਦਿਆਰਥੀਆ ਵਲੋਂ ਪੋਸਟਰ ਬਣਾ ਕੇ ਹਿੰਦੀ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ। ਇਹ ਦਿਵਸ ਸਾਰਿਆਂ ਲਈ ਇਕ ਯਾਦਗਾਰੀ ਦਿਵਸ

# ਪਿੰਡ ਢੰਡੋਰੀ ਵਿਖੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੀ ਕਮੇਟੀ ਦਾ ਗਠਨ




**ਆਦਮਪੁਰ, (ਪਰਮਜੀਤ ਸਿੰਘ)**- ਹਲਕਾ ਆਦਮਪੁਰ ਦੇ ਪਿੰਡ ਢੰਡੋਰੀ ਵਿਖੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੀ ਕਮੇਟੀ ਗਠਨ ਕਰਨ ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਜ਼ੋਨ ਪ੍ਰਧਾਨ ਦੁਆਬਾ ਜਥੇਦਾਰ ਕਸ਼ਮੀਰ ਸਿੰਘ ਦੀ ਅਗਵਾਈ ਹੇਠ ਕਿਸਾਨ ਸੁਖਦੇਵ ਸਿੰਘ ਪਲਾਹੀ ਫਾਰਮ ਢੰਡੋਰੀ ਵਿਖੇ ਕੀਤਾ ਗਈ ਜਿਸ ਵਿੱਚ ਇਲਾਕੇ ਦੇ ਕਿਸਾਨਾਂ ਵੱਲੋਂ ਵੱਡੇ ਪੱਧਰ ਉੱਤੇ ਇਕੱਠ ਕੀਤਾ। ਮੀਟਿੰਗ ਦੌਰਾਨ ਮੁੱਖ ਮਹਿਮਾਨ ਵਜੋਂ ਭਾਰਤੀ ਕਿਸਾਨ ਯੂਨੀਅਨ ਤੋਂ ਬਲਵੀਰ ਸਿੰਘ ਰਾਜੇਵਾਲ ਨੇ ਸ਼ਿਰਕਤ ਕਰ ਵਿਧਾਨ ਸਭਾ ਹਲਕਾ ਆਦਮਪੁਰ ਦੀ ਵਿਸ਼ੇਸ਼ ਕਮੇਟੀ ਦਾ ਗਠਨ ਕੀਤਾ ਜਿਸ ਵਿੱਚ ਹਰਵਿੰਦਰ ਸਿੰਘ ਆੜ੍ਹਤੀਆ ਨੂੰ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਜਲੰਧਰ, ਸੁਖਵਿੰਦਰ ਸਿੰਘ ਨਿੱਕਾ ਡਰੋਲੀ ਖੁਰਦ ਬਲਾਕ ਪ੍ਰਧਾਨ ਆਦਮਪੁਰ, ਬਹਾਦਰ ਸਿੰਘ ਚੌਹਾਨ, ਰਛਪਾਲ ਸਿੰਘ ਪਾਲਾ ਸਰਪੰਚ ਡਰੋਲੀ ਕਲਾ, ਸਰਬਜੀਤ ਸਿੰਘ ਢੇਹਪੁਰ, ਪਰਮਜੀਤ ਸਿੰਘ ਕੋਟਲੀ ਥਾਨ ਸਿੰਘ, ਹਰਮਿੰਦਰ ਸਿੰਘ ਸਰਪੰਚ ਕਾਲਰਾ (ਪੰਜੋਂ ਮੀਤ ਪ੍ਰਧਾਨ) ਜਨਰਲ ਸਕੱਤਰ ਹਰਪਾਲ ਸਿੰਘ ਬੱਲ, ਕੈਸ਼ੀਅਰ ਸੈਕਟਰੀ ਰਣਜੀਤ ਸਿੰਘ ਢੰਡੋਰ, ਸੈਕਟਰੀ ਪਰਮਜੀਤ ਸਿੰਘ ਨੌਲੀ, ਮੁੱਖ ਪ੍ਰਚਾਰਕ ਮਨੋਹਰ ਸਿੰਘ ਕੰਦੋਲਾ, ਮਨਦੀਪ ਸਿੰਘ ਡਰੋਲੀ ਕਲਾਂ, ਅਵਤਾਰ ਸਿੰਘ ਨਰੰਗਪੁਰ, ਕਰਮਜੀਤ ਸਿੰਘ ਨੰਬੜਦਾਰ ਨੌਲੀ, ਸੁਖਵੀਰ ਸਿੰਘ ਉੱਚਾ, ਸੁਖਵਿੰਦਰ ਸਿੰਘ ਜਲਪੋਤ, ਸੁਖਦੇਵ ਸਿੰਘ ਪਲਾਹੀ, ਸੁਰਿੰਦਰ ਸਿੰਘ ਜੇਠਪੁਰ, ਜਸਵਿੰਦਰ ਸਿੰਘ ਜਲਪੋਤ, ਦਵਿੰਦਰ ਸਿੰਘ ਹਜਾਰਾ, ਅੰਮ੍ਰਿਤਪਾਲ ਸਿੰਘ ਮੁਹੱਦੀਪੁਰ, ਕਮਲਜੀਤ ਸਿੰਘ ਡਰੋਲੀ ਖੁਰਦ, ਰਛਪਾਲ ਸਿੰਘ ਡਰੋਲੀ ਕਲਾਂ (ਸਮੂਹ ਸਲਾਹਕਾਰ ਕਮੇਟੀ ਮੈਂਬਰ) ਪ੍ਰਚਾਰਕ ਮੈਂਬਰ ਸਤਨਾਮ ਸਿੰਘ ਈਸਰਵਾਲ, ਬਲਾਕ ਇੰਚਾਰਜ ਗੁਲਜਾਰ ਸਿੰਘ ਬਿਆਸ ਪਿੰਡ, ਮੁੱਖ ਬੁਲਾਰਾ ਜਰਨੈਲ ਸਿੰਘ ਮੂਸਾਪੁਰ ਸ਼ਾਮਲ ਕਰਦਿਆਂ ਰਾਜੇਵਾਲ ਨੇ ਕਿਹਾ ਹੜ੍ਹ ਦੀ ਘੜੀ ਵਿੱਚ ਕਿਸਾਨਾਂ ਦਾ ਕੁੱਲ ਕਰਜ਼ਾ ਮੁਆਫ਼ ਕੀਤੇ ਜਾਵੇ ਕਿਉਕਿ ਕੇਂਦਰ ਸਰਕਾਰ ਪਿਛਲੇ ਸਾਲਾਂ ਵਿੱਚ ਕਾਰਪੋਰੇਟ ਘਰਾਣਿਆਂ ਦਾ 15 ਲੱਖ ਕਰੋੜ ਰੁਪਏ ਤੋਂ ਵੱਧ ਕਰਜ਼ਾ ਮੁਆਫ਼ ਕਰ ਚੁੱਕੀ ਹੈ। ਹੁਣ ਖਾਦਾਂ ਦੀ ਭਾਰੀ ਘਾਟ ਹੈ, ਹੜ੍ਹ ਕਾਰਨ ਖਪਤ ਕਈ ਗੁਣਾ ਵੱਧ ਗਈ ਹੈ। ਕਿਹਾ ਕਿ ਅਜੇ ਤੱਕ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਕੋਈ ਮਆਵਜ਼ੇ ਦਾ ਐਲਾਨ ਨਹੀਂ ਕੀਤਾ । ਇਸ ਮੌਕੇ ਰਣਜੀਤ ਸਿੰਘ ਢੰਡੋਰ, ਹਰਜਿੰਦਰ ਸਿੰਘ ਪ੍ਰਧਾਨ ਕੰਗਣਵਾਲ, ਹਰਦੀਪ ਸਿੰਘ ਜ਼ਿਲ੍ਹਾਂ ਪ੍ਰਧਾਨ ਹੁਸ਼ਿਆਰਪੁਰ, ਗੁਰਜਪਾਲ ਸਿੰਘ ਸੀਨੀਅਰ ਜ਼ਿਲ੍ਹਾਂ ਪ੍ਰਧਾਨ ਹੁਸ਼ਿਆਰਪੁਰ, ਤਰਸੇਮ ਸਿੰਘ ਰੰਧਾਵਾ, ਸਰਦਾਰਾ ਸਿੰਘ, ਰਣਜੀਤ ਸਿੰਘ, ਜਸਵਿੰਦਰ ਸਿੰਘ ਸਰਪੰਚ ਹਰੀਪੁਰ, ਹਰਜੀਤ ਸਿੰਘ ਪਟਵਾਰੀ, ਅਵਤਾਰ ਸਿੰਘ ਦਿਓਲ, ਮਨਜੀਤ ਸਿੰਘ ਖਾਨਪੁਰ, ਕਰਨੈਲ ਸਿੰਘ ਮੱਲੀ, ਸੰਤੋਖ ਸਿੰਘ,ਸੁਰਿੰਦਰ ਸਿੰਘ,ਰਣਜੀਤ ਸਿੰਘ, ਤਰਸੇਮ ਸਿੰਘ ਸਮੇਤ ਇਲਾਕੇ ਦੇ ਕਿਸਾਨ ਹਾਜ਼ਰ ਹੋਏ।

# ਡੀ ਏ ਵੀ ਬਿਲਗਾ 'ਚ ਹਿੰਦੀ ਦਿਵਸ ਮਨਾਇਆ



**ਬਿਲਗਾ : (ਵਿਜੇ ਕੁਮਾਰ)** ਐਸ ਆਰ ਤਾਂਗੜੀ ਡੀ.ਏ.ਵੀ. ਪਬਲਿਕ ਸਕੂਲ ਬਿਲਗਾ ਵਿਖੇ ਹਿੰਦੀ ਦਿਵਸ ਮੌਕੇ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ 'ਚ ਹਿੰਦੀ ਦੀ ਸੀਨੀਅਰ ਅਧਿਆਪਕਾ ਸ਼੍ਰੀਮਤੀ ਮਧੂ ਸੇਖੜੀ ਨੇ ਰਾਸਟਰੀ ਭਾਸ਼ਾ ਵਜੋਂ ਹਿੰਦੀ ਦੀ ਮਹੱਤਤਾ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਸਾਨੂੰ ਆਪਣੀ ਰਾਸਟਰੀ ਭਾਸ਼ਾ 'ਤੇ ਮਾਣ ਹੋਣਾ ਚਾਹੀਦਾ ਹੈ ਅਤੇ ਇਸ ਭਾਸ਼ਾ ਨੂੰ ਪੂਰਾ ਮਾਣ-ਸਤਿਕਾਰ ਦੇਣਾ ਸਾਡੀ ਜਿੰਮੇਵਾਰੀ ਹੈ। ਇਸ ਮੌਕੇ ਸਕੂਲੀ ਵਿਦਿਆਰਥੀਆਂ ਨੇ ਹਿੰਦੀ ਕਵਿਤਾ ਗਾਇਨ ਕੀਤੀ। ਇਸ ਮੁਕਾਬਲੇ 'ਚ ਕੁਨਾਲ ਨੇ ਪਹਿਲਾ ਸਥਾਨ, ਸੁਖਪ੍ਰੀਤ ਨੇ ਦੂਸਰਾ ਅਤੇ ਨਵਕੀਰਤ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸਮਾਗਮ ਦੇ ਅੰਤ 'ਚ ਸਕੂਲ ਦੇ ਪ੍ਰਿੰਸੀਪਲ ਰਵੀ ਸ਼ਰਮਾਂ ਨੇ ਕਿਹਾ ਕਿ ਹਿੰਦੀ ਇੱਕ ਅਜਿਹੀ ਭਾਸ਼ਾ ਹੈ ਜੋ ਸਮੁੱਚੀ ਕੌਮ ਨੂੰ ਬੰਨ੍ਹਦੀ ਹੈ ਅਤੇ ਇਸ ਦਾ ਪ੍ਰਤੀਕ ਹੈ। ਇਹ ਸਾਡੇ ਭਾਰਤ ਦੀ ਏਕਤਾ ਦਾ ਪ੍ਰਤੀਕ ਹੈ। ਸਮਾਗਮ ਦੇ ਅੰਤ 'ਚ ਕਵਿਤਾਵਾਂ ਗਾਇਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ।

# ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਨੂੰ ਘਰਾਂ 'ਚ ਨਜ਼ਰਬੰਦ ਕਰਨ ਦੀ ਨਿਖੇਧੀ



**ਜਲੰਧਰ ( ਸ਼ੈਲੀ ਐਲਬਰਟ)**-ਪੰਜਾਬ ਵਿੱਚ ਆਮ ਲੋਕਾਂ ਦੀ ਸਰਕਾਰ ਕਹਿਣ ਵਾਲੀ ਆਪ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਪਾਰਟੀ ਸੁਪਰੀਮੋ ਦੀ ਜਲੰਧਰ ਆਮਦ ਸਮੇਂ ਵੱਖ ਵੱਖ ਮੁਲਾਜ਼ਮ ਜਥੇਬੰਦੀਆਂ ਦੇ ਸੰਘਰਸ਼ਸ਼ੀਲ ਆਗੂਆਂ ਸੀ ਪੀ ਐੱਫ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਜੀਤ ਸਿੰਘ ਅਤੇ ਸਰਲ ਸਿੱਖਿਆ ਅਭਿਆਨ/ਦਫ਼ਤਰੀ ਕਰਮਚਾਰੀਆਂ ਯੂਨੀਅਨ ਜਲੰਧਰ ਦੇ ਆਗੂ ਸੋਵਿਤ ਭਗਤ ਨੂੰ ਘਰਾਂ ਵਿੱਚ ਨਜ਼ਰਬੰਦ ਕਰਨ ਦੀ ਤਿੱਖੀ ਨਿਖੇਧੀ ਕਰਦੇ ਹੋਏ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ, ਤੇ ਪਸਸਫ ਦੇ ਸੂਬਾਈ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਬੁਖਲਾਹਟ ਨੇ ਉਸ ਦਾ ਲੋਕ ਤੇ ਮੁਲਾਜ਼ਮ ਵਿਰੋਧੀ ਚਿਹਰਾ ਨੰਗਾ ਕਰ ਦਿੱਤਾ ਹੈ।। ਇਸ ਸਮੇਂ ਗੌਰਮਿੰਟ ਟੀਚਰਜ਼ ਯੂਨੀਅਨ ਜਿਲਾ ਜਲੰਧਰ ਦੇ ਸਕੱਤਰ ਸੁਖਵਿੰਦਰ ਸਿੰਘ ਮੱਕੜ, ਵਿੱਤ ਸਕੱਤਰ ਹਰਮਨਜੋਤ ਸਿੰਘ ਆਹਲੂਵਾਲੀਆ, ਪ੍ਰੈੱਸ ਸਕੱਤਰ ਰਗਜੀਤ ਸਿੰਘ,ਪ.ਸ.ਸ.ਫ.ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ, ਜਨਰਲ ਸਕੱਤਰ ਨਿਰਮੋਲਕ ਸਿੰਘ ਹੀਰਾ, ਵਿੱਤ ਸਕੱਤਰ ਅਕਲ ਚੰਦ ਸਿੰਘ, ਪ.ਸ.ਸ.ਫ.ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਜਲੰਧਰ ਜ਼ਿਲ੍ਹਾ ਕਨਵੀਨਰ ਕੁਲਦੀਪ ਵਾਲੀਆ, ਕਨਵੀਨਰ ਦਿਲਬਾਗ ਸਿੰਘ, ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜਲੰਧਰ ਦੇ ਆਗੂਆਂ ਬਲਵਿੰਦਰ ਕੁਮਾਰ, ਕੁਲਦੀਪ ਸਿੰਘ ਕੌੜਾ, ਦਰਸ਼ਨ ਰਾਮ ਸਿਆਣ, ਮੰਗਤ ਰਾਮ ਸਮਰਾ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਆਪ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਤੋਂ ਜ਼ੋਰਦਾਰ ਮੰਗ ਕਰਦੇ ਹੋਏ ਕਿਹਾ ਕਿ ਸੰਘਰਸ਼ਸ਼ੀਲ ਜਥੇਬੰਦੀਆਂ ਦੇ ਆਗੂਆਂ ਨੂੰ ਨਜ਼ਰਬੰਦ ਕਰਨ ਦੀ ਬਜਾਏ ਉਨ੍ਹਾਂ ਨੂੰ ਮੀਟਿੰਗ ਦਾ ਸੱਦਾ ਦਿੱਤਾ ਜਾਵੇ ਅਤੇ ਸੁਖਾਵੇਂ ਮਾਹੌਲ ਵਿੱਚ ਵਧੀਆ ਢੰਗ ਨਾਲ ਦੋ ਧਿਰੀ ਗੱਲਬਾਤ ਕਰਦੇ ਹੋਏ ਹੱਕੀ ਅਤੇ ਜਾਇਜ਼ ਮੰਗਾਂ ਦਾ ਨਿਪਟਾਰਾ ਕਰਨ ਲਈ ਗੰਭੀਰਤਾ ਨਾਲ ਉਪਰਾਲਾ ਕੀਤਾ ਜਾਵੇ ਤਾਂ ਜੋ ਪੰਜਾਬ ਵਿੱਚ ਸੁਖਾਵਾਂ ਅਤੇ ਸ਼ਾਂਤਮਈ ਮਾਹੌਲ ਪੈਦਾ ਹੋ ਸਕੇ। ਜਥੇਬੰਦੀ ਦੇ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਆਪਣੇ ਚੋਣ ਵਾਅਦੇ ਨੂੰ ਪੂਰਾ ਕਰਦੇ ਹੋਏ ਹਰ ਪ੍ਰਕਾਰ ਦੇ ਕੱਚੇ ਮੁਲਾਜ਼ਮਾਂ ਨੂੰ ਪੂਰੇ ਪੂਰੇ ਗਰੇਡਾਂ ਵਿੱਚ ਤੁਰੰਤ ਰੈਗੂਲਰ ਕੀਤਾ ਜਾਵੇ, ਪੁਰਾਣੀ ਪੈਨਸ਼ਨ 1972 ਦੇ ਨਿਯਮਾਂ ਅਨੁਸਾਰ ਤੁਰੰਤ ਲਾਗੂ ਕੀਤੀ ਜਾਵੇ, ਮਾਣ ਭੱਤਾ ਮੁਲਾਜ਼ਮਾਂ ਨੂੰ ਘੱਟ ਘੱਟ ਉਜਰਤ ਦੇ ਘੇਰੇ ਵਿੱਚ ਲਿਆ ਕੇ 18000 ਰੁਪਏ ਮਹੀਨਾ ਮਿਹਨਤਾਨਾ ਦਿੱਤਾ ਜਾਵੇ।ਇਸ ਸਮੇਂ ਬਲਜੀਤ ਸਿੰਘ ਕੁਲਾਰ, ਵਿਨੋਦ ਭੱਟੀ, ਪਰੇਮ ਖਲਵਾੜਾ, ਵੇਦ ਰਾਜ, ਸੁਖਵਿੰਦਰ ਰਾਮ, ਮਲਕੀਅਤ ਸਿੰਘ, ਮੰਗਤ ਰਾਮ ਸਮਰਾ, ਦੀਪਕ ਨਕੋਦਰ, ਗੁਰਿੰਦਰ ਸਿੰਘ, ਪਿਆਰਾ ਸਿੰਘ, ਸਰਬਜੀਤ ਢੇਸੀ, ਲੇਖ ਰਾਜ ਪੰਜਾਬੀ, ਬਲਵੀਰ ਗੁਰਾਇਆ, ਬਖਸ਼ੀ ਰਾਮ, ਕੁਲਵੰਤ ਰਾਮ ਰੁੜਕਾ, ਸੰਦੀਪ ਕੁਮਾਰ, ਸਤਵਿੰਦਰ ਸਿੰਘ, ਅੰਗਰੇਜ਼ ਸਿੰਘ, ਤਾਰਾ ਸਿੰਘ, ਰਤਨ ਸਿੰਘ, ਰਜਿੰਦਰ ਭੋਗਪੁਰ ਕਮਲ ਸ਼ਰਮਾ, ਬਲਵਿੰਦਰ ਕੁਮਾਰ, ਬੂਟਾ ਰਾਮ, ਗੋਬਿੰਦ ਰਾਮ ਆਦਿ ਹਾਜ਼ਰ ਸਨ ।-

# ਸੈਕੰਡਰੀ ਸਕੂਲ ਬੁੰਡਾਲਾ 'ਚ ਡੇਂਗੂ ਬਾਰੇ ਕੀਤਾ ਜਾਗਰੂਕ



ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ) -ਅੱਜ ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁੰਡਾਲਾ ਲੜਕੇ ਵਿਖੇ ਸਿੱਖਿਆ ਵਿਭਾਗ ਹਦਾਇਤਾਂ ਅਨੁਸਾਰ ਪ੍ਰਿੰਸੀਪਲ ਨੀਲਮ ਦੀ ਦੇਖ ਰੇਖ ਹੇਠ ' 'ਹਰ ਸ਼ੁੱਕਰਵਾਰ ਡੇਂਗੂ ਤੇ ਵਾਰ' ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ। ਮਨੋਜ ਕੁਮਾਰ ਸਰੋਏ ਮੈਥ ਲੈਕਚਰਾਰ ਨੇ ਡੇਂਗੂ ਦੇ ਲੱਛਣ, ਰੋਕਥਾਮ ਤੇ ਬਚਾਅ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਹਰ ਸ਼ੁੱਕਰਵਾਰ ਸਾਨੂੰ ਆਪਣੇ ਘਰ, ਸਕੂਲ, ਗੁਆਂਢ ਵਿੱਚ ਜਿਥੇ ਵੀ ਪਾਣੀ ਖੜ੍ਹਾ ਹੋਵੇ ਉਸ ਨੂੰ ਖਾਲੀ ਕਰਕੇ ਸੁਕਾਉਣਾ ਹੈ ਤਾਂ ਜੋ ਉਸ ਵਿੱਚ ਡੇਂਗੂ ਨਾ ਪਨਪ ਸਕੇ। ਇਸ ਸਮੇਂ ਕੁਮਾਰੀ ਸ਼ਿਲਪਾ ਨੇ ਵੀ ਡੇਂਗੂ ਬਿਮਾਰੀ ਦੀਆਂ ਸਟੇਜਾਂ ਬਾਰੇ ਜਾਣਕਾਰੀ ਦਿੱਤੀ। ਵਿਕਰਮ ਪਾਲ ਸਿੰਘ ਨੇ ਕਿਹਾ ਕਿ ਜੇਕਰ ਡੇਂਗੂ ਹੋ ਵੀ ਜਾਵੇ ਤਾਂ ਸਾਨੂੰ ਘਬਰਾਉਣਾ ਨਹੀਂ ਚਾਹੀਦਾ ਸਗੋਂ ਤੁਰੰਤ ਡਾਕਟਰ ਦੀ ਸਲਾਹ ਨਾਲ ਇਲਾਜ ਕਰਵਾਉਣਾ ਚਾਹੀਦਾ ਹੈ। ਇਸ ਸਮੇਂ ਵਿਦਿਆਰਥੀਆਂ ਨੇ ਪੋਸਟਰ ਮੇਕਿੰਗ ਅਤੇ ਸਕੂਲ ਦੀ ਸਫਾਈ ਵਿੱਚ ਆਪਣਾ ਯੋਗਦਾਨ ਪਾਇਆ।

# ਕਲੇਰਾਂ 'ਚ ਕੁਸ਼ਤੀ ਮੁਕਾਬਲਾ



**ਮੇਹਲੀ ( ਗੁਰਨਾਮ)**:-ਇੱਥੋ ਥੋੜ੍ਹੀ ਦੂਰ ਪਿੰਡ ਕਲੇਰਾਂ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ ਪ੍ਰਬੰਧਕ ਕਮੇਟੀ ਅਤੇ ਐਨ.ਆਰ.ਆਈ ਵੀਰਾਂ ਦੇ ਸਹਿਯੋਗ ਨਾਲ ਛਿੰਝ ਮੇਲਾ ਕਰਵਾਇਆ ਗਿਆ। ਇਸ ਮੇਲੇ ਵਿਚ 45 ਕੁਸ਼ਤੀਆਂ ਕਰਵਾਈਆਂ ਗਈਆਂ। ਪਟਕੇ ਦੀ ਕੁਸ਼ਤੀ ਪ੍ਰਿਤਪਾਲ ਫਗਵਾੜਾ ਅਤੇ ਕ੍ਰਿਸ਼ਨ ਖੰਨਾ ਵਿਚਕਾਰ ਖੇਡੀ ਗਈ। ਇਸ ਵਿੱਚ ਕ੍ਰਿਸ਼ਨ ਖੰਨਾ ਪੁਆਇਟ ਜੇਤੂ ਰਿਹਾ। ਜੇਤੂ ਪਹਿਲਵਾਨ ਨੂੰ ਮੋਟਰਸਾਈਕਲ ਅਤੇ ਦੂਸਰੇ ਪਹਿਲਵਾਨ ਨੂੰ ਪ੍ਰਬੰਧਕ ਕਮੇਟੀ ਵੱਲੋਂ 50 ਹਜ਼ਾਰ ਦਾ ਇਨਾਮ ਦਿੱਤੇ ਗਏ। ਕੁਸ਼ਤੀ ਲੜਨ ਵਾਲੇ ਪਹਿਲਵਾਨਾਂ ਨੂੰ ਕਮੇਟੀ ਵੱਲੋਂ ਨਗਦ ਇਨਾਮ ਦਿੱਤੇ ਗਏ।

# ਨਸ਼ਾ ਤਸਕਰਾਂ ਨੂੰ ਨੱਥ ਪਾਉਣ ਲਈ ਹਰ ਤਰੀਕਾ ਵਰਤਿਆ ਜਾਵੇਗਾ : ਕਰਨੈਲ ਸਿੰਘ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਸਰਤਾਜ ਸਿੰਘ ਚਾਹਲ ਆਈ ਪੀ ਐਸ ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਦੀ ਹਦਾਇਤ ਅਤੇ ਪਲਵਿੰਦਰ ਸਿੰਘ ਪੀ ਪੀ ਐਸ ਉਪ ਪੁਲਸ ਕਪਤਾਨ (ਸਿਟੀ) ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਸਾ ਤਸਕਰਾ ਨੂੰ ਨੱਥ ਪਾਉਣ ਲਈ ਅਤੇ ਨਸਾ ਕਰਨ ਵਾਲਿਆ ਖਿਲਾਫ ਰੋਕੂ ਕਾਰਵਾਈਆ ਕਰਨ ਲਈ ਵਿੱਢੀ ਮੁਹਿੰਮ ਤਹਿਤ ਇੰਸ: ਕਰਨੈਲ ਸਿੰਘ ਮੁੱਖ ਅਫਸਰ ਥਾਣਾ ਮਾਡਲ ਟਾਊਨ ਹੁਸਿਆਰਪੁਰ ਦੀ ਨਿਗਰਾਨੀ ਹੇਠ ਏ ਐਸ ਆਈ ਗੁਰਦੀਪ ਸਿੰਘ ਥਾਣਾ ਮਾਡਲ ਟਾਉਨ ਹੁਸ਼ਿਆਰਪੁਰ ਨੇ ਸਮੇਤ ਸਾਥੀ ਕ੍ਰਮਚਾਰੀਆ ਦੇ ਨਾਲ ਸੁਭਮ ਚੌਧਰੀ ਪੁੱਤਰ ਸੁਰਿੰਦਰ ਮੋਹਣ ਵਾਸੀ ਪੁਰਹੀਰਾ ਥਾਣਾ ਮਾਡਲ ਟਾਊਨ ਹੁਸਿਆਰਪੁਰ ਨੂੰ ਕਾਬੂ ਕੀਤਾ ਅਤੇ ਉਸ ਦੀ ਤਲਾਸ਼ੀ ਕਰਨ ਉਪਰੰਤ ਉਸ ਪਾਸੋਂ 97 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ ਹੋਣ 'ਤੇ ਉਸ ਖਿਲਾਫ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ। ਉਹਨਾ ਦੱਸਿਆ ਕਿ ਸੁਭਮ ਚੌਧਰੀ ਪੁੱਤਰ ਸੁਰਿੰਦਰ ਮੋਹਣ ਵਾਸੀ ਪੁਰਹੀਰਾ ਥਾਣਾ ਮਾਡਲ ਟਾਊਨ ਹੁਸਿਆਰਪੁਰ ਨੂੰ ਅਦਾਲਤ 'ਚ ਪੇਸ਼ ਕਰਕੇ ਇਸ ਦਾ ਰਿਮਾਂਡ ਹਾਸਲ ਕਰਕੇ ਪਤਾ ਕੀਤਾ ਜਾਵੇਗਾ ਕਿ ਇਹ ਨਸਾ ਕਿਸ ਕੋਲੋ ਖਰੀਦ ਕੇ ਲਿਆਉਂਦਾ ਹੈ ਅਤੇ ਕਿਸ ਕਿਸ ਨੂੰ ਵੇਚਦਾ ਹੈ।

# ਸ਼ੱਕੀ ਹਾਲਤ 'ਚ ਨੌਜਵਾਨ ਦੀ ਮੌਤ, ਪਰਵਾਰਕ ਮੈਂਬਰਾਂ ਨੇ ਪੁਲਸ 'ਤੇ ਕਾਰਵਾਈ ਨਾ ਕਰਨ ਦੇ ਲਗਾਏ ਦੋਸ਼



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**-ਬੀਤੇ ਦਿਨੀਂ ਸੁਲਤਾਨਪੁਰ ਲੋਧੀ ਦੇ ਇਕ ਨੌਜਵਾਨ ਦੀ ਸ਼ੱਕੀ ਹਾਲਤ 'ਚ ਮੌਤ ਹੋਣ ਦੀ ਖਬਰ ਮਿਲੀ ਹੈ ਅਤੇ ਪਰਵਾਰਕ ਮੈਂਬਰਾਂ ਨੇ ਆਪਣੇ ਲੜਕੇ ਦੇ ਕਤਲ ਹੋਣ ਦਾ ਸ਼ੱਕ ਪ੍ਰਗਟ ਕੀਤਾ ਹੈ ਤੇ ਆਪਣੇ ਸਮਰਥਕਾਂ ਨੂੰ ਨਾਲ ਲੈ ਕੇ ਰੋਸ ਪ੍ਰਦਰਸ਼ਨ ਕਰਦਿਆਂ ਨਿਆਂ ਦੀ ਮੰਗ ਕੀਤੀ। ਮ੍ਰਿਤਕ ਦੇ ਪਿਤਾ ਸੋਨੂੰ, ਭਰਾ ਆਕਾਸ਼ਦੀਪ ਅਤੇ ਮਾਤਾ ਪ੍ਰਵੀਨ ਕੁਮਾਰੀ ਨੇ ਦੋਸ਼ ਲਗਾਇਆ ਕਿ ਬੀਤੀ 7 ਸਤੰਬਰ ਨੂੰ ਉਨ੍ਹਾਂ ਦੇ ਲੜਕੇ ਰੋਹਿਤ ਦਾ ਕਤਲ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਲੜਕਾ ਇਕ ਕੱਪੜੇ ਦੀ ਦੁਕਾਨ 'ਤੇ ਕੰਮ ਕਰਦਾ ਸੀ ਜਿਸ ਦੇ ਮਾਲਕ ਦਾ ਉਸ ਰਾਤ ਕਰੀਬ 8:00 ਵਜੇ ਫੋਨ ਆਇਆ ਕਿ ਰੋਹਿਤ ਸਾਡੇ ਘਰ ਹੈ ਅਤੇ 8:30 ਵਜੇ ਰੋਹਿਤ ਦਾ ਵੀ ਫੋਨ ਆਇਆ ਕਿ ਮੈਂ ਰੋਟੀ ਖਾ ਰਿਹਾ ਹਾਂ ਅਤੇ ਜਨਮ ਅਸ਼ਟਮੀ ਦਾ ਸਮਾਗਮ ਵੇਖ ਕੇ ਹੀ ਵਾਪਸ ਆਵਾਂਗਾ। ਪਰ ਬਾਅਦ ਵਿੱਚ ਉਨ੍ਹਾਂ ਨੂੰ ਕਿਸੇ ਦਾ ਫੋਨ ਆਉਂਦਾ ਹੈ ਕਿ ਉਨ੍ਹਾਂ ਦਾ ਲੜਕਾ ਸਿਵਲ ਹਸਪਤਾਲ ਵਿਚ ਹੈ। ਜਿੱਥੋਂ ਡਾਕਟਰਾਂ ਨੇ ਉਸ ਨੂੰ ਅੰਮ੍ਰਿਤਸਰ ਰੈਫਰ ਕਰ ਦਿੱਤਾ। ਜਦੋਂ ਅਸੀਂ ਆਪਣੇ ਲੜਕੇ ਨੂੰ ਇਲਾਜ ਲਈ ਅੰਮ੍ਰਿਤਸਰ ਲੈ ਕੇ ਜਾ ਰਹੇ ਸੀ ਤਾਂ ਰਸਤੇ ਵਿਚ ਉਸ ਦੀ ਮੌਤ ਹੋ ਗਈ। ਉਨ੍ਹਾਂ ਦੋਸ਼ ਲਗਾਇਆ ਕਿ ਉਨਾਂ ਦੇ ਲੜਕੇ ਦਾ ਕਤਲ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਲੜਕਾ ਕੋਈ ਵੀ ਨਸ਼ਾ ਨਹੀਂ ਕਰਦਾ ਸੀ ਸਗੋਂ ਉਸ ਨੂੰ ਸਾਜਿਸ਼ ਤਹਿਤ ਮਾਰਿਆ ਗਿਆ ਹੈ। ਪੁਲਸ ਕਾਰਵਾਈ ਨਹੀਂ ਕਰ ਰਹੀ ਜਿਸ ਕਰਕੇ ਮਜਬੂਰਨ ਉਨ੍ਹਾਂ ਨੂੰ ਇਹ ਰੋਸ ਧਰਨਾ ਦੇਣਾ ਪੈ ਰਿਹਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਨੂੰ ਨਿਆਂ ਨਾ ਮਿਲਿਆ ਤਾਂ ਤਲਵੰਡੀ ਚੌਕ ਵਿਖੇ ਜਾਮ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਪੰਜਾਬ ਪੁਲਸ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਏਕਤਾ ਪਾਰਟੀ ਪੰਜਾਬ ਦੇ ਪ੍ਰਧਾਨ ਸੁਰਜੀਤ ਸਿੰਘ ਮਾਨ, ਦਿਨੇਸ਼ ਕੁਮਾਰ, ਬੂਟਾ ਸਿੰਘ, ਪ੍ਰਵੀਨ, ਰਜਤ, ਸੋਮਕਾਂਤ, ਪਰਦੀਪ ਸਿੰਘ, ਸਰਪੰਚ ਡਾਕਟਰ ਮਨੋਹਰ ਨਾਲ, ਸਾਬਕਾ ਸਰਪੰਚ ਤਰਨਜੀਤ ਸਿੰਘ, ਰਾਹੁਲ, ਅਵਿਨਾਸ਼, ਨਰਿੰਦਰ, ਊਸ਼ਾ ਅਤੇ ਪਰਵਾਰਕ ਮੈਂਬਰ ਹਾਜ਼ਰ ਸਨ। ਇਸ ਸਬੰਧ 'ਚ ਐਸ ਐਚ ਓ ਲਖਵਿੰਦਰ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਾਲ ਡਿਟੇਲ ਕਢਵਾਈ ਜਾ ਰਹੀ ਹੈ ਅਤੇ ਮਾਮਲੇ ਦੀ ਪੜਤਾਲ ਉਪਰੰਤ ਦੋਸ਼ੀ ਪਾਏ ਜਾਣ ਵਾਲੇ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਕੇਜਰੀਵਾਲ ਵੱਲੋਂ 'ਇੱਕ ਰਾਸ਼ਟਰ ਇੱਕ ਸਿੱਖਿਆ ਨੀਤੀ' ਦੇ ਬਿਆਨ ਦੀ ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ ਅਲੋਚਨਾ



**ਫਿਲੌਰ( ਨਿਰਮਲ )**- ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਅਧਿਆਪਕਾਂ ਦੀ ਪ੍ਰਤੀਨਿਧ ਜਥੇਬੰਦੀ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਨੇ ਬੀਤੇ ਦਿਨੀਂ ਅੰਮ੍ਰਿਤਸਰ ਵਿਖੇ ਇਕ ਸਕੂਲ ਆਫ ਐਮੀਨੈਂਸ ਦੇ ਉਦਘਾਟਨ ਸਮੇਂ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਵਲੋਂ 'ਇੱਕ ਰਾਸ਼ਟਰ ਇੱਕ ਸਿੱਖਿਆ ਨੀਤੀ' ਦਾ ਰਾਗ ਅਲਾਪਣ ਦੀ ਸਖਤ ਨਿਖੇਧੀ ਕੀਤੀ ਹੈ। ਆਗੂਆਂ ਕਿਹਾ ਕਿ ਕੇਜਰੀਵਾਲ ਵਲੋਂ ਮੋਦੀ ਦੁਆਰਾ ਜਾਰੀ ਕੀਤੀ ਗਈ ਕੌਮੀ ਸਿੱਖਿਆ ਨੀਤੀ 2020 ਬਾਰੇ ਚੁੱਪ ਵੱਟਣਾ ਤੇ ਮੰਦਭਾਗਾ ਹੈ। ਜਿਵੇਂ ਕੇਂਦਰ ਦੀ ਸਰਕਾਰ ਵਲੋਂ ਇੱਕ ਰਾਸ਼ਟਰ ਇੱਕ ਭਾਸ਼ਾ ਸਾਡੇ ਭਾਰਤੀ ਸੰਘੀ ਢਾਂਚੇ ਨੂੰ ਸੱਟ ਮਾਰਦੀ ਹੈ। ਇਸੇ ਤਰ੍ਹਾਂ ਕੇਜਰੀਵਾਲ ਦਾ ਇਹ ਬਿਆਨ ਵੀ ਸੰਘੀ ਢਾਂਚੇ ਤੇ ਰਾਜਾਂ ਦੇ ਆਪਣੇ ਅਧਿਕਾਰਾਂ ਨੂੰ ਸੱਟ ਮਾਰਨ ਵਾਲਾ ਹੈ। ਇਸ ਸਬੰਧੀ ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਸੂਬਾ ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ ਦੇ ਬਿਆਨ ਨੂੰ ਜਾਰੀ ਕਰਦਿਆਂ ਸੂਬਾਈ ਪ੍ਰੈਸ ਸਕੱਤਰ ਸੁਰਜੀਤ ਸਿੰਘ ਮੋਹਾਲੀ ਅਤੇ ਕਰਨੈਲ ਫਿਲੌਰ ਆਦਿ ਆਗੂਆਂ ਨੇ ਕਿਹਾ ਕਿ ਪਹਿਲਾਂ ਹੀ ਕੇਂਦਰ ਸਰਕਾਰ ਨੇ ਬਿਨਾਂ ਰਾਜ ਸਰਕਾਰਾਂ ਦੀ ਸਲਾਹ ਲਏ ਅਤੇ ਬਿਨਾਂ ਸਿੱਖਿਆ ਸ਼ਾਸਤਰੀਆਂ, ਅਧਿਆਪਕਾਂ ਤੇ ਵਿਦਿਆਰਥੀਆਂ ਨਾਲ ਵਿਚਾਰ ਵਟਾਂਦਰਾ ਕੀਤੇ ਰਾਸ਼ਟਰੀ ਸਿੱਖਿਆ ਨੀਤੀ ਵੱਡੇ ਪੱਧਰ 'ਤੇ ਲਾਗੂ ਕੀਤੀ ਜਾ ਰਹੀ ਹੈ। ਆਗੂਆਂ ਅਨੁਸਾਰ ਸਿੱਖਿਆ ਰਾਜਾਂ ਦਾ ਵਿਸ਼ਾ ਹੈ ਅਤੇ ਰਾਜ ਦੇ ਲੋਕਾਂ ਨੂੰ ਬਿਨਾਂ ਭਰੋਸੇ ਵਿੱਚ ਲਏ ਠੋਸੀ ਗਈ ਸਿੱਖਿਆ ਨੀਤੀ 'ਤੇ ਪੰਜਾਬ ਸਰਕਾਰ ਨੂੰ ਅਮਲ ਨਹੀਂ ਕਰਨਾ ਚਾਹੀਦਾ। ਆਗੂਆਂ ਦੱਸਿਆ ਕਿ ਇਹ ਨੀਤੀ ਸਭ ਨੂੰ ਸਿੱਖਿਆ ਦੇ ਬਰਾਬਰ ਮੌਕੇ ਦੇਣ ਦੇ ਸੰਵਿਧਾਨਕ ਹੱਕ ਤੋਂ ਵਾਂਝਾ ਕਰਨ ਦੀ ਸਾਜਿਸ਼ ਹੈ। ਕੇਰਲਾ ਅਤੇ ਤਾਮਿਲਨਾਡੂ ਦੀਆਂ ਸਰਕਾਰਾਂ ਇਸ ਸਿੱਖਿਆ ਨੀਤੀ ਨੂੰ ਪਹਿਲਾਂ ਹੀ ਮੁੱਢੋਂ ਰੱਦ ਕਰ ਚੁੱਕੀਆਂ ਹਨ ਅਤੇ ਹੁਣ ਕਰਨਾਟਕ ਦੀ ਸਰਕਾਰ ਵਲੋਂ ਵੀ ਇਸ ਸਿੱਖਿਆ ਨੀਤੀ ਨੂੰ ਰੱਦ ਕਰਨ ਵੱਲ ਆਪਣੇ ਕਦਮ ਵਧਾਏ ਹਨ। ਰਾਸ਼ਟਰੀ ਸਿੱਖਿਆ ਨੀਤੀ 2020 ਸਿੱਖਿਆ ਦੇ ਨਿੱਜੀਕਰਨ, ਵਪਾਰੀਕਰਨ ਤੇ ਕਾਰਪੋਰੇਟੀ ਭਾਗਵੇਂਕਰਨ ਵੱਲ ਸੇਧਤ ਹੈ। ਜੇਕਰ ਇਸ ਨੀਤੀ 'ਤੇ ਅਮਲ ਜਾਰੀ ਰੱਖਿਆ ਤਾਂ ਰਾਜ ਅੰਦਰ ਗਰੀਬਾਂ ਦੇ ਹਜ਼ਾਰਾਂ ਸਕੂਲ ਬੰਦ ਹੋ ਜਾਣਗੇ ਤੇ ਲੱਖਾਂ ਵਿਦਿਆਰਥੀ ਸਿੱਖਿਆ ਖੇਤਰ ਤੋਂ ਬਾਹਰ ਹੋ ਜਾਣਗੇ ਅਤੇ ਉੱਚ ਯੋਗਤਾ ਪ੍ਰਾਪਤ ਲੱਖਾਂ ਟਰੇਂਡ ਅਧਿਆਪਕਾਂ ਲਈ ਰੁਜ਼ਗਾਰ ਦੇ ਦਰਵਾਜ਼ੇ ਬੰਦ ਹੋ ਜਾਣਗੇ। ਸਿੱਟੇ ਵਜੋਂ ਪੰਜਾਬ ਦੀ ਜਨਤਕ ਸਿੱਖਿਆ ਤਬਾਹ ਹੋ ਜਾਵੇਗੀ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਰਾਸ਼ਟਰੀ ਸਿੱਖਿਆ ਨੀਤੀ 2020 ਤੇ ਪੰਜਾਬ ਸਰਕਾਰ ਨੇ ਅਮਲ ਜਾਰੀ ਰੱਖਿਆ ਤਾਂ ਜਥੇਬੰਦੀ ਇਸ ਵਿਰੁੱਧ ਵਿਆਪਕ ਜਨਤਕ ਲਾਮਬੰਦੀ ਕਰਕੇ ਜੋਰਦਾਰ ਘੋਲ ਸ਼ੁਰੂ ਕਰੇਗੀ। ਇਸ ਸਮੇਂ ਪ੍ਰਿੰਸੀਪਲ ਅਮਨਦੀਪ ਸ਼ਰਮਾ, ਤੀਰਥ ਸਿੰਘ ਬਾਸੀ, ਮਨੋਹਰ ਲਾਲ ਸ਼ਰਮਾ, ਗੁਰਦੀਪ ਬਾਜਵਾ, ਬਲਵਿੰਦਰ ਸਿੰਘ ਭੁੱਟੋ, ਕੁਲਦੀਪ ਸਿੰਘ ਪੂਰੋਵਾਲ, ਗੁਰਪ੍ਰੀਤ ਅੰਮੀਵਾਲ, ਜੱਜਪਾਲ ਬਾਜੇਕੇ, ਕੁਲਦੀਪ ਸਿੰਘ ਹਾਥਾਂ, ਪੁਸ਼ਪਿੰਦਰ ਹਰਪਾਲਪੁਰ, ਜਸਵਿੰਦਰ ਸਮਾਣਾ, ਰਵਿੰਦਰ ਸਿੰਘ ਪੱਪੀ, ਦਿਲਬਾਗ ਸਿੰਘ ਤੁੜ ਆਦਿ ਹਾਜ਼ਰ ਸਨ।

# ਮੱਸਿਆ ਦੇ ਦਿਹਾੜੇ 'ਤੇ ਸਜਾਏ ਗਏ ਧਾਰਮਿਕ ਦੀਵਾਨ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)** ਪਹਿਲੀ ਪਾਤਸ਼ਾਹੀ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਤਪ ਅਸਥਾਨ ਇਤਿਹਾਸਕ ਗੁਰਦੁਆਰਾ ਸ਼੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਭਾਦੋਂ ਦੀ ਮੱਸਿਆ ਦਾ ਪਾਵਨ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ। ਇਸ ਸਮੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਜਰਨੈਲ ਸਿੰਘ ਬੂਲੇ ਮੈਨੇਜਰ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੀ ਦੇਖ ਰੇਖ 'ਚ ਸੰਗਤਾਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਮੱਸਿਆ ਦੇ ਦਿਹਾੜੇ ਦੇ ਮੌਕੇ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਭਾਈ ਮਰਦਾਨਾ ਦੀਵਾਨ ਹਾਲ ਵਿਖੇ ਵਿਸ਼ਾਲ ਧਾਰਮਿਕ ਦੀਵਾਨ ਸਜਾਏ ਗਏ।

ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਹੈੱਡ ਗ੍ਰੰਥੀ ਨੇ ਕਥਾ ਵਿਚਾਰਾਂ ਕਰਦੇ ਹੋਏ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਦੇ ਜੀਵਨ ਇਤਿਹਾਸ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵੱਖ ਵੱਖ ਰਾਗੀ ਜਥੇ ਅਤੇ ਢਾਡੀ ਜੱਥੇ ਵਲੋਂ ਸੰਗਤਾਂ ਨੂੰ ਗੁਰੂ ਜਸ ਸੁਣਾਇਆ। ਇਸੇ ਤਰ੍ਹਾਂ ਦਰਬਾਰ ਸਾਹਿਬ ਵਿਖੇ ਹਜ਼ੂਰੀ ਰਾਗੀ ਜਥਿਆਂ ਵੱਲੋਂ ਪੂਰਾ ਦਿਨ ਗੁਰਬਾਣੀ ਦਾ ਕੀਰਤਨ ਕੀਤਾ ਗਿਆ।

### ਮਾਮਲਾ ਐੱਫ ਸੀ ਆਈ ਵੱਲੋਂ ਆੜ੍ਹਤੀਆਂ ਨੂੰ ਆੜ੍ਹਤ ਨਾ ਦੇਣ ਦਾ

# ਆੜ੍ਹਤੀ ਐਸੋਸੀਏਸ਼ਨ ਵੱਲੋਂ ਦੁਕਾਨਾਂ ਬੰਦ ਰੱਖ ਕੇ ਧਰਨਾ ਪ੍ਰਦਰਸ਼ਨ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਐੱਫ.ਸੀ.ਆਈ. ਵੱਲੋਂ ਆੜ੍ਹਤੀਆਂ ਨੂੰ ਬਣਦੀ ਆੜ੍ਹਤ ਨਾ ਦੇਣ ਦੇ ਰੋਸ ਵਜੋਂ ਬਾਘਾ ਪੁਰਾਣਾ ਦੇ ਆੜ੍ਹਤੀਆਂ ਵੱਲੋਂ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਪੰਜਾਬ ਸਰਕਾਰ ਖਿਲਾਫ਼ ਰੋਸ ਧਰਨਾ ਲਾ ਕੇ ਨਾਅਰੇਬਾਜ਼ੀ ਕੀਤੀ ਗਈ ਤੇ ਧਰਨਾਕਾਰੀਆਂ ਨੇ ਕਿਹਾ ਕਿ ਤਿੰਨ ਦਿਨ ਉਨ੍ਹਾਂ ਵੱਲੋਂ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਆੜ੍ਹਤੀਆ ਅਸੋਸੀਏਸ਼ਨ ਦੇ ਪ੍ਰਧਾਨ ਬਲਤੇਜ ਸਿੰਘ ਲੰਗੇਆਣਾ ਨੇ ਕਿਹਾ ਕਿ ਆੜ੍ਹਤੀਆਂ ਵੱਲੋਂ ਕਣਕ ਦੇ ਸੀਜ਼ਨ ਦੌਰਾਨ ਐੱਫ.ਸੀ.ਆਈ. ਨੂੰ ਅਡਾਨੀ ਦੇ ਸਾਇਲੋ ਪਲਾਂਟ ਡਗਰੂ ਵਿਖੇ ਕਿਸਾਨਾਂ ਦੀ ਖੁੱਲ੍ਹੀ ਕਣਕ ਆੜ੍ਹਤੀਆਂ ਵੱਲੋਂ ਆਪਣੀ ਪਰਚੀ 'ਤੇ ਭੇਜੀ ਗਈ ਸੀ, ਜੋ ਸਾਲ 2011 ਤੋਂ ਭੇਜੀ ਜਾ ਰਹੀ ਹੈ ਤੇ ਇਸ ਦੀ ਬਣਦੀ ਆੜ੍ਹਤ ਐੱਫ.ਸੀ.ਆਈ. ਆੜ੍ਹਤੀਆਂ ਨੂੰ ਦਿੰਦੀ ਆ ਰਹੀ ਹੈ, ਜੋ ਕਿ ਸਾਡਾ ਹੱਕ ਹੈ ਐੱਫ.ਸੀ.ਆਈ. ਵੱਲੋਂ ਕਿਸਾਨਾਂ ਨੂੰ ਜੋ ਫਾਰਮ ਵੀ ਆੜ੍ਹਤੀਆਂ ਦੇ ਨਾਮ 'ਤੇ ਹੀ ਦਿੱਤੇ ਜਾ ਰਹੇ ਹਨ, ਪਰ ਹੁਣ ਚਾਰ ਮਹੀਨਿਆਂ ਤੋਂ ਆੜ੍ਹਤੀਆਂ ਨੂੰ ਆੜ੍ਹਤ ਨਹੀਂ ਦਿੱਤੀ ਜਾ ਰਹੀ। ਇਸ ਸਬੰਧੀ ਕਈ ਵਾਰ ਐੱਫ.ਸੀ.ਆਈ. ਦੇ ਜੀ ਐੱਮ ਨੂੰ ਚੰਡੀਗੜ੍ਹ ਵਿਖੇ ਪੰਜਾਬ ਪ੍ਰਧਾਨ ਵਿਜੈ ਕਾਲੜਾ ਦੀ ਅਗਵਾਈ ਵਿੱਚ ਮਿਲੇ ਹਾਂ, ਪਰ ਕੋਈ ਮਸਲਾ ਹੱਲ ਨਹੀਂ ਹੋਇਆ। ਜੀ.ਐੱਮ. ਐੱਫ.ਸੀ.ਆਈ. ਵੱਲੋਂ ਕੋਈ ਸੰਤੁਸ਼ਟ ਜਵਾਬ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਸਾਡੇ ਨਾਲ ਡੀ.ਐੱਮ ਐੱਫ.ਸੀ.ਆਈ. ਨੇ ਸੀਜ਼ਨ ਤੋਂ ਪਹਿਲਾਂ ਆੜ੍ਹਤ ਦੇਣ ਦੀ ਗੱਲ ਕੀਤੀ ਸੀ, ਪਰ ਹੁਣ ਨਹੀਂ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਅਸੀਂ ਇਸ ਦੀ ਜਾਣਕਾਰੀ ਅਗਸਤ ਵਿੱਚ ਮੰਤਰੀ ਪਿਊਸ਼ ਗੋਇਲ ਨੂੰ ਦਿੱਤੀ ਸੀ ਤੇ ਹੁਣ ਪੰਜਾਬ ਪ੍ਰਧਾਨ ਵਿਜੈ ਕਾਲੜਾ ਦੀ ਅਗਵਾਈ ਵਿੱਚ ਅਸੀਂ ਭਾਜਪਾ ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਤੇ ਸਾਬਕਾ ਐੱਮ.ਪੀ. ਅਵਿਨਾਸ਼ ਖੰਨਾ ਨੂੰ ਮਿਲ ਕੇ ਆਪਣੀ 2.50 ਪ੍ਰਤੀਸ਼ਤ ਆੜ੍ਹਤ ਦੀ ਮੰਗ ਕੀਤੀ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀ ਬਣਦੀ ਆੜ੍ਹਤ ਕੇਂਦਰ ਸਰਕਾਰ ਨਾਲ ਗੱਲਬਾਤ ਕਰਕੇ ਜਲਦੀ ਹੀ ਦਵਾਈ ਜਾਵੇਗੀ।

ਉਨ੍ਹਾਂ ਐੱਫ.ਸੀ.ਆਈ. ਦੇ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਆੜ੍ਹਤੀਆਂ ਨੂੰ ਆੜ੍ਹਤ ਦਿੱਤੀ ਜਾਵੇ ਨਹੀਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਜਗਸੀਰ ਸਿੰਘ ਗਿੱਲ ਕਾਲੇਕੇ, ਕੇਵਲ ਸਿੰਘ ਲੰਗੇਆਣਾ, ਬਲਵੰਤ ਸਿੰਘ ਲੰਗੇਆਣਾ, ਜਸਪਾਲ ਸ਼ਰਮਾ, ਸੁਖਦੇਵ ਸਿੰਘ ਲੰਗੇਆਣਾ, ਸੋਨੂ ਜਿੰਦਲ, ਇਕਬਾਲ ਸਿੰਘ ਲੰਗੇਆਣਾ, ਸਰਬਜੀਤ ਸਿੰਘ, ਪੰਕਜ ਕੁਮਾਰ, ਸੁਨੀਲ ਕੁਮਾਰ, ਮੁਨੀਸ਼ ਕੁਮਾਰ ਮਨੀ, ਸੰਜੀਵ ਬਿੱਟੂ ਰੋਡੇ, ਦੀਪਾ ਬਾਂਸਲ, ਸੁਖਦੀਪ ਰੋਡੇ, ਗੁਰਤੇਜ ਸਿੰਘ, ਸਾਹਿਲ ਗਰਗ, ਪਵੀਨ ਕੁਮਾਰ ਬਾਂਸਲ, ਡਾ. ਵਿੱਕੀ, ਰਿੰਕੂ ਕਟਾਰੀਆ, ਤੀਰਥ ਰਾਮ ਤੇ ਹੋਰ ਹਾਜ਼ਰ ਸਨ।

# ਮੰਗਾਂ ਨੂੰ ਲੈ ਕੇ ਮੁਲਾਜ਼ਮਾਂ ਵੱਲੋਂ ਜ਼ੋਨਲ ਪੱਧਰੀ ਧਰਨਾ ਤੇ ਰੈਲੀ 26 ਨੂੰ



**ਪਟਿਆਲਾ (ਵਿਜੇ ਸ਼ਰਮਾ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਤੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਜਲ ਸਰੋਤ ਵਿਭਾਗ ਦੀਆਂ ਸਾਂਝੀਆਂ ਮੀਟਿੰਗਾਂ ਹੋਈਆਂ। ਮੀਟਿੰਗ ਵਿੱਚ ਸੂਬਾ ਪ੍ਰਧਾਨ ਸਾਥੀ ਦਰਸ਼ਨ ਸਿੰਘ ਲੁਬਾਣਾ, ਸੂਬਾ ਜਨਰਲ ਸਕੱਤਰ ਬਲਜਿੰਦਰ ਸਿੰਘ, ਪਟਿਆਲਾ ਫੈਡਰੇਸ਼ਨ ਜ਼ਿਲ੍ਹਾ ਜਨਰਲ ਸਕੱਤਰ ਮਾਧੋ ਰਾਹੀਂ ਜ਼ਿਲ੍ਹਾ ਚੇਅਰਮੈਨ ਗੁਰਦਰਸ਼ਨ ਸਿੰਘ ਰੋਹਟੀ, ਉੱਪ ਪ੍ਰਧਾਨ ਪ੍ਰਕਾਸ਼ ਲੁਬਾਣਾ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਵਿੱਚ ਜਲ ਸਰੋਤ ਵਿਭਾਗ ਵਿਚਲੇ ਮੁਲਾਜ਼ਮਾਂ/ਚੌਥਾ ਦਰਜਾ ਮੁਲਾਜ਼ਮਾਂ ਦੀਆਂ ਲਮਕਾ ਅਵਸਥਾ 'ਚ ਚੱਲ ਰਹੀਆਂ ਮੰਗਾਂ ਤੇ ਵਿਭਾਗ ਦੇ ਵਾਰ-ਵਾਰ ਕੀਤੇ ਜਾ ਰਹੇ ਪੁਨਰਗਠਨ ਆਦਿ ਇਸ਼ੂਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਫੈਸਲਾ ਕੀਤਾ ਗਿਆ ਕਿ ਪੰਜਾਬ ਸਰਕਾਰ ਨਾਲ ਸਬੰਧਤ ਤੇ ਵਿਭਾਗੀ ਮੰਗਾਂ ਨੂੰ ਲੈ ਕੇ 26 ਸਤੰਬਰ 2023 ਨੂੰ ਜ਼ੋਨਲ ਪੱਧਰੀ ਧਰਨਾ ਤੇ ਇੱਕ ਰੈਲੀ ਡਾਇਰੈਕਟੋਰੇਟ ਦਫਤਰ ਸਕੂਲਾਂ/ਕਾਲਜਾਂ ਦੇ ਦਫਤਰਾਂ ਅੱਗੇ ਮੋਹਾਲੀ ਕੀਤੀ ਜਾ ਰਹੀ ਹੈ ਅਤੇ ਇੱਕ ਰੈਲੀ ਤੇ ਝੰਡਾ ਮਾਰਚ ਜਲ ਸਰੋਤ ਮੰਤਰੀ ਦੇ ਵਿਧਾਨ ਸਭਾ ਹਲਕਾ ਬਰਨਾਲਾ ਵਿਖੇ ਸਟੇਟ ਕਮੇਟੀ ਵੱਲੋਂ 02 ਅਕਤੂਬਰ ਨੂੰ ਕੀਤਾ ਜਾ ਰਿਹਾ ਹੈ। ਇਸ ਵਿੱਚ ਜਲ ਸਰੋਤ ਵਿਭਾਗ ਵਿਚਲੇ ਮੁਲਾਜ਼ਮਾਂ/ਚੌਥਾ ਦਰਜਾ ਮੁਲਾਜ਼ਮ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ।

ਜਲ ਸਰੋਤ ਵਿਭਾਗ (ਆਈ.ਬੀ.) ਪਟਿਆਲਾ ਦੀਆਂ ਫੈਡਰੇਸ਼ਨ ਤੇ ਕਲਾਸ ਫੋਰਥ ਕਮੇਟੀਆਂ ਦਾ ਜਥੇਬੰਦਕ ਪੁਨਗਠਨ ਵੀ ਕੀਤਾ ਗਿਆ, ਜਿਸ ਵਿੱਚ ਫੈਡਰੇਸ਼ਨ ਦੇ ਚੇਅਰਮੈਨ ਰਵਿੰਦਰ ਸੈਣੀ ਕਾਕਾ, ਪ੍ਰਧਾਨ ਸੂਰਜ ਪਾਲ ਯਾਦਵ, ਸੀਨੀਅਰ ਮੀਤ ਪ੍ਰਧਾਨ ਪ੍ਰਦੀਪ ਸ਼ਰਮਾ, ਗੁਰਮੇਲ ਸਿੰਘ, ਜਨਰਲ ਸਕੱਤਰ ਕਿਰਨਪਾਲ ਸਿੰਘ, ਐਡੀਸ਼ਨਲ ਜਨਰਲ ਸਕੱਤਰ ਅਗਰੇਜ ਸਿੰਘ, ਵਿੱਤ ਸਕੱਤਰ ਰਾਜ ਕੁਮਾਰ, ਵਾਇਸ ਪ੍ਰਧਾਨ ਕ੍ਰਿਸ਼ਨ ਚੰਦ, ਕਲਿਆਣ ਸਿੰਘ, ਹਰਜੀਤ ਸਿੰਘ, ਮੁੱਖ ਸਲਾਹਕਾਰ ਜਗਮੋਹਨ ਨੌਲੱਖਾ ਆਦਿ ਤੇ ਕਲਾਸ ਫੋਰਥ ਦੇ ਆਗੂ ਸਰਬਸੰਮਤੀ ਨਾਲ ਸ਼ਾਮਲ ਕੀਤੇ ਗਏ। ਇਸ ਮੌਕੇ ਚੇਅਰਮੈਨ ਸ਼ੇਰ ਸਿੰਘ, ਪ੍ਰਧਾਨ ਸ਼ਾਮ ਸਿੰਘ, ਸੀਨੀਅਰ ਮੀਤ ਪ੍ਰਧਾਨ ਕਲਿਆਣ, ਜਨਰਲ ਸਕੱਤਰ ਰਮੇਸ਼ ਕੁਮਾਰ, ਖਜ਼ਾਨਚੀ ਪ੍ਰਹਲਾਦ ਸਿੰਘ, ਵਾਇਸ ਪ੍ਰਧਾਨ ਕਿਰਨ ਬਾਲਾ, ਜਸਵੀਰ ਕੌਰ, ਮਨਜੀਤ ਕੌਰ ਆਦਿ ਹਾਜ਼ਰ ਸਨ।

## ਅਰਥ ਸ਼ਾਸਤਰ ਵਿਭਾਗ ਦੀ ਸਾਬਕਾ ਵਿਦਿਆਰਥਣ ਬਣੀ ਪਟਵਾਰੀ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੋਸਟ ਗ੍ਰੈਜੂਏਟ ਅਰਥ ਸ਼ਾਸ਼ਤਰ ਵਿਭਾਗ ਦੀ ਸਾਬਕਾ ਵਿਦਿਆਰਥਣ ਜੀਵਨਜੋਤ ਕੌਰ ਨੇ ਮਾਲ ਵਿਭਾਗ ਵਿੱਚ ਪਟਵਾਰੀ ਦੀ ਨੌਕਰੀ ਪ੍ਰਾਪਤ ਕਰਕੇ ਵਿਭਾਗ ਅਤੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਕਾਲਜ ਵਿਖੇ ਪਹੁੰਚੀ ਹੋਣਹਾਰ ਵਿਦਿਆਰਥਣ ਨੇ ਦੱਸਿਆ ਕਿ ਉਹ ਆਪਣੇ ਵਿਭਾਗ ਦੇ ਅਧਿਆਪਕਾਂ ਤੇ ਪ੍ਰਿੰਸੀਪਲ ਦਾ ਧੰਨਵਾਦ ਕਰਨ ਤੇ ਅਸ਼ੀਰਵਾਦ ਪ੍ਰਾਪਤ ਕਰਨ ਆਈ ਹੈ, ਜਿਨ੍ਹਾਂ ਦੀ ਸਹੀ ਸੇਧ ਤੇ ਮਿਹਨਤ ਸਦਕਾ ਉਸ ਨੂੰ ਬਹੁਤ ਸਖਤ ਪ੍ਰਤੀਯੋਗਤਾ ਵਿੱਚ ਸਫ਼ਲਤਾ ਮਿਲੀ ਹੈ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਹੋਣਹਾਰ ਵਿਦਿਆਰਥਣ ਨੂੰ ਅਸ਼ੀਰਵਾਦ ਦਿੰਦਿਆਂ ਤੇ ਵਿਭਾਗ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਾਤਾ ਗੁਜਰੀ ਕਾਲਜ ਮੌਜੂਦਾ ਸਮੇਂ ਦੀਆਂ ਵਿੱਦਿਅਕ, ਸਮਾਜਿਕ ਤੇ ਸੱਭਿਆਚਾਰਕ ਲੋੜਾਂ ਦੀ ਪੂਰਤੀ ਕਰਦੇ ਹੋਏ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਕਰਨ ਲਈ ਵਚਨਬੱਧ ਹੈ। ਅਰਥ ਸ਼ਾਸ਼ਤਰ ਵਿਭਾਗ ਦੀ ਮੁਖੀ ਪ੍ਰੋ. ਨਵਜੀਤ ਕੌਰ ਨੇ ਵਿਦਿਆਰਥਣ ਨੂੰ ਭਵਿੱਖ ਵਿੱਚ ਹੋਰ ਵਧੇਰੇ ਤਰੱਕੀ ਕਰਨ ਲਈ ਅਸ਼ੀਰਵਾਦ ਦਿੰਦਿਆਂ ਦੱਸਿਆ ਕਿ ਇਹ ਵਿਦਿਆਰਥਣ ਬਹੁਤ ਮਿਹਨਤੀ ਤੇ ਆਗਿਆਕਾਰੀ ਸੀ।

## ਨਸ਼ਿਆਂ ਖਿਲਾਫ਼ ਡੀ ਐੱਮ ਗਰੁੱਪ ਕਰਾੜਵਾਲਾ 'ਚ ਸੈਮੀਨਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪੰਜਾਬ ਸਰਕਾਰ ਵੱਲੋਂ ਅਰੰਭੇ ਵੱਡੇ ਪੱਧਰ 'ਤੇ ਯਤਨ ਕਰਨ ਵਾਸਤੇ ਜ਼ਿਲ੍ਹਾ ਬਠਿੰਡਾ ਦੇ ਡੀ.ਐਸ.ਪੀ ਪ੍ਰਵੇਸ਼ ਚੋਪੜਾ ਤੇ ਸਾਂਝ ਕੇਂਦਰ ਥਾਣਾ, ਰਾਮਪੁਰਾ ਗਿੱਲ ਕਲਾਂ ਦੀ ਸਮੁੱਚੀ ਟੀਮ ਦੇ ਸਹਿਯੋਗ ਨਾਲ ਡੀ ਐੱਮ ਗਰੁੱਪ ਕਰਾੜਵਾਲਾ ਵਿਖੇ ਇਕਰੋਜ਼ਾ ਸੈਮੀਨਾਰ ਕਰਾਇਆ ਗਿਆ। ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਪ੍ਰਵੇਸ਼ ਚੋਪੜਾ ਨੇ ਵਿਦਿਆਰਥੀਆਂ ਨੂੰ ਸਮਾਜਿਕ ਬੁਰਾਈਆਂ, ਨਸ਼ਿਆਂ ਖ਼ਿਲਾਫ਼ ਜਾਗਰੂਕ ਹੋਣ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਪੰਜਾਬ ਪੱਧਰ 'ਤੇ ਜੋ ਨਸ਼ਿਆਂ ਦਾ ਹੜ੍ਹ ਵਗ ਰਿਹਾ ਹੈ, ਇਸ ਨੂੰ ਨਾ ਕਿ ਰੋਕਣ ਦੀ ਲੋੜ ਹੈ, ਬਲਕਿ ਇਸ ਤੋਂ ਕੋਹਾਂ ਦੂਰ ਰਹਿ ਕੇ ਆਪਣੇ ਆਪ ਨੂੰ ਬਚਾਉਣ ਦੀ ਵੀ ਸਖਤ ਜ਼ਰੂਰਤ ਹੈ। ਪ੍ਰੋਗਰਾਮ ਦੇ ਅਖੀਰ ਵਿੱਚ ਸੰਸਥਾ ਦੇ ਚੇਅਰਮੈਨ ਇੰਜੀ: ਅਵਤਾਰ ਸਿੰਘ ਢਿੱਲੋਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਪ੍ਰਤੀ ਸੁਚੇਤ ਕਰਨ ਲਈ ਵਿਦਿਆਰਥੀਆਂ ਵਿੱਚ ਖਾਸ ਨਿਗਰਾਨੀ ਅਤੇ ਸਖਤੀ ਨਾਲ ਪਹਿਰਾ ਦੇਣਾ ਤੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਅਤੇ ਸੈਮੀਨਾਰ ਵਿਚ ਪਹੁੰਚੇ ਵਿਸ਼ੇਸਸ਼ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਅਵਤਾਰ ਸਿੰਘ ਏ.ਐਸ.ਆਈ, ਗੁਰਦੀਪ ਸਿੰਘ ਐਸ.ਐਚ.ਓ, ਰੀਡਰ ਨਿਰਮਲ ਸਿੰਘ, ਪ੍ਰਿੰਸੀਪਲ, ਸਮੂਹ ਸਟਾਫ਼ ਤੇ ਵਿਦਿਆਰਥੀ ਵੀ ਹਾਜ਼ਰ ਸਨ।

## ਕਾਤਰਾਂ

### ਰਾਜ ਸਿੰਘ ਬਾਠ ਨੂੰ ਸਦਮਾ, ਭਰਾ ਦਾ ਦੇਹਾਂਤ



**ਮੱਖੂ (ਰਛਪਾਲ ਸਿੰਘ ਸੰਧੂ)**-ਰਾਜ ਸਿੰਘ ਬਾਠ ਅਮੀਰਸ਼ਾਹ ਨੂੰ ਉਸ ਵਕਤ ਭਾਰੀ ਸਦਮਾ ਪਹੁੰਚਿਆ, ਜਦ ਉਨ੍ਹਾਂ ਦੇ ਛੋਟੇ ਭਰਾ ਹਰਜਿੰਦਰ ਸਿੰਘ ਬਾਠ ਦਾ ਅਚਨਚੇਤ ਦੇਹਾਂਤ ਹੋ ਗਿਆ। ਹਰਜਿੰਦਰ ਸਿੰਘ ਦੇ ਹੋਏ ਦੇਹਾਂਤ 'ਤੇ ਭਾਰਤੀ ਕਿਸਾਨ ਯੂਨੀਅਨ ਬਹਿਰਾਮ ਕੇ ਦੇ ਸੂਬਾ ਪ੍ਰਧਾਨ ਬਲਵੰਤ ਸਿੰਘ ਬਹਿਰਾਮ ਕੇ, ਜਨਰਲ ਸਕੱਤਰ ਪੰਜਾਬ ਜਸਵੰਤ ਸਿੰਘ ਗੱਟਾ ਬਾਦਸ਼ਾਹ, ਚਾਨਣ ਸਿੰਘ ਕਮੇਟੀ ਮੈਂਬਰ ਪੰਜਾਬ, ਧਰਮ ਸਿੰਘ ਅਰਾਈਆਂ ਵਾਲਾ, ਲਖਰੂਪ ਸਿੰਘ ਸਰਪੰਚ ਮਲੰਗਸ਼ਾਹ ਵਾਲਾ, ਗੁਰਦੇਵ ਸਿੰਘ ਨੰਬਰਦਾਰ ਮੁਮਾਰੇਵਾਲਾ, ਰਛਪਾਲ ਸਿੰਘ ਪ੍ਰਧਾਨ, ਜੱਗਾ ਸਿੰਘ ਸਰਪੰਚ ਬੂਹ, ਹਰਮਿੰਦਰ ਸਿੰਘ ਵਸਤੀ ਵਸਾਵਾ ਸਿੰਘ, ਸੁਖਦੇਵ ਸਿੰਘ ਅਰਾਈਆਵਾਲਾ, ਸਵਰਨ ਸਿੰਘ ਮਖੂ ਆਦਿ ਵੱਲੋਂ ਰਾਜ ਸਿੰਘ ਬਾਠ ਅਮੀਰਸ਼ਾਹ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

### ਐਕਸਪਰਟ ਇਮੀਗ੍ਰੇਸ਼ਨ ਨੇ ਲਵਾਇਆ ਕੈਨੇਡਾ ਦਾ ਵਿਜ਼ਟਰ ਵੀਜ਼ਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸੰਸਥਾ ਐਕਸਪਰਟ ਇਮੀਗ੍ਰੇਸ਼ਨ ਐਂਡ ਐਜੂਕੇਸ਼ਨ ਸਰਵਿਸ ਵੱਲੋਂ ਨਵਦੀਪ ਕੌਰ ਪਤਨੀ ਕੁਲਦੀਪ ਸਿੰਘ ਵਾਸੀ ਬਾਘਾ ਪੁਰਾਣਾ ਦਾ ਕੈਨੇਡਾ ਦਾ ਵਿਜ਼ਟਰ ਵੀਜ਼ਾ ਸਿਰਫ ਇੱਕ ਹਫਤੇ ਵਿੱਚ ਲਗਵਾ ਕੇ ਦਿੱਤਾ ਗਿਆ। ਸੰਸਥਾ ਦੇ ਮੁਖੀ ਦੇਵਾਂਸ਼ ਗੋਇਲ ਨੇ ਉਕਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਪਿਛਲੇ ਲੰਮੇ ਸਮੇਂ ਵਿਦੇਸ਼ਾਂ ਜਾਣ ਦੇ ਚਾਹਵਾਨ ਲੋਕਾਂ ਦਾ ਸੁਪਨਾ ਸਾਕਾਰ ਕਰ ਰਹੇ ਹਨ। ਇਸ ਮੌਕੇ ਦੇਵਾਂਸ਼ ਗੋਇਲ ਨੇ ਵੀਜ਼ਾ ਲੱਗਾ ਪਾਸਪੋਰਟ ਸੌਂਪ ਕੇ ਵਧਾਈ ਦਿੱਤੀ।

### ਐੱਸ ਕੇ ਕਾਲਜ 'ਚ ਮਨਾਇਆ ਹਿੰਦੀ ਦਿਵਸ

**ਮੋਗਾ (ਅਮਰਜੀਤ ਬੱਬਰੀ)**-ਸ਼ੁਕਦੇਵਾ ਕ੍ਰਿਸ਼ਨਾ ਕਾਲਜ ਆਫ ਐਜੂਕੇਸ਼ਨ ਫਾਰ ਗਰਲਜ਼ ਘੱਲਕਲਾਂ ਮੋਗਾ ਵਿਖੇ ਰਾਸ਼ਟਰੀ ਭਾਸ਼ਾ ਹਿੰਦੀ ਦੀ ਮਹੱਤਤਾ ਨੂੰ ਉਜਾਗਰ ਕਰਨ ਲਈ ਹਿੰਦੀ ਦਿਵਸ ਮਨਾਇਆ। ਇਸ ਮੌਕੇ ਕਾਲਜ ਪ੍ਰਿੰ. ਡਾ. ਮੋਨਕਾ ਵਰਮਾ ਨੇ ਹਿੰਦੀ ਦਿਵਸ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਹਿੰਦੀ ਨੂੰ ਰਾਜ ਭਾਸ਼ਾ ਦਾ ਦਰਜਾ 14 ਸੰਤਬਰ 1949 ਨੂੰ ਦਿੱਤਾ ਗਿਆ ਸੀ, ਉਦੋਂ ਤੋਂ ਹਰ ਸਾਲ ਇਹ ਦਿਨ ਹਿੰਦੀ ਦਿਵਸ ਦੇ ਤੌਰ 'ਤੇ ਮਨਾਇਆ ਜਾਂਦਾ ਹੈ। ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਨੇ 14 ਸਤੰਬਰ ਨੂੰ ਅਧਿਕਾਰਤ ਰੂਪ ਵਿੱਚ ਹਿੰਦੀ ਦਿਵਸ ਦੇ ਤੌਰ 'ਤੇ ਮਨਾਉਣ ਦਾ ਐਲਾਨ ਕੀਤਾ ਸੀ। ਹਿੰਦੀ ਭਾਰਤ ਦੇ ਸਭ ਤੋਂ ਜ਼ਿਆਦਾ ਲੋਕਾਂ ਦੁਆਰਾ ਬੋਲੀ ਤੇ ਸਮਝੀ ਜਾਣ ਵਾਲੀ ਭਾਸ਼ਾ ਹੈ ਤੇ ਦੁਨੀਆ ਭਰ ਵਿੱਚ ਹਿੰਦੀ ਸਭ ਤੋਂ ਵੱਧ ਬੋਲੀ ਜਾਣ ਵਾਲੀ ਤੀਜੀ ਭਾਰਤੀ ਭਾਸ਼ਾ ਹੈ। ਭਾਰਤ ਵਿਭਿੰਨਤਾਵਾਂ ਭਰਿਆ ਦੇਸ਼ ਹੈ। ਇੱਥੇ ਵੱਖ ਵੱਖ ਧਰਮਾਂ ਤੇ ਜਾਤਾਂ ਦੇ ਲੋਕ ਰਹਿੰਦੇ ਹਨ। ਇਹ ਹਿੰਦੀ ਭਾਸ਼ਾ ਹੀ ਹੈ, ਜੋ ਸਾਰਿਆਂ ਨੂੰ ਏਕਤਾ ਦੇ ਸੂਤਰ ਵਿੱਚ ਪ੍ਰੋਂਦੀ ਹੈ। ਦੇਸ਼ ਦੀ ਏਕਤਾ ਨੂੰ ਬਣਾਈ ਰੱਖਣ ਲਈ ਹਿੰਦੀ ਦਾ ਬਹੁਤ ਵੱਡਾ ਯੋਗਦਾਨ ਹੈ। ਇਸ ਮੌਕੇ ਕਾਲਜ ਪ੍ਰਿੰਸੀਪਲ ਤੋਂ ਇਲਾਵਾ ਕਾਲਜ ਦੇ ਚੇਅਰਮੈਨ ਡਾ. ਅਸ਼ੋਕ ਗਰਗ, ਡਾਇਰੈਕਟਰ ਸੁਧੀਰ ਗਰਗ, ਜਨਰਲ ਸੱਕਤਰ ਡਾ. ਨੀਨਾ ਗਰਗ, ਸੈਕਟਰੀ ਡਾ. ਰਾਘਵ ਗਰਗ ਏ ਸਮੂਹ ਸਟਾਫ ਹਾਜ਼ਰ ਸੀ।

### ਫਾਜ਼ਿਲਕਾ ਜ਼ਿਲ੍ਹਾ ਓ ਡੀ ਐੱਫ ਪਲਸ ਗਰੀਨ ਸ਼੍ਰੇਣੀ 'ਚ ਹੋਇਆ ਦਾਖਲ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡਾਂ ਨੇ ਸਵੱਛਤਾ ਵਿੱਚ ਵੱਡੀ ਛਲਾਂਗ ਲਗਾਈ ਹੈ। ਸਵੱਛਤਾ ਦੀ ਓ ਡੀ ਐੱਫ ਪਲਸ ਦੀ ਰੈਂਕਿੰਗ ਵਿੱਚ ਜ਼ਿਲ੍ਹਾ ਗਰੀਨ ਸ਼੍ਰੇਣੀ ਵਿੱਚ ਦਾਖਲ ਹੋ ਗਿਆ ਹੈ। ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਇਸ ਲਈ ਸਬੰਧਤ ਪਿੰਡਾਂ ਦੇ ਲੋਕਾਂ ਨੂੰ ਵਧਾਈ ਦਿੱਤੀ ਤੇ ਇਸ ਪ੍ਰਾਪਤੀ ਲਈ ਕੰਮ ਕਰਨ ਵਾਲੇ ਵਿਭਾਗਾਂ ਦੀ ਸ਼ਲਾਘਾ ਕਰਦਿਆਂ ਹਦਾਇਤ ਕੀਤੀ ਕਿ 100 ਫੀਸਦੀ ਪਿੰਡਾਂ ਨੂੰ ਓ ਡੀ ਐੱਫ ਪਲਸ ਕਰਨ ਦੇ ਟੀਚੇ ਦੀ ਪ੍ਰਾਪਤੀ ਲਈ ਕੋਸ਼ਿਸ਼ਾਂ ਹੋਰ ਤੇਜ਼ ਕਰ ਦਿੱਤੀਆਂ ਜਾਣ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫਾਜ਼ਿਲਕਾ ਜ਼ਿਲ੍ਹੇ ਦੇ 291 ਪਿੰਡ ਹਨ ਤੇ ਗਰੀਨ ਸ਼੍ਰੇਣੀ ਵਿੱਚ ਦਾਖਲ ਹੋਣ ਲਈ ਭਾਰਤ ਸਰਕਾਰ ਵੱਲੋਂ ਤੈਅ ਕੀਤੇ ਮਾਪਦੰਡ ਅਨੁਸਾਰ 25 ਫੀਸਦੀ ਪਿੰਡਾਂ ਵਿੱਚ ਠੋਸ ਕਚਰੇ ਦੇ ਪ੍ਰਬੰਧਨ ਲਈ ਜਾਂ ਤਰਲ ਕਚਰੇ (ਗੰਦੇ ਪਾਣੀ) ਦੇ ਪ੍ਰਬੰਧਨ ਲਈ ਉਚਿਤ ਪ੍ਰਬੰਧ ਕੀਤਾ ਜਾਣਾ ਸੀ। ਜ਼ਿਲ੍ਹੇ ਨੇ ਇਹ ਪ੍ਰਾਪਤੀ ਕਰ ਲਈ ਹੈ ਤੇ ਜ਼ਿਲ੍ਹੇ ਦੇ 77 ਪਿੰਡਾਂ ਵਿੱਚ ਠੋਸ ਜਾਂ ਤਰਲ ਕਚਰੇ ਦੇ ਪ੍ਰਬੰਧ ਦੀ ਵਿਵਸਥਾ ਕੀਤੀ ਗਈ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸੈਨੀਟੇਸ਼ਨ ਅਫਸਰ ਧਰਮਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਪੈਂਦੀਆਂ 434 ਪੰਚਾਇਤਾਂ ਵਿੱਚ ਸਵੱਛ ਭਾਰਤ ਮਿਸ਼ਨ ਤਹਿਤ 3.33 ਕਰੋੜ ਰੁਪਏ ਜਾਰੀ ਕੀਤੇ ਗਏ ਹਨ। ਇਸ ਰਕਮ ਨਾਲ ਹਰੇਕ ਪੰਚਾਇਤ ਵਿੱਚ ਠੋਸ ਕਚਰੇ ਦੇ ਪ੍ਰਬੰਧਨ ਲਈ ਕੰਪੋਸਟ ਪਿੱਟ ਬਣਾਈਆਂ ਜਾ ਰਹੀਆਂ ਹਨ। ਉਨ੍ਹਾ ਨੇ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਵਿਭਾਗ ਜਿਵੇਂ ਜਿਵੇਂ ਪ੍ਰੋਜੈਕਟ ਤਿਆਰ ਹੋ ਰਹੇ ਹਨ, ਉਨ੍ਹਾਂ ਦੀ ਜੀ ਓ ਟੈਗਿੰਗ ਕਰ ਰਿਹਾ ਹੈ।

# ਨਰਸਿੰਗ ਵਿਦਿਆਰਥਣਾਂ ਤੇ ਦੇਸ਼ ਭਗਤ 'ਵਰਸਿਟੀ ਮੈਨੇਜਮੈਂਟ 'ਚ ਤਣਾਅ ਵਧਿਆ

**ਡੀ ਸੀ ਵੱਲੋਂ ਦੋਵਾਂ ਧਿਰਾਂ ਨਾਲ ਗੱਲਬਾਤ ਤੋਂ ਬਾਅਦ ਵੀ ਨਹੀਂ ਸੁਲਝਿਆ ਮਸਲਾ**



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਦੇਸ਼ ਭਗਤ ਯੂਨੀਵਰਸਿਟੀ ਵਿੱਚ ਮੈਨੇਜਮੈਂਟ ਤੇ ਨਰਸਿੰਗ ਵਿਦਿਆਰਥੀਆਂ ਵਿਚਾਲੇ ਤਣਾਅ ਦਿਨੋਂ ਦਿਨ ਵਧਦਾ ਜਾ ਰਿਹਾ ਹੈ। ਨਰਸਿੰਗ ਦੀਆਂ ਵਿਦਿਆਰਥਣਾਂ ਪਿਛਲੇ ਕਈ ਦਿਨਾਂ ਤੋਂ ਦੇਸ਼ ਭਗਤ ਯੂਨੀਵਰਸਿਟੀ ਦੇ ਗੇਟ ਅੱਗੇ ਧਰਨਾ ਲਗਾਈ ਬੈਠੀਆਂ ਹਨ, ਜਿਸ ਕਾਰਨ ਯੂਨੀਵਰਸਿਟੀ ਵਿੱਚ ਅੰਦਰੋਂ ਬਾਹਰ ਤੇ ਬਾਹਰੋਂ ਅੰਦਰ ਜਾਣਾ ਬਿਲਕੁਲ ਬੰਦ ਹੋਇਆ ਪਿਆ ਹੈ। ਦੇਸ਼ ਭਗਤ ਯੂਨਿਵਰਸਿਟੀ ਦੇ ਸਟਾਫ ਤੇ ਕਰਮਚਾਰੀਆਂ ਵੱਲੋਂ ਅੱਜ ਪੁਲਸ ਤੇ ਪ੍ਰਸ਼ਾਸਨ ਦੀ ਮਦਦ ਨਾਲ ਜ਼ਬਰਦਸਤੀ ਯੂਨੀਵਰਸਿਟੀ ਦਾ ਗੇਟ ਖੁੱਲ੍ਹਵਾ ਦਿੱਤਾ, ਜਿਸ ਨੂੰ ਲੈ ਕੇ ਵਿਦਿਆਰਥੀਆਂ ਵੱਲੋਂ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ।

ਨਰਸਿੰਗ ਵਿਦਿਆਰਥੀਆਂ ਨੇ ਆਰੋਪ ਲਗਾਇਆ ਹੈ ਕਿ ਯੂਨੀਵਰਸਿਟੀ ਵੱਲੋਂ ਸਮਰਥਾ ਤੋਂ ਵੱਧ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਗਿਆ ਹੈ। ਇਸ ਗੱਲ ਨੂੰ ਲੈ ਕੇ ਵਿਦਿਆਰਥੀਆਂ ਵੱਲੋਂ ਯੂਨੀਵਰਸਿਟੀ ਦੇ ਗੇਟ ਅੱਗੇ ਧਰਨਾ ਦਿੱਤਾ ਜਾ ਰਿਹਾ ਹੈ। ਗੁੱਸੇ ਵਿੱਚ ਆਏ ਵਿਦਿਆਰਥੀਆਂ ਵੱਲੋਂ ਯੂਨੀਵਰਸਿਟੀ ਕੈਂਪਸ ਵਿੱਚ ਭੰਨ-ਤੋੜ ਵੀ ਕੀਤੀ ਗਈ। ਵਿਦਿਆਰਥੀਆਂ ਨੂੰ ਸ਼ਾਂਤ ਕਰਨ ਲਈ ਐੱਸ ਪੀ ਰਕੇਸ਼ ਯਾਦਵ, ਡੀ ਐੱਸ ਪੀ ਅਮਲੋਹ ਹਰਪਿੰਦਰ ਕੌਰ ਗਿੱਲ, ਤਹਿਸੀਲਦਾਰ ਅਮਲੋਹ ਦਿਵਯਾ ਸਿੰਗਲਾ, ਨਾਇਬ ਤਹਿਸੀਲਦਾਰ ਮੰਡੀ ਗੋਬਿੰਦਗੜ੍ਹ ਹਰਨੇਕ ਸਿੰਘ, ਡੀ ਐੱਸ ਪੀ ਗੁਰਬੰਸ ਸਿੰਘ ਬੈਂਸ, ਡੀ ਐੱਸ ਪੀ ਰਵਿੰਦਰ ਸਿੰਘ ਕਾਹਲੋਂ ਸਮੇਤ ਪ੍ਰਸ਼ਾਸਨਕ ਅਧਿਕਾਰੀ ਪਹੁੰਚੇ, ਪਰ ਵਿਦਿਆਰਥੀਆਂ ਵੱਲੋਂ ਦੁਬਾਰਾ ਫੇਰ ਗੇਟ ਅੱਗੇ ਧਰਨਾ ਸ਼ੁਰੂ ਕਰ ਦਿੱਤਾ ਗਿਆ। ਇਸ ਮੌਕੇ ਨਰਸਿੰਗ ਦੇ ਵਿਦਿਆਰਥੀਆਂ ਨੇ ਕਿਹਾ ਕਿ ਉਹ 2020 ਬੈਚ ਦੇ ਵਿਦਿਆਰਥੀ ਹਨ, ਜਦੋਂ ਉਨ੍ਹਾਂ ਨੂੰ ਦਾਖਲਾ ਦਿੱਤਾ ਗਿਆ ਸੀ ਤਾਂ ਕਿਹਾ ਗਿਆ ਸੀ ਕਿ ਤੁਹਾਨੂੰ ਇੰਡੀਅਨ ਨਰਸਿੰਗ ਕੌਂਸਲ ਵੱਲੋਂ ਹੀ ਡਿਗਰੀਆਂ ਪ੍ਰਦਾਨ ਕੀਤੀਆਂ ਜਾਣਗੀਆਂ, ਜਦੋਂ ਕਿ ਹੁਣ ਯੂਨੀਵਰਸਿਟੀ ਵੱਲੋਂ ਆਪਣੇ ਹੀ ਇੱਕ ਕਾਲਜ ਲਾਲ ਸਿੰਘ ਮੈਮੋਰੀਅਲ ਕਾਲਜ ਦੀਆਂ ਡਿਗਰੀਆਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ, ਜੋ ਕਿ ਮਾਨਤਾ ਪ੍ਰਾਪਤ ਨਹੀਂ ਹਨ। ਵਿਦਿਆਰਥੀਆਂ ਦਾ ਕਹਿਣਾ ਹੈ ਕਿ ਯੂਨੀਵਰਸਿਟੀ ਵੱਲੋਂ ਕਿਹਾ ਜਾ ਰਿਹਾ ਹੈ ਕਿ ਤੁਹਾਨੂੰ ਤਿੰਨ ਸਾਲ ਦੀ ਫੀਸ ਰੀਫੰਡ ਕਰ ਦਿੰਦੇ ਹਾਂ ਜੋ ਸਾਡੇ ਤਿੰਨ ਸੁਨਹਿਰੀ ਸਾਲ ਬਰਬਾਦ ਹੋਏ ਹਨ, ਉਸ ਦੀ ਭਰਪਾਈ ਕੌਣ ਕਰੇਗਾ? ਬੀਤੇ ਦਿਨੀਂ ਡਿਪਟੀ ਕਮਿਸ਼ਨਰ ਨੂੰ ਲਿਖੇ ਪੱਤਰ ਵਿੱਚ ਪੀੜਤ ਵਿਦਿਆਰਥੀਆਂ ਨੇ ਲਿਖਿਆ ਹੈ ਕਿ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਯੂ ਜੀ ਸੀ, ਪੰਜਾਬ ਨਰਸਿੰਗ ਰਜਿਸਟ੍ਰੇਸ਼ਨ ਕੌਂਸਲ ਪੀ ਐੱਨ ਆਰ ਸੀ, ਇੰਡੀਅਨ ਨਰਸਿੰਗ ਕੌਂਸਲ ਆਈ ਐੱਨ ਸੀ ਤੋਂ ਪਤਾ ਕੀਤਾ ਜਾਵੇ ਕਿ ਇਸ ਕਾਲਜ ਵੱਲੋਂ ਪ੍ਰਦਾਨ ਕੀਤੀਆਂ ਡਿਗਰੀਆਂ ਮਾਨਤਾ ਪ੍ਰਾਪਤ ਹਨ ਕਿ ਨਹੀਂ। ਵਿਦਿਆਰਥੀਆਂ ਨੇ ਇਹ ਵੀ ਆਰੋਪ ਲਗਾਇਆ ਕਿ ਦੇਸ਼ ਭਗਤ ਯੂਨਿਵਰਸਿਟੀ ਪਾਸ ਸਿਰਫ 60 ਸੀਟਾਂ ਹਨ, ਜਦੋਂਕਿ ਇਨ੍ਹਾਂ ਨੇ ਦਾਖਲਾ 130 ਦੇ ਕਰੀਬ ਵਿਦਿਆਰਥੀਆਂ ਨੂੰ ਰੱਖਿਆ ਹੈ। ਪ੍ਰਸ਼ਾਸਨਕ ਅਧਿਕਾਰੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਵਿਦਿਆਰਥੀਆਂ ਵੱਲੋਂ ਲਿਖੀਆਂ ਸਾਰੀਆਂ ਮੰਗਾਂ ਸਬੰਧੀ ਇੰਡੀਅਨ ਨਰਸਿੰਗ ਕੌਂਸਲ, ਪੰਜਾਬ ਨਰਸਿੰਗ ਰਜਿਸਟ੍ਰੇਸ਼ਨ, ਕਾਉਂਸਲ, ਯੂਨੀਵਰਸਿਟੀ, ਗ੍ਰਾਂਟ ਕਮਿਸ਼ਨ ਨਾਲ ਗੱਲ ਕਰਕੇ ਸਾਰੇ ਮਾਮਲੇ ਦੀ ਜਾਂਚ ਪੜਤਾਲ ਕੀਤੀ ਜਾਵੇਗੀ।

## ਸਪਰਿੰਗ ਸਕੂਲ ਦੇ ਬੱਚਿਆਂ ਦੀ ਸਟੇਟ ਮੁਕਾਬਲਿਆਂ ਲਈ ਚੋਣ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਪਰਿੰਗ ਫੀਲਡ ਕਾਨਵੈਂਟ ਸਕੂਲ 'ਚੋਂ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਜਾਣਿਆ ਜਾਂਦਾ ਹੈ, ਜਿਸ ਵਿੱਚ ਪੜ੍ਹਾਈ ਦੇ ਨਾਲ-ਨਾਲ ਬੱਚਿਆਂ ਦੀਆਂ ਖੇਡਾਂ ਵੱਲ ਵੀ ਬਹੁਤ ਧਿਆਨ ਦਿੱਤਾ ਜਾਂਦਾ ਹੈ। ਇਸੇ ਕਰਕੇ ਸਟੇਟ ਪੱਧਰੀ ਮੁਕਾਬਲਿਆਂ ਲਈ ਸਕੂਲ ਦੇ ਬੱਚੇ ਕ੍ਰਿਕਟ ਲੜਕੇ ਤੇ ਲੜਕੀਆਂ ਅਤੇ ਫੁੱਟਬਾਲ ਦੀ ਟੀਮ ਲਈ ਕੁਆਲੀਫਾਈ ਹੋਏ ਕ੍ਰਿਕਟ ਅੰਡਰ 19 ਲੜਕੀਆਂ ਮਨਪ੍ਰੀਤ ਕੌਰ, ਰਾਜਪ੍ਰੀਤ ਕੌਰ ਤੇ ਗੁਰਸ਼ਰਨ ਕੌਰ ਕ੍ਰਿਕਟ ਅੰਡਰ-17 ਲੜਕੀਆਂ ਏਕਮਜੋਤ ਕੌਰ ਤੇ ਖੁਸ਼ਪ੍ਰੀਤ ਕੌਰ, ਫੁੱਟਬਾਲ ਲੜਕੇ ਪ੍ਰਦੀਪ ਦੀ ਸਟੇਟ ਲੈਵਲ 'ਤੇ ਖੇਡਣ ਲਈ ਜ਼ਿਲ੍ਹੇ ਦੀ ਟੀਮ ਵਿੱਚ ਸ਼ਾਮਲ ਕਰਨ ਲਈ ਚੋਣ ਹੋਈ ਹੈ। ਸਕੂਲ ਦੀਆਂ ਟੀਮਾਂ ਨੇ ਜ਼ੋਨ ਲੈਵਲ ਦੀਆਂ ਖੇਡਾਂ 'ਚ ਹੁੰਝਾਫੇਰ ਜਿੱਤਾਂ ਹਾਸਲ ਕੀਤੀਆਂ ਹਨ ਤੇ ਜ਼ਿਲ੍ਹਾ ਲੈਵਲ ਦੀਆਂ ਖੇਡਾਂ ਵਿੱਚ ਵੀ ਵਧੀਆ ਪ੍ਰਦਰਸ਼ਨ ਕੀਤਾ। ਇਸ ਕਰ ਕੇ ਸਕੂਲ ਦੀਆਂ ਟੀਮਾਂ ਵਿੱਚੋਂ ਬੱਚੇ ਸਟੇਟ ਲੈਵਲ 'ਤੇ ਖੇਡਣ ਲਈ ਚੁਣੇ ਗਏ ਹਨ। ਚੇਅਰਮੈਨ ਨਰ ਸਿੰਘ ਬਰਾੜ ਤੇ ਪ੍ਰਿੰਸੀਪਲ ਬਾਇਜੂ ਵਿਜੇ ਨੇ ਡੀ.ਪੀ.ਈ, ਹਰਜਿੰਦਰ ਸਿੰਘ, ਡੀ.ਪੀ.ਈ ਹਰਦੀਪ ਕੌਰ ਦਾ ਸਖ਼ਤ ਮਿਹਨਤ ਕਰਾਉਣ ਲਈ ਧੰਨਵਾਦ ਕੀਤਾ ਅਤੇ ਬੱਚਿਆਂ ਨੂੰ ਇਸ ਚੋਣ ਲਈ ਵਧਾਈ ਦਿੱਤੀ।

## ਐੱਸ ਐੱਸ ਪੀ ਵੱਲੋਂ ਸਿਵਲ ਹਸਪਤਾਲ ਦਾ ਦੌਰਾ



**ਮਲੋਟ (ਗੁਰਮੀਤ ਸਿੰਘ ਮੱਕੜ)**-ਐੱਸ.ਐੱਸ.ਪੀ. ਸ਼੍ਰੀ ਮੁਕਤਸਰ ਸਾਹਿਬ ਹਰਮਨਬੀਰ ਸਿੰਘ ਗਿੱਲ ਵੱਲੋਂ ਤੰਦਰੁਸਤ ਪੰਜਾਬ ਮੁਹਿੰਮ ਤਹਿਤ ਜ਼ਿਲ੍ਹੇ ਵਿੱਚ ਨਸ਼ੇ ਦੀ ਰੋਕਥਾਮ ਸੰਬੰਧੀ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਵੱਲੋਂ ਲੋਕਾਂ ਨਾਲ ਮਿਲ ਕੇ ਇਸ ਬਿਮਾਰੀ ਨੂੰ ਜੜ੍ਹੋਂ ਖਤਮ ਕਰਨ ਦੀ ਕੋਸ਼ਿਸ਼ ਜਾਰੀ ਹੈ, ਜਿਸ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਕਾਮਯਾਬ ਹੁੰਦਾ ਵੀ ਨਜ਼ਰ ਆ ਰਿਹਾ ਹੈ। ਅੱਜ ਐੱਸ.ਐੱਸ.ਪੀ. ਹਰਮਨਬੀਰ ਸਿੰਘ ਗਿੱਲ ਵੱਲੋਂ ਸਿਵਲ ਹਸਪਤਾਲ ਮਲੋਟ ਵਿਖੇ ਦੌਰਾ ਕੀਤਾ ਗਿਆ ਤੇ ਇੱਥੇ ਦਾਖ਼ਲ ਨਸ਼ਾ ਪੀੜਤ ਮਰੀਜ਼ਾਂ ਨਾਲ ਮਿਲ ਕੇ ਗੱਲਬਾਤ ਕਰਦੇ ਹੋਏ ਉਨ੍ਹਾਂ ਨੂੰ ਨਸ਼ਾ ਛੱਡਣ ਪ੍ਰਤੀ ਜਾਗਰੂਕ ਵੀ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਹਸਪਤਾਲ ਦਾ ਜਾਇਜ਼ਾ ਲੈਂਦੇ ਹੋਏ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਨੀਲ ਬਾਂਸਲ ਤੇ ਸਮੂਹ ਸਟਾਫ਼ ਵੱਲੋਂ ਇਲਾਕਾ ਨਿਵਾਸੀਆਂ ਨੂੰ ਦਿੱਤੀਆਂ ਜਾ ਰਹੀਆਂ ਵਧੀਆ ਸਿਹਤ ਸੇਵਾਵਾਂ ਦੀ ਸ਼ਲਾਘਾ ਵੀ ਕੀਤੀ ਗਈ। ਇਸ ਮੌਕੇ ਐੱਸ.ਪੀ.ਡੀ. ਰਮਨਦੀਪ ਸਿੰਘ ਭੁੱਲਰ, ਡੀ.ਐੱਸ.ਪੀ. ਫਤਿਹ ਸਿੰਘ ਬਰਾੜ, ਡਾ. ਭੁਪੇਸ਼ ਬਾਂਸਲ, ਮਨਦੀਪ ਕੌਰ, ਦਵਿੰਦਰ ਕੌਰ, ਭਗਵੰਤ ਕੌਰ, ਰੇਨੂੰ, ਨਰਿੰਦਰ ਤੇ ਹੋਰ ਹਾਜ਼ਰ ਸਨ।

# ਪਰਾਲੀ ਦੀ ਸੁਚੱਜੀ ਸੰਭਾਲ ਸੰਬੰਧੀ ਕਿਸਾਨ ਸਿਖਲਾਈ ਕੈਂਪ ਲਗਾਇਆ



**ਬਠਿੰਡਾ (ਬਖਤੌਰ ਢਿੱਲੋਂ)**-ਮੁੱਖ ਖੇਤੀਬਾੜੀ ਅਫਸਰ ਬਠਿੰਡਾ ਡਾ. ਹਸਨ ਸਿੰਘ ਦੀ ਰਹਿਨੁਮਾਈ ਹੇਠ ਖੇਤੀਬਾੜੀ ਵਿਭਾਗ ਵੱਲੋਂ ਪਿੰਡਾਂ ਵਿੱਚ ਝੋਨੇ ਦੀ ਪਰਾਲੀ ਦੀ ਸੰਭਾਲ ਸੰਬੰਧੀ ਤੇ ਨਰਮੇ ਦੀ ਫ਼ਸਲ 'ਤੇ ਗੁਲਾਬੀ ਸੁੰਡੀ ਦੀ ਰੋਕਥਾਮ ਵਾਸਤੇ ਕਿਸਾਨ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਸ ਲੜੀ ਤਹਿਤ ਡਾ. ਬਲਜਿੰਦਰ ਸਿੰਘ ਖੇਤੀਬਾੜੀ ਅਫਸਰ ਬਠਿੰਡਾ ਦੀ ਯੋਗ ਅਗਵਾਈ ਹੇਠ ਪਿੰਡ ਜੀਦਾ ਵਿਖੇ ਕੈਂਪ ਲਗਾਇਆ ਗਿਆ, ਜਿਸ ਵਿੱਚ ਨਾਇਬ ਤਹਿਸੀਲਦਾਰ ਗੋਨਿਆਣਾ ਮੈਡਮ ਗੁਰਵਿੰਦਰ ਕੌਰ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਗਈ। ਕੈਂਪ ਵਿੱਚ ਡਾ. ਬਲਜਿੰਦਰ ਸਿੰਘ (ਖੇਤੀਬਾੜੀ ਅਫ਼ਸਰ) ਨੇ ਝੋਨੇ ਦੀ ਪਰਾਲੀ ਦੀ ਸੁਚੱਜੀ ਸੰਭਾਲ ਸਬੰਧੀ ਸਰਫੇਸ ਸੀਡਰ, ਸੁਪਰ ਸੀਡਰ ਤੇ ਹੈਪੀ ਸੀਡਰ ਮਸ਼ੀਨਾਂ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ, ਜਿਨ੍ਹਾਂ ਦੀ ਵਰਤੋਂ ਕਰਕੇ ਪਰਾਲੀ ਨੂੰ ਜ਼ਮੀਨ ਵਿੱਚ ਮਿਲਾ ਕੇ ਕਣਕ ਦੀ ਬਿਜਾਈ ਕੀਤੀ ਜਾ ਸਕਦੀ ਹੈ। ਡਾ. ਸਰਬਜੀਤ ਸਿੰਘ (ਏ. ਡੀ. ਓ.) ਨੇ ਪਰਾਲੀ ਦੀ ਸੰਭਾਲ ਸਬੰਧੀ ਬੇਲਰਾਂ ਦੀ ਵਰਤੋਂ ਕਰਕੇ ਗੱਠਾ ਬਣਾ ਕੇ ਬਿਨਾਂ ਪਰਾਲੀ ਸਾੜੇ ਖੇਤ ਖਾਲੀ ਕਰਨ ਬਾਰੇ ਜਾਣਕਾਰੀ ਦਿੱਤੀ। ਡਾ. ਅਮਨਦੀਪ ਕੌਰ (ਏ. ਡੀ. ਓ.) ਨੇ ਨਰਮੇ ਦੀ ਫਸਲ ਵਿੱਚ ਚਿੱਟੀ ਮੱਖੀ, ਹਰੇ ਤੇਲੇ ਤੇ ਗੁਲਾਬੀ ਸੁੰਡੀ ਦੇ ਹਮਲੇ ਦੀਆਂ ਨਿਸ਼ਾਨੀਆਂ ਤੇ ਰੋਕਥਾਮ ਸਬੰਧੀ ਵਿਸਥਾਰ ਨਾਲ ਦੱਸਿਆ। ਡਾ. ਜਸਵਿੰਦਰ ਕੁਮਾਰ (ਏ. ਡੀ. ਓ.) ਨੇ ਝੋਨੇ ਤੇ ਬਾਸਮਤੀ ਫ਼ਸਲ ਦੀਆਂ ਬਿਮਾਰੀਆਂ ਤੇ ਰੋਕਥਾਮ ਬਾਰੇ ਜਾਣਕਾਰੀ ਦਿੱਤੀ। ਅੰਤ ਵਿੱਚ ਨਾਇਬ ਤਹਿਸੀਲਦਾਰ ਗੋਨਿਆਣਾ ਮੈਡਮ ਗੁਰਵਿੰਦਰ ਕੌਰ ਨੇ ਸਾਰੇ ਕਿਸਾਨਾਂ ਨੂੰ ਸਹਿਯੋਗ ਦੇਣ ਤੇ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ। ਇਸ ਕੈਂਪ ਵਿੱਚ ਡਾ. ਰੀਨਾ ਰਾਣੀ (ਐੱਚ. ਡੀ. ਓ.), ਪੰਚਾਇਤ ਸਕੱਤਰ ਰੇਸ਼ਮ ਸਿੰਘ, ਜਸਵੀਰ ਸਿੰਘ (ਮੈਨੇਜਰ ਪਰਾਲੀ ਪਲਾਂਟ) ਤੇ ਪਿੰਡ ਦੀ ਪੰਚਾਇਤ, ਨੰਬਰਦਾਰ, ਕਿਸਾਨ ਯੂਨੀਅਨ ਤੇ ਸਾਰੇ ਅਗਾਂਹਵਧੂ ਕਿਸਾਨਾਂ ਨੇ ਭਾਗ ਲਿਆ।

## ਬੰਮ੍ਹਣਾ 'ਚ ਪਰਾਲੀ ਨੂੰ ਅੱਗ ਨਾ ਲਾਉਣ ਬਾਰੇ ਕੀਤਾ ਜਾਗਰੂਕ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪਰਾਲੀ ਨੂੰ ਬਿਨਾਂ ਅੱਗ ਲਾਏ ਇਸਦੀ ਸਾਂਭ ਸੰਭਾਲ ਅਤੇ ਸਰਫੇਸ ਸੀਡਰ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪਿੰਡ ਬੰਮ੍ਹਣਾ ਵਿਖੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਜਾਗਰੂਕਤਾ ਕੈਂਪ ਲਾਇਆ ਗਿਆ। ਐਸ.ਡੀ.ਐਮ. ਸਮਾਣਾ ਚਰਨਜੀਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਿਸਾਨਾਂ ਨੂੰ ਪਰਾਲੀ ਨੂੰ ਬਿਨਾਂ ਅੱਗ ਲਾਏ ਸੰਭਾਲਣ ਲਈ ਵੱਖ-ਵੱਖ ਤਰੀਕਿਆਂ ਨਾਲ ਸਬਸਿਡੀ ਦਿੱਤੀ ਜਾ ਰਹੀ ਹੈ। ਕਿਸਾਨਾਂ ਨੂੰ ਆਪਣੇ ਖੇਤਾਂ ਵਿਚਲੀ ਪਰਾਲੀ ਨੂੰ ਅੱਗ ਨਾ ਲਾਉਣ ਲਈ ਪ੍ਰੇਰਿਤ ਕਰਦਿਆਂ ਚਰਨਜੀਤ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਬ ਡਵੀਜ਼ਨ ਦੇ ਸਾਰੇ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਖੇਤੀਬਾੜੀ ਅਫ਼ਸਰ ਡਾ. ਸਤੀਸ਼ ਕੁਮਾਰ ਨੇ ਦੱਸਿਆ ਕਿ ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਨਾਮ ਸਿੰਘ ਦੀ ਅਗਵਾਈ ਹੇਠ ਸੀ.ਆਰ.ਐਮ. ਸਕੀਮ ਦੀ ਆਈ.ਈ.ਸੀ. ਐਕਟੀਵਿਟੀ ਮੱਦ ਅਧੀਨ ਪ੍ਰਾਪਤ ਹੋਏ ਟੀਚਿਆਂ ਅਨੁਸਾਰ ਪਿੰਡਾਂ ਵਿਖੇ ਅਜਿਹੇ ਕੈਂਪ ਲਗਾਏ ਜਾਣਗੇ।

## ਨਸ਼ਾ ਵਿਰੋਧੀ ਫਰੰਟ ਵੱਲੋਂ ਪ੍ਰਸ਼ਾਸਨ ਖਿਲਾਫ ਸੰਘਰਸ਼ ਵਿੱਢਣ ਦਾ ਫੈਸਲਾ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਇਲਾਕੇ ਵਿੱਚ ਸਰਗਰਮ ਵੱਖ-ਵੱਖ ਜਥੇਬੰਦੀਆਂ, ਲੋਕਪੱਖੀ ਸੰਸਥਾਵਾਂ ਦੇ ਆਗੂਆਂ ਨਾਲ ਮੀਟਿੰਗ ਬਾਬਾ ਫਰੀਦ ਸੰਸਥਾ ਵਿਖੇ ਹੋਈ, ਜਿਸ ਵਿੱਚ ਨਸ਼ਾ ਤਸਕਰਾਂ ਵੱਲੋਂ ਬੇਖੌਫ਼ ਹੋ ਕੇ ਇਲਾਕੇ 'ਚ ਨਸ਼ਿਆਂ ਦੀ ਕੀਤੀ ਜਾ ਰਹੀ ਵਿੱਕਰੀ ਤੋਂ ਇਲਾਵਾ ਨਸ਼ਿਆਂ 'ਚ ਫਸਾਏ ਨੌਜਵਾਨਾਂ ਤੋਂ ਹਲਫੀਆ ਬਿਆਨ ਲੈ ਕੇ ਪੀਟਰ ਰੇਹੜੇ, ਟਰੈਕਟਰ ਤੇ ਹੋਰ ਕੀਮਤੀ ਸਾਮਾਨ ਬਦਲੇ ਨਸ਼ਾ ਦੇਣ ਦਾ ਸਖਤ ਨੋਟਿਸ ਲਿਆ ਗਿਆ। ਆਗੂਆਂ ਵੱਲੋਂ ਘਰਾਂ ਵਿੱਚ ਸੱਥਰ ਵਿਛਾਉਣ ਵਾਲੇ ਨਸ਼ਾ ਤਸਕਰਾਂ ਦਾ ਪੁਲਸ ਥਾਣੇ ਲੌਂਗੋਵਾਲ ਵਿਖੇ ਆਮ ਆਉਣਾ-ਜਾਣਾ ਅਨੇਕਾਂ ਸਵਾਲ ਖੜੇ ਕਰਦਾ ਹੈ। ਫਰੰਟ ਕਨਵੀਨਰ ਪਿਰਥੀ ਸਿੰਘ ਤੇ ਸਰਗਰਮ ਮੈਂਬਰ ਹਰਵਿੰਦਰ ਸਿੰਘ, ਬਲਜੀਤ ਬੀ ਟੀ, ਕਮਲਜੀਤ ਵਿੱਕੀ, ਅੰਮ੍ਰਿਤਪਾਲ ਸਿੱਧੂ, ਅਮਰਜੀਤ ਸਿੰਘ ਆਦਿ ਆਗੂਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਤਿੱਖਾ ਕਰਦਿਆਂ ਸਰਕਾਰ ਤੇ ਪੁਲਸ ਪ੍ਰਸ਼ਾਸਨ ਖਿਲਾਫ ਧਰਨਾ ਦਿੱਤਾ ਜਾਵੇਗਾ। ਮੀਟਿੰਗ 'ਚ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਰਣਜੀਤ ਸਿੰਘ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਬਲਵੀਰ ਲੌਂਗੋਵਾਲ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਭੋਲਾ ਸਿੰਘ, ਦਾਰਾ ਸਿੰਘ, ਪ੍ਰਿੰ. ਵਰਿੰਦਰ ਚੀਮਾ, ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੇ ਅਮਰ ਸਿੰਘ, ਕਰਨੈਲ ਜੱਸੇਕਾ, ਅਮਰਜੀਤ ਗਿੱਲ ਕਿਰਤੀ ਕਿਸਾਨ ਯੂਨੀਅਨ ਦੇ ਹਰਦੇਵ ਦੁੱਲਟ ਆਦਿ ਆਗੂਆਂ ਨੇ ਭਾਗ ਲਿਆ।

# ਬਾਬਾ ਫ਼ਰੀਦ ਕਾਲਜ ਆਫ਼ ਐਜੂਕੇਸ਼ਨ ਨੇ ਹਿੰਦੀ ਦਿਵਸ ਮਨਾਇਆ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਬਾਬਾ ਫ਼ਰੀਦ ਕਾਲਜ ਆਫ਼ ਐਜੂਕੇਸ਼ਨ ਦੇ ਹਿੰਦੀ ਲਿਟਰੇਰੀ ਕਲੱਬ ਦੀ ਇੰਚਾਰਜ ਨਵਕਿਰਨ ਕੌਰ ਦੀ ਅਗਵਾਈ ਹੇਠ ਹਿੰਦੀ ਦਿਵਸ ਮਨਾਇਆ ਗਿਆ। ਇਸ ਦਿਨ ਬੀ. ਏ.-ਬੀ.ਐੱਡ ਦੇ ਵਿਦਿਆਰਥੀਆਂ ਨੇ ਹਿੰਦੀ ਦਿਵਸ ਦੇ ਇਤਿਹਾਸ ਬਾਰੇ ਦੱਸਿਆ। ਇਸ ਸਮੇਂ ਮੰਚ ਸੰਚਾਲਕ ਦੀ ਭੂਮਿਕਾ ਬੀ.ਏ-ਬੀ.ਐੱਡ ਦੀਆਂ ਵਿਦਿਆਰਥਣਾਂ ਜੋਤੀ ਤੇ ਸਲੋਨੀ ਨੇ ਨਿਭਾਈ। ਕਵਿਤਾ ਉਚਾਰਨ 'ਚ ਗੁਰਸ਼ਰਨ ਕੌਰ, ਕੋਮਲ, ਕਾਜਲ ਪ੍ਰੀਤ, ਕਸ਼ਿਸ਼, ਸਲੋਨੀ, ਪ੍ਰਿਯਾਂਸ਼ੂ, ਰਿਤੂ, ਵਰਿੰਦਰ ਸਿੰਘ, ਲਵਪ੍ਰੀਤ ਸਿੰਘ, ਜਤਿਨ, ਨਵਜੋਤ ਕੌਰ, ਜੋਤੀ, ਪ੍ਰਿਅੰਕਾ, ਸਿਮਰਨਜੀਤ ਕੌਰ, ਸੁਖਚੈਨ, ਹੁਸਨਪ੍ਰੀਤ ਕੌਰ, ਪ੍ਰਿਅੰਕਾ, ਰੂਬੀਕਾ, ਪੂਜਾ, ਰੋਹਿਤ, ਸਤੀਸ਼ ਕੁਮਾਰ ਤੇ ਆਕਾਸ਼ਦੀਪ ਨੇ ਭਾਗ ਲਿਆ। ਉਨ੍ਹਾਂ ਕਿਹਾ ਕਿ ਹਿੰਦੀ ਭਾਸ਼ਾ ਸਾਡੀ ਰਾਸ਼ਟਰੀ ਭਾਸ਼ਾ ਹੈ ਤੇ ਇਸ ਦਾ ਸਤਿਕਾਰ ਕਰਨਾ ਸਾਡਾ ਫ਼ਰਜ਼ ਹੈ। ਇਸ ਦਿਨ ਬੀ.ਏ.-ਬੀ.ਐੱਡ ਦੀਆਂ ਵਿਦਿਆਰਥਣਾਂ ਸਲੋਨੀ, ਪ੍ਰਿਯਾਂਸ਼ੂ ਤੇ ਜੋਤੀ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਪੇਸ਼ਕਾਰੀ ਦੀ ਭੂਮਿਕਾ ਨਿਭਾਈ। ਇਸ ਸਮੇਂ ਡੀਨ ਗੁਰਪ੍ਰੀਤ ਸਿੰਘ, ਡਿਪਟੀ ਐੱਚ.ਓ.ਡੀ. ਗੁਰਵਿੰਦਰ ਸਿੰਘ ਤੇ ਮੈਡਮ ਮਨਦੀਪ ਕੌਰ ਨੇ ਵਿਦਿਆਰਥੀਆਂ ਨੂੰ ਇਸ ਦਿਨ ਦੀ ਵਧਾਈ ਦਿੱਤੀ। ਕਾਲਜ ਦੇ ਪ੍ਰਿੰਸੀਪਲ ਡਾ. ਮੰਗਲ ਸਿੰਘ ਨੇ ਕਿਹਾ ਕਿ ਹਿੰਦੀ ਸਮੁੱਚੇ ਦੇਸ਼ ਦੀ ਰਾਸ਼ਟਰੀ ਭਾਸ਼ਾ ਹੈ, ਇਸ ਲਈ ਸਾਨੂੰ ਹੋਰਨਾਂ ਭਾਸ਼ਾਵਾਂ ਦੇ ਨਾਲ-ਨਾਲ ਇਸ ਭਾਸ਼ਾ ਦਾ ਵੀ ਸਤਿਕਾਰ ਕਰਨਾ ਚਾਹੀਦਾ ਹੈ। ਬੀ.ਐੱਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਵਿਦਿਆਰਥੀਆਂ ਨੂੰ ਹਿੰਦੀ ਸਾਹਿਤ ਨਾਲ ਜੋੜਨ ਲਈ ਹਿੰਦੀ ਲਿਟਰੇਰੀ ਕਲੱਬ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ ਤੇ ਇਸ ਮਹੱਤਵਪੂਰਨ ਦਿਵਸ ਨੂੰ ਮਨਾਉਣ ਲਈ ਵਿਦਿਆਰਥੀਆਂ ਤੇ ਸਟਾਫ਼ ਨੂੰ ਵਧਾਈ ਦਿੱਤੀ।

## ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ



**ਮੱਖੂ (ਰਛਪਾਲ ਸਿੰਘ ਸੰਧੂ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ ਬਲਾਕ ਪ੍ਰਧਾਨ ਦਲਜੀਤ ਸਿੰਘ ਬੁੱਟਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਕਿਸਾਨਾਂ ਵੱਲੋਂ ਅਹਿਮ ਮੁੱਦਿਆਂ 'ਤੇ ਵਿਚਾਰਾਂ ਸਾਂਝੀਆਂ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਹੜ੍ਹਾਂ ਕਾਰਨ ਖਰਾਬ ਹੋਈਆਂ ਫ਼ਸਲਾਂ ਦਾ ਕਿਸਾਨਾਂ ਨੂੰ ਪ੍ਰਤੀ ਏਕੜ 6500 ਰੁਪਏ ਦੇਣਾ ਕਿਸਾਨਾਂ ਨਾਲ ਕੋਝਾ ਮਜ਼ਾਕ ਕੀਤਾ ਜਾ ਰਿਹਾ ਹੈ। ਹੜ੍ਹਾਂ ਕਾਰਨ ਖਰਾਬ ਹੋਈਆਂ ਫ਼ਸਲਾਂ ਦਾ 50 ਹਜ਼ਾਰ ਰੁਪਏ ਪ੍ਰਤੀ ਏਕੜ, ਹੜ੍ਹਾਂ ਕਾਰਨ ਮਾਰੇ ਗਏ ਪਸ਼ੂਆਂ ਦਾ ਇੱਕ ਲੱਖ ਰੁਪਏ ਪ੍ਰਤੀ ਪਸ਼ੂ ਤੇ ਹੜ੍ਹਾਂ ਕਾਰਨ ਢਹਿ ਗਏ ਘਰਾਂ ਦਾ ਪੰਜ ਲੱਖ ਰੁਪਏ ਪ੍ਰਤੀ ਘਰ ਮੁਆਵਜ਼ਾ ਰਾਸ਼ੀ ਦਿੱਤੀ ਜਾਵੇ ਤਾਂ ਜੁ ਕਿਸਾਨਾਂ ਨੂੰ ਕੁਝ ਰਾਹਤ ਮਿਲ ਸਕੇ। ਕਿਸਾਨ ਆਗੂਆਂ ਨੇ ਕਿਹਾ ਕਿ ਗੁੱਜਰਾਂ ਵੱਲੋਂ ਆਏ ਦਿਨ ਸੜਕਾਂ 'ਤੇ ਪਸ਼ੂ ਘੁਮਾਏ ਜਾ ਰਹੇ ਹਨ, ਜੋ ਕਈ ਵਾਰ ਹਾਦਸਿਆਂ ਦਾ ਕਾਰਨ ਵੀ ਬਣਦੇ ਹਨ, ਟ੍ਰੈਫਿਕ ਵਿੱਚ ਵੀ ਭਾਰੀ ਵਿਘਨ ਪੈਦਾ ਹੈ ਤੇ ਇਹ ਪਸ਼ੂ ਸੜਕਾਂ ਕਿਨਾਰੇ ਪੌਦਿਆਂ ਤੋਂ ਇਲਾਵਾ ਫ਼ਸਲਾਂ ਦਾ ਵੀ ਨੁਕਸਾਨ ਕਰਦੇ ਹਨ। ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਗੁੱਜਰਾਂ ਨੂੰ ਸੜਕਾਂ 'ਤੇ ਪਸ਼ੂਆਂ ਨੂੰ ਘੁਮਾਉਣ ਤੋਂ ਰੋਕਿਆ ਜਾਵੇ ਤਾਂ ਜੁ ਲੋਕ ਹਾਦਸਿਆਂ ਤੋਂ ਬਚ ਸਕਣ।

# ਸੀ. ਮਾਰਕੰਡਾ ਦੀ ਨਵੀਂ ਪੁਸਤਕ 'ਮੇਰੇ ਸਫ਼ਰਨਾਮੇ' ਰਿਲੀਜ਼



**ਤਪਾ ਮੰਡੀ (ਅਰੁਣ ਗੋਇਲ)**-ਪੰਜਾਬੀ ਸਾਹਿਤ ਸਭਾ ਤਪਾ ਵੱਲੋਂ ਹੋਲੀ ਏਜਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਸੀ.ਮਾਰਕੰਡਾ ਦੀ ਨਵ ਪ੍ਰਕਾਸ਼ਤ ਪੁਸਤਕ 'ਮੇਰੇ ਸਫ਼ਰਨਾਮੇ' ਰਿਲੀਜ਼ ਕੀਤੀ ਗਈ। ਸਮਾਗਮ ਦੀ ਪ੍ਰਧਾਨਗੀ ਉਘੇ ਕਾਰੋਬਾਰੀ ਸਤਪਾਲ ਮੌੜ ਸੀਨੀਅਰ ਮੀਤ ਪ੍ਰਧਾਨ ਆਰੀਆ ਹਾਈ ਸਕੂਲ ਤੇ ਸ਼ਮਾ ਰੌਸ਼ਨ ਅਦਾ ਦੀ ਰਸਮ ਕ੍ਰਿਸ਼ਨ ਚੰਦ ਸਿੰਗਲਾ ਨੇ ਅਦਾ ਕੀਤੀ। ਪ੍ਰਧਾਨਗੀ ਮੰਡਲ ਵਿੱਚ ਬੂਟਾ ਸਿੰਘ ਚੌਹਾਨ, ਤੇਜਾ ਸਿੰਘ ਤਿਲਕ, ਭੋਲਾ ਸਿੰਘ ਸੰਘੇੜਾ ਤੇ ਰਾਮ ਸਰੂਪ ਸ਼ਰਮਾ ਸਨ। ਸਭਾ ਦੇ ਪ੍ਰਧਾਨ ਸੀ. ਮਾਰਕੰਡਾ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਸਭਾ ਦੀਆਂ ਸਰਗਰਮੀਆਂ ਦੇ ਵੇਰਵੇ ਪੇਸ਼ ਕੀਤੇ। ਕਿਤਾਬ 'ਤੇ ਚਰਚਾ ਕਰਦਿਆਂ ਬੂਟਾ ਸਿੰਘ ਚੌਹਾਨ ਨੇ ਕਿਹਾ ਕਿ ਸੀ.ਮਾਰਕੰਡਾ ਦੇ ਸਫ਼ਰਨਾਮੇ ਰੂਹ 'ਚ ਰਚੇ ਅਨੁਭਵ ਨਾਲ ਲਿਖੇ ਗਏ ਹਨ। ਤੇਜਾ ਸਿੰਘ ਤਿਲਕ ਨੇ ਕਿਹਾ ਕਿ ਪੁਸਤਕ ਵਿੱਚ ਵੱਖ-ਵੱਖ ਤੀਰਥ ਸਥਾਨਾਂ ਦੀ ਕੀਤੀ ਯਾਤਰਾ ਵਿਚਲੇ ਪ੍ਰਸੰਗ ਜਾਣਕਾਰੀ ਭਰਪੂਰ ਹਨ। ਭੋਲਾ ਸਿੰਘ ਸੰਘੇੜਾ ਦਾ ਮੱਤ ਸੀ ਕਿ ਪੁਸਤਕ ਵਿੱਚੋਂ ਸਾਨੂੰ ਹਰ ਧਾਰਮਿਕ ਸਥਾਨ ਦੇ ਇਤਿਹਾਸਕ, ਮਿਥਿਹਾਸਕ ਤੇ ਸਭਿਆਚਾਰਕ ਵੇਰਵੇ ਮਿਲਦੇ ਹਨ। ਕਿਤਾਬ ਬਾਰੇ ਡਾ. ਭੁਪਿੰਦਰ ਸਿੰਘ ਬੇਦੀ, ਤਜਿੰਦਰ ਚੰਡਿਓਕ ਅਤੇ ਪ੍ਰਿੰ.ਵਰਿੰਦਰ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

ਕਵੀ ਦਰਬਾਰ ਵਿਚ ਡਾ. ਉਜਾਗਰ ਸਿੰਘ ਮਾਨ, ਮਾਲਵਿੰਦਰ ਸ਼ਾਇਰ, ਲਵਪ੍ਰੀਤ ਕੌਰ ਖਿਆਲਾ, ਮਲਜੀਤ ਸਿੰਘ ਘੁੰਨਸ, ਹਾਕਮ ਸਿੰਘ ਰੂੜੇਕੇ, ਮਨਜੀਤ ਸਿੰਘ ਮਹਿਤਾ, ਰੂਪ ਸਿੰਘ ਧੌਲਾ ਤੇ ਲਛਮਣ ਦਾਸ ਮੁਸਾਫਰ ਆਦਿ ਨੇ ਆਪਣੇ ਕਲਾਮ ਪੇਸ਼ ਕੀਤੇ। ਸਮਾਗਮ ਵਿੱਚ ਰਜਿੰਦਰ ਕੁਮਾਰ ਸਰਮਾ ਬਠਿੰਡਾ, ਸੁਰਿੰਦਰ ਸਰਮਾ ਬਠਿੰਡਾ, ਸ਼ਸ਼ੀ ਭੂਸ਼ਨ, ਪ੍ਰਮੋਦ ਕਾਂਸਲ ਬਰਨਾਲਾ, ਸੁਰਜੀਤ ਸਿੰਘ ਪੁਰਬਾ, ਮੈਡਮ ਦਵਿੰਦਰ ਕੌਰ, ਮਨਪ੍ਰੀਤ ਜਲਪੋਤ ਅਤੇ ਹਰਬੰਸ ਲਾਲ ਸ਼ਰਮਾ ਆਦਿ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਅੰਤ ਵਿੱਚ ਹਾਕਮ ਸਿੰਘ ਚੌਹਾਨ ਨੇ ਸਭ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਮਹਾਰਾਜਾ ਰਣਜੀਤ ਸਿੰਘ ਕਾਲਜ 'ਚ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਸੈਮੀਨਾਰ



**ਮਲੋਟ (ਗੁਰਮੀਤ ਸਿੰਘ ਮੱਕੜ)**

ਸਥਾਨਕ ਮਹਾਰਾਜਾ ਰਣਜੀਤ ਸਿੰਘ ਕਾਲਜ ਵਿਖੇ ਐੱਸ.ਐੱਸ.ਪੀ. ਹਰਮਨਬੀਰ ਸਿੰਘ ਗਿੱਲ ਦੀ ਸੁਚੱਜੀ ਅਗਵਾਈ ਵਿੱਚ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਸੈਮੀਨਾਰ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਐੱਸ.ਐੱਸ.ਪੀ ਹਰਮਨਬੀਰ ਸਿੰਘ ਗਿੱਲ, ਐੱਸ.ਪੀ.ਡੀ ਰਮਨਦੀਪ ਸਿੰਘ ਭੁੱਲਰ, ਡੀ.ਐੱਸ.ਪੀ ਫ਼ਤਹਿ ਸਿੰਘ ਬਰਾੜ, ਐੱਸ.ਐੱਮ.ਓ. ਡਾ. ਸੁਨੀਲ ਬਾਂਸਲ, ਐੱਸ.ਐੱਚ.ਓ. ਸਦਰ ਜਸਵੀਰ ਸਿੰਘ, ਕਾਲਜ ਮੈਨੇਜਮੈਂਟ ਦੇ ਚੇਅਰਮੈਨ ਮਨਦੀਪ ਸਿੰਘ ਬਰਾੜ ਜਨਰਲ ਸਕੱਤਰ ਲਖਵਿੰਦਰ ਸਿੰਘ ਰੋਹੀਵਾਲਾ ਨੇ ਸ਼ਿਰਕਤ ਕੀਤੀ। ਮੰਚ ਸੰਚਾਲਨ ਕਰਦਿਆਂ ਪ੍ਰੋ. ਹਿਰਦੇਪਾਲ ਸਿੰਘ ਨੇ ਕਾਲਜ ਦੇ ਇਤਿਹਾਸ ਬਾਰੇ ਆਏ ਮਹਿਮਾਨਾਂ ਨੂੰ ਜਾਣਕਾਰੀ ਦਿੰਦਿਆਂ ਜੀ ਆਇਆਂ ਨੂੰ ਕਿਹਾ। ਐੱਸ.ਐੱਸ.ਪੀ. ਦਫਤਰ ਜਾਗਰੂਕਤਾ ਟੀਮ ਦੇ ਮੈਂਬਰ ਗੁਰਜੰਟ ਸਿੰਘ ਨੇ ਨਸ਼ਾ ਛੁਡਾਊ ਮੁਹਿੰਮ ਬਾਰੇ ਜਾਣਕਾਰੀ ਸਾਂਝੀ ਕੀਤੀ। ਨਾਇਬ ਸਿੰਘ ਨੂਰੀ ਨੇ ਨਸ਼ਿਆਂ ਦੀ ਅਲਾਮਤ ਬਾਰੇ ਗੀਤ ਸਾਂਝਾ ਕੀਤਾ। ਕਾਲਜ ਵਿਦਿਆਰਥੀਆਂ ਨੇ ਇਸ ਮੌਕੇ ਨਸ਼ਿਆਂ ਖਿਲਾਫ਼ ਗੀਤ ਪੇਸ਼ ਕੀਤਾ। ਐੱਸ.ਐੱਮ.ਓ. ਸੁਨੀਲ ਬਾਂਸਲ ਨੇ ਸਿਵਲ ਹਸਪਤਾਲ ਵਿਖੇ ਨਸ਼ਿਆਂ ਨੂੰ ਛੱਡਣ ਲਈ ਤੱਤਪਰ ਨੌਜਵਾਨਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਐੱਸ.ਪੀ.ਡੀ. ਰਮਨਦੀਪ ਸਿੰਘ ਭੁੱਲਰ ਨੇ ਵਿਦਿਆਰਥੀਆਂ ਨਾਲ ਜੀਵਨ ਨੂੰ ਸਫ਼ਲ ਬਣਾਉਣ ਲਈ ਚਾਰ ਨੁਕਤੇ ਸਾਂਝੇ ਕਰਦਿਆਂ ਆਪਣੇ ਯਕੀਨ ਤੇ ਆਪਣੇ ਨਿਸ਼ਾਨੇ ਨੂੰ ਧਿਆਨ ਦਾ ਕੇਂਦਰੀ ਨੁਕਤਾ ਬਣਾਉਣ ਦੀ ਹਦਾਇਤ ਕੀਤੀ ਤੇ ਕਾਲਜ ਪ੍ਰਸ਼ਾਸਨ ਦਾ ਧੰਨਵਾਦ ਕੀਤਾ। ਪ੍ਰਿੰਸੀਪਲ ਡਾ. ਰਜਿੰਦਰ ਸਿੰਘ ਸੇਖੋਂ ਨੇ ਪੁਲਸ ਪ੍ਰਸ਼ਾਸਨ ਨੂੰ ਸੰਸਥਾ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦੇਣ ਦੀ ਗੱਲ ਕਰਦਿਆਂ ਵਿਦਿਆਰਥੀਆਂ ਨੂੰ ਆਏ ਮਹਿਮਾਨਾਂ ਨੂੰ ਆਪਣੇ ਰੋਲ ਮਾਡਲ ਬਣਾਉਣ ਦੀ ਗੱਲ ਆਖੀ। ਐੱਸ.ਐੱਸ.ਪੀ. ਹਰਮਨਬੀਰ ਸਿੰਘ ਗਿੱਲ ਨੇ ਪੰਜਾਬ ਵਿਚ ਸਿੰਥੈਟਿਕ ਨਸ਼ਿਆਂ ਦੀ ਖਪਤ ਬਾਰੇ ਚਰਚਾ ਕਰਦਿਆਂ ਹੋ ਰਹੇ ਖੁਲਾਸਿਆਂ ਬਾਰੇ ਹੈਰਾਨੀ ਪ੍ਰਗਟਾਈ। ਉਨ੍ਹਾ ਨੌਜਵਾਨਾਂ ਨੂੰ ਇਸ ਅਲਾਮਤ ਖ਼ਿਲਾਫ਼ ਪੁਲਸ ਪ੍ਰਸ਼ਾਸਨ ਦਾ ਸਾਥ ਦੇਣ ਲਈ ਪ੍ਰੇਰਿਤ ਕੀਤਾ। ਉਨ੍ਹਾ ਮੁਕਤਸਰ ਪੁਲਸ ਪ੍ਰਸ਼ਾਸਨ ਵੱਲੋਂ ਨਸ਼ਾਖੋਰੀ ਵਿਰੁੱਧ ਕੀਤੀਆਂ ਜਾ ਰਹੀਆਂ ਕਾਰਵਾਈਆਂ ਬਾਰੇ ਜਾਣਕਾਰੀ ਦਿੱਤੀ। ਕਾਲਜ ਮੈਨੇਜਮੈਂਟ ਦੇ ਜਰਨਲ ਸਕੱਤਰ ਲਖਵਿੰਦਰ ਸਿੰਘ ਰੋਹੀਵਾਲਾ ਨੇ ਆਈਆਂ ਹੋਈਆਂ ਸਾਰੀਆਂ ਮਾਨਮੱਤੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਕਾਲਜ ਮੈਨੇਜਮੈਂਟ ਦੇ ਚੇਅਰਮੈਨ ਮਨਦੀਪ ਸਿੰਘ ਬਰਾੜ, ਜਰਨਲ ਸਕੱਤਰ ਲਖਵਿੰਦਰ ਸਿੰਘ ਰੋਹੀਵਾਲਾ, ਪ੍ਰਿੰਸੀਪਲ ਡਾ. ਰਜਿੰਦਰ ਸਿੰਘ ਸੇਖੋਂ ਨੇ ਆਏ ਮਹਿਮਾਨਾਂ ਦਾ ਸਨਮਾਨ ਕੀਤਾ।

## ਸਟੇਟ ਐਵਾਰਡੀ ਬਲਕਾਰ ਸਿੰਘ ਨੂੰ ਕੀਤਾ ਸਨਮਾਨਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬਲਕਾਰ ਸਿੰਘ (ਐੱਚ ਟੀ) ਸਰਕਾਰੀ ਪ੍ਰਾਇਮਰੀ ਸਕੂਲ ਯਾਰੇ ਸ਼ਾਹ ਨੂੰ ਸਟੇਟ ਐਵਾਰਡ ਮਿਲਣ 'ਤੇ ਸਰਕਾਰੀ ਪ੍ਰਾਇਮਰੀ ਸਕੂਲ ਕਾਮਲ ਵਾਲਾ ਬਲਾਕ ਫਿਰੋਜ਼ਪੁਰ-2 ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਤਰਸੇਮ ਸਿੰਘ ਈਟੀਟੀ ਅਧਿਆਪਕ ਨੇ ਬਲਕਾਰ ਸਿੰਘ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ ਤੇ ਕਿਹਾ ਕਿ ਉਨ੍ਹਾਂ ਨੂੰ ਸਟੇਟ ਐਵਾਰਡ ਮਿਲਣਾ ਜ਼ਿਲ੍ਹਾ ਫਿਰੋਜ਼ਪੁਰ ਲਈ ਇਕ ਬਹੁਤ ਹੀ ਮਾਣ ਵਾਲੀ ਗੱਲ ਹੈ। ਇਸ ਮੁਕਾਮ 'ਤੇ ਪਹੁੰਚਣ ਲਈ ਬਹੁਤ ਸਖਤ ਮਿਹਨਤ ਕਰਨੀ ਪੈਂਦੀ ਹੈ, ਜਿਸ ਦੀ ਮਿਸਾਲ ਬਲਕਾਰ ਸਿੰਘ ਹਨ। ਬਲਕਾਰ ਸਿੰਘ ਬਹੁਪੱਖੀ ਸਖਸ਼ੀਅਤ ਦੇ ਮਾਲਕ ਹਨ। ਉਨ੍ਹਾ ਕੇਵਲ ਸਿੱਖਿਆ ਦੇ ਖੇਤਰ ਵਿੱਚ ਹੀ ਨਹੀਂ, ਸਗੋਂ ਗੀਤਕਾਰ, ਗਾਇਕ, ਅੰਤਰਰਾਸ਼ਟਰੀ ਖਿਡਾਰੀ ਤੇ ਮਿਹਨਤੀ ਅਧਿਆਪਕ ਹਨ। ਉਨ੍ਹਾਂ ਦੀ ਇਸ ਪ੍ਰਾਪਤੀ ਪਿੱਛੇ ਅਣਥੱਕ ਮਿਹਨਤ ਹੈ। ਇਸ ਮੌਕੇ ਬੱਚਿਆਂ ਵੱਲੋਂ ਸਵਾਗਤੀ ਗੀਤ ਪੇਸ਼ ਕੀਤਾ ਗਿਆ। ਜਸਕਰਨਦੀਪ, ਮੁਸਕਾਨ, ਮੋਨਿਕਾ, ਜਸਮੀਨ, ਜਸਲੀਨ ਵੱਲੋਂ ਗਰੁੱਪ ਡਾਂਸ ਪੇਸ਼ ਕੀਤਾ ਗਿਆ। ਸਰਕਾਰੀ ਪ੍ਰਾਇਮਰੀ ਸਕੂਲ ਕਾਮਲ ਵਾਲਾ, ਫਿਰੋਜ਼ਪੁਰ-2 ਵੱਲੋਂ ਇਕ ਮੋਮੈਂਟੋ ਦੇ ਕੇ ਬਲਕਾਰ ਸਿੰਘ (ਐੱਚ ਟੀ) ਨੂੰ ਸਨਮਾਨਤ ਕੀਤਾ ਗਿਆ। ਅਧਿਆਪਕ ਤਰਸੇਮ ਸਿੰਘ, ਸ਼ਵਿੰਦਰ ਕੁਮਾਰ, ਇੰਦਰਜੀਤ ਕੌਰ, ਮਨਦੀਪ ਕੌਰ, ਮਾਲੋ ਰਾਣੀ ਤੇ ਅਧਿਆਪਕ ਅਮਰੀਕ ਸਿੰਘ ਹਾਜ਼ਰ ਸਨ। ਸਰਕਾਰੀ ਮਿਡਲ ਸਕੂਲ ਦੇ ਸਟਾਫ ਰੁਪਿੰਦਰ ਸਿੰਘ ਗੋਲਡੀ, ਰੋਜ਼ੀ, ਸ਼ਾਕਸ਼ੀ, ਮਨਦੀਪ ਕੌਰ, ਅਮਨਦੀਪ ਕੌਰ ਨੇ ਬਲਕਾਰ ਸਿੰਘ ਨੂੰ ਸਟੇਟ ਐਵਾਰਡ ਮਿਲਣ 'ਤੇ ਮੁਬਾਰਕਬਾਦ ਦਿੱਤੀ। ਬਲਕਾਰ ਸਿੰਘ ਨੇ ਸਮੁੱਚੇ ਸਟਾਫ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਹ ਸਨਮਾਨ ਸਮਾਰੋਹ ਹਰੇਕ ਅਧਿਆਪਕ ਦੇ ਮਨ 'ਤੇ ਇਕ ਅਮਿੱਟ ਛਾਪ ਛੱਡ ਗਿਆ।

# ਚੀਫ਼ ਖ਼ਾਲਸਾ ਦੀਵਾਨ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ






**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਚੀਫ ਖ਼ਾਲਸਾ ਦੀਵਾਨ ਵੱਲੋਂ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਜਾਗਤ ਜੋਤ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਉਤਸਵ ਬਹੁਤ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਆਯੋਜਿਤ ਗੁਰਮਤਿ ਸਮਾਗਮ ਦਾ ਆਗਾਜ਼ ਸੰਗਤਾਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਕੀਤਾ ਗਿਆ। ਉਪਰੰਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਜੀ. ਟੀ. ਰੋਡ ਅਤੇ ਗੋਲਡਨ ਐਵੀਨਿਊ ਦੇ ਕੀਰਤਨੀ ਜਥੇ ਅਤੇ ਬੀਬੀ ਪ੍ਰਭਜੋਤ ਕੌਰ ਦੇ ਰਾਗੀ ਜੱਥਿਆਂ ਵੱਲੋਂ ਰੱਬੀ ਬਾਣੀ ਦੀ ਛਹਿਬਰ ਲਗਾਉਂਦਿਆਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਭਾਈ ਵੀਰ ਸਿੰਘ ਜੀ ਦੇ 150 ਸਾਲਾ ਜਨਮ ਦਿਹਾੜੇ ਨੂੰ ਯਾਦਗਾਰੀ ਬਨਾਉਣ ਹਿੱਤ ਦੀਵਾਨ ਵੱਲੋਂ ਨਵੀਂ ਦਿਖ ਅਤੇ ਸਮਗਰੀ ਨਾਲ ਮੁੜ ਪ੍ਰਕਾਸ਼ਤ ਕੀਤਾ ਗਿਆ 'ਨਿਰਗੁਣਿਆਰਾ' ਪੱਤਰ ਰਿਲੀਜ਼ ਕੀਤਾ ਗਿਆ। ਜ਼ਿਕਰਯੋਗ ਹੈ ਕਿ 1894 ਈ. ਵਿਚ ਭਾਈ ਵੀਰ ਸਿੰਘ ਜੀ ਵੱਲੋਂ ਸ਼ੁਰੂ ਕੀਤੇ ਗਏ ਇਸ ਪੱਤਰ ਦੀ ਪ੍ਰਕਾਸ਼ਨਾ ਵਿਚ ਕੋਵਿਡ-19 ਕਰਕੇ ਖੜੋਤ ਆ ਗਈ ਸੀ। ਇਸ ਦੇ ਨਾਲ ਹੀ ਚੀਫ਼ ਖ਼ਾਲਸਾ ਦੀਵਾਨ ਸਕੂਲਾਂ ਵਿਚ ਪੜ੍ਹਾਏ ਜਾਣ ਵਾਲੇ ਭਾਈ ਵੀਰ ਸਿੰਘ ਦੇ ਨਾਵਲ 'ਸੁੰਦਰੀ' ਅਤੇ ਗੁਰੂ ਨਾਨਕ ਸਾਹਿਬ ਦੇ ਜੀਵਨ ਦੇ ਅਧਾਰਿਤ ਕਿਤਾਬ ਵੀ ਮੈਂਬਰ ਸਾਹਿਬਾਨ ਨੂੰ ਦਿੱਤੀ ਗਈ। ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਸਮੂਹ ਸੰਗਤਾਂ ਨੂੰ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵਿਚਾਰਧਾਰਾ ਅਨੁਸਾਰ ਸੁਚੱਜੀ ਜੀਵਨ ਜਾਚ ਜਿਊਣ ਦੀ ਪ੍ਰੇਰਨਾ ਦਿੱਤੀ। ਡਾ. ਨਿੱਜਰ ਨੇ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਗੁਰੂ ਸਾਹਿਬਾਨ ਦੁਆਰਾ ਰਚਿਤ ਧੁਰ ਕੀ ਬਾਣੀ ਸਿੱਖ ਜਗਤ ਲਈ ਹੀ ਨਹੀਂ ਸਗੋਂ ਸਮੁੱਚੀ ਮਾਨਵਤਾ ਲਈ ਇਕ ਵੱਡਮੁੱਲੀ ਦੇਣ ਹੈ। ਉਨ੍ਹਾਂ ਗੁਰਬਾਣੀ ਦੀ ਵਿਚਾਰਧਾਰਾ ਨੂੰ ਨਾ ਕੇਵਲ ਆਪਣੇ ਜੀਵਨ ਵਿਚ ਅਪਣਾਉਣ ਸਗੋਂ ਪ੍ਰਚਾਰਨ-ਪ੍ਰਸਾਰਨ ਦੀ ਲੋੜ ਤੇ ਵੀ ਜੋਰਦਿੱਤਾ। ਇਸ ਮੌਕੇ ਸਥਾਨਕ ਪ੍ਰਧਾਨ ਸ੍ਰ.ਸੰਤੋਖ ਸਿੰਘ ਸੇਠੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਅਤੇ ਪਹਿਲੇ ਪ੍ਰਕਾਸ਼ ਦੇ ਇਤਿਹਾਸ ਤੇ ਵਿਸਥਾਰਪੂਰਵਕ ਚਾਨਣਾ ਪਾਉਂਦਿਆਂ ਗੁਰਬਾਣੀ ਨੂੰ ਇਕ ਮਨ ਇਕ ਚਿਤੁ ਹੋ ਕੇ ਸਹਿਜਤਾ ਨਾਲ ਪੜ੍ਹਨ ਅਤੇ ਵਿਚਾਰਨ ਦਾ ਸੰਦੇਸ਼ ਦਿੱਤਾ। ਅੰਤ ਮੀਤ ਪ੍ਰਧਾਨ ਜਗਜੀਤ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਧਾਰਮਿਕ ਅਧਿਆਪਕਾਂ ਨੂੰ ਵਿਦਿਆਰਥੀਆਂ ਨੂੰ ਧਰਮ ਵਿਚ ਪਰਿਪਕ ਰੱਖਣ ਅਤੇ ਸਿੱਖੀ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕਰਨ ਲਈ ਕਿਹਾ। ਸਟੇਟ ਸਕੱਤਰ ਦੀ ਭੂਮਿਕਾ ਡਾ.ਜਸਬੀਰ ਸਿੰਘ ਸਾਬਰ ਅਤੇ ਧਾਰਮਿਕ ਅਧਿਆਪਕਾਂ ਮੈਡਮ ਸੁਖਜੀਤ ਕੌਰ ਵੱਲੋਂ ਬਾਖੂਬੀ ਨਿਭਾਈ ਗਈ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਜੂਠੇ ਪੱਤਲਾਂ ਦੀ ਸੇਵਾ ਏਕਜੋਤ ਸੇਵਾ ਸੁਸਾਇਟੀ ਵੱਲੋਂ ਨਿਭਾਈ ਗਈ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਸਰਦਾਰ ਬਸਰਾ, ਮੀਤ ਪ੍ਰਧਾਨ ਜਗਜੀਤ ਸਿੰਘ, ਸਥਾਨਕ ਪ੍ਰਧਾਨ ਸੰਤੋਖ ਸਿੰਘ ਸੇਠੀ, ਆਨਰੇਰੀ ਐਡੀ. ਸਕੱਤਰ ਜਸਪਾਲ ਸਿੰਘ ਢਿੱਲੋਂ, ਆਨਰੇਰੀ ਜੁਆਇੰਟ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ, ਮੋਹਨਜੀਤ ਸਿੰਘ ਭੱਲਾ, ਇੰਦਰਜੀਤ ਸਿੰਘ ਅੜੀ, ਤਰਲੋਚਨ ਸਿੰਘ, ਜਸਬੀਰ ਸਿੰਘ, ਪ੍ਰਦੀਪ ਸਿੰਘ ਵਾਲੀਆ, ਰਮਨੀਕ ਸਿੰਘ ਫਰੀਡਮ, ਗੁਰਪ੍ਰੀਤ ਸਿੰਘ ਸੇਠੀ, ਅਵਤਾਰ ਸਿੰਘ ਘੁੱਲਾ, ਬਲਵਿੰਦਰ ਸਿੰਘ ਬਾਜਵਾ, ਵਰਿੰਦਰਪਾਲ ਸਿੰਘ ਕੋਛੜ, ਜਸਬੀਰ ਸਿੰਘ ਸਾਬਰ, ਡਾਇਰੈਕਟਰ ਓਪਰੇਸ਼ਨ ਡਾ. ਏ. ਪੀ. ਐੱਸ. ਚਾਵਲਾ, ਪ੍ਰਿੰ. ਮਨਦੀਪ ਸਿੰਘ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਕਾਮਰੇਡ ਸੰਗਤ ਸਿੰਘ ਕਾਹਲੋਂ ਦੀ ਬਰਸੀ 'ਤੇ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀ



**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)**-ਟਰੇਡ ਯੂਨੀਅਨ ਦੇ ਸੀਨੀਅਰ ਆਗੂ ਕਾਮਰੇਡ ਸੰਗਤ ਸਿੰਘ ਕਾਹਲੋਂ ਦੀ 20ਵੀਂ ਬਰਸੀ ਮੌਕੇ ਅੱਜ ਤਮਾਮ ਕਮਿਊਨਿਸਟ ਆਗੂਆਂ ਵੱਲੋਂ ਦੇਸ਼ ਅਤੇ ਭਾਈਚਾਰਕ ਸਾਂਝ ਨੂੰ ਬਚਾਉਣ ਲਈ ਮੋਦੀ ਹਟਾਓ ਦਾ ਹੋਕਾ ਦਿੱਤਾ ਗਿਆ। ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਬੁਲਾਰੇ ਨਰਿੰਦਰ ਕੌਰ ਸੋਹਲ ਨੈਸ਼ਨਲ ਕੌਂਸਲ ਮੈਂਬਰ ਸੀਪੀਆਈ ਤੇ ਸੂਬਾ ਮੀਤ ਪ੍ਰਧਾਨ ਪੰਜਾਬ ਇਸਤਰੀ ਸਭਾ ਨੇ ਕਿਹਾ ਕਿ ਮੋਦੀ ਦੇ ਰਾਜ ਅੰਦਰ ਮਨੀਪੁਰ ਵਰਗੀਆਂ ਸ਼ਰਮਨਾਕ ਘਟਨਾਵਾਂ ਕਾਰਨ ਦੇਸ਼ ਸ਼ਰਮਸਾਰ ਹੋਇਆ ਹੈ ਪਰ ਪ੍ਰਧਾਨ ਮੰਤਰੀ 'ਤੇ ਇਸਦਾ ਕੋਈ ਵੀ ਅਸਰ ਹੁੰਦਾ ਨਹੀਂ ਦਿਖਿਆ। ਜੋ ਸਭ ਤੋਂ ਵੱਡੀ ਸ਼ਰਮ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਹੋਰ ਡੁੱਬਣ ਤੋਂ ਬਚਾਉਣ ਲਈ ਮੋਦੀ ਵਰਗਿਆਂ ਦਾ ਜਾਣਾ ਹੁਣ ਸਮੇਂ ਦੀ ਮੰਗ ਹੈ ਅਤੇ ਉਹ ਸਮੂਹ ਭਾਰਤ ਵਾਸੀਆਂ ਨੂੰ ਅਪੀਲ ਕਰਦੇ ਹਨ ਕਿ ਦੇਸ਼ ਅੰਦਰ ਭਾਈਚਾਰਕ ਸਾਂਝ ਬਰਕਰਾਰ ਰੱਖਣ ਲਈ 2024 ਦੀਆਂ ਚੋਣਾਂ ਵਿੱਚ ਇਸਨੂੰ ਚੱਲਦਾ ਕਰਨ। ਉਨ੍ਹਾਂ ਮੋਦੀ ਸਰਕਾਰ 'ਤੇ ਪੰਜਾਬ ਨਾਲ ਵਿਤਕਰੇ ਦੇ ਦੋਸ਼ ਵੀ ਲਗਾਏ ਅਤੇ ਕਿਹਾ ਕਿ ਕਿਸਾਨੀ ਅੰਦੋਲਨ 'ਚ ਮਿਲੀ ਹਾਰ ਦਾ ਬਦਲਾ ਲੈਣ ਲਈ ਉਸਨੇ ਪਿਛਲੇ ਸਮੇਂ 'ਚ ਪੰਜਾਬ ਦਾ ਅਕਸ ਖ਼ਰਾਬ ਕਰਨ ਦਾ ਕੋਈ ਮੌਕਾ ਨਹੀਂ ਛੱਡਿਆ ਹੈ। ਉਨ੍ਹਾਂ ਕਿਹਾ ਕਿ ਕਾਮਰੇਡ ਸੰਗਤ ਸਿੰਘ ਕਾਹਲੋਂ ਨੂੰ ਸੱਚੀ ਸ਼ਰਧਾਂਜਲੀ ਇਹੋ ਹੈ ਕਿ ਅਸੀਂ ਉਨ੍ਹਾਂ ਦੇ ਚੰਗੇ ਕੰਮਾਂ ਤੋਂ ਪ੍ਰੇਰਨਾ ਲੈਂਦੇ ਹੋਏ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲੀਏ। ਸੀਪੀਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਬਸੰਤਕੋਟ, ਬਲਾਕ ਸਕੱਤਰ ਬਲਬੀਰ ਸਿੰਘ ਕੱਤੋਵਾਲ ਅਤੇ ਏਟਕ ਦੇ ਜ਼ਿਲ੍ਹਾ ਪ੍ਰਧਾਨ ਸੁਭਾਸ਼ ਕੈਰੇ ਨੇ ਵੀ ਆਪਣੇ ਸੰਬੋਧਨ 'ਚ ਕੇਂਦਰ ਦੀ ਮੋਦੀ ਸਰਕਾਰ ਨੂੰ ਰਗੜੇ ਲਾਏ। ਇਨ੍ਹਾਂ ਆਗੂਆਂ ਨੇ ਪੰਜਾਬ ਸਰਕਾਰ 'ਤੇ ਲੋਕਾਂ ਨਾਲ ਕੀਤੇ ਵਾਅਦਿਆਂ ਤੋਂ ਭੱਜਣ ਦਾ ਦੋਸ਼ ਲਗਾਉਂਦਿਆਂ ਕਿਹਾ ਕਿ ਡੇਢ ਸਾਲ ਮਗਰੋਂ ਵੀ ਮਹਿਲਾਵਾਂ ਨੂੰ 1000 ਰੁਪਏ ਮਹੀਨਾ ਨਹੀਂ ਦਿੱਤਾ ਗਿਆ ਹੈ ਜੋ ਅਜੇ ਤੱਕ ਵੱਡਾ ਚੋਣਾਵੀ ਝੂਠ ਸਾਬਤ ਹੋਇਆ ਹੈ। ਸਮਾਗਮ ਨੂੰ ਦਿਆਨੰਦ ਮੱਠ ਦੇ ਪ੍ਰਧਾਨ ਸਵਾਮੀ ਸਦਾਨੰਦ ਅਤੇ ਬਲਬੀਰ ਸਿੰਘ ਮੱਲ੍ਹੀ ਨੇ ਵੀ ਸੰਬੋਧਨ ਕੀਤਾ। ਪਰਿਵਾਰ ਤਰਫ਼ੋਂ ਕਾਮਰੇਡ ਸੁਖਦੇਵ ਸਿੰਘ ਕਾਹਲੋਂ ਨੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਆਪਣੇ ਪਿਤਾ ਸੰਗਤ ਸਿੰਘ ਕਾਹਲੋਂ ਨੂੰ ਗਰੀਬਾਂ ਤੇ ਮਜ਼ਦੂਰਾਂ ਦਾ ਆਗੂ ਦੱਸਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਜਸਬੀਰ ਸਿੰਘ ਕੱਤੋਵਾਲ, ਪ੍ਰੀਤਮ ਸਿੰਘ ਬਿਆਨਪੁਰ, ਬੀਬੀ ਅਵਤਾਰ ਕੌਰ, ਸਿਕੰਦਰ ਸਿੰਘ ਕਾਹਲੋਂ, ਡਾ. ਰਮੇਸ਼ ਭੋਗਲ, ਦਰਸ਼ਨ ਆਹਲੂਵਾਲ, ਗੁਰਦੀਪ ਸਿੰਘ ਕਲੀਜਪੁਰ, ਕੁਲਦੀਪ ਸਿੰਘ ਘੁੱਲਾ, ਗੁਰਚਰਨ ਵਾਲੀਆ, ਸ਼ਿਵ ਦੱਤ, ਸੁਰਜੀਤ ਕੁਮਾਰ ਬੱਗਾ, ਗੁਰਦੀਪ ਬਿੱਟੂ ਕੈਰੇ, ਸੋਮ ਰਾਜ ਕੈਰੇ, ਪੰਚ ਰੂਪ ਲਾਲ ਕੈਰੇ, ਮਹਿੰਦਰ ਸਿੰਘ ਰੇਲਵੇ, ਰਛਪਾਲ ਸਿੰਘ ਮਦਾਰਪੁਰ, ਤਿਰਲੋਕ ਸਿੰਘ ਰਊਵਾਲ, ਜਨਕ ਰਾਜ ਭਗਵਾਨਪੁਰ, ਬਲਵਿੰਦਰ ਭਟੋਆ, ਬਊ ਮਸੀਹ, ਚਿਮਨ ਲਾਲ ਬੇਰੀਆਂ, ਰਮੇਸ਼ ਕੁਮਾਰ ਸਦਾਨਾ, ਜਗਦੀਸ਼ ਸ਼ਾਦੀਪੁਰ ਅਤੇ ਕਰਨੈਲ ਅਵਾਂਖਾ ਤੋਂ ਇਲਾਵਾ ਵੱਡੀ ਗਿਣਤੀ 'ਚ ਔਰਤਾਂ ਮੌਜੂਦ ਸਨ।

## ਜ਼ਰੂਰੀ ਮੁਰੰਮਤ ਕਾਰਨ ਅੱਜ ਬਿਜਲੀ ਬੰਦ ਰਹੇਗੀ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਬ ਡਵੀਜ਼ਨ ਡੇਰਾ ਬਾਬਾ ਨਾਨਕ ਪਾਵਰਕਾਮ ਦੇ ਐੱਸਡੀਓ ਇੰਜ: ਤਰਲੋਕ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਰਾ ਬਾਬਾ ਨਾਨਕ ਸਬ ਸਟੇਸਨ ਤੋ ਚੱਲਦੇ ਤਲਵੰਡੀ ਗੋਰਾਇਆ ਏਪੀ ਫੀਡਰ, ਸ਼ਿਕਾਰ ਏਪੀ ਫੀਡਰ, 11 ਕੇਵੀ ਸਿਟੀ ਫੀਡਰ ਡੇਰਾ ਬਾਬਾ ਨਾਨਕ ਦੀ ਲਾਈਟ ਦਾਣਾ ਮੰਡੀ ਡੇਰਾ ਬਾਬਾ ਨਾਨਕ ਵਿੱਚ ਕੇਬਲ ਤਾਰਾਂ ਪਾਉਣ ਅਤੇ ਹੋਰ ਲੋੜੀਂਦੀ ਮੁਰੰਮਤ ਦੇ ਚੱਲਦਿਆਂ ਅੱਜ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਤੋਂ ਲੈ ਕੇ੍ਹਮ 5 ਵਜੇ ਤੱਕ ਬੰਦ ਰਹੇਗੀ। ਇਸ ਮੌਕੇ ਜੇਈ ਬਲਵਿੰਦਰ ਸਿੰਘ, ਸੀਸੀ ਜਰਨੈਲ ਸਿੰਘ ਠੇਠਰਕੇ, ਜੇਈ ਬਲਦੇਵ ਰਾਜ, ਜੇਈ ਰਜਿੰਦਰ ਸਿੰਘ, ਜੇਈ ਚੰਦਰਮੋਹਨ ਮਹਾਜਨ, ਜੇਈ ਰਜਵੰਤ ਸਿੰਘ, ਲਾਈਨਮੈਨ ਗੁਰਬਿੰਦਰਜੀਤ ਸਿੰਘ, ਆਰਏ ਲਖਵਿੰਦਰ ਸਿੰਘ, ਜੇਈ ਹਰਜੀਤ ਸਿੰਘ, ਜੇਈ ਹੀਰਾ ਲਾਲ ਆਦਿ ਹਾਜ਼ਰ ਸਨ।

## ਐਕਸਿਸ ਮਿਊਚਲ ਫੰਡ ਵੱਲੋਂ ਨਵੀਂ ਮੁਹਿੰਮ ਸੋਚਿਆ ਸਮਝਿਆ ਜੋਖਮ ਲਾਂਚ

**ਲੁਧਿਆਣਾ:** ਭਾਰਤ ਦੇ ਪ੍ਰਮੁੱਖ ਫੰਡ ਹਾਉਸਾਂ ਵਿੱਚੋਂ ਇੱਕ ਐਕਸਿਸ ਮਿਊਚਲ ਫੰਡ ਨੇ ਆਪਣੀ ਨਵੇਂ ਗਤੀਸ਼ੀਲ ਅਤੇ ਵਿਵਹਾਰਿਕ ਵਿਗਿਆਪਨ ਅਭਿਆਨ #ਸੋਚਿਆ ਸਮਝਿਆ ਜੋਖਮ ਨੂੰ ਲਾਂਚ ਕਰਨ ਦਾ ਐਲਾਨ ਕੀਤਾ ਹੈ। ਇਹ ਇੱਕ 360-ਡਿਗਰੀ ਮੁਹਿੰਮ ਹੈ, ਜਿਸਦਾ ਉਦੇਸ਼ ਇੱਕ ਜੋਖਮ ਪ੍ਰੋਫਾਈਲਰ ਦੀ ਮਦਦ ਨਾਲ ਨਿਵੇਸ਼ਕਾਂ ਨੂੰ ਵਿਅਕਤੀਗਤ ਜੋਖਮ ਨੂੰ ਸਮਝਣ ਲਈ ਪ੍ਰੋਉਤਸਾਹਿਤ ਕਰਨਾ ਹੈ। ਇਹ ਪਹਿਲ ਫੰਡ ਦੇ ਜੋਖਮ ਨੂੰ ਸਮਝਣ ਅਤੇ ਬਿਹਤਰ ਨਿਵੇਸ਼ ਦੇ ਫੈਸਲੇ ਲੈਣਲਈ ਰਿਸਕੋਮੀਟਰ ਬਾਰੇ ਨਿਵੇਸ਼ਕਾਂ ਨੂੰ ਸਿੱਖਿਅਤ ਕਰਨ 'ਤੇ ਵੀ ਕੇਂਦਰਿਤ ਹੈ। ਹਾਲਾਂਕਿ ਜ਼ਿਆਦਾਤਰ ਨਿਵੇਸ਼ਕ ਨਿਵੇਸ਼ ਦੀ ਮਹੱਤਤਾ ਨੂੰ ਸਮਝਦੇ ਹਨ, ਉਹ ਮਾਰਕੀਟ ਦੇ ਸ਼ੋਰ ਦੁਆਰਾ ਆਸਾਨੀ ਨਾਲ ਪ੍ਰਭਾਵਿਤ ਹੋ ਜਾਂਦੇ ਹਨ। ਬਦਕਿਸਮਤੀ ਨਾਲ ਰੋਜ਼ਾਨਾ ਬਾਜ਼ਾਰ ਦੇ ਉਤਰਾਅ-ਚੜ੍ਹਾਅ ਨੂੰ ਜੋਖਮ ਲਈ ਮਾਪਦੰਡ ਮੰਨਿਆ ਜਾਂਦਾ ਹੈ, ਜਿਸ ਦੇ ਨਤੀਜੇ ਵਜੋਂ ਮਿਊਚਲ ਫੰਡਾਂ ਨੂੰ 'ਜੋਖਮ ਭਰੇ' ਨਿਵੇਸ਼ ਦੇ ਮੌਕੇ ਵਜੋਂ ਸਮਝਿਆ ਜਾਂਦਾ ਹੈ।

## ਅੰਮ੍ਰਿਤਸਰ ਜ਼ਿਲ੍ਹੇ 'ਚ ਸਥਾਨਕ ਛੁੱਟੀ ਦਾ ਐਲਾਨ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਪਹਿਲਾ ਪ੍ਰਕਾਸ਼ ਗੁਰਪੁਰਬ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਮੌਕੇ 'ਤੇ 16 ਸਤੰਬਰ 2023 ਨੂੰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਥਾਨਕ ਛੁੱਟੀ ਦਾ ਐਲਾਨ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਅਮਿਤ ਤਲਵਾੜ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੇ ਦੱਸਿਆ ਕਿ 16 ਸਤੰਬਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਸਾਰੇ ਸਰਕਾਰੀ ਦਫ਼ਤਰਾਂ, ਬੋਰਡਾਂ/ਕਾਰਪੋਰੇਸ਼ਨਾ ਅਤੇ ਵਿੱਦਿਅਕ ਅਦਾਰਿਆਂ ਵਿੱਚ ਛੁੱਟੀ ਰਹੇਗੀ। ਇਸ ਮੌਕੇ ਉਨ੍ਹਾਂ ਸਮੂਹ ਸ਼ਹਿਰ ਵਾਸੀਆਂ ਨੂੰ ਪਹਿਲੇ ਪ੍ਰਕਾਸ਼ ਗੁਰਪੁਰਬ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਵਧਾਈ ਦਿੱਤੀ।

## ਪਹਿਲੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸਕੂਲ 'ਚ ਧਾਰਮਿਕ ਸਮਾਗਮ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਚੀਫ ਖਾਲਸਾ ਦੀਵਾਨ ਦੀ ਯੋਗ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਜਪੁਜੀ ਸਾਹਿਬ ਦੇ ਪਾਠ ਤੋਂ ਬਾਅਦ ਸਕੂਲ ਦੇ ਵਿਦਿਆਰਥੀਆਂ ਵੱਲੋਂ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਗਾਇਨ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਨਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਗੁਰਬਾਣੀ ਪੜ੍ਹਨ ਅਤੇ ਆਪਣੇ ਜੀਵਨ ਵਿੱਚ ਗੁਰੂਆਂ ਦੁਆਰਾ ਦਿੱਤੀ ਸਿੱਖਿਆ ਨੂੰ ਅਮਲ ਵਿੱਚ ਲਿਆਉਣ ਲਈ ਪ੍ਰੇਰਿਤ ਕੀਤਾ। ਇਸ ਸ਼ੁੱਭ ਅਵਸਰ 'ਤੇ ਸਕੂਲ ਦੀ ਸਮੂਹ ਮੈਨੇਜਮੈਂਟ ਵੱਲੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਗਈ।

# ਮੰਝ ਨੇੜਿਓਂ ਲੰਘਦੇ ਰਜਬਾਹੇ 'ਚੋਂ ਲਾਸ਼ ਮਿਲੀ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਪਿੰਡ ਮੰਝ ਦੇ ਨੇੜਿਓਂ ਲੰਘਦੇ ਰਜਬਾਹੇ ਚੋਂ ਇੱਕ ਵਿਅਕਤੀ ਦੀ ਲਾਸ਼ ਮਿਲਣ ਦੀ ਜਾਣਕਾਰੀ ਪ੍ਰਾਪਤ ਹੋਈ ਹੈ। ਬਹਿਰਾਮਪੁਰ ਪੁਲਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਦਿੰਦੇ ਹੋਏ ਮ੍ਰਿਤਕ ਪਰਿਵਾਰ ਦੇ ਮੈਂਬਰ ਨੇ ਦੱਸਿਆ ਕਿ 45 ਸਾਲਾ ਸੁਰਜੀਤ ਸਿੰਘ ਪੁੱਤਰ ਸੁਲੱਖਣ ਸਿੰਘ ਵਾਸੀ ਬੇਧੋਚਾਕ ਰਾਜ ਮਿਸਤਰੀ ਦਾ ਕੰਮ ਕਰਦਾ ਸੀ। ਨਸ਼ੇ ਦਾ ਅਦੀ ਸੀ। ਅੱਜ ਸਵੇਰੇ ਪਤਾ ਲੱਗਿਆ ਕਿ ਇਸ ਦੀ ਮੌਤ ਹੋ ਗਈ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਦੋ ਦਿਨ ਪਹਿਲਾਂ ਵੀ ਇਸ ਰਜਬਾਹੇ ਤੋਂ ਇੱਕ ਵਿਅਕਤੀ ਦੀ ਲਾਸ਼ ਮਿਲੀ ਸੀ। ਉਸ ਨੇ ਵੀ ਨਸ਼ਾ ਕੀਤਾ ਹੋਇਆ ਸੀ। ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਬੇਨਤੀ ਕੀਤੀ ਕਿ ਸਖਤੀ ਵਰਤ ਕੇ ਨਸ਼ੇ ਨੂੰ ਠੱਲ੍ਹ ਪਾਈ ਜਾਵੇ। ਥਾਣਾ ਬਹਿਰਾਮਪੁਰ ਦੇ ਐੱਸਐੱਚਓ ਸਾਹਿਲ ਚੌਧਰੀ ਨੇ ਕਿਹਾ ਕਿ ਅੱਜ ਸਵੇਰੇ ਪਿੰਡ ਦੇ ਸਰਪੰਚ ਦਾ ਫੋਨ ਆਇਆ ਸੀ ਕਿ ਰਜਬਾਹੇ ਵਿੱਚ ਕਿਸੇ ਵਿਅਕਤੀ ਦੀ ਲਾਸ਼ ਹੈ। ਜਾਣਕਾਰੀ ਮਿਲਦੇ ਹੀ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸ਼ਿਵਾਲਿਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੀ ਖੇਡਾਂ 'ਚ ਬੱਲੇ-ਬੱਲੇ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਸ਼ਿਵਾਲਿਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਝਬਾਲ ਵਿਖੇ ਸਕੂਲ ਦੇ ਵਿਦਿਆਰਥੀਆਂ ਦੀ ਜ਼ਿਲ੍ਹਾ ਤਰਨਤਾਰਨ ਦੇ ਜ਼ੋਨ ਬੀੜ ਸਾਹਿਬ ਵਿਖੇ ਸਾਲਾਨਾ ਟੂਰਨਾਮੈਂਟ ਵਿਚ ਅੰਡਰ -19 ਵਾਲੀਬਾਲ ਦੀ ਟੀਮ ਪਹਿਲੇ ਅਤੇ ਅੰਡਰ -17 ਦੀ ਟੀਮ ਦੂਸਰੇ ਸਥਾਨ 'ਤੇ ਰਹੀ। ਸ਼ਿਵਾਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਐੱਮਡੀ ਅਮਰਜੀਤ ਸਿੰਘ ਸੋਹਲ, ਮੈਡਮ ਨਰਿੰਦਰਜੀਤ ਕੌਰ ਸੋਹਲ, ਸਕੂਲ ਪ੍ਰਿੰਸੀਪਲ ਨਿਰਮਲ ਸਿੰਘ, ਗੁਰਪਿੰਦਰ ਸਿੰਘ ਅਤੇ ਸਟਾਫ ਨੇ ਦੋਵੇਂ ਟੀਮਾਂ ਦੇ ਖਿਡਾਰੀਆਂ ਨੂੰ ਸਟੇਜ 'ਤੇ ਸਨਮਾਨਿਤ ਕੀਤਾ ਅਤੇ ਟੀਮਾਂ ਦੇ ਕੋਚ ਸੁਖਪਾਲ ਸਿੰਘ ਵੱਲੋਂ ਕਰਵਾਈ ਮਿਹਨਤ ਦੀ ਸ਼ਲਾਘਾ ਕੀਤੀ। ਇਸ ਦੇ ਨਾਲ ਹੀ ਖੇਡਾਂ ਵਿੱਚ ਪ੍ਰਾਪਤੀ ਕਰਨ ਵਾਲੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਐਮਡੀ ਅਮਰਜੀਤ ਸਿੰਘ ਸੋਹਲ ਨੇ ਇਸ ਮੌਕੇ ਦੱਸਿਆ ਕਿ ਛੇਤੀ ਹੀ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਸਕੂਲ ਵਿੱਚ ਸਾਲਾਨਾ ਸਪੋਰਟਸ ਮੀਟ ਕਰਵਾਈ ਜਾਵੇਗੀ।

# ਐਡਵੋਕੇਟ ਧਾਮੀ ਨੇ ਸੰਗਤ ਨੂੰ ਪਹਿਲੇ ਪ੍ਰਕਾਸ਼ ਪੁਰਬ ਦੀ ਦਿੱਤੀ ਵਧਾਈ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਪਾਵਨ ਗੁਰਬਾਣੀ ਮਨੁੱਖ ਦੇ ਜੀਵਨ ਨੂੰ ਸੁਖਦਾਈ ਬਣਾਉਣ ਲਈ ਪ੍ਰੇਰਨਾ ਸਰੋਤ ਹੈ, ਜਿਸ ਦੀ ਰੌਸ਼ਨੀ ਵਿਚ ਚੱਲਣਾ ਹਰ ਸਿੱਖ ਦਾ ਫ਼ਰਜ਼ ਹੈ। ਉਨ੍ਹਾਂ ਵਧਾਈ ਸੁਨੇਹੇ ਵਿਚ ਕਿਹਾ ਕਿ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸੰਨ 1604 ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਕਰਕੇ ਮਨੁੱਖਤਾ ਨੂੰ ਸਰਬਸਾਂਝਾ ਪਾਵਨ ਗ੍ਰੰਥ ਬਖ਼ਸ਼ਿਸ਼ ਕੀਤਾ, ਜਿਸ ਦੀਆਂ ਮੁੱਲਵਾਨ ਸਿੱਖਿਆਵਾਂ ਮਨੁੱਖੀ ਜੀਵਨ ਲਈ ਮਾਰਗ ਦਰਸ਼ਨ ਹਨ। ਉਨ੍ਹਾਂ ਕਿਹਾ ਕਿ ਗੁਰਬਾਣੀ ਮਨੁੱਖ ਨੂੰ ਕੁਰੀਤੀਆਂ ਤੋਂ ਵਰਜਦੀ ਹੈ ਅਤੇ ਸੱਚ ਦੇ ਮਾਰਗ 'ਤੇ ਚੱਲਣ ਦਾ ਉਪਦੇਸ਼ ਦਿੰਦੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪਹਿਲੇ ਪ੍ਰਕਾਸ਼ ਪੁਰਬ ਮੌਕੇ ਸਿੱਖ ਕੌਮ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਅਪੀਲ ਕੀਤੀ।

ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਗੁਰਪੁਰਬ ਹਰ ਸਾਲ ਦੀ ਤਰ੍ਹਾਂ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿਚ ਵੱਖ-ਵੱਖ ਸਮਾਗਮ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਪਹਿਲੇ ਪ੍ਰਕਾਸ਼ ਪੁਰਬ ਮੌਕੇ ਭਲਕੇ 16 ਸਤੰਬਰ ਨੂੰ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਖਾਲਸਈ ਜਾਹੋ-ਜਲਾਲ ਨਾਲ ਨਗਰ ਕੀਰਤਨ ਸਜਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੁਬਾਰਕ ਮੌਕੇ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ, ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ ਮੈਂਬਰਾਨ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਸਮੇਤ ਸੰਗਤਾਂ ਹਾਜ਼ਰੀ ਭਰਨਗੀਆਂ। ਉਨ੍ਹਾਂ ਦੱਸਿਆ ਕਿ ਪਹਿਲੇ ਪ੍ਰਕਾਸ਼ ਦਿਹਾੜੇ ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਦੀਵਾਨ ਸਜਣਗੇ, ਜਿਸ ਵਿਚ ਰਾਗੀ, ਢਾਡੀ, ਕਵੀਸ਼ਰ ਤੇ ਪ੍ਰਚਾਰਕ ਸੰਗਤਾਂ ਨੂੰ ਗੁਰਬਾਣੀ ਤੇ ਇਤਿਹਾਸ ਨਾਲ ਜੋੜਨਗੇ। ਉਨ੍ਹਾਂ ਇਹ ਵੀ ਦੱਸਿਆ ਕਿ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਜਲੌਂ ਸਜਣਗੇ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਫੁੱਲਾਂ ਦੀ ਸਜਾਵਟ ਅਤੇ ਖੂਬਸੂਰਤ ਦੀਪਮਾਲਾ ਵੀ ਸੰਗਤ ਲਈ ਵਿਸ਼ੇਸ਼ ਤੌਰ 'ਤੇ ਖਿੱਚ ਦਾ ਕੇਂਦਰ ਹੋਵੇਗੀ।

# ਰਿਆੜਕੀ ਪਬਲਿਕ ਸਕੂਲ ਦੀਆਂ ਵਿਦਿਆਰਥਣਾਂ ਜ਼ੋਨਲ ਖੋ-ਖੋ 'ਚ ਜੇਤੂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਅਕਾਦਮਿਕ ਅਤੇ ਧਾਰਮਿਕ ਸਿੱਖਿਆ ਦੇ ਨਾਲ-ਨਾਲ ਵਿਦਿਆਰਥੀਆਂ ਵਿੱਚ ਖੇਡਾਂ ਪ੍ਰਤੀ ਰੁਚੀ ਪੈਦਾ ਕਰਨ ਦਾ ਕੰਮ ਕਰ ਰਹੀ ਸੰਸਥਾ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ,ਜਿੱਥੋਂ ਦੀਆਂ ਵਿਦਿਆਰਥਣਾਂ ਵੀ ਲੜਕਿਆਂ ਵਾਂਗ ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਨਾਮਣਾ ਖੱਟ ਰਹੀਆਂ ਹਨ। ਆਰਪੀਐੱਸ ਦੀਆਂ ਵਿਦਿਆਰਥਣਾਂ ਵੱਲੋਂ ਸਿੱਖਿਆ ਵਿਭਾਗ ਗੁਰਦਾਸਪੁਰ ਵੱਲੋਂ ਕਰਵਾਏ ਜਾ ਰਹੇ ਜ਼ੋਨਲ ਖੇਡ ਮੁਕਾਬਲਿਆਂ ਵਿਚ ਅੰਡਰ -14 ਅਤੇ ਅੰਡਰ 17 ਵਿਚ ਖੋ-ਖੋ ਦੀਆਂ ਟੀਮਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਸੰਸਥਾ ਦੀ ਅੰਡਰ -14 ਟੀਮ ਨੇ ਪੂਰੇ ਜ਼ੋਨ ਦੇ ਸਕੂਲਾਂ ਦੀਆਂ ਟੀਮਾਂ ਨੂੰ ਪਿੱਛੇ ਛੱਡਦੇ ਹੋਏ ਗੋਲਡ ਮੈਡਲ ਹਾਸਲ ਕੀਤੇ ਅਤੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਆਪਣੀ ਥਾਂ ਬਣਾਈ, ਜਿਸ ਵਿਚ ਸੰਸਥਾ ਦੇ ਵਿਸ਼ਾਲੀ, ਰਸਲੀਨ ਕੌਰ, ਏਕਮ ਪ੍ਰੀਤ ਕੌਰ, ਜਸਨੀਤ ਕੌਰ, ਹਰਲੀਨ ਕੌਰ, ਸ਼ੁਭਨੀਤ ਕੌਰ, ਅਵਨੀਤ ਕੌਰ ਦੀ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਚੋਣ ਹੋਈ। ਵਿਸ਼ਾਲੀ ਜਮਾਤ 7ਵੀਂ ਨੇ ਦੱਸਿਆ ਕਿ ਜਿੱਥੇ ਉਹ ਆਪਣੀ ਸਾਰੀ ਕਲਾਸ ਵਿੱਚੋਂ ਟਾਪਰ ਹੈ ਉੱਥੇ ਹੀ ਉਹ ਖੋ-ਖੋ ਦੀ ਟੀਮ ਦੀ ਕੈਪਟਨ ਵੀ ਹੈ। ਸੰਸਥਾ ਦੀ ਅੰਡਰ -17 ਖੋ-ਖੋ ਟੀਮ ਜ਼ੋਨਲ ਮੁਕਾਬਲਿਆਂ ਵਿੱਚ ਵਧੀਆ ਕਾਰਗੁਜ਼ਾਰੀ ਸਦਕਾ ਤੀਜਾ ਸਥਾਨ ਹਾਸਲ ਕਰਕੇ ਬਰੋਂਜ਼ ਤਗਿਮਆਂ ਨਾਲ ਸਨਮਾਨੀ ਗਈ। ਇਸ ਦੌਰਾਨ ਸੰਸਥਾ ਦੇ ਡਾਇਰੈਕਟਰ ਪ੍ਰਿੰ. ਮੈਡਮ ਮਨਪ੍ਰੀਤ ਕੌਰ ਵਿਰਕ ਨੇ ਕਿਹਾ ਕਿ ਵਿਦਿਆਰਥਣਾਂ ਦੀ ਇਹ ਸ਼ਾਨਦਾਰ ਜਿੱਤ, ਇਨ੍ਹਾਂ ਵਿਦਿਆਰਥਣਾਂ ਦੀ ਸਖਤ ਮਿਹਨਤ ਅਤੇ ਕੋਚ ਸਹਿਬਾਨ ਦੀ ਸੁਚੱਜੀ ਅਗਵਾਈ ਕਰਕੇ ਹੋਈ ਹੈ। ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਹੁਰਾਂ ਨੇ ਕੋਚ ਸਹਿਬਾਨ ਬੀਬੀ ਰਾਜਵਿੰਦਰ ਅਤੇ ਜਤਿੰਦਰ ਕੁਮਾਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਨੇ ਖੇਡ ਮੁਕਾਬਲਿਆਂ ਵਿੱਚ ਵਧੀਆ ਕਾਰਗੁਜ਼ਾਰੀ ਲਈ ਜਿੱਤੀ ਹੋਈ ਟੀਮ, ਉਨ੍ਹਾਂ ਦੇ ਮਾਤਾ-ਪਿਤਾ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਵਿਦਿਆਰਥਣਾਂ ਨੂੰ ਆਉਣ ਵਾਲੇ ਸਮੇਂ ਵਿੱਚ ਵੀ ਆਪਣਾ ਆਚਰਣ ਇਸੇ ਤਰ੍ਹਾਂ ਹੀ ਉੱਚਾ ਰੱਖਦੇ ਹੋਏ, ਮਿਹਨਤੀ ਸੁਭਾਅ ਨੂੰ ਹੋਰ ਪਰਪੱਕ ਕਰਕੇ, ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਆਪਣੇ ਮਾਤਾ-ਪਿਤਾ ਦਾ ਨਾਮ ਹੋਰ ਚਮਕਾਉਣ ਲਈ ਪ੍ਰੇਰਿਆ।

# ਕੋਟ ਯੋਗਰਾਜ ਅਤੇ ਭਰੋ ਹਾਰਨੀ ਵਿਖੇ ਕਿਸਾਨ ਜਾਗਰੂਕਤਾ ਕੈਂਪ ਲੱਗਾ



**ਕਾਦੀਆ (ਯਾਦਵਿੰਦਰ ਸਿੰਘ ਮਲਹੋਤਰਾ)**-ਮਾਣਯੋਗ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ ਨਿਰਦੇਸ਼ ਹੇਠ ਅਤੇ ਮੁੱਖ ਖੇਤੀਬਾੜੀ ਅਫਸਰ ਡਾ. ਕਿਰਪਾਲ ਸਿੰਘ ਦੇ ਹੁਕਮਾਂ ਅਨੁਸਾਰ ਬਲਾਕ ਖੇਤੀਬਾੜੀ ਅਫਸਰ ਡਾ. ਦਿਲਬਾਗ ਸਿੰਘ ਦੀ ਅਗਵਾਈ ਹੇਠ ਪਿੰਡ ਕੋਟ ਯੋਗਰਾਜ ਅਤੇ ਪਿੰਡ ਭਰੋ ਹਾਰਨੀ ਬਲਾਕ ਕਾਹਨੂੰਵਾਨ ਵਿਖੇ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਖੇਤੀਬਾੜੀ ਵਿਭਾਗ ਕਾਹਨੂੰਵਾਨ ਵੱਲੋਂ ਜਾਗਰੂਕਤਾ ਕੈਂਪ ਲਗਾਇਆ ਗਿਆ। ਖੇਤੀਬਾੜੀ ਵਿਸਥਾਰ ਅਫਸਰ ਇਕਬਾਲ ਸਿੰਘ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਤੇ ਬਾਸਮਤੀ ਉਪਰ ਪੰਜਾਬ ਸਰਕਾਰ ਵੱਲੋਂ ਬੈਨ ਕੀਤੀਆਂ ਜ਼ਹਿਰਾਂ ਨੂੰ ਫਸਲ ਉਪਰ ਸਪਰੇਅ ਨਾ ਕਰਨ ਦੀ ਅਪੀਲ ਕਿਤੀ। ਖੇਤੀਬਾੜੀ ਸਬ ਇੰਸਪੈਕਟਰ ਇੰਦਰਜੋਤ ਸਿੰਘ ਵੱਲੋਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾ ਕੇ ਇਸ ਨੂੰ ਆਧੁਨਿਕ ਮਸ਼ੀਨਾਂ ਨਾਲ ਜ਼ਮੀਨ ਵਿੱਚ ਮਿਲਾ ਕੇ ਅਪਣੀ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਣ ਦੀ ਅਪੀਲ ਕੀਤੀ। ਇਸ ਨਾਲ ਫਸਲ ਦੇ ਝਾੜ ਵਿੱਚ ਵੀ ਵਾਧਾ ਹੁੰਦਾ ਹੈ। ਇਸ ਮੌਕੇ ਕਿਸਾਨਾਂ ਨੂੰ ਕਣਕ ਦੀਆਂ ਨਵੀਆਂ ਕਿਸਮਾਂ ਅਤੇ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਵਿੱਚ ਕਿਸਾਨਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਜਾਣੂ ਕਰਾਇਆ। ਮੌਕੇ 'ਤੇ ਖੇਤੀਬਾੜੀ ਵਿਭਾਗ ਕਾਹਨੂੰਵਾਨ ਦੀ ਟੀਮ, ਪ੍ਰਿਤਪਾਲ ਸਿੰਘ ਸਰਪੰਚ, ਪੰਚਾਇਤ ਮੈਂਬਰ, ਨੰਬਰਦਾਰ ਮਨਜੀਤ ਸਿੰਘ ਆਦਿ ਹਾਜ਼ਰ ਸਨ।

# ਸੈਂਟਰ ਪੱਧਰੀ ਖੇਡਾਂ 'ਚ ਨਾਂਅ ਰੁਸ਼ਨਾਉਣ ਵਾਲੇ ਵਿਦਿਆਰਥੀ ਸਨਮਾਨਿਤ



**ਪਠਾਨਕੋਟ (ਬਲਵਿੰਦਰ ਸਿੰਘ ਬਿੱਲਾ)**-ਸਰਕਾਰੀ ਪ੍ਰਾਇਮਰੀ ਸਕੂਲ ਮਦਾਰਪੁਰ ਵਿਖੇ ਸੈਂਟਰ ਪੱਧਰੀ ਖੇਡਾਂ ਵਿੱਚ ਸਕੂਲ ਦਾ ਨਾਂ ਚਮਕਾਉਣ ਵਾਲੇ ਵਿਦਿਆਰਥੀਆਂ ਨੂੰ ਐੱਸਐੱਮਸੀ ਕਮੇਟੀ ਅਤੇ ਸਕੂਲ ਸਟਾਫ ਵੱਲੋਂ ਸਕੂਲ ਮੁਖੀ ਬਲਕਾਰ ਅੱਤਰੀ ਅਤੇ ਚੇਅਰਮੈਨ ਪੂਜਾ ਦੇਵੀ ਦੀ ਅਗਵਾਈ ਹੇਠ ਇੱਕ ਸਾਦਾ ਸਮਰੋਹ ਦਾ ਆਯੋਜਨ ਕਰ ਸਨਮਾਨ ਚਿੰਨ੍ਹ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਾਸਟਰ ਰਾਜੇਸ਼ ਕੁਮਾਰ ਵਲੋਂ ਆਏ ਹੋਏ ਮਹਿਮਾਨਾਂ ਅਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ। ਪੰਜਵੀਂ ਜਮਾਤ ਦੇ ਅਬਦੁਲ ਨੇ ਗੋਲਾ ਸੁੱਟਣ ਵਿੱਚ ਸੈਂਟਰ ਵਿੱਚੋਂ ਪਹਿਲਾ, ਲੰਬੀ ਛਾਲ ਵਿੱਚ ਪਹਿਲਾ, ਕੁਸ਼ਤੀ ਵਿੱਚ ਪਹਿਲਾ, 400 ਮੀਟਰ ਦੌੜ ਵਿੱਚ ਦੂਜਾ, 200 ਮੀਟਰ ਦੌੜ ਵਿੱਚ ਦੂਜਾ ਸਥਾਨ ਹਾਸਲ ਕਰਨ ਦੇ ਨਾਲ ਨਾਲ ਖੋ-ਖੋ, ਕਬੱਡੀ ਅਤੇ ਰੱਸਾਕਸੀ ਟੀਮ ਵਿੱਚ ਜਗ੍ਹਾ ਬਣਾਈ ਹੈ। ਇਸੇ ਤਰ੍ਹਾਂ ਪੰਜਵੀਂ ਜਮਾਤ ਦੀ ਖੁਸ਼ੀ ਨੇ ਕੁੜੀਆਂ ਦੀ 200 ਮੀਟਰ ਦੌੜ ਵਿੱਚ ਪਹਿਲਾ, ਲੰਬੀ ਛਾਲ ਵਿੱਚ ਪਹਿਲਾ, 400 ਮੀਟਰ ਦੌੜ ਵਿੱਚ ਦੂਜਾ ਅਤੇ ਗੋਲਾ ਸੁੱਟਣ ਵਿੱਚ ਦੂਜਾ ਸਥਾਨ ਪ੍ਰਾਪਤ ਕਰਨ ਦੇ ਨਾਲ ਨਾਲ ਸੈਂਟਰ ਪੱਧਰੀ ਖੋ-ਖੋ ਟੀਮ ਵਿੱਚ ਜਗ੍ਹਾ ਬਣਾਈ ਹੈ। ਪੰਜਵੀਂ ਜਮਾਤ ਦੀ ਮੀਰਾ ਨੇ 100 ਮੀਟਰ ਦੌੜ ਵਿੱਚ ਪਹਿਲਾ ਸਥਾਨ ਹਾਸਲ ਕਰਨ ਦੇ ਨਾਲ ਨਾਲ ਖੋ-ਖੋ ਅਤੇ ਰੱਸਾਕਸੀ ਟੀਮ ਵਿੱਚ ਜਗ੍ਹਾ ਬਣਾਈ ਹੈ, ਪੰਜਵੀਂ ਜਮਾਤ ਦੀ ਲੀਜ਼ਾ ਨੇ ਕੱਬਡੀ ਅਤੇ ਰੱਸਾਕਸੀ ਟੀਮ ਵਿੱਚ ਜਗ੍ਹਾ ਬਣਾਈ ਹੈ, ਜਦਕਿ ਪੰਜਵੀਂ ਜਮਾਤ ਦੇ ਹਨੀ ਨੇ ਖੋ-ਖੋ ਟੀਮ ਵਿੱਚ ਜਗ੍ਹਾ ਬਣਾ ਕੇ ਸਕੂਲ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ ਅਤੇ ਸੁਦੀਕਸ਼ਾ ਨੇ ਰੱਸਾਕਸੀ ਵਿੱਚ ਮੈਡਲ ਪ੍ਰਾਪਤ ਕਰ ਸਕੂਲ ਦਾ ਮਾਣ ਵਧਾਇਆ ਹੈ। ਸਕੂਲ ਸਟਾਫ ਵੱਲੋਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਰਜਨੀ ਦੇਵੀ, ਵੀਰ ਸਿੰਘ, ਮਾਨਸੀ, ਹਰਸ਼ਾ, ਦਿਵਿਆਂਸ਼ੂ, ਸਤੀਸ਼ ਕੁਮਾਰ, ਕਮਲੇਸ਼ ਦੇਵੀ, ਹੇਮਾ, ਪਰਮਜੀਤ, ਰਿੰਪੀ, ਹੇਮਾ ਅਤੇ ਜੀਵਨ ਜੋਤੀ ਆਦਿ ਹਾਜ਼ਰ ਸਨ।

# ਆਰ. ਡੀ. ਖੋਸਲਾ ਸਕੂਲ ਦੇ ਬੱਚਿਆਂ ਵੱਲੋਂ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



**ਬਟਾਲਾ (ਡਾ. ਮਲਵਿੰਦਰ ਸਿੰਘ)**-ਦੀਨਾਨਗਰ ਵਿਖੇ ਅੰਤਰ ਸਕੂਲ ਕੁਸਤੀ ਮੁਕਾਬਲੇ ਕਰਵਾਏ ਗਏ ।ਜਿਸ ਵਿੱਚ ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ। ਛੇ ਵਿਦਿਆਰਥੀਆਂ ਨੇ ਸੋਨੇ ਦੇ ਤਮਗੇ, ਚਾਰ ਨੇ ਚਾਂਦੀ ਅਤੇ ਛੇ ਰਾਜ ਪੱਧਰੀ ਮੁਕਾਬਲੇ ਲਈ ਚੁਣੇ ਗਏ। ਅੰਡਰ-19 ਲੜਕੀਆਂ ਦੀ ਟੀਮ ਵਿੱਚ ਅਵਰੀਨ ਕੌਰ ਅਤੇ ਗੁਰਨੀਤ ਕੌਰ ਪਹਿਲੇ ਸਥਾਨ 'ਤੇ ਰਹੀਆਂ। ਲੜਕਿਆਂ ਦੀ ਟੀਮ ਵਿੱਚ ਰੁਪਾਂਸ਼ੂ ਨੇ ਪਹਿਲਾ, ਅਰਸ਼ਪ੍ਰੀਤ ਸਿੰਘ ਅਤੇ ਆਕਾਸ਼ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਯੁਵਰਾਜ ਨੇ ਵੀ ਅੰਡਰ 17 ਲੜਕਿਆਂ ਵਿੱਚ ਦੂਜਾ ਸਥਾਨ ਹਾਸਲ ਕੀਤਾ। ਅੰਡਰ 14 ਲੜਕੀਆਂ ਵਿੱਚ ਮਨਪ੍ਰੀਤ ਕੌਰ, ਨਵਨੀਤ ਕੌਰ, ਜਪਨੂਰ ਕੌਰ ਪਹਿਲੇ ਅਤੇ ਜੈਸਮੀਨ ਕੌਰ ਦੂਜੇ ਸਥਾਨ 'ਤੇ ਰਹੀ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ: ਬਿੰਦੂ ਭੱਲਾ ਨੇ ਸਫਲ ਹੋਣ ਵਾਲੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਤਹਿ ਦਿਲੋਂ ਵਧਾਈ ਦਿੱਤੀ ਅਤੇ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਬੱਚਿਆਂ ਨੂੰ ਖੇਡਾਂ ਵਿਚ ਵੀ ਉਤਸ਼ਾਹ ਨਾਲ ਭਾਗ ਲੈਣਾ ਚਾਹੀਦਾ ਹੈ, ਜਿਸ ਨਾਲ ਉਨ੍ਹਾਂ ਦੀ ਸ਼ਖ਼ਸੀਅਤ ਦਾ ਸਰਬਪੱਖੀ ਵਿਕਾਸ ਹੁੰਦਾ ਹੈ।

# ਭੱਟਾਂ ਦੇ ਗੁਰੂ ਸਾਹਿਬ ਨਾਲ ਮਿਲਾਪ ਸਬੰਧੀ ਗੁ. ਸ੍ਰੀ ਮੰਜੀ ਸਾਹਿਬ ਵਿਖੇ ਗੁਰਮਤਿ ਸਮਾਗਮ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੱਟ ਸਾਹਿਬਾਨ ਦੇ ਗੁਰੂ ਸਾਹਿਬ ਨਾਲ ਮਿਲਾਪ ਦਿਹਾੜੇ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਪ੍ਰੀਤ ਸਿੰਘ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਬਲਜੀਤ ਸਿੰਘ ਨੇ ਅਰਦਾਸ ਕੀਤੀ। ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਪ੍ਰਚਾਰਕ ਭਾਈ ਸਤਵੰਤ ਸਿੰਘ ਨੇ ਕਿਹਾ ਕਿ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਭੱਟ ਸਾਹਿਬਾਨ ਵੱਲੋਂ ਉਚਾਰੀ ਪਾਵਨ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੰਦਰ ਦਰਜ ਕਰਕੇ ਉਨ੍ਹਾਂ ਨੂੰ ਵੱਡਾ ਮਾਣ ਦਿੱਤਾ। ਉਨ੍ਹਾਂ ਕਿਹਾ ਕਿ ਭੱਟ ਸਾਹਿਬਾਨ ਦੁਆਰਾ ਉਚਾਰਨ ਕੀਤੇ ਸਵੱਈਏ ਮਨੁੱਖ ਨੂੰ ਆਪਣੇ ਗੁਰੂ ਪ੍ਰਤੀ ਪ੍ਰੇਮ ਅਤੇ ਸਮਰਪਣ ਭਾਵ ਦ੍ਰਿੜ੍ਹ ਕਰਵਾਉਂਦੇ ਹਨ। ਉਨ੍ਹਾਂ ਸੰਗਤ ਨੂੰ ਬਾਣੀ ਤੇ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਕਰਦਿਆਂ ਬੱਚਿਆਂ ਨੂੰ ਗੁਰਸਿੱਖੀ ਜੀਵਨ ਲਈ ਪ੍ਰੇਰਿਤ ਕਰਨ ਦੀ ਅਪੀਲ ਕੀਤੀ। ਇਸੇ ਦੌਰਾਨ ਪ੍ਰਚਾਰਕ ਹਰਪ੍ਰੀਤ ਸਿੰਘ ਵਡਾਲਾ, ਢਾਡੀ ਭਾਈ ਗੁਰਭੇਜ ਸਿੰਘ ਚਵਿੰਡਾ ਅਤੇ ਭਾਈ ਦਲਜੀਤ ਸਿੰਘ ਵਿਛੋਆ ਦੇ ਜਥਿਆਂ ਵੱਲੋਂ ਸੰਗਤ ਨੂੰ ਗੁਰ-ਇਤਿਹਾਸ ਨਾਲ ਜੋੜਿਆ ਗਿਆ। ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਵਧੀਕ ਸਕੱਤਰ ਬਿਜੈ ਸਿੰਘ, ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਮਲਕੀਤ ਸਿੰਘ ਬਹਿੜਵਾਲ, ਰਾਜਿੰਦਰ ਸਿੰਘ ਰੂਬੀ, ਬਾਬਾ ਸੁਰਿੰਦਰ ਸਿੰਘ ਮਿੱਠਾ ਟਿਵਾਣਾ, ਵਧੀਕ ਮੈਨੇਜਰ ਇਕਬਾਲ ਸਿੰਘ, ਬਿਕਰਮਜੀਤ ਸਿੰਘ ਝੰਗੀ, ਭੱਟ ਭਾਈਚਾਰੇ ਵੱਲੋਂ ਅਮਰੀਕ ਸਿੰਘ ਰਠੌਰ, ਗੁਰਮੀਤ ਸਿੰਘ ਗੜ੍ਹਾ, ਕਰਮਜੀਤ ਸਿੰਘ ਨਿਮਾਣਾ, ਜਰਨੈਲ ਸਿੰਘ ਬੈਂਸ, ਅਮਰੀਕ ਸਿੰਘ ਭਾਟ, ਬਲਜੀਤ ਸਿੰਘ ਚੌਹਾਨ, ਅਜੀਤ ਸਿੰਘ, ਪ੍ਰੀਤਮ ਸਿੰਘ, ਸੁਖਦੇਵ ਸਿੰਘ, ਗੁਰਨਾਮ ਸਿੰਘ, ਬਲਕਾਰ ਸਿੰਘ, ਸੁਖਬੀਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਮੋਦੀ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਨੂੰ ਮਾਲਾਮਾਲ, ਲੋਕਾਂ ਨੂੰ ਕੰਗਾਲ ਤੇ ਭਾਈਚਾਰਕ ਸਾਂਝ ਨੂੰ ਬਰਬਾਦ ਕੀਤਾ : ਪਾਸਲਾ



**ਪਠਾਨਕੋਟ (ਦਵਿੰਦਰ ਸਿੰਘ)** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਵਲੋਂ ਸੁਜਾਨਪੁਰ ਨੇੜੇ ਪਿੰਡ ਭਨਵਾਲ ਵਿਖੇ ਆਯੋਜਿਤ ਰਾਜਨੀਤਕ ਕਾਨਫਰੰਸ ਮੌਕੇ ਪਾਰਟੀ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਨੂੰ ਮਾਲਾਮਾਲ, ਲੋਕਾਂ ਨੂੰ ਕੰਗਾਲ ਅਤੇ ਭਾਈਚਾਰਕ ਸਾਂਝ ਨੂੰ ਬਰਬਾਦ ਕੀਤਾ ਹੈ। ਆਰ ਐੱਸ ਐੱਸ ਦੇ ਦਰਜਨਾਂ ਸੰਗਠਨ ਅਤੇ ਭਾਜਪਾ ਯੋਜਨਾਬੱਧ ਢੰਗ ਨਾਲ ਔਰਤਾਂ, ਦਲਿਤਾਂ ਤੇ ਘੱਟ ਗਿਣਤੀ ਭਾਈਚਾਰੇ ਉਪਰ ਹਮਲੇ ਕਰਕੇ ਦੇਸ਼ ਅੰਦਰ ਡਰ ਦਾ ਮਾਹੌਲ ਪੈਦਾ ਕਰਕੇ 2024 ਦੀਆਂ ਲੋਕ ਸਭਾ ਚੋਣਾਂ ਜਿੱਤਣ ਲਈ ਮੋਦੀ-ਸ਼ਾਹ ਕੋਈ ਵੀ ਵੱਡਾ ਕਾਂਡ ਕਰ ਸਕਦੇ ਹਨ। ਕਾਮਰੇਡ ਪਾਸਲਾ ਨੇ ਵਿਸਥਾਰ ਰੂਪ ਦੱਸਿਆ ਕਿ ਦੇਸ਼ ਵਾਸੀਆਂ ਦਾ ਆਰਥਿਕ ਪੱਖੋਂ ਕਮਜ਼ੋਰ ਹੋਣ ਦਾ ਮੁੱਖ ਕਾਰਨ ਸਮਾਜ ਦੀ ਸਾਂਝੀ ਪ੍ਰਾਪਰਟੀ ਜਲ ਜੰਗਲ ਤੇ ਜ਼ਮੀਨ ਦਰਜਨਾਂ ਵੱਡੇ ਸਰਕਾਰੀ ਵਿਭਾਗਾਂ ਨੂੰ ਅਡਾਨੀ ਅੰਬਾਨੀ ਵਰਗੇ ਕਾਰਪੋਰੇਟ ਘਰਾਣਿਆਂ ਨੂੰ ਕੌਡੀਆਂ ਦੇ ਭਾਅ ਹਵਾਲੇ ਕਰ ਦਿੱਤਾ ਹੈ ਅਤੇ ਇਹ ਵੀ ਦੱਸਿਆ ਕਿ ਭਾਜਪਾ ਜਦੋਂ ਜਦੋਂ ਵੀ ਦੇਸ਼ ਦੀ ਸਤਾ ਤੇ ਜਿਨ੍ਹਾਂ ਜਿਨ੍ਹਾਂ ਸੂਬਿਆਂ ਅੰਦਰ ਭਾਜਪਾ ਸਤਾ ਵਿਚ ਆਈ ਹੈ ਫਿਰਕੂ ਦੰਗਿਆਂ ਨੇ ਲੋਕਾਂ ਦੀ ਭਾਈਚਾਰਕ ਸਾਂਝ ਦਾ ਨੁਕਸਾਨ ਕੀਤਾ ਹੈ। ਪੰਜਾਬ ਦੀ ਭਗਵੰਤ ਸਰਕਾਰ ਬਾਰੇ ਬੋਲਦਿਆਂ ਕਾਮਰੇਡ ਪਾਸਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਡੇਢ ਸਾਲ ਦੇ ਰਾਜ ਨੇ ਪੰਜਾਬ ਦੇ ਸਾਰੇ ਵਰਗਾਂ ਮਜ਼ਦੂਰਾਂ ਕਿਸਾਨਾਂ ਬੇਰੁਜ਼ਗਾਰਾਂ ਔਰਤਾਂ ਅਤੇ ਕੱਚੇ ਕਾਮਿਆਂ ਨੂੰ ਸੜਕਾਂ ਤੇ ਰੋਲ ਰਹੀ ਹੈ।

ਕਾਮਰੇਡ ਨੱਥਾ ਸਿੰਘ, ਸ਼ਿਵ ਕੁਮਾਰ, ਜਸਵੰਤ ਸਿੰਘ ਸੰਧੂ, ਮਾਸਟਰ ਸੁਭਾਸ਼ ਸ਼ਰਮਾ ਅਤੇ ਕਾਮਰੇਡ ਬਲਵੰਤ ਸਿੰਘ ਘੋਹ ਨੇ ਕਿਹਾ ਕਿ ਪਠਾਨਕੋਟ ਜ਼ਿਲ੍ਹੇ ਅੰਦਰ ਜਿਲ੍ਹਾ ਹੈੱਡਕੁਆਰਟਰ ਪਠਾਨਕੋਟ ਵਿਖੇ ਦਿਹਾਤੀ ਮਜ਼ਦੂਰ ਸਭਾ ਦਾ ਗਰੀਬ ਲੋਕਾਂ ਦੇ ਕੱਟੇ ਰਾਸ਼ਨ ਕਾਰਡਾਂ ਦੀ ਬਹਾਲੀ ਨੂੰ ਲੈ ਕੇ 4 ਸਤੰਬਰ ਤੋਂ ਅਣਮਿੱਥੇ ਸਮੇਂ ਲਈ ਲੱਗਾ ਦਿਨ-ਰਾਤ ਦਾ ਧਰਨਾ, ਸ਼ਾਹਪੁਰ ਕੰਡੀ ਡੈਮ ਤੋਂ 32 ਰੈਗੂਲਰ ਮੁਲਾਜ਼ਮਾਂ ਵੱਲੋਂ ਨੌਕਰੀ ਦੀ ਬਹਾਲੀ ਨੂੰ ਲੈ ਚੀਫ ਇੰਜੀਨੀਅਰ ਰਣਜੀਤ ਸਾਗਰ ਡੈਮ ਦੇ ਦਫਤਰ ਸਾਹਮਣੇ ਚਾਰ ਮਹੀਨਿਆਂ ਤੋਂ ਧਰਨਾ ਅਤੇ ਹਾਈ ਸਕੂਲ ਬਚਾਓ ਸੰਘਰਸ਼ ਕਮੇਟੀ ਵਲੋਂ ਬੱਚਿਆਂ ਦੇ ਮਾਪਿਆਂ ਅਤੇ ਵਿਦਿਆਰਥੀਆਂ ਵਲੋਂ ਪਿਛਲੇ ਤਿੰਨ ਮਹੀਨਿਆਂ ਤੋਂ ਲੱਗੇ ਧਰਨੇ ਤੋਂ ਪੰਜਾਬ ਦਾ ਲੋਕ ਵਿਰੋਧੀ ਚਿਹਰਾ ਆਏ ਦਿਨ ਨੰਗਾ ਹੋ ਰਿਹਾ ਹੈ। ਕਾਨਫਰੰਸ ਦੀ ਪ੍ਰਧਾਨਗੀ ਮਾਸਟਰ ਸੁਭਾਸ਼ ਸ਼ਰਮਾ ਅਤੇ ਕਾਮਰੇਡ ਲਾਲ ਸਿੰਘ ਭਨਵਾਲ ਨੇ ਕੀਤੀ। ਕਾਨਫਰੰਸ ਦੀ ਸਫਲਤਾ ਵਿੱਚ ਉਪਰੋਕਤ ਤੋਂ ਇਲਾਵਾ ਸਾਥੀ ਬਲਕਾਰ ਚੰਦ ਭਰਿਆਲ ਲਾਹੜੀ, ਬਲਦੇਵ ਰਾਜ ਭੋਆ, ਰਘਬੀਰ ਸਿੰਘ ਧਲੌਰੀਆਂ, ਸਕੱਤਰ ਸਿੰਘ, ਬਲਬੀਰ ਸਿੰਘ ਬੇੜੀਆਂ, ਦੇਵ ਰਾਜ, ਯਸ਼ਪਾਲ, ਪਰਵੀਨ ਕੁਮਾਰ ਬਮਿਆਲ, ਬਲਵੰਤ ਰਾਏ, ਅਸ਼ਵਨੀ ਕੁਮਾਰ, ਸੋਹਨ ਲਾਲ, ਨਰਿੰਜਨ ਸਿੰਘ, ਰਣਜੋਧ ਸਿੰਘ, ਦਿਲਬਾਗ ਸਾਵਨ, ਮੰਗਤ ਰਾਮ ਭਨਵਾਲ ਅਤੇ ਹੋਰ ਸਾਥੀਆਂ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਸਾਥੀਆਂ ਨੇ ਸ਼ਮੂਲੀਅਤ ਕੀਤੀ।

# ਭਾਅ ਜੀ ਗੁਰਸ਼ਰਨ ਸਿੰਘ ਦੀ ਯਾਦ ਨੂੰ ਸਮਰਪਿਤ ਵਿਰਸਾ ਵਿਹਾਰ ਵਿਖੇ ਵਿਸ਼ੇਸ਼ ਸਮਾਗਮ ਅੱਜ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਨਰਿੰਦਰਜੀਤ ਸਿੰਘ)**-ਭਾਅ ਜੀ ਗੁਰਸ਼ਰਨ ਸਿੰਘ ਯਾਦਗਾਰ ਟਰੱਸਟ, ਰੰਗਮੰਚ ਅਤੇ ਗੁਰਸ਼ਰਨ ਸਿੰਘ ਵਿਰਾਸਤ ਸੰਭਾਲ ਕਮੇਟੀ ਵੱਲੋਂ ਇਨਕਲਾਬੀ ਰੰਗਮੰਚ ਲਹਿਰ ਦੇ ਸਿਰਜਕ ਅਤੇ ਲੋਕਾਂ ਦੇ ਮਹਿਬੂਬ ਨਾਟਕਕਾਰ ਭਾਅ ਜੀ ਗੁਰਸ਼ਰਨ ਸਿੰਘ ਨੂੰ ਜਨਮ ਦਿਨ 'ਤੇ ਯਾਦ ਕਰਦਿਆਂ 16 ਸਤੰਬਰ, ਦਿਨ ਸ਼ਨੀਵਾਰ ਬਾਅਦ ਦੁਪਹਿਰ 3 ਵਜੇ ਤੋਂ ਲੈ ਕੇ ਸ਼ਾਮ 7 ਵਜੇ ਤੱਕ ਗੀਤ ਸੰਗੀਤ, ਸੈਮੀਨਾਰ ਅਤੇ ਨਾਟਕ ਸਮਾਗਮ ਕਰਵਾਇਆ ਜਾਵੇਗਾ। ਸੈਮੀਨਾਰ ਵਿੱਚ ਲੇਖਕ ਅਤੇ ਮਨੁੱਖੀ ਹੱਕਾਂ ਦੀ ਨਿਧੜਕ ਆਵਾਜ਼ ਹਰਸ਼ ਮੰਦਰ 'ਸਾਡੇ ਸਮਿਆਂ ਵਿਚ : ਸਮੂਹਿਕ ਪ੍ਰਤੀਰੋਧ ਸਿਰਜਣ ਵਿੱਚ ਲੋਕ ਸਭਿਆਚਾਰ ਦੀ ਭੂਮਿਕਾ' ਦੇ ਵਿਸ਼ੇ 'ਤੇ ਗੱਲਬਾਤ ਕਰਨਗੇ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪੰਜਾਬ ਸੰਗੀਤ ਨਾਟਕ ਅਕਾਦਮੀ ਦੇ ਪ੍ਰਧਾਨ ਕੇਵਲ ਧਾਲੀਵਾਲ ਨੇ ਦੱਸਿਆ ਕਿ ਪੰਜਾਬ ਦੇ ਵੱਖਵੱਖ ਸ਼ਹਿਰਾਂ ਤੋਂ ਰੰਗਕਰਮੀ, ਕਲਾਕਾਰ ਅਤੇ ਗੁਰਸ਼ਰਨ ਸਿੰਘ ਦੇ ਪਰਿਵਾਰਕ ਮੈਂਬਰ ਵੀ ਪਹੁੰਚ ਰਹੇ ਹਨ। ਇਸ ਖੂਬਸੂਰਤ ਸਮਾਗਮ ਵਿੱਚ ਗੀਤ ਸੰਗੀਤ, ਭਾਅ ਜੀ ਗੁਰਸ਼ਰਨ ਸਿੰਘ ਦੀ ਰੰਗਮੰਚ ਪ੍ਰਾਪਤੀ ਅਤੇ ਜੀਵਨੀ ਬਾਰੇ ਵਿਚਾਰ ਚਰਚਾ ਕੀਤੀ ਜਾਵੇਗੀ। ਸਮਾਗਮ ਦੇ ਅਖੀਰਲੇ ਪੜਾਅ 'ਤੇ ਬਰਤੋਲਤ ਬ੍ਰੈਖਤ ਦੇ ਪ੍ਰਸਿੱਧ ਨਾਟਕ 'ਦ ਕਾਕੇਸ਼ੀਅਨ ਚਾਕ ਸਰਕਲ' ਦਾ ਪੰਜਾਬੀ ਵਿੱਚ ਨਾਟ ਪੇਸ਼ਕਾਰੀ (ਪੰਜਾਬੀ ਰੂਪ ਅਮਿਤੋਜ) ਦਾ ਲਿਖਿਆ ਅਤੇ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਦਾ ਡਿਜ਼ਾਇਨ ਅਤੇ ਨਿਰਦੇਸ਼ਤ ਕੀਤਾ ਪੰਜਾਬੀ ਨਾਟਕ 'ਮਿੱਟੀ ਨਾ ਹੋਵੇ ਮਤਰੇਈ' ਦਾ ਮੰਚਨ ਵਿਰਸਾ ਵਿਹਾਰ ਦੇ ਕਰਤਾਰ ਸਿੰਘ ਦੁੱਗਲ ਆਡੀਟੋਰੀਅਮ ਵਿਖੇ ਕੀਤਾ ਜਾਵੇਗਾ। ਨਾਟਕ ਤੋਂ ਬਾਅਦ ਭਾਅ ਜੀ ਗੁਰਸ਼ਰਨ ਸਿੰਘ ਦੇ ਵਿਰਾਸਤੀ ਰੰਗਮੰਚ ਘਰ, ਨੇੜੇ ਗੰਗਾ ਬਿਲਡਿੰਗ, ਜੀ. ਟੀ ਰੋਡ ਵਿਖੇ ਮੋਮਬੱਤੀਆਂ ਜਗਾ ਕੇ ਭਾਅ ਜੀ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਜਾਵੇਗੀ। ਇਸ ਸਮਾਗਮ ਵਿੱਚ ਪੰਜਾਬ ਭਰ ਦੇ ਕਲਾਕਾਰ, ਬੁੱਧੀਜੀਵੀ, ਲੇਖਕ ਅਤੇ ਰੰਗਮੰਚ ਪ੍ਰੇਮੀ ਵੱਡੀ ਗਿਣਤੀ ਵਿੱਚ ਪਹੁੰਚ ਰਹੇ ਹਨ। ਇਸ ਮੌਕੇ ਸਮੂਹ ਲੇਖਕਾਂ, ਨਾਟ ਪ੍ਰੇਮੀਆਂ ਅਤੇ ਦਰਸ਼ਕਾਂ ਨੂੰ ਹਾਰਦਿਕ ਸੱਦਾ ਹੈ।

# ਸੰਧੂ ਦੀ ਅਗਵਾਈ 'ਚ ਹੰਸਾਂਵਾਲਾ ਦੇ ਦਰਜਨਾਂ ਪਰਿਵਾਰ ਭਾਜਪਾ 'ਚ ਸ਼ਾਮਲ



**ਤਰਨਤਾਰਨ (ਪ੍ਰਿਤਪਾਲ ਸਿੰਘ)**-ਭਾਰਤੀ ਜਨਤਾ ਪਾਰਟੀ ਨੂੰ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਵਿੱਚ ਉਸ ਵਕਤ ਵੱਡਾ ਹੁਲਾਰਾ ਮਿਲਿਆ ਜਦੋਂ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਅਤੇ ਬਲਜਿੰਦਰ ਸਿੰਘ ਦੀ ਪ੍ਰੇਰਨਾ ਸਦਕਾ ਪਿੰਡ ਹੰਸਾਂਵਾਲਾ ਵਿੱਚ ਭਾਜਪਾ ਨੇ ਦਰਜਨਾਂ ਪਰਿਵਾਰਾਂ ਨੂੰ ਪਾਰਟੀ ਵਿੱਚ ਸ਼ਾਮਿਲ ਕਰਦਿਆਂ ਆਪਣਾ ਝੰਡਾ ਗੱਡ ਦਿੱਤਾ।

ਇਸ ਮੌਕੇ ਹਰਦੀਪ ਸਿੰਘ ਹੰਸਾਂਵਾਲਾ ਦੇ ਗ੍ਰਹਿ ਵਿਖੇ ਮੌਜੂਦਾ ਪੰਚਾਇਤ ਮੈਂਬਰਾਂ ਸਮੇਤ ਦਰਜਨਾਂ ਪਰਿਵਾਰਾਂ ਨੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਜਿਨ੍ਹਾਂ ਨੂੰ ਭਾਜਪਾ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਜੀ ਆਇਆਂ ਆਖਦਿਆਂ ਪਾਰਟੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਅਮਰਪਾਲ ਸਿੰਘ ਖਹਿਰਾ, ਕਿਸਾਨ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਗੁਰਸਾਹਿਬ ਸਿੰਘ, ਕਿਸਾਨ ਮੋਰਚਾ ਦੇ ਜ਼ਿਲ੍ਹਾ ਜਨਰਲ ਸਕੱਤਰ ਬਲਜਿੰਦਰ ਸਿੰਘ ਕੈਰੋਂ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਾਗਰ, ਜ਼ਿਲ੍ਹਾ ਮੀਤ ਪ੍ਰਧਾਨ ਸ਼ਿਵ ਸੋਨੀ, ਸਰਕਲ ਪ੍ਰਧਾਨ ਹਰਮਨਦੀਪ ਸਿੰਘ ਕੱਲ੍ਹਾ ਆਦਿ ਬੁਲਾਰਿਆਂ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਦੇ ਲੋਕ ਕਾਂਗਰਸ ਅਤੇ ਅਕਾਲੀ ਦਲ ਤੋਂ ਤਾਂ ਪਹਿਲਾਂ ਹੀ ਮੂੰਹ ਮੋੜ ਚੁੱਕੇ ਸਨ ਅਤੇ ਹੁਣ ਮੌਜੂਦਾ ਝਾੜੂ ਵਾਲਿਆਂ ਦੇ ਨਿੱਤ ਦਿਨ ਦੇ ਝੂਠਾਂ ਅਤੇ ਲਾਰਿਆਂ ਤੋਂ ਵੀ ਅੱਕ ਚੁੱਕੇ ਹਨ। ਪੰਜਾਬ ਦੇ ਲੋਕ ਪੰਜਾਬ ਵਿੱਚ ਮਜ਼ਬੂਤ ਲੀਡਰਸ਼ਿਪ ਅਤੇ ਮਜ਼ਬੂਤ ਸਰਕਾਰ ਚਾਹੁੰਦੇ ਹਨ।

ਇਸ ਮੌਕੇ ਮੌਜੂਦਾ ਪੰਚਾਇਤ ਮੈਂਬਰ ਦਿਲਬਾਗ ਸਿੰਘ, ਸਾਬਕਾ ਪੰਚਾਇਤ ਮੈਂਬਰ ਬੁੱਗਾ ਸਿੰਘ, ਸਾਬਕਾ ਪੰਚਾਇਤ ਮੈਂਬਰ ਜਗੀਰ ਕੌਰ, ਜਥੇਦਾਰ ਹਰਦੀਪ ਸਿੰਘ, ਸੁਖਵਿੰਦਰ ਸਿੰਘ, ਦਵਿੰਦਰ ਸਿੰਘ, ਕਰਨੈਲ ਸਿੰਘ, ਬਲਵੰਤ ਸਿੰਘ, ਗੁਰਜੀਤ ਸਿੰਘ, ਲਾਲ ਸਿੰਘ, ਜਤਿੰਦਰ ਸਿੰਘ, ਹਰਜੀਤ ਸਿੰਘ, ਦਿਆਲ ਕੌਰ, ਰਮਨਦੀਪ ਕੌਰ, ਜਗਤਾਰ ਸਿੰਘ, ਬਲਬੀਰ ਸਿੰਘ, ਕਾਰਜ ਸਿੰਘ, ਰਣਜੀਤ ਸਿੰਘ, ਸਤਨਾਮ ਸਿੰਘ, ਮਲੂਕ ਸਿੰਘ, ਇੰਦਰ ਸਿੰਘ, ਗੁਲਜ਼ਾਰ ਸਿੰਘ ਆਦਿ ਨੇ ਪਰਿਵਾਰਾਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਸ਼ਮੂਲੀਅਤ ਕੀਤੀ।

ਇਸ ਮੌਕੇ ਅੰਸ਼ਦੀਪ ਸਿੰਘ ਨੌਰੰਗਾਬਾਦ, ਮੁਖਤਿਆਰ ਸਿੰਘ, ਰਾਜਵੀਰ ਸਿੰਘ ਤੇ ਹੋਰ ਭਾਜਪਾ ਆਗੂ ਵੀ ਮੌਜੂਦ ਸਨ।

16-Sep-PAGE- 12 qxd.qxd 9/15/2023 9:28 PM Page 1



## ਝੋਨੇ ਦੇ ਸੀਜ਼ਨ ਦੌਰਾਨ ਅਧਿਕਾਰੀ ਕਰਮਚਾਰੀ ਇਮਾਨਦਾਰੀ ਤੇ ਮਿਹਨਤ ਨਾਲ ਕੰਮ ਕਰਨ : ਬਰਸਟ, ਅੰਮ੍ਰਿਤ ਕੌਰ ਗਿੱਲ



**ਸ਼ਾਹਕੋਟ (ਗਿਆਨ ਸੈਦਪੁਰੀ)**- ਪੰਜਾਬ ਮੰਡੀ ਬੋਰਡ ਦੇ ਮੁੱਖ ਦਫਤਰ ਵਿਖੇ ਹਰਚੰਦ ਸਿੰਘ ਬਰਸਟ ਚੇਅਰਮੈਨ, ਪੰਜਾਬ ਮੰਡੀ ਬੋਰਡ ਦੀ ਪ੍ਰਧਾਨਗੀ ਹੇਠ ਬੋਰਡ ਦੇ ਉੱਚ ਅਧਿਕਾਰੀਆਂ ਅਤੇ ਸਮੂਹ ਜ਼ਿਲ੍ਹਾ ਮੰਡੀ ਅਫਸਰਾਂ ਨਾਲ ਆਗਾਮੀ ਸਾਉਣੀ ਸੀਜ਼ਨ-2023-24 ਦੌਰਾਨ ਰਾਜ ਦੀਆਂ 156 ਮਾਰਕਿਟ ਕਮੇਟੀਆਂ ਵਿਖੇ ਵਿਭਾਗ ਵੱਲੋਂ ਕੀਤੇ ਜਾਣ ਵਾਲੇ ਸੀਜ਼ਨਲ ਪ੍ਰਬੰਧਾਂ ਅਤੇ ਹੋਰ ਅਹਿਮ ਮੁੱਦਿਆਂ ਬਾਰੇ ਮੀਟਿੰਗ ਕੀਤੀ ਗਈ। ਇਸ ਦੌਰਾਨ ਅੰਮ੍ਰਿਤ ਕੌਰ ਗਿੱਲ, ਸਕੱਤਰ ਪੰਜਾਬ ਮੰਡੀ ਬੋਰਡ ਅਤੇ ਰਾਹੁਲ ਗੁਪਤਾ, ਵਧੀਕ ਸਕੱਤਰ ਪੰਜਾਬ ਮੰਡੀ ਬੋਰਡ ਵੀ ਮੌਜੂਦ ਸਨ। ਮੀਟਿੰਗ ਦੌਰਾਨ ਚੇਅਰਮੈਨ ਪੰਜਾਬ ਮੰਡੀ ਬੋਰਡ ਵੱਲੋਂ ਮੰਡੀਆਂ ਦੀ ਸਥਿਤੀ ਬਾਰੇ ਜਾਇਜ਼ਾ ਲੈਂਦੇ ਹੋਏ ਅਧਿਕਾਰੀਆਂ ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਇਮਾਨਦਾਰੀ, ਤਨਦੇਹੀ ਅਤੇ ਮਿਹਨਤ ਨਾਲ ਆਉਣ ਵਾਲੇ ਸੀਜ਼ਨ ਦੌਰਾਨ ਮੰਡੀਆਂ ਵਿੱਚ ਕੀਤੇ ਜਾਣ ਵਾਲੇ ਮੁਢਲੇ ਸੀਜ਼ਨਲ ਪ੍ਰਬੰਧ ਜਿਵੇਂ ਕਿ ਮੰਡੀਆਂ ਦੀ ਸਫਾਈ, ਬਿਜਲੀ, ਪਾਣੀ, ਛਾਂ, ਟੁਆਇਲਟ ਆਦਿ ਰਹਿੰਦੇ ਸਮੇਂ ਵਿੱਚ ਮੁਕੰਮਲ ਕਰਵਾਏ ਜਾਣ ਅਤੇ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਨਾ ਕੀਤੀ ਜਾਵੇ। ਇਸ ਤੋਂ ਇਲਾਵਾ ਚੇਅਰਮੈਨ ਮੰਡੀ ਬੋਰਡ ਵੱਲੋਂ ਸਬਜ਼ੀ ਮੰਡੀ ਵਿੱਚ ਹੋ ਰਹੀ ਫੀਸ ਦੀ ਚੋਰੀ ਰੋਕਣ ਦੇ ਉਪਰਾਲੇ ਦੇ ਨਾਲ-ਨਾਲ ਵਿਭਾਗ ਦੀ ਆਮਦਨ ਵਧਾਉਣ ਬਾਰੇ ਕਦਮ ਚੁੱਕਣ ਲਈ ਅਧਿਕਾਰੀਆਂ ਨੂੰ ਪ੍ਰੇਰਿਤ ਕੀਤਾ ਗਿਆ। ਮੀਟਿੰਗ ਦੌਰਾਨ ਚੇਅਰਮੈਨ, ਮੰਡੀ ਬੋਰਡ ਵੱਲੋਂ ਅਧਿਕਾਰੀਆਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਗਈਆਂ ਅਤੇ ਉਨ੍ਹਾਂ ਦਾ ਹੱਲ ਕਰਨ ਲਈ ਮੌਕੇ ਤੇ ਹਾਜ਼ਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ। ਪੰਜਾਬ ਮੰਡੀ ਬੋਰਡ ਵੱਲੋਂ ਮਹੀਨਾ ਜੁਲਾਈ 2023 ਤੋਂ ਮੰਡੀਆਂ ਵਿਚ ਵਿਸ਼ੇਸ਼ ਤੌਰ ਤੇ ਚਲਾਈ ਜਾ ਰਹੀ ਸ਼ਹੀਦ ਭਗਤ ਸਿੰਘ ਹਰਿਆਲਵੀ ਮੁਹਿੰਮ ਅਧੀਨ ਵਿਭਾਗ ਵਲੋਂ ਹੁਣ ਤੱਕ ਤਕਰੀਬਨ 29000 ਰੁੱਖ ਲਗਾਏ ਜਾ ਚੁੱਕੇ ਹਨ। ਮੀਟਿੰਗ ਦੌਰਾਨ ਸੱਭ ਤੋਂ ਵੱਧ ਰੁੱਖ ਲਗਾਉਣ ਵਾਲੇ ਜ਼ਿਲ੍ਹਾ ਮੰਡੀ ਅਫਸਰਾਂ ਨੂੰ ਚੇਅਰਮੈਨ ਵੱਲੋਂ ਪ੍ਰਸੰਸਾ ਪੱਤਰ ਨਾਲ ਸਨਮਾਨਤ ਕੀਤਾ ਗਿਆ ਅਤੇ ਪਿਛਲੇ ਦਿਨਾਂ ਦੌਰਾਨ ਸਬਜ਼ੀ ਮੰਡੀ ਵੱਲ੍ਹਾ, ਅੰਮ੍ਰਿਤਸਰ ਅਤੇ ਪਟਿਆਲਾ ਵਿਖੇ ਹਟਾਏ ਨਜਾਇਜ਼ ਕਬਜ਼ਿਆਂ ਦੀ ਵੀ ਪ੍ਰਸੰਸਾ ਕੀਤੀ ਗਈ। ਅੰਤ ਵਿਚ ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਵੱਲੋਂ ਕਿਹਾ ਗਿਆ ਕਿ ਆਗਾਮੀ ਸਾਉਣੀ ਸੀਜ਼ਨ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

## 'ਬੂਹੇ ਬਾਰੀਆਂ' ਫਿਲਮ ਨੇ ਔਰਤਾਂ ਨਾਲ ਹੋਏ ਪੱਖਪਾਤ ਦੀ ਅਸਲ ਤਸਵੀਰ ਪੇਸ਼ ਕੀਤੀ : ਜੁਨੇਜਾ



**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**-ਔਰਤ ਵਰਗ ਨੂੰ ਪੁਰਾਤਨ ਸਮੇਂ ਤੋਂ ਸਮਾਨਤਾ ਤੇ ਬਰਾਬਰਤਾ ਦਾ ਅਧਿਕਾਰ ਨਾ ਦੇਣ ਦੀਆਂ ਕੋਸ਼ਿਸ਼ਾਂ ਵਿਰੁੱਧ ਕ੍ਰਾਂਤੀਕਾਰੀ ਲੜਾਈ ਛੇੜ ਕੇ ਬੂਹੇ ਬਾਰੀਆਂ ਫਿਲਮ ਨੇ ਪੰਜਾਬੀ ਫਿਲਮ ਇੰਡਸਟਰੀ ਵਿੱਚ ਮਿਸਾਲ ਕਾਇਮ ਕਰ ਦਿੱਤੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਬੂਹੇ ਬਾਰੀਆਂ ਫਿਲਮ ਦੀ ਰਿਲੀਜ਼ਿੰਗ ਤੋਂ ਪਹਿਲਾਂ ਇਸ ਫਿਲਮ ਦੇ ਪ੍ਰਡਿਊਸਰ ਅਮਿਤ ਜੁਨੇਜਾ ਤੇ ਮੈਡਮ ਸਰਲਾ ਤੇ ਸੰਤੋਸ਼ ਥੀਟੇ ਨੇ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਪੰਜਾਬ ਦੀ ਫਿਲਮ ਇੰਡਸਟਰੀ ਨੂੰ ਪ੍ਰਫੁਲਤ ਕਰਕੇ ਪਹਿਲੇ ਸਥਾਨ 'ਤੇ ਲਿਜਾਇਆ ਜਾਵੇਗਾ। ਇਹ ਫਿਲਮ ਦਰਸਾਉਂਦੀ ਹੈ ਕੀ ਸਮਾਜ ਦੇ ਕੁਝ ਕਮਜ਼ੋਰ ਸੋਚ ਵਾਲੇ ਲੋਕਾਂ ਵੱਲੋਂ ਔਰਤ ਵਰਗ ਨੂੰ ਦਬਾਉਣ ਦੀ ਸਦਾ ਕੋਸ਼ਿਸ਼ ਕੀਤੀ ਗਈ। ਪਰ ਇਸ ਫਿਲਮ ਦੀਆ ਪਾਤਰਾਂ ਵੱਲੋਂ ਕ੍ਰਾਂਤੀਕਾਰੀ ਲੜਾਈ ਲੜ ਕੇ ਆਪਣੇ ਹੱਕ ਪ੍ਰਾਪਤ ਕਿਵੇਂ ਕੀਤੇ, ਇਹ ਆਪਣੇ ਆਪ ਵਿੱਚ ਵੱਡੀ ਮਿਸਾਲ ਹੈ।

ਇਸ ਮੌਕੇ ਪੰਜਾਬ ਮੋਰਚਾ ਦੇ ਕਨਵੀਨਰ ਗੌਰਵ ਰਾਣਾ ਤੇ ਉਨ੍ਹਾਂ ਦੇ ਸਾਥੀਆਂ ਨੇ ਕਿਹਾ ਕਿ ਰੂਪਨਗਰ ਜ਼ਿਲ੍ਹੇ ਲਈ ਇਹ ਵੱਡੀ ਮਾਣ ਦੀ ਗੱਲ ਹੈ ਕਿ ਇਸ ਫਿਲਮ ਦੀ 80 ਪ੍ਰਤੀਸ਼ਤ ਸ਼ੂਟਿੰਗ ਸਾਡੇ ਇਲਾਕੇ ਦੇ ਜੰਗਲਾਂ ਨਾਲ ਲੱਗਦੇ ਪਿੰਡਾਂ ਵਿੱਚ ਹੋਈ ਹੈ। ਉਨ੍ਹਾਂ ਕਿਹਾ ਕਿ ਪ੍ਰਡਿਊਸਰ ਅਮਿਤ ਜੁਨੇਜਾ ਵੱਲੋਂ ਪੰਜਾਬੀ ਫਿਲਮ ਇੰਡਸਟਰੀ ਦੇ ਉਭਾਰ ਲਈ ਵੱਡੇ ਕਦਮ ਚੁੱਕੇ ਜਾ ਰਹੇ ਹਨ। ਇਸ ਮੌਕੇ ਫਿਲਮ ਇੰਡਸਟਰੀ ਦੇ ਸਿਤਾਰੇ ਨੀਰੂ ਬਾਜਵਾ, ਸਤਿੰਦਰ ਸਰਤਾਜ, ਮੈਡਮ ਭੰਗੂ ਤੇ ਪੰਜਾਬ ਮੋਰਚਾ ਦੀ ਟੀਮ ਦੇ ਮੈਂਬਰ ਯਾਦਵਿੰਦਰ ਸਿੰਘ, ਪਰਮਜੀਤ ਸਿੰਘ, ਹਰਪ੍ਰੀਤ ਸਿੰਘ ਤੇ ਬਲਵੀਰ ਖਾਨ ਮੌਜੂਦ ਸਨ।

## ਸਰਕਾਰ ਹੜ੍ਹ ਪੀੜਤਾਂ ਲਈ ਮੁਆਵਜ਼ਾ ਤੁਰੰਤ ਜਾਰੀ ਕਰੇ : ਲਾਲੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿਛਲੇ ਸਮੇਂ ਦੌਰਾਨ ਹਿਮਾਚਲ ਪ੍ਰਦੇਸ਼ ਵਿੱਚ ਹੋਈ ਭਾਰੀ ਵਰਖਾ ਕਾਰਨ ਪੰਜਾਬ ਦੇ 10-12 ਜ਼ਿਲ੍ਹਿਆਂ ਅੰਦਰ ਹੜ੍ਹਾਂ ਨਾਲ ਕਿਸਾਨਾਂ ਅਤੇ ਗਰੀਬ ਲੋਕਾਂ ਦੀ ਜਾਨ-ਮਾਲ ਦੀ ਭਾਰੀ ਬਰਬਾਦੀ ਹੋਈ ਸੀ ਪਰ ਸਰਕਾਰ ਨੇ ਉਨ੍ਹਾਂ ਨੂੰ ਰਾਹਤ ਲਈ ਅਜੇ ਕੁਝ ਵੀ ਨਹੀਂ ਕੀਤਾ ਤੇ ਸਰਕਾਰ ਡਰਾਮੇਬਾਜ਼ੀ ਛੱਡ ਕੇ ਇਨ੍ਹਾਂ ਨੂੰ ਰਾਹਤ ਲਈ ਤੁਰੰਤ ਮੁਆਵਜ਼ਾ ਜਾਰੀ ਕਰੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਦੇ ਜਨਰਲ ਸਕੱਤਰ ਹਰਪ੍ਰੀਤ ਸਿੰਘ ਲਾਲੀ ਨੇ ਜਥੇਬੰਦੀ ਦੀ ਲਾਚੋਵਾਲ ਵਿਖੇ ਮਹੀਨਾਵਾਰ ਮੀਟਿੰਗ ਵਿੱਚ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਕੀਤਾ। ਇਸ ਸਮੇਂ ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਹੜ੍ਹ ਪੀੜਤਾਂ ਦੇ ਮੁਆਵਜ਼ੇ ਲਈ ਪੰਜਾਬ ਸਰਕਾਰ ਦੇ ਮੰਤਰੀਆਂ ਦੇ ਘਰਾਂ ਦੇ ਬਾਹਰ ਦਿੱਤੇ ਗਏ ਧਰਨੇ ਦਾ ਉਨ੍ਹਾਂ ਦੀ ਜਥੇਬੰਦੀ ਨੇ ਸਮਰਥਨ ਕੀਤਾ ਅਤੇ ਧਰਨੇ ਵਿੱਚ ਸ਼ਮੂਲੀਅਤ ਕੀਤੀ। ਇਸ ਸਮੇਂ ਕਿਸਾਨ ਆਗੂ ਰਣਧੀਰ ਸਿੰਘ ਅਸਲਪੁਰ ਨੇ ਕਿਹਾ ਕਿ ਪਿੰਡ-ਪਿੰਡ ਜਾ ਕੇ ਮੀਟਿੰਗਾਂ ਕੀਤੀਆਂ ਜਾਣਗੀਆਂ ਅਤੇ ਲੋਕਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਨਾਲ ਜੋ ਸਾਡੇ ਨੌਜਵਾਨਾਂ ਦੀ ਬਰਬਾਦੀ ਹੋ ਰਹੀ ਹੈ ਉਸ ਦਾ ਸਖਤੀ ਨਾਲ ਵਿਰੋਧ ਕੀਤਾ ਜਾਵੇਗਾ ਅਤੇ ਸਰਕਾਰ ਨੂੰ ਨਸ਼ਿਆਂ ਦੇ ਸੁਦਾਗਰਾਂ ਖਿਲਾਫ ਕਾਰਵਾਈ ਕਰਨ ਲਈ ਮਜਬੂਰ ਕੀਤਾ ਜਾਵੇਗਾ। ਇਸ ਸਮੇਂ ਬਿੱਕਰ ਸਿੰਘ ਸ਼ੇਰਪੁਰ, ਕੁਲਵੰਤ ਸਿੰਘ ਕੰਗਮਾਈ, ਕੁਲਦੀਪ ਸਿੰਘ ਜੰਡਾਂ, ਜਸਪਾਲ ਸਿੰਘ ਖੁਣਖੁਣ ਖੁਰਦ, ਕਿਰਪਾਲ ਸਿੰਘ ਪਡੋਲੀ ਖਜੂਰ, ਸਤਵੰਤ ਸਿੰਘ ਮਰਾਦਪੁਰ, ਸੁਖਦੇਵ ਸਿੰਘ ਖੁਣਖੁਣ, ਬਿੱਕਰ ਸਿੰਘ ਢਡਿਆਲਾ, ਪਰਮਿੰਦਰ ਸਿੰਘ ਖਾਨਪੁਰ ਤੇਜਪਾਲ, ਕਰਨੈਲ ਸਿੰਘ ਢੱਡੇ ਤੇ ਗੁਰਨਾਮ ਸਿੰਘ ਸਿੰਗੜੀਵਾਲਾ ਆਦਿ ਹਾਜ਼ਰ ਸਨ।

## ਬਾਬਾ ਗੁਲਾਮੀ ਸ਼ਾਹ ਕਾਦਰੀ ਦੀ ਯਾਦ 'ਚ ਬੰਗਾ ਵਿਖੇ ਸਾਲਾਨਾ ਮੇਲਾ ਮਨਾਇਆ



**ਬਹਿਰਾਮ (ਅਵਤਾਰ ਕਲੇਰ)** ਹਜ਼ਰਤ ਦਾਤਾ ਗੁਲਾਮ ਮੁਹੰਮਦ ਸ਼ਾਹ ਕਾਦਰੀ ਦੀ ਯਾਦ 'ਚ ਸਾਲਾਨਾ ਮੇਲਾ ਗੱਦੀ ਨਸ਼ੀਨ ਬੀਬੀ ਮਹਿੰਦਰ ਕੌਰ ਅਤੇ ਸਾਈਂ ਉਮਰੇ ਸ਼ਾਹ ਕਾਦਰੀ ਗੱਦੀ ਨਸ਼ੀਨ ਰੌਜ਼ਾ ਸਰੀਫ ਮੰਢਾਲੀ ਦੀ ਰਹਿਨੁਮਾਈ ਹੇਠ ਬੰਗਾ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸਾਈਂ ਫੱਕਰ ਸ਼ਾਹ ਕਾਦਰੀ ਦਾਦੂਵਾਲ, ਸਾਈਂ ਜੀਤ ਸ਼ਾਹ ਕਾਦਰੀ ਰੁੜਕਾਂ, ਬਾਬਾ ਸੋਢੀ ਭਗਤ ਲਲਵਾਨ, ਸਾਈਂ ਪੱਪਲ ਸ਼ਾਹ ਭਰੋਮਜਾਰਾ, ਬਾਬਾ ਵਰੁਣ ਸੋਬਤੀ ਨਵਾਂਸ਼ਹਿਰ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਇਸ ਤਿੰਨ ਦਿਨਾਂ ਮੇਲੇ ਦੌਰਾਨ ਪਹਿਲੇ ਦਿਨ ਚਿਰਾਗ ਰੌਸ਼ਨ ਅਤੇ ਰਾਤ ਨੂੰ ਕਵਾਲੀਆਂ ਦੀ ਮਹਿਫਿਲ ਹੋਈ। ਦੂਸਰੇ ਦਿਨ ਕਲਾਕਾਰ ਬੂਟਾ ਮੁਹੰਮਦ, ਬਲਰਾਜ ਬਿਲਗਾ, ਸੁਲਤਾਨਾ ਨੂਰਾਂ, ਸਰਦਾਰ ਅਲੀ, ਗੁਰਮੇਜ ਮੇਹਲੀ, ਰਮੇਸ਼ ਚੌਹਾਨ, ਕਮਲ ਕਟਾਣੀਆ, ਰਮੇਸ਼ ਰੰਗੀਲਾ ਆਦਿ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਮੇਲੇ ਦੇ ਤੀਸਰੇ ਦਿਨ ਚਾਦਰ ਦੀ ਰਸਮ ਨਾਲ ਮੇਲੇ ਦੀ ਸਮਾਪਤੀ ਹੋਈ। ਸਾਈਂ ਉਮਰੇ ਸ਼ਾਹ ਕਾਦਰੀ ਵੱਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਨੂਰ ਮੁਹੰਮਦ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਸਾਂਈ ਉਮਰੇ ਸ਼ਾਹ ਕਾਦਰੀ, ਨੀਲਾ ਮੁਹੰਮਦ ਆਸ਼ਿਕ, ਚਰਨਜੀਤ, ਡਾ. ਸਤਨਾਮ ਪਰਸੋਵਾਲ, ਹੁਸਨ ਲਾਲ ਜੱਬੋਵਾਲ, ਗੋਰਾ ਚੱਕ ਪ੍ਰੇਮਾ, ਨੂਰ ਮੁਹੰਮਦ, ਸਰਵਣ ਸਿੰਘ, ਜੀਤਾ ਚੱਕ ਮਾਈ ਦਾਸ, ਹਨੀ, ਪੱਪੀ ਅਨੀਹਰ, ਸੋਨੂੰ ਜੱਸੋਮਜਾਰਾ ਆਦਿ ਹਾਜ਼ਰ ਸਨ।

## ਸੀ ਟੀ ਗਰੁੱਪ ਵੱਲੋਂ ਡਾ. ਰਾਧਾਕ੍ਰਿਸ਼ਨਨ ਐਕਸੀਲੈਂਸ ਐਵਾਰਡਜ਼ 2023



**ਜਲੰਧਰ ( ਸ਼ੈਲੀ ਐਲਬਰਟ)** ਅਧਿਆਪਕ ਦਿਵਸ ਮੌਕੇ ਸੀਟੀ ਗਰੁੱਪ ਵਲੋਂ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਐਕਸੀਲੈਂਸ ਐਵਾਰਡਜ਼ 2023 ਦੀ ਮੇਜ਼ਬਾਨੀ ਕੀਤੀ। ਇਸ ਸਮਾਗਮ ਰਾਹੀਂ ਸਿੱਖਿਅਕਾਂ ਦੇ ਅਟੁੱਟ ਸਮਰਪਣ ਦਾ ਜਸ਼ਨ ਮਨਾਇਆ ਜਿਨ੍ਹਾਂ ਨੇ ਅਣਗਿਣਤ ਵਿਅਕਤੀਆਂ ਦੇ ਮਨਾਂ ਨੂੰ ਆਕਾਰ ਦਿੱਤਾ ਹੈ, ਇੱਕ ਉੱਜਵਲ ਭਵਿੱਖ ਦਾ ਮਾਰਗਦਰਸ਼ਨ ਕੀਤਾ। ਸਮਾਰੋਹ ਵਿੱਚ ਜਲੰਧਰ ਜ਼ਿਲ੍ਹੇ ਦੇ 200 ਅਧਿਆਪਕਾਂ, 20 ਪ੍ਰਿੰਸੀਪਲਾਂ ਅਤੇ 101 ਸਕੂਲਾਂ ਦੀ ਮੌਜੂਦਗੀ ਦੇਖੀ ਗਈ, ਜਿਨ੍ਹਾਂ ਨੂੰ ਸਿੱਖਿਆ ਵਿੱਚ ਉਨ੍ਹਾਂ ਦੇ ਅਣਮੁੱਲੇ ਯੋਗਦਾਨ ਲਈ ਮਾਨਤਾ ਦਿੱਤੀ ਗਈ। ਵਿਸ਼ੇਸ਼ ਮਹਿਮਾਨਾਂ ਦੀ ਸ਼ਾਨਦਾਰ ਲੜੀ ਵਿੱਚ ਡਾਇਰੈਕਟਰ ਡੀ ਈ ਓ ਜਲੰਧਰ ਰਾਜੀਵ ਜੋਸ਼ੀ (ਸਟੇਟ ਅਵਾਰਡੀ) , ਰਾਕੇਸ਼ ਸ਼ਰਮਾ (ਪ੍ਰਿੰਸੀਪਲ, ਸੈਣ ਦਾਸ ਏ.ਐੱਸ. ਸੀਨੀਅਰ ਸੈਕੰਡਰੀ ਸਕੂਲ), ਧਰਮਿੰਦਰ ਰੈਨਾ (ਸਟੇਟ ਐਵਾਰਡੀ) ਪ੍ਰਿੰਸੀਪਲ ਜੀ.ਐਸ.ਐਸ.ਐਸ. ਨਕੋਦਰ, ਹਰਜੀਤ ਬਾਵਾ (ਡੀ. ਐਮ. ਸਾਇੰਸ ਜਲੰਧਰ), ਸੁਖਦੇਵ ਲਾਲ ਬੱਬਰ (ਪ੍ਰਿੰਸੀਪਲ ਜੀ.ਐਸ.ਐਸ.ਐਸ. ਆਲਮਪੁਰ ਬੱਕਾ), ਹਰਪ੍ਰੀਤ ਸਿੰਘ ਸੋਂਧੀ (ਪ੍ਰਿੰਸੀਪਲ ਜੀ.ਐਸ.ਐਸ.ਐਸ. ਬਾਜਵਾ ਕਲਾਂ), ਨਵਤੇਜ ਸਿੰਘ ਬੱਲ (ਪ੍ਰਿੰਸੀਪਲ ਜੀ.ਐਸ.ਐਸ.ਐਸ. ਕਰਤਾਰਪੁਰ), ਸੁਮਨ ਸ਼ਰਮਾ (ਪ੍ਰਿੰਸੀਪਲ ਜੀ.ਐਸ.ਐਸ. ਕਰਾਰੀ), ਸੀਮਾ ਚੋਪੜਾ (ਪ੍ਰਿੰਸੀਪਲ ਜੀ.ਐਸ.ਐਸ. ਉੱਗੀ), ਭੁਪਿੰਦਰ ਸਿੰਘ (ਪ੍ਰਿੰਸੀਪਲ ਜੀ.ਐਸ.ਐਸ. ਮੁਠੱਡਾ ਖੁਰਦ), ਮਨੀਸ਼ ਕੁਮਾਰ (ਹੈੱਡਮਾਸਟਰ ਜੀ.ਐਚ.ਐਸ. ਕੋਟ ਸਦੀਕ), ਪੂਨਮ (ਹੈੱਡਮਿਸਟ੍ਰੈਸ ਜੀ.ਐੱਚ.ਐੱਸ. ਤਾਜਪੁਰ ਭਗਵਾਨਪੁਰ), ਨਵਜੋਤ ਕੌਰ (ਹੈੱਡਮਿਸਟ੍ਰੈਸ ਜੀ.ਐਚ.ਐਸ. ਚੰਨਿਆ), ਅਤੇ ਪਰਮਜੀਤ ਸਿੰਘ (ਹੈੱਡਮਾਸਟਰ ਜੀ.ਐਚ.ਐਸ. ਕੋਟ ਕਲਾਂ) ਸ਼ਾਮਲ ਸਨ। ਇਨ੍ਹਾਂ ਸਨਮਾਨਿਤ ਸਿਖਿਆਰਥੀਆਂ ਦੇ ਨਾਲ-ਨਾਲ ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਕੈਂਪਸ ਡਾਇਰੈਕਟਰ ਡਾ. ਜੀ.ਐਸ.ਸਿੱਧੂ, ਡਾਇਰੈਕਟਰ ਖੋਜ ਅਤੇ ਇਨੋਵੇਸ਼ਨ, ਡਾ.ਜਸਦੀਪ ਕੌਰ ਧਾਮੀ, ਐਡੀਸ਼ਨਲ ਡਾਇਰੈਕਟਰ, ਡਿਵੀਜ਼ਨ ਆਫ਼ ਐਡਮਿਸ਼ਨ, ਡਾ. ਵਨੀਤ ਠਾਕੁਰ, ਫੈਕਲਟੀ ਅਤੇ ਵਿਦਿਆਰਥੀਆਂ ਦੇ ਮੌਜੂਦ ਸਨ। ਐਨ ਆਈ ਟੀ ਜਲੰਧਰ ਦੇ ਰਜਿਸਟਰਾਰ ਪ੍ਰੋ. ਡਾ. ਅਜੇ ਬਾਂਸਲ, ਅਤੇ ਖੇਤਰ ਦੇ ਵਿਦਿਆ ਭਾਰਤੀ ਸੰਗਠਨ ਮੰਤਰੀ ਵਿਜੇ ਕੁਮਾਰ ਨੱਡਾ ਨੇ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਐਕਸੀਲੈਂਸ ਅਵਾਰਡਸ 2023 'ਚ ਖਾਸ ਤੌਰ 'ਤੇ ਸ਼ਿਰਕਤ ਕੀਤੀ। ਸੀ ਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਨੇ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਐਕਸੀਲੈਂਸ ਅਵਾਰਡਜ਼ 2023 ਵਿੱਚ ਸਨਮਾਨਤ ਕੀਤੇ ਗਏ ਸਮਰਪਤ ਸਿੱਖਿਅਕਾਂ ਦੀ ਦਿਲੋਂ ਪ੍ਰਸੰਸਾ ਕਰਦਿਆਂ ਕਿਹਾ ਕਿ ਸਾਡੇ ਸਮਾਜ ਦੇ ਭਵਿੱਖ ਨੂੰ ਬਣਾਉਣ ਵਿੱਚ ਅਧਿਆਪਕਾਂ ਦੀ ਅਹਿਮ ਭੂਮਿਕਾ ਹੈ।

## ਸ੍ਰੀ ਗੁਰੂ ਹਰਿਕ੍ਰਿਸ਼ਨ ਸਕੂਲ ਦੀ ਜੈਸਮੀਨ 100 ਮੀਟਰ ਰੇਸ 'ਚ ਪਹਿਲੇ ਸਥਾਨ 'ਤੇ



**ਕਪੂਰਥਲਾ ( ਹਨੀ )**- ਗੁਰੂ ਨਾਨਕ ਸਟੇਡੀਅਮ ਕਪੂਰਥਲਾ ਵਿਖੇ ਆਯੋਜਿਤ ਖੇਡੋ ਪੰਜਾਬ ਬਲਾਕ ਪੱਧਰੀ ਪ੍ਰਤੀਯੋਗਤਾ ਵਿਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਰੇਲ ਕੋਚ ਫੈਕਟਰੀ ਦੀ ਵਿਦਿਆਰਥਣ ਪਹਿਲੇ ਸਥਾਨ 'ਤੇ ਕਬਜ਼ਾ ਕਰਨ ਵਿਚ ਸਫਲ ਰਹੀ। ਸਕੂਲ ਪ੍ਰਿੰਸੀਪਲ ਪ੍ਰਭਦੀਪ ਕੌਰ ਮੋਂਗਾ ਨੇ ਦੱਸਿਆ ਕਿ ਅੱਠਵੀਂ ਜਮਾਤ ਦੀ ਵਿਦਿਆਰਥਣ ਜੈਸਮੀਨ ਕੌਰ 100 ਮੀਟਰ ਰੇਸ ਮੁਕਾਬਲੇ 'ਚ ਪਹਿਲਾ ਸਥਾਨ ਹਾਸਲ ਕਰਨ ਵਿਚ ਸਫਲ ਰਹੀ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਹੋਣਹਾਰ ਵਿਦਿਆਰਥਣ ਅਤੇ ਸਟਾਫ਼ ਮੈਂਬਰਾਂ ਨੂੰ ਇਸ ਉਪਲਬਧੀ 'ਤੇ ਵਧਾਈ ਦਿੱਤੀ। ਬੀਬੀ ਗੁਰਪ੍ਰੀਤ ਕੌਰ, ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਿੰਸੀਪਲ ਪ੍ਰਭਦੀਪ ਕੌਰ ਮੋਂਗਾ ਨੇ ਜੇਤੂ ਵਿਦਿਆਰਥਣ ਜੈਸਮੀਨ ਕੌਰ ਨੂੰ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ।

ਇਸ ਮੌਕੇ ਮੈਡਮ ਰਜਨੀ ਅਰੋੜਾ, ਰਣਧੀਰ ਸਿੰਘ ਡੀ ਪੀ, ਰੇਨੂੰ ਬਾਲਾ ਡੀ ਪੀ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

## ਲਾਇਲਪੁਰ ਖ਼ਾਲਸਾ ਕਾਲਜ 'ਚ ਕਾਮਰਸ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ



**ਜਲੰਧਰ ( ਸ਼ੈਲੀ ਐਲਬਰਟ)** -ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਖੇ ਬੀ.ਕਾਮ, ਬੀ.ਬੀ.ਏ., ਐਮ.ਕਾਮ ਪਹਿਲੇ ਸਮੈਸਟਰ ਦੇ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਪ੍ਰੋ: ਜਸਰੀਨ ਕੌਰ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ, ਜਿਨ੍ਹਾਂ ਦਾ ਸਵਾਗਤ ਪੋਸਟ ਗ੍ਰੈਜੁਏਟ ਕਾਮਰਸ ਵਿਭਾਗ ਦੇ ਮੁਖੀ ਡਾ. ਰਛਪਾਲ ਸਿੰਘ ਸੰਧੂ ਅਤੇ ਵਿਭਾਗ ਦੇ ਅਧਿਆਪਕ ਸਾਹਿਬਾਨ ਵਲੋਂ ਕੀਤਾ ਗਿਆ। ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਨੇ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੀਆਂ ਪਰੰਪਰਾਵਾਂ ਅਤੇ ਵਿੱਦਿਅਕ, ਖੇਡਾਂ, ਸੱਭਿਆਚਾਰ ਅਤੇ ਸੰਗੀਤ ਦੇ ਖੇਤਰਾਂ ਵਿੱਚ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਲਾਇਲਪੁਰ ਖ਼ਾਲਸਾ ਕਾਲਜ ਵਿੱਦਿਆ, ਖੇਡਾਂ ਅਤੇ ਕਲਾ ਦੇ ਖੇਤਰ ਵਿਚ ਵੱਡੇ ਮੁਕਾਮ ਕਰਨ ਵਾਲਾ ਅਦਾਰਾ ਹੈ ਅਤੇ ਵਿਦਿਆਰਥੀ ਰੂਪ 'ਚ ਇਸ ਸੰਸਥਾ ਦਾ ਹਿੱਸਾ ਬਣ ਜਾਣਾ ਬੜੇ ਮਾਣ ਵਾਲੀ ਗੱਲ ਹੈ। ਨਵੇਂ ਵਿਦਿਆਰਥੀਆਂ ਨੂੰ ਵਿਭਾਗੀ ਪ੍ਰੋਫਾਈਲਾਂ, ਸਭਿਆਚਾਰ, ਕਾਲਜ ਦੇ ਵਾਤਾਵਰਨ ਅਤੇ ਲਾਇਬਰੇਰੀ ਦੀਆਂ ਸਹੂਲਤਾਂ ਬਾਰੇ ਜਾਣੂ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿਚ ਕਾਮਰਸ ਵਿਭਾਗ ਦੇ ਵਿਦਿਆਰਥੀਆਂ ਨੇ ਡਾਂਸ, ਕਵਿਤਾ ਅਤੇ ਸੰਗੀਤਕ ਪ੍ਰਦਰਸ਼ਨ ਕੀਤਾ। ਕਾਮਰਸ ਵਿਭਾਗ ਦੇ ਮੁਖੀ ਡਾ. ਰਛਪਾਲ ਸਿੰਘ ਸੰਧੂ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਦੇ ਸਫਲ ਅਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਪ੍ਰੋ: ਸਤਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਐਨ.ਐਸ.ਐਸ. ਅਤੇ ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਵਿੱਚ ਉਪਲਬਧ ਮੌਕਿਆਂ ਬਾਰੇ ਜਾਣਕਾਰੀ ਦਿੱਤੀ। ਸਟੇਜ ਦਾ ਸੰਚਾਲਨ ਵਿਭਾਗ ਦੇ ਵਿਦਿਆਰਥੀ ਬਲਪ੍ਰੀਤ ਕੌਰ ਅਤੇ ਅਪੂਰਵਾ ਨੇ ਨਿਭਾਇਆ। ਇਸ ਮੌਕੇ ਕਾਮਰਸ ਵਿਭਾਗ ਦੇ ਪ੍ਰੋ. ਅੰਮਿਤਾ ਸ਼ਾਹਿਦ, ਪ੍ਰੋ. ਰਵਨੀਤ ਬੈਂਸ, ਪ੍ਰੋ. ਵਿਵੇਕ ਮਹਾਜਨ, ਪ੍ਰੋ. ਯੂਬੀਕ, ਪ੍ਰੋ. ਪ੍ਰਮੋਦ ਸ਼ਰਮਾ, ਪ੍ਰੋ. ਨਵਦੀਪ ਕੁਮਾਰ, ਪ੍ਰੋ. ਪਤਵੰਤ ਕੌਰ ਅਟਵਾਲ, ਪ੍ਰੋ. ਰਮਿੰਦਰ ਕੌਰ ਭਾਟੀਆ, ਪ੍ਰੋ. ਮਨੀਸ਼ ਗੋਇਲ, ਪ੍ਰੋ. ਪੂਜਾ ਰਲਹਨ ਗੁਲਾਟੀ, ਪ੍ਰੋ. ਜੋਤੀ ਵੋਹਰਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਮੁਖੀ ਅਤੇ ਅਧਿਆਪਕ ਸਾਹਿਬਾਨ ਵੀ ਹਾਜ਼ਰ ਸਨ।

## ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ ਵੱਲੋਂ ਮੈਡੀਕਲ ਚੈੱਕਅਪ ਕੈਂਪ ਦਾ ਕੀਤਾ ਉਦਘਾਟਨ



**ਸ਼ਾਹਕੋਟ (ਗਿਆਨ ਸੈਦਪੁਰੀ)** ਸੈਲਬੀ ਹਸਪਤਾਲ ਮੋਹਾਲੀ ਵਲੋਂ ਪੰਜਾਬ ਮੰਡੀ ਬੋਰਡ ਵਿਖੇ ਫ੍ਰੀ ਮੈਡੀਕਲ ਚੈੱਕਅਪ ਕੈਂਪ ਦਾ ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ ਵੱਲੋਂ ਉਦਘਾਟਨ ਕੀਤਾ ਗਿਆ।

ਇਸ ਕੈਂਪ ਵਿਚ ਵੱਖ ਵੱਖ ਰੋਗਾ ਦੇ ਮਾਹਿਰ ਡਾਕਟਰ ਆਏ। ਜਿਸ ਵਿਚ ਅੱਖਾਂ, ਦੰਦਾ, ਬੀ.ਪੀ., ਸੂਗਰ, ਅਤੇ ਹੋਰ ਸਿਹਤ ਨਾਲ ਜੁੜੀਆਂ ਕਈ ਬਿਮਾਰੀਆਂ ਦਾ ਇਲਾਜ ਕੀਤਾ ਗਿਆ। ਬਰਸਟ ਵੱਲੋਂ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ ਗਈ। ਇਸ ਮੌਕੇ ਅੰਮ੍ਰਿਤ ਕੌਰ ਗਿੱਲ ਸਕੱਤਰ ਪੰਜਾਬ ਮੰਡੀ ਬੋਰਡ, ਰਾਹੁਲ ਗੁਪਤਾ ਵਧੀਕ ਸਕੱਤਰ, ਗੁਰਦੀਪ ਸਿੰਘ ਇੰਜੀਨੀਅਰ ਇਨ ਚੀਫ, ਡਾ. ਜਸਮੀਤ ਸਿੰਘ, ਡਾ. ਹਰਬੀਰ ਕੌਰ ਅਤੇ ਡਾਕਟਰ ਟੀਮ ਦੇ ਸਟਾਫ ਮੈਂਬਰ ਹਾਜਰ ਸਨ।

## ਇਨੋਸੈਂਟ ਹਾਰਟਸ ਸਕੂਲ ਐਂਡ ਕਾਲਜ ਨੇ ਰਾਸ਼ਟਰੀ ਹਿੰਦੀ ਦਿਵਸ ਮਨਾਇਆ




**ਜਲੰਧਰ ( ਸ਼ੈਲੀ ਐਲਬਰਟ)**-ਇਨੋਸੈਂਟ ਹਾਰਟਸ ਸਕੂਲ ਦੇ ਇਨੋਕਿਡਜ਼ ਵਿੱਚ ਰਾਸ਼ਟਰੀ ਹਿੰਦੀ ਦਿਵਸ ਮਨਾਇਆ ਗਿਆ। ਇਸ ਮੌਕੇ ਇਨੋਕਿਡਜ਼ ਦੇ ਛੋਟੇ ਬੱਚਿਆਂ ਨੇ 'ਆਓ ਗੁਨਗੁਨਾਏ' ਵਿਸ਼ੇ ਤਹਿਤ ਹਿੰਦੀ ਵਿੱਚ ਕਵਿਤਾਵਾਂ ਸੁਣਾਈਆਂ ਅਤੇ ਸਕਾਊਟਸ ਅਤੇ ਗਾਈਡਜ਼ ਦੇ ਵਿਦਿਆਰਥੀਆਂ ਨੇ ਕਵਿਤਾ ਪਾਠ ਰਾਹੀਂ ਸਰਕਾਰੀ ਭਾਸ਼ਾ ਹਿੰਦੀ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ, ਜਲੰਧਰ ਦੀ ਐੱਨ ਐੱਸ ਐੱਸ ਯੂਨਿਟ ਨੇ ਹਿੰਦੀ ਦਿਵਸ ਬੜੇ ਮਾਣ ਮਨਾਇਆ ਕਿ ਹਿੰਦੀ ਭਾਸ਼ਾ ਸਾਡੇ ਰਾਸ਼ਟਰ ਦੀ ਰੀੜ੍ਹ ਦੀ ਹੱਡੀ ਹੈ ਅਤੇ ਸਾਡੀ ਭਾਰਤੀ ਸੱਭਿਆਚਾਰਕ ਵਿਰਾਸਤ ਦੀ ਆਤਮਾ ਹੈ।

ਹਿੰਦੀ ਭਾਸ਼ਾ ਦੇ ਇਤਿਹਾਸ ਅਤੇ ਮਹੱਤਵ ਨੂੰ ਉਜਾਗਰ ਕਰਦੇ ਹੋਏ, ਵਿਦਿਆਰਥੀਆਂ-ਅਧਿਆਪਕਾਂ ਦੁਆਰਾ ਆਪਣੇ ਅਧਿਆਪਨ ਅਭਿਆਸ ਦੌਰਾਨ ਸਕੂਲਾਂ ਵਿੱਚ ਇੱਕ ਡਿਸਪਲੇ-ਬੋਰਡ ਸਜਾਵਟ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਹਿੰਦੀ ਵਿੱਚ ਸਵੈ-ਰਚਿਤ ਕਵਿਤਾਵਾਂ, ਇਤਿਹਾਸਕ ਘਟਨਾਵਾਂ, ਕਹਾਣੀਆਂ, ਹਵਾਲੇ ਅਤੇ ਰਚਨਾਤਮਕ ਕਾਰਟੂਨ ਸਕ੍ਰਿਪਟਾਂ ਲਿਖੀਆਂ। ਵਿਦਿਆਰਥੀਆਂ ਵਿੱਚ ਅਧਿਆਤਮਿਕ ਕਦਰਾਂ-ਕੀਮਤਾਂ ਨੂੰ ਵਿਕਸਿਤ ਕਰਨ ਲਈ ਐੱਨ ਐੱਸ ਐੱਸ ਵਲੰਟੀਅਰਾਂ ਵੱਲੋਂ ਹਿੰਦੀ ਭਾਸ਼ਾ ਵਿੱਚ ਕਬੀਰ ਜੀ, ਰਹੀਮ ਜੀ ਅਤੇ ਤੁਲਸੀਦਾਸ ਜੀ ਦੇ ਦੋਹੇ ਉੱਤੇ ਇੱਕ ਛੋਟਾ ਨਾਟਕ ਪੇਸ਼ ਕੀਤਾ ਗਿਆ।

ਵੱਖ-ਵੱਖ ਦ੍ਰਿਸ਼ਾਂ ਰਾਹੀਂ ਐੱਨ ਐੱਸ ਐੱਸ ਵਾਲੰਟੀਅਰਾਂ ਸੋਨੀਆ, ਸਾਰਿਕਾ ਗੌਤਮ, ਸੋਨਮਦੀਪ ਕੌਰ, ਬੰਨੀ ਸੋਢੀ, ਅੰਨਾ, ਤਾਨੀਆ ਅਤੇ ਨੀਤਿਕਾ ਨੇ ਭਾਰਤ ਸੰਘ ਦੀ ਸਰਕਾਰੀ ਭਾਸ਼ਾ ਹਿੰਦੀ ਲਈ ਆਪਣੇ ਪਿਆਰ ਅਤੇ ਸਤਿਕਾਰ ਦਾ ਪ੍ਰਦਰਸ਼ਨ ਕੀਤਾ। ਪ੍ਰਿੰਸੀਪਲ ਡਾ. ਅਰਜਿੰਦਰ ਸਿੰਘ ਨੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ।

## ਬਜਵਾੜਾ ਕਲਾਂ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਦਿਹਾੜੇ ਮੌਕੇ ਗੁਰਮਤਿ ਸਮਾਗਮ 17 ਨੂੰ



**ਮੇਹਟੀਆਣਾ(ਜਗਤਾਰ ਸਿੰਘ ਭੁੰਗਰਨੀ)**- ਪਿੰਡ ਬਜਵਾੜਾ ਕਲਾਂ ਵਿਖੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਛਾਉਣੀ ਨਿਹੰਗ ਸਿੰਘਾਂ ਹੁਸ਼ਿਆਰਪੁਰ ਤੋਂ ਊਨਾ ਜੀ ਟੀ ਰੋਡ ਤੇ ਸਮੂਹ ਸਾਧ ਸੰਗਤ ਅਤੇ ਇਲਾਕੇ ਦੇ ਸਹਿਯੋਗ ਨਾਲ ਜਥੇਬੰਦੀ ਵੱਲੋਂ ਜਗਤ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ 17 ਸਤੰਬਰ ਨੂੰ ਜਥੇਬੰਦੀ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਮੁਖੀ ਸਾਹਿਬਜ਼ਾਦਾ ਫਤਿਹ ਸਿੰਘ ਜੀ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਬਾਬਾ ਰਾਜਵੀਰ ਸਿੰਘ ਹੁਸ਼ਿਆਰਪੁਰ ਨੇ ਦੱਸਿਆ ਕਿ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਭਾਈ ਜਸਵਿੰਦਰ ਸਿੰਘ ਹੈਡ ਗ੍ਰੰਥੀ ਬਜਵਾੜਾ ਕਲਾਂ, ਬੀਬੀ ਸਿਮਰਨਜੀਤ ਕੌਰ, ਭਾਈ ਬਲਜੋਤ ਸਿੰਘ ਕਵੀਸ਼ਰ ਜਥਾ ਚੱਬੇਵਾਲ, ਭਾਈ ਸਿਮਰਨਜੀਤ ਸਿੰਘ ਬਜਵਾੜਾ ਕਲਾਂ, ਭਾਈ ਸਿਮਰਨਜੀਤ ਸਿੰਘ ਕਵੀਸ਼ਰੀ ਜਥਾ ਚੱਬੇਵਾਲ ਆਦਿ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਲੰਗਰ ਅਤੁੱਟ ਵਰਤਾਏ ਜਾਣਗੇ।

## ਮਜ਼ਦੂਰਾਂ ਨੇ ਬੀ ਡੀ ਪੀ ਓ ਕੋਲੋਂ ਕੰਮ ਮੰਗਿਆ

**ਸ਼ਾਹਕੋਟ(ਗਿਆਨ ਸੈਦਪੁਰੀ)**- ਪੰਜਾਬ ਖੇਤ ਮਜ਼ਦੂਰ ਸਭਾ ਜ਼ਿਲ੍ਹਾ ਜਲੰਧਰ ਦੇ ਸਰਪ੍ਰਸਤ ਕਾਮਰੇਡ ਰੂੜਾ ਰਾਮ ਪਰਜੀਆਂ ਕਲਾਂ ਦੀ ਅਗਵਾਈ ਵਿੱਚ ਪਰਜੀਆਂ ਦੇ ਮਨਰੇਗਾ ਮਜ਼ਦੂਰਾਂ ਦੇ ਵਫਦ ਨੇ ਬੀ. ਡੀ. ਪੀ. ਓ ਸ਼ਾਹਕੋਟ ਕੋਲੋਂ ਲਿਖਤੀ ਰੂਪ ਵਿੱਚ ਕੰਮ ਦੀ ਮੰਗ ਕੀਤੀ ਹੈ। ਮਨਰੇਗਾ ਮਜ਼ਦੂਰਾਂ ਨੇ ਕਿਹਾ ਕਿ ਉਹ ਜਾਬ ਕਾਰਡ ਹੋਲਡਰ ਹਨ। ਪਿਛਲੇ ਦਿਨਾਂ ਤੋਂ ਉਨ੍ਹਾਂ ਨੂੰ ਕੰਮ ਨਹੀ ਮਿਲ ਰਿਹਾ। ਇਸੇ ਤਰ੍ਹਾਂ ਇਨ੍ਹਾਂ ਮਜ਼ਦੂਰਾਂ ਨੇ ਪਿਛਲਾ ਬਕਾਇਆ ਦੇਣ ਦੀ ਵੀ ਮੰਗ ਕੀਤੀ। ਦਫਤਰ ਵੱਲੋਂ ਮਨਰੇਗਾ ਮਜ਼ਦੂਰਾਂ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਮਜ਼ਦੂਰਾਂ ਦਾ ਪਿਛਲਾ ਬਕਾਇਆ ਤੁਰੰਤ ਦਿੱਤਾ ਜਾਵੇਗਾ। ਇਸ ਮੌਕੇ ਕਾਮਰੇਡ ਰੂੜਾ ਰਾਮ ਨੇ ਪੰਜਾਬ ਖੇਤ ਮਜ਼ਦੂਰ ਸਭਾ ਦੀ ਫਰੀਦਕੋਟ ਜ਼ਿਲ੍ਹਾ ਵਿੱਚ ਨਵੰਬਰ ਮਹੀਨੇ ਵਿੱਚ ਹੋ ਰਹੀ ਸੂਬਾ ਕਾਨਫਰੰਸ ਬਾਰੇ ਵੀ ਮਜ਼ਦੂਰਾਂ ਨੂੰ ਜਾਣਕਾਰੀ ਦਿੱਤੀ। ਇਸ ਮੌਕੇ ਸਾਥੀ ਬੂੜਾ ਰਾਮ, ਜਗਰੂਪ ਲਾਲ, ਬਖਸ਼ੋ ਰਾਣੀ, ਲਸ਼ਮਣ ਸਿੰਘ, ਬੀਬੀ ਚੰਨੋ, ਪਰਮਜੀਤ ਕੌਰ, ਦਰਸ਼ੋ ਅਤੇ ਕਿਰਨ ਬਾਲਾ ਆਦਿ ਮੌਜੂਦ ਸਨ।



*ਬੀ. ਡੀ. ਪੀ. ਓ ਸ਼ਾਹਕੋਟ ਕੋਲੋਂ ਕੰਮ ਦੀ ਮੰਗ ਕਰਦੇ ਹੋਏ ਮਜ਼ਦੂਰ*

## ਗੁਰੂ ਨਾਨਕ ਨੈਸ਼ਨਲ ਕਾਲਜ ਕੋ-ਐਡ 'ਚ ਕਾਲਜ 'ਚ ਵਰਕਸ਼ਾਪ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਗੁਰੂ ਨਾਨਕ ਨੈਸ਼ਨਲ ਕਾਲਜ ਕੋ-ਐਡ ਨਕੋਦਰ ਵਿੱਚ ਕਾਲਜ ਦੇ ਕਾਮਰਸ ਵਿਭਾਗ ਵਲੋਂ ਦਿਨਾ ਵਰਕਸ਼ਾਪ 13 ਤੇ 14 ਸਤੰਬਰ ਨੂੰ ਸਕਿਊਰਿਟੀ ਐਕਸਚੇਂਜ ਬੋਰਡ ਆਫ ਇੰਡੀਆ ਵਲੋਂ ਕਰਵਾਈ ਗਈ। ਇਹ ਸੈਮੀਨਾਰ ਨੌਜਵਾਨ ਨਾਗਰਿਕ ਨੂੰ ਵਿੱਤੀ ਸੁਰੱਖਿਆ ਦੇ ਸਬੰਧ ਵਿਚ ਕਰਵਾਇਆ ਗਿਆ। ਸੈਮੀਨਰ ਦੀ ਸ਼ੁਰੂਆਤ ਮਹਿਮਾਨ ਡਾ. ਜਸਵਿੰਦਰ ਕੌਰ ਮੁਖੀ ਕਾਮਰਸ ਵਿਭਾਗ ਲਾਇਲਪੁਰ ਖਾਲਸਾ ਕਾਲਜ ਵੂਮੈਨ ਜਲੰਧਰ ਨੂੰ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰਬਲ ਕੁਮਾਰ ਜੋਸ਼ੀ ਵਲੋਂ ਬੁੱਕੇ ਦੇ ਕੇ ਕੀਤੀ ਗਈ। ਮੰਚ ਸੰਚਾਲਕ ਪ੍ਰੋ ਬਲਜੀਤ ਸਿੰਘ ਨੇ ਆਏ ਹੋਏ ਮਹਿਮਾਨ ਦਾ ਕਾਮਰਸ ਅਤੇ ਕੰਪਿਊਟਰ ਵਿਭਾਗ ਵਲੋਂ ਨਿੱਘਾ ਸਵਾਗਤ ਕੀਤਾ। ਇਸ ਸੈਮੀਨਰ ਵਿੱਚ ਨਿਵੇਸ਼, ਬੱਚਤ, ਬਜ਼ਾਰ ਤੇ ਵਿੱਤੀ ਵਿਵਸਥਾ ਬਾਰੇ ਵਿਸਥਾਰ ਪੂਰਵਕ ਦੱਸਿਆ ਗਿਆ। ਪ੍ਰੀ ਵਰਕਸ਼ਾਪ ਕਵਿਜ ਵੀ ਸੰਚਾਲਤ ਕੀਤਾ ਗਿਆ। ਡਾ. ਜਸਵਿੰਦਰ ਕੌਰ ਨੇ ਬੱਚਤ ਕਰਨ ਲਈ ਪ੍ਰੇਰਿਆ। ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਉਨਾ ਦਾ ਹੌਸਲਾ ਵਧਾਇਆ ਗਿਆ। ਸੈਮੀਨਰ ਦੇ ਅਖੀਰ 'ਚ ਡਾ. ਜਸਵਿੰਦਰ ਕੌਰ ਦਾ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰਬਲ ਕੁਮਾਰ ਜੋਸ਼ੀ ਤੇ ਕਾਮਰਸ ਅਤੇ ਕੰਪਿਊਟਰ ਵਿਭਾਗ ਵਲੋਂ ਸਨਮਾਨ ਕੀਤਾ ਗਿਆ। ਇਸ ਦੋ ਦਿਨਾ ਸੈਮੀਨਰ ਦਾ ਅਯੋਜਨ ਕਾਲਜ ਦੇ ਕਾਮਰਸ ਵਿਭਾਗ ਦੇ ਮੁਖੀ ਪ੍ਰੋ. ਮੇਨਿਕਾ ਧੀਰ ਦੇ ਅਧੀਨ ਕੀਤਾ ਗਿਆ। ਇਸ ਮੌਕੇ ਸਕੂਲ ਕੋਆਰਡੀਨੇਟਰ ਖੁਸ਼ਦੀਪ ਕੌਰ, ਪ੍ਰੋ ਬਲਜੀਤ ਸਿੰਘ, ਪ੍ਰੋ ਕਿਰਨਦੀਪ ਕੌਰ, ਪ੍ਰੋ ਸਾਖਸ਼ੀ ਮਹਾਜਨ, ਪ੍ਰੋ ਨੇਹਾ ਕੰਡਾ, ਪ੍ਰੋ ਮਨਦੀਪ ਕੌਰ, ਪ੍ਰੋ ਮਨਿੰਦਰ ਕੌਰ, ਪ੍ਰੋ ਰਮਨਦੀਪ ਕੌਰ ਆਦਿ ਹਾਜ਼ਰ ਸਨ।

## ਲਾਲੀ ਬਾਜਵਾ ਦੇ ਹਲਕਾ ਇੰਚਾਰਜ ਨਿਯੁਕਤ ਹੋਣ 'ਤੇ ਯੂਥ ਵਰਕਰਾਂ ਭਾਰੀ ਉਤਸ਼ਾਹ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )**-ਜਤਿੰਦਰ ਸਿੰਘ ਲਾਲੀ ਬਾਜਵਾ ਹਲਕਾ ਇੰਚਾਰਜ ਨਿਯੁਕਤ ਹੋਣ 'ਤੇ ਯੂਥ ਵਰਕਰਾਂ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਮੌਕੇ ਸੀਨੀਅਰ ਅਕਾਲੀ ਆਗੂ ਜਸਵੀਰ ਸਿੰਘ ਹੇੜੀਆ ਨੇ ਦੱਸਿਆ ਕਿ ਜਤਿੰਦਰ ਸਿੰਘ ਲਾਲੀ ਬਾਜਵਾ ਪਿਛਲੇ ਕਾਫੀ ਸਾਲਾਂ ਤੋਂ ਸ਼੍ਰੋਮਣੀ ਯੂਥ ਅਕਾਲੀ ਦਲ ਹੁਸ਼ਿਆਰਪੁਰ ਤੋਂ ਸੇਵਾ ਕਰਦੇ ਆ ਰਹੇ ਹਨ। ਹੇੜੀਆ ਨੇ ਕਿਹਾ ਕਿ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਸ਼੍ਰੋਮਣੀ ਅਕਾਲੀ ਦਲ ਬਾਦਲ ਜ਼ਿਲ੍ਹਾ ਹੁਸ਼ਿਆਰਪੁਰ ਦਾ ਇੰਚਾਰਜ ਲਗਾਉਣ ਨਾਲ ਸ਼੍ਰੋਮਣੀ ਯੂਥ ਅਕਾਲੀ ਦਲ ਬਾਦਲ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਕਿਹਾ ਕਿ ਜਤਿੰਦਰ ਸਿੰਘ ਲਾਲੀ ਬਾਜਵਾ ਪਿਛਲੇ ਲੰਮੇ ਤੋਂ ਸਮੇਂ ਸ਼੍ਰੋਮਣੀ ਯੂਥ ਅਕਾਲੀ ਦਲ ਬਾਦਲ ਦੀ ਸੇਵਾ ਕਰਦੇ ਆ ਰਹੇ ਹਨ। ਇਸ ਮੌਕੇ ਸਮੂਹ ਯੂਥ ਵਰਕਰਾਂ ਨੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਹਾਈ ਕਮਾਂਡ ਪਾਰਟੀ ਦਾ ਧੰਨਵਾਦ ਕੀਤਾ। ਇਸ ਮੌਕੇ ਜਸਵੀਰ ਸਿੰਘ ਹੇੜੀਆ ਨੇ ਜਤਿੰਦਰ ਸਿੰਘ ਲਾਲੀ ਬਾਜਵਾ ਹਲਕਾ ਇੰਚਾਰਜ ਨਿਯੁਕਤ ਹੋਣ 'ਤੇ ਮੁਬਾਰਕਾਂ ਦਿੱਤੀਆਂ ਅਤੇ ਪਾਰਟੀ ਦਾ ਧੰਨਵਾਦ ਕੀਤਾ। ਇਸ ਮੌਕੇ ਜਸਵਿੰਦਰ ਸਿੰਘ ਮੁਖਲਿਆਣਾ, ਹੈਪੀ ਸੰਘਾ ਰਾਜਪੁਰ ਭਾਈਆਂ, ਮਾਨਾ ਰਾਜਪੁਰ, ਸਿਮਰਨਜੀਤ ਸਿੰਘ ਰਾਜਪੁਰ ਭਾਈਆਂ, ਜਸਪਿੰਦਰ ਸਿੰਘ, ਗੁਰਪ੍ਰੀਤ ਸਿੰਘ ਕੋਹਲੀ, ਆਦਿ ਯੂਥ ਆਗੂ ਹਾਜ਼ਰ ਸਨ।

## ਬੀਬੀ ਹਰਜਿੰਦਰ ਕੌਰ ਲੇਲ੍ਹ ਵੱਲੋਂ 'ਗੁਰੂ ਕੀ ਰਸੋਈ' ਨੂੰ ਵਿੱਤੀ ਭੇਟਾ




**ਨਵਾਂਸ਼ਹਿਰ (ਮਨੋਜ ਲਾਡੀ)**-ਐਚ.ਕੇ.ਐਲ ਐਜੂਕੇਸ਼ਨ ਸੋਸਾਇਟੀ ਮਹਿਰਮਪੁਰ ਦੀ ਚੇਅਰਪਰਸਨ ਬੀਬੀ ਹਰਜਿੰਦਰ ਕੌਰ ਲੇਲ੍ਹ ਸਥਾਨਕ "ਗੁਰੂ ਕੀ ਰਸੋਈ" ਤੋਂ ਲੋੜਵੰਦਾਂ ਲਈ ਹੁੰਦੀ ਸੇਵਾ ਨੂੰ ਨਤਮਸਤਕ ਹੋਣ ਲਈ ਪਧਾਰੇ। ਮੁੱਖ ਸੇਵਾਦਾਰ ਸੁਰਜੀਤ ਸਿੰਘ ਅਤੇ ਅਮਰੀਕ ਸਿੰਘ ਨੇ ਦੱਸਿਆ ਕਿ ਸ਼ਹਿਰ ਦੇ ਪੰਜੀ ਕਿਲੋਮੀਟਰ ਦਾਇਰੇ ਵਿੱਚ ਕਰੀਬ ਪੰਜ ਸੌ ਲੋੜਵੰਦਾਂ ਨੂੰ ਰੋਜ਼ਾਨਾ ਮੁਫਤ ਟਿਫਨ ਸੇਵਾ ਦਿੱਤੀ ਜਾ ਰਹੀ ਹੈ। ਹਰ ਰੋਜ਼ ਸਵੇਰੇ ਚਾਰ ਵਜੇ ਤੋਂ ਸਾਢੇ ਸੱਤ ਤੱਕ ਕਰੀਬ ਇੱਕ ਸੌ ਪੁਰਸ਼ ਤੇ ਮਹਿਲਾ ਸੇਵਾਦਾਰ ਲੰਗਰ ਅਤੇ ਟਿਫਨ ਤਿਆਰ ਕਰਨ ਦੀ ਸੇਵਾ ਲਈ ਆਉਂਦੇ ਹਨ। ਪੈਕਿੰਗ ਉਪ੍ਰੰਤ ਟਿਫਨਾਂ ਨੂੰ ਲੋੜਵੰਦਾਂ ਤੱਕ ਪਹੁੰਚਾਉਣ ਲਈ ਉਸੇ ਵਕਤ ਵਿਸ਼ੇਸ਼ ਵਾਹਨਾਂ ਨੂੰ ਰਵਾਨਾ ਕੀਤਾ ਜਾਂਦਾ ਹੈ। ਇਸ ਨਿਸ਼ਕਾਮ ਸੇਵਾ ਲਈ ਬੀਬੀ ਹਰਜਿੰਦਰ ਕੌਰ ਲੇਲ੍ਹ ਵਲੋਂ ਇੱਕ ਲੱਖ ਰੁਪਏ ਦਾ ਵਿੱਤੀ ਯੋਗਦਾਨ ਭੇਟ ਕੀਤਾ ਗਿਆ। ਇਸ ਮੌਕੇ ਸੁਰਜੀਤ ਸਿੰਘ , ਅਮਰੀਕ ਸਿੰਘ, ਜਸਪਾਲ ਸਿੰਘ ਗਿੱਦਾ, ਗੁਰਨਾਮ ਸਿੰਘ ਡੁਲਕੂ, ਨਰਿੰਦਰ ਕੌਰ ਡੁਲਕੂ, ਰਾਜਿੰਦਰ ਕੌਰ ਗਿੱਦਾ ਅਤੇ ਲਖਵੀਰ ਸਿੰਘ ਅਤੇ ਸੇਵਾਦਾਰ ਹਾਜ਼ਰ ਸਨ। ਪ੍ਰਬੰਧਕਾ ਵਲੋਂ ਬੀਬੀ ਹਰਜਿੰਦਰ ਕੌਰ ਲੇਲ੍ਹ ਅਤੇ ਉਨ੍ਹਾਂ ਦੇ ਪੁੱਤਰ ਲਖਵੀਰ ਸਿੰਘ ਨੂੰ ਸਿਰੋਪੇ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਵਰ੍ਹੇਗੰਢ ਮੁਬਾਰਕ



ਕੁਲਵਿੰਦਰਪ ਸਿੰਘ ਨਾਡੂ ਪਤਨੀ ਮਨਪ੍ਰੀਤ ਕੌਰ ਨਾਡੂ ਪਿੰਡ ਖਨਾਲ ਕਲਾਂ, ਜ਼ਿਲ੍ਹਾ ਸੰਗਰੂਰ ਨੇ ਵਿਆਹ ਦੀ 11ਵੀਂ ਵਰ੍ਹੇਗੰਢ ਮਨਾਈ।



*ਸਰਬ ਨੌਜਵਾਨ ਸਭਾ ਰਜਿ ਫਗਵਾੜਾ ਵਲੋਂ 22 ਅਕਤੂਬਰ ਨੂੰ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਕਰਵਾਏ ਜਾ ਰਹੇ ਜ਼ਰੂਰਤਮੰਦ ਪਰਵਾਰਾਂ ਦੀਆਂ ਲੜਕੀਆਂ ਦੇ ਸਮੂਹਿਕ ਵਿਆਹਾਂ ਅਤੇ 28 ਅਕਤੂਬਰ ਨੂੰ ਮਾਂ ਭਗਵਤੀ ਜਾਗਰਣ ਖੇੜਾ ਰੋਡ ਦਾ ਸੱਦਾ ਪੱਤਰ ਅੱਜ ਡਾ. ਰੋਹਿਤ ਬੰਗਾ ਈ. ਐਸ.ਆਈ ਹਸਪਤਾਲ ਫਗਵਾੜਾ ਨੂੰ ਦਿੰਦੇ ਹੋਏ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਤੇ ਨਰਿੰਦਰ ਸੈਣੀ। (ਤਸਵੀਰ ਤੇ ਵੇਰਵਾ-ਜਸਵਿੰਦਰ ਢੱਡਾ ਫਗਵਾੜਾ।*

## ਭਗਤ ਨਾਮਦੇਵ ਜੀ ਦੀ ਬਾਣੀ 'ਸਰੂਪ ਅਤੇ ਸੰਕਲਪ' ਵਿਸ਼ੇ 'ਤੇ ਸੈਮੀਨਾਰ 30 ਨੂੰ



**ਮਾਹਿਲਪੁਰ (ਨਿਰਮਲ ਸਿੰਘ ਮੁੱਗੋਵਾਲ)**-ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵੱਲੋਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਲੁਧਿਆਣਾ, ਬੇਗਮਪੁਰਾ ਹਲੀਮੀ ਰਾਜ ਮਿਸ਼ਨ ਸੰਪੂਰਨ ਭਾਰਤ ਅਤੇ ਸਾਹਿਬਜ਼ਾਦਾ ਅਜੀਤ ਸਿੰਘ ਸੇਵਾ ਸੁਸਾਇਟੀ ਮਾਹਿਲਪੁਰ ਦੇ ਸਹਿਯੋਗ ਨਾਲ ਭਗਤ ਨਾਮਦੇਵ ਜੀ ਦੀ ਬਾਣੀ 'ਸਰੂਪ ਅਤੇ ਸੰਕਲਪ' ਵਿਸ਼ੇ 'ਤੇ 30 ਸਤੰਬਰ ਨੂੰ ਸਵੇਰੇ 10:30 ਵਜੇ ਕਾਲਜ ਦੇ ਗਦਰੀ ਬਾਬਾ ਹਰਜਾਪ ਸਿੰਘ ਮੈਮੋਰੀਅਲ ਹਾਲ ਵਿੱਚ ਇੱਕ ਰੋਜ਼ਾ ਸੈਮੀਨਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸੈਮੀਨਾਰ ਦੀ ਪ੍ਰਧਾਨਗੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਸਾਬਕਾ ਪ੍ਰਧਾਨ ਕਿਰਪਾਲ ਸਿੰਘ ਬਡੂੰਗਰ ਕਰਨਗੇ। ਸੈਮੀਨਾਰ ਵਿੱਚ ਮੁੱਖ ਬੁਲਾਰਿਆਂ ਵਜੋਂ ਡਾਕਟਰ ਹਰਦੇਵ ਸਿੰਘ ਮੁਖੀ ਧਰਮ ਅਧਿਐਨ ਵਿਭਾਗ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਅਤੇ ਡਾਕਟਰ ਚਮਕੌਰ ਸਿੰਘ ਡਾਇਰੈਕਟਰ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ ਪਟਿਆਲਾ ਸ਼ਿਰਕਤ ਕਰਨਗੇ। ਇਹ ਜਾਣਕਾਰੀ ਪ੍ਰੋਫੈਸਰ ਅਪਿੰਦਰ ਸਿੰਘ ਮਾਹਿਲਪੁਰੀ ਵੱਲੋਂ ਪ੍ਰਾਪਤ ਹੋਈ।

## ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਨੂੰ ਸਮਰਪਤ ਗੁਰਦੁਆਰਾ ਸਾਹਿਬ ਵਿਖੇ ਸਮਾਗਮ



**ਆਦਮਪੁਰ (ਪਰਮਜੀਤ ਸਿੰਘ)**:-ਸਾਰਾਗੜ੍ਹੀ ਜੰਗ ਦੌਰਾਨ ਸ਼ਹੀਦ ਹੋਏ ਭਾਰਤੀ ਰੈਂਕ ਨੰਬਰ 814 ਸਿਪਾਹੀ ਗੁਰਮੁਖ ਸਿੰਘ ਪੁੱਤਰ ਰਣ ਸਿੰਘ ਦੀ ਸ਼ਹੀਦੀ ਨੂੰ ਸਮਰਪਤ ਗੁਰਦੁਆਰਾ ਸੰਤ ਰਾਮ ਸਿੰਘ ਰੇਲਵੇ ਰੋਡ ਵਿਖੇ ਦਲਜੀਤ ਸਿੰਘ ਭੱਟੀ ਸਮੇਤ ਸਮੂਹ ਅਕਾਲੀ ਆਗੂਆਂ ਵਲੋਂ ਗੁਰਮਤਿ ਸਮਾਗਮ ਕਰਵਾਇਆ ਗਿਆ।

ਸਮਾਗਮ ਦੌਰਾਨ ਪੰਜਾਬ ਦੇ ਪ੍ਰਸਿੱਧ ਕਵੀਸ਼ਰ ਗਿਆਨੀ ਗੁਰਮੁੱਖ ਸਿੰਘ ਐੱਮ.ਏ. ਨੇ ਕਵੀਸ਼ਰੀ ਰਾਹੀਂ ਸੰਗਤਾਂ ਨੂੰ ਸਾਰਾਗੜ੍ਹੀ ਜੰਗ ਵਿੱਚ ਸ਼ਹੀਦ ਹੋਏ ਸਿੱਖ ਫੌਜੀਆਂ ਦੇ ਇਤਿਹਾਸ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਸਾਰਾਗੜ੍ਹੀ ਜੰਗ ਦੇ ਸ਼ਹੀਦ ਹੋਏ ਗੁਰਮੁਖ ਸਿੰਘ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਸੀਨੀਅਰ ਅਕਾਲੀ ਆਗੂ ਗੁਰਦਿਆਲ ਸਿੰਘ ਨਿੱਝਰ, ਸਰਕਲ ਜਥੇਦਾਰ ਮਲਕੀਤ ਸਿੰਘ ਦੌਲਤਪੁਰ, ਮੇਜਰ ਸਿੰਘ ਹਰੀਪੁਰ, ਗੁਰਦਿਆਲ ਸਿੰਘ ਨਿੱਝਰ, ਸਾਬਕਾ ਲੈਫਟੀਨੈਂਟ ਜਨਰਲ ਜੇ ਐਸ ਢਿੱਲੋਂ, ਪ੍ਰਧਾਨ ਕੁਲਵਿੰਦਰ ਸਿੰਘ ਟੋਨੀ, ਮਾਸਟਰ ਗੁਰਿੰਦਰ ਸਿੰਘ ਕਢਿਆਣਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਰਾਗੜ੍ਹੀ ਜੰਗ ਦੇ ਸ਼ਹੀਦ ਦੇਸ਼ ਕੌਮ ਲਈ ਵੱਡਾ ਮਾਣ ਹਨ। ਸਮਾਗਮ ਦੌਰਾਨ ਗੁਰਦਿਆਲ ਸਿੰਘ, ਮਲਕੀਤ ਸਿੰਘ ਦੌਲਤਪੁਰ, ਮੇਜਰ ਸਿੰਘ, ਮਾਸਟਰ ਗੁਰਿੰਦਰ ਸਿੰਘ, ਜੇ.ਆਸ.ਢਿੱਲੋਂ, ਡਾ. ਰਣਧੀਰ ਸਿੰਘ ਰੰਧਾਵਾ, ਦਲਵੀਰ ਸਿੰਘ ਖੋਜਕੀਪੁਰ, ਬਲਜੀਤ ਸਿੰਘ ਨੰਬਰਦਾਰ, ਗੁਰਮੇਲ ਸਿੰਘ, ਗੁਰਦੇਵ ਸਿੰਘ ਪਧਿਆਣਾ, ਤੀਰਥ ਰਾਮ, ਭੁਪਿੰਦਰ ਸਿੰਘ ਹਰੀਪੁਰ, ਚਰਨਜੀਤ ਸਿੰਘ ਸ਼ੇਰੀ,ਯੋਗੀ ਗਾਂਧੀ, ਦਲਜੀਤ ਸਿੰਘ ਜੀਤਾ,ਕੁਲਵਿੰਦਰ ਟੋਨੀ, ਸੁਰਤੀ ਲਾਲ ਭਾਟੀਆ, ਮਾਸਟਰ ਬ੍ਰਿਜ ਲਾਲ,ਸੋਨੂੰ ਭਾਟੀਆ ਆਦਿ ਹਾਜ਼ਰ ਹੋਏ।